ਵੀਰਵਾਰ, 26 ਫਰਵਰੀ, 2026
15 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 267

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 26 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪਾਕਿਸਤਾਨੀ ਸ਼ਹਿ ਪ੍ਰਾਪਤ ਅੱਤਵਾਦ ਦਾ ਟਾਕਰਾ ਕਰ ਰਹੀ ਪੰਜਾਬ ਪੁਲਸ : ਮਾਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ ਕਿ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਨੂੰ ਹਰ ਰੋਜ਼ ਪਾਕਿਸਤਾਨ ਵੱਲੋਂ ਸਮਾਜ ਵਿਰੋਧੀ ਅਨਸਰਾਂ ਅਤੇ ਡਰੋਨਾਂ ਦੀ ਘੁਸਪੈਠ ਰਾਹੀਂ ਸੂਬੇ ਦਾ ਮਾਹੌਲ ਖਰਾਬ ਕਰਨ ਲਈ ਘੜੇ ਜਾ ਰਹੇ ਨਾਪਾਕ ਮਨਸੂਬਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਪੁਲਸ ਕੌਮਾਂਤਰੀ ਸਰਹੱਦ ਦੀ ਰਾਖੀ ਲਈ ਡਟ ਕੇ ਪਹਿਰਾ ਦੇ ਰਹੀ ਹੈ ਅਤੇ ਪੰਜਾਬ ਪੁਲਸ ਸਿਰਫ ਪੰਜਾਬ ਦੀ ਹੀ ਨਹੀਂ, ਸਗੋਂ ਸਮੁੱਚੇ ਦੇਸ਼ ਦੀ ਪੁਲਸ ਹੈ, ਜੋ ਆਪਣਾ ਫਰਜ਼ ਨਿਭਾਅ ਰਹੀ ਹੈ।ਸੂਬੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਮਾਨ ਨੇ ਪੀ.ਏ.ਪੀ. ਗਰਾਊਂਡ ਵਿਖੇ ਪਾਸਿੰਗ ਆਊਟ ਪਰੇਡ ਦੌਰਾਨ 2,577 ਨਵੇਂ ਪੁਲਸ ਜਵਾਨਾਂ ਨੂੰ ਰਸਮੀ ਤੌਰ 'ਤੇ ਪੰਜਾਬ ਪੁਲਸ ਵਿੱਚ ਸ਼ਾਮਲ ਕਰਵਾਇਆ।ਮੁੱਖ ਮੰਤਰੀ ਨੇ ਕਿਹਾ ਕਿ ਮਾਰਚ, 2022 ਤੋਂ ਲੈ ਕੇ ਹੁਣ ਤੱਕ 12,010 ਤੋਂ ਵੱਧ ਪੁਲਸ ਜਵਾਨ ਨਿਯੁਕਤ ਕੀਤੇ ਗਏ ਹਨ, ਵਿਗਿਆਨਕ ਲੀਹਾਂ 'ਤੇ ਫੋਰਸ ਨੂੰ ਅੱਪਗ੍ਰੇਡ ਕਰਨ ਲਈ 1100 ਕਰੋੜ ਰੁਪਏ ਰੱਖੇ ਗਏ ਹਨ ਅਤੇ ਸਾਈਬਰ ਅਪਰਾਧ, ਅੱਤਵਾਦ ਅਤੇ ਨਸ਼ਿਆਂ ਦਾ ਟਾਕਰਾ ਕਰਨ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ, ਵਿਸ਼ੇਸ਼ ਤਕਨੀਕੀ ਯੂਨਿਟ ਅਤੇ ਮਜ਼ਬੂਤ ਐਂਟੀ-ਨਾਰਕੋਟਿਕਸ ਟਾਸਕ ਫੋਰਸ ਸਮੇਤ ਅਤਿ-ਆਧੁਨਿਕ ਕਦਮ ਚੁੱਕੇ ਜਾ ਰਹੇ ਹਨ।

'ਯੁੱਧ ਨਸ਼ੇ ਵਿਰੁੱਧ' ਮੁਹਿੰਮ ਤਹਿਤ 50,238 ਗ੍ਰਿਫ਼ਤਾਰੀਆਂ ਅਤੇ ਸੜਕ ਸੁਰੱਖਿਆ ਫੋਰਸ ਵੱਲੋਂ ਬਚਾਈਆਂ ਗਈਆਂ 46,399 ਜ਼ਿੰਦਗੀਆਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਰਿਕਾਰਡ ਭਰਤੀ, ਤੇਜ਼ੀ ਨਾਲ ਤਕਨੀਕੀ ਅਪਗ੍ਰੇਡੇਸ਼ਨ ਅਤੇ ਅਪਰਾਧ ਵਿਰੁੱਧ ਬੇਮਿਸਾਲ ਕਾਰਵਾਈ ਹੋ ਰਹੀ ਹੈ, ਜੋ ਕਿ ਪੰਜਾਬ ਵਿੱਚ ਅਮਨ-ਸ਼ਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਦ੍ਰਿੜ੍ਹ ਸੰਕਲਪ ਦੀ ਗਵਾਹੀ ਭਰਦੀ ਹੈ।

ਸਮਾਰੋਹ ਦੌਰਾਨ ਮੁੱਖ ਮੰਤਰੀ ਨੇ ਪਰੇਡ ਦਾ ਵਿਆਪਕ ਨਿਰੀਖਣ ਕੀਤਾ, ਮਾਰਚਿੰਗ ਟੁਕੜੀਆਂ ਦਾ ਨੇੜਿਓਂ ਜਾਇਜ਼ਾ ਲਿਆ ਅਤੇ ਕਾਰਵਾਈ ਦੀ ਨਿਗਰਾਨੀ ਕਰ ਰਹੇ ਸੀਨੀਅਰ ਅਧਿਕਾਰੀਆਂ ਨਾਲ ਗੱਲਬਾਤ ਕੀਤੀ।ਇਸ • ਬਾਕੀ ਸਫਾ 2 'ਤੇ



## ਮਾਨ ਵੱਲੋਂ ਮਾਲਵਾ ਨੂੰ ਵੱਡੀ ਸੌਗਾਤ, 4 ਜ਼ਿਲ੍ਹਿਆਂ 'ਚ ਪਹੁੰਚਿਆ ਨਹਿਰੀ ਪਾਣੀ



**ਮਖੂ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਫਿਰੋਜ਼ਪੁਰ ਫੀਡਰ ਨਹਿਰ ਦੇ ਨਵੀਨੀਕਰਨ ਦੇ ਪਹਿਲੇ ਪੜਾਅ ਦਾ ਉਦਘਾਟਨ ਕਰਦਿਆਂ ਇਸ ਨੂੰ ਕਿਸਾਨਾਂ ਲਈ ਇਤਿਹਾਸਕ ਤੋਹਫਾ ਦੱਸਿਆ। ਉਨ੍ਹਾ ਕਿਹਾ ਕਿ ਭਵਿੱਖ ਵਿੱਚ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਇਹ ਇਤਿਹਾਸਕ ਕਦਮ ਸਿੱਧ ਹੋਵੇਗਾ। 180 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰਾਜੈਕਟ ਨਾਲ ਇਸ ਨਹਿਰ ਦੀ ਸਮਰੱਥਾ ਵਿੱਚ 2681 ਕਿਊਸਿਕ ਦਾ ਵਾਧਾ ਹੋਇਆ ਹੈ, ਜਿਸ ਨਾਲ ਇਸ ਦੀ ਸਮਰੱਥਾ 11,192 ਕਿਊਸਿਕ ਤੋਂ ਵਧ ਕੇ 13,873 ਕਿਊਸਿਕ ਹੋ ਗਈ ਹੈ।

ਉਨ੍ਹਾ ਕਿਹਾ ਕਿ ਜਦੋਂ ਉਨ੍ਹਾ ਦੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਪੰਜਾਬ ਦੇ ਖੇਤਾਂ ਤੱਕ ਸਿਰਫ਼ 21 ਫੀਸਦੀ ਨਹਿਰੀ ਪਾਣੀ ਪਹੁੰਚਦਾ ਸੀ, ਜਦੋਂ ਕਿ ਅੱਜ ਇਹ 68 ਫੀਸਦੀ ਤੱਕ ਪਹੁੰਚ ਗਿਆ ਹੈ। ਮਾਨ ਨੇ ਕਿਹਾ ਕਿ ਨਹਿਰ ਦੀ ਡੂੰਘਾਈ 18 ਫੁੱਟ ਤੋਂ ਵਧ ਕੇ 21 ਫੁੱਟ ਹੋ ਗਈ ਹੈ ਅਤੇ ਨਹਿਰ ਦੀ ਚੌੜਾਈ 163 ਫੁੱਟ ਤੋਂ ਵਧ ਕੇ 180 ਫੁੱਟ ਹੋ ਗਈ ਹੈ। ਹਰੀਕੇ ਹੈੱਡਵਰਕਸ ਤੋਂ ਸ਼ੁਰੂ ਹੋਈ ਇਹ ਨਹਿਰ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਦੇ ਚਾਰ ਜ਼ਿਲ੍ਹਿਆਂ ਦੇ ਅਧੀਨ ਆਉਂਦੇ ਖੇਤਰਾਂ ਨੂੰ ਸਿੰਚਾਈ ਸਹੂਲਤਾਂ ਪ੍ਰਦਾਨ ਕਰਦੀ ਹੈ। ਇਸ ਨਹਿਰ ਦੇ ਨਵੀਨੀਕਰਨ ਨਾਲ ਇਨ੍ਹਾਂ ਚਾਰ ਜ਼ਿਲ੍ਹਿਆਂ ਦੇ 14 ਬਲਾਕਾਂ ਗਿੱਦੜਬਾਹਾ, ਮਖੂ, ਮਮਦੋਟ, ਬੱਲੂਆਣਾ, ਜਲਾਲਾਬਾਦ, ਗੁਰੂ ਹਰ ਸਹਾਏ, ਅਰਨੀਵਾਲਾ, ਖੂਈਆਂ ਸਰਵਰ, ਲੰਬੀ, ਮਲੋਟ, ਫਾਜ਼ਿਲਕਾ, ਮੁਕਤਸਰ ਅਤੇ ਫਿਰੋਜ਼ਪੁਰ ਨੂੰ ਸਿੱਧਾ ਲਾਭ ਹੋਵੇਗਾ। ਮੁੱਖ • ਬਾਕੀ ਸਫਾ 2 'ਤੇ

## ਚੀਫ ਜਸਟਿਸ ਦੇ ਗੁੱਸੇ ਤੋਂ ਬਾਅਦ ਕਿਤਾਬ ਦੀ ਵਿਕਰੀ 'ਤੇ ਰੋਕ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਬੁੱਧਵਾਰ ਨੈਸ਼ਨਲ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟਰੇਨਿੰਗ (ਐੱਨ ਸੀ ਈ ਆਰ ਟੀ) ਦੀ ਅੱਠਵੀਂ ਜਮਾਤ ਦੀ ਪਾਠ ਪੁਸਤਕ ਵਿੱਚ ਨਿਆਂ ਪਾਲਿਕਾ ਵਿੱਚ ਭ੍ਰਿਸ਼ਟਾਚਾਰ ਬਾਰੇ ਧਾਰਾ ਦਾ ਆਪਣੇ ਆਪ ਨੋਟਿਸ ਲਿਆ ਅਤੇ ਕਿਹਾ ਕਿ ਇਹ ਇੱਕ 'ਸੋਚ-ਸਮਝ ਕੇ ਚੁੱਕਿਆ ਗਿਆ ਕਦਮ' ਜਾਪਦਾ ਹੈ।

ਸੀਨੀਅਰ ਵਕੀਲ ਕਪਿਲ ਸਿੱਬਲ ਵੱਲੋਂ ਇਹ ਮੁੱਦਾ ਚੁੱਕਣ ਅਤੇ ਕਾਰਵਾਈ ਦੀ ਬੇਨਤੀ ਕਰਨ ਤੋਂ ਬਾਅਦ ਚੀਫ ਜਸਟਿਸ ਸੂਰੀਆ ਕਾਂਤ ਨੇ ਕਿਹਾ, 'ਮੈਂ ਕਿਸੇ ਨੂੰ ਵੀ ਸੰਸਥਾ ਨੂੰ ਬਦਨਾਮ ਕਰਨ ਦੀ ਇਜਾਜ਼ਤ ਨਹੀਂ ਦੇਵਾਂਗਾ। ਮੈਂ ਜਾਣਦਾ ਹਾਂ ਕਿ ਇਸ ਨਾਲ ਕਿਵੇਂ ਨਜਿੱਠਣਾ ਹੈ। ਇਹ ਇੱਕ ਸੋਚ-ਸਮਝ ਕੇ ਚੁੱਕਿਆ ਗਿਆ ਕਦਮ ਜਾਪਦਾ ਹੈ।'

ਸਿੱਬਲ ਨੇ ਕਿਹਾ, 'ਅਸੀਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇਹ ਸਿਖਾਏ ਜਾਣ ਤੋਂ ਬਹੁਤ ਪਰੇਸ਼ਾਨ ਹਾਂ ਕਿ ਨਿਆਂ ਪਾਲਿਕਾ ਵਿੱਚ ਭ੍ਰਿਸ਼ਟਾਚਾਰ ਹੈ। ਇਹ ਬਹੁਤ ਚਿੰਤਾ ਦਾ ਵਿਸ਼ਾ ਹੈ।' ਚੀਫ ਜਸਟਿਸ ਨੇ ਕਿਹਾ ਕਿ ਉਹ ਪਹਿਲਾਂ ਹੀ ਇਸ ਮਾਮਲੇ ਦਾ ਨੋਟਿਸ ਲੈ ਚੁੱਕੇ ਹਨ ਅਤੇ ਇਸ ਮੁੱਦੇ ਤੋਂ ਜਾਣੂੰ ਹਨ ਅਤੇ ਉਹ ਕਾਰਵਾਈ ਕਰਨਗੇ। ਉਨ੍ਹਾ ਇਹ ਵੀ ਕਿਹਾ, 'ਕਿਰਪਾ ਕਰਕੇ ਕੁਝ ਦਿਨ ਇੰਤਜ਼ਾਰ ਕਰੋ। ਬਾਰ ਅਤੇ ਬੈਂਚ ਸਾਰੇ ਚਿੰਤਤ ਹਨ। ਹਾਈ ਕੋਰਟ ਦੇ ਸਾਰੇ ਜੱਜ ਚਿੰਤਤ ਹਨ। ਸੰਸਥਾ ਦੇ ਮੁਖੀ ਹੋਣ ਦੇ ਨਾਤੇ, ਮੈਂ ਆਪਣਾ ਫਰਜ਼ ਨਿਭਾਇਆ ਹੈ ਅਤੇ ਨੋਟਿਸ ਲਿਆ ਹੈ। ਮੈਂ ਜ਼ਿਆਦਾ ਕੁਝ ਨਹੀਂ ਕਹਾਂਗਾ, ਕਾਨੂੰਨ ਆਪਣਾ ਕੰਮ ਕਰੇਗਾ।' ਸੀਨੀਅਰ ਵਕੀਲ ਏ ਐੱਮ ਸਿੰਘਵੀ ਨੇ ਕਿਹਾ ਕਿ ਨਿਆਂ ਪਾਲਿਕਾ ਨੂੰ ਚੋਣਵੇਂ ਤੌਰ 'ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਇਹ ਸਾਰਾ ਵਿਵਾਦ ਉਸ ਵੇਲੇ ਪੈਦਾ ਹੋਇਆ, ਜਦੋਂ ਐੱਨ ਸੀ ਈ ਆਰ ਟੀ ਦੁਆਰਾ ਪ੍ਰਕਾਸ਼ਤ ਨਵੀਂ ਅੱਠਵੀਂ ਜਮਾਤ ਦੀ ਸਮਾਜਿਕ ਵਿਗਿਆਨ ਪਾਠ ਪੁਸਤਕ ਵਿੱਚ 'ਨਿਆਂ ਪਾਲਿਕਾ ਵਿੱਚ ਭ੍ਰਿਸ਼ਟਾਚਾਰ' ਬਾਰੇ ਇੱਕ ਭਾਗ ਪੇਸ਼ ਕੀਤਾ ਗਿਆ ਹੈ ਅਤੇ ਇਸ ਵਿੱਚ ਸੁਪਰੀਮ ਕੋਰਟ (81,000), ਹਾਈ ਕੋਰਟਾਂ (62,40,000), ਅਤੇ ਜ਼ਿਲ੍ਹਾ ਅਤੇ ਅਧੀਨ ਅਦਾਲਤਾਂ (4,70,00,000) ਵਿੱਚ ਪੈਂਡਿੰਗ ਮਾਮਲਿਆਂ ਦੀ ਲਗਭਗ ਗਿਣਤੀ ਵੀ ਸੂਚੀਬੱਧ ਕੀਤੀ ਗਈ ਹੈ। ਇਸੇ ਦੌਰਾਨ ਐੱਨ ਸੀ ਈ ਆਰ ਟੀ ਨੇ ਕਿਤਾਬ ਦੀ ਵਿਕਰੀ 'ਤੇ ਰੋਕ ਲਾ ਦਿੱਤੀ ਹੈ। ਵੈੱਬਸਾਈਟ ਤੋਂ ਵੀ ਕਿਤਾਬ ਹਟਾ ਦਿੱਤੀ ਹੈ। ਸੂਤਰਾਂ ਮੁਤਾਬਕ ਕਿਤਾਬ ਵਿੱਚੋਂ ਵਿਵਾਦਤ ਹਿੱਸਾ ਹਟਾਇਆ ਜਾ ਸਕਦਾ ਹੈ।

## ਨਹੀਓਂ ਲੱਭਣੇ ਆਰ ਐੱਨ ਕੇ ਵਰਗੇ ਆਗੂ



**ਚੇਨੱਈ :** ਸੀ ਪੀ ਆਈ ਦੇ ਉੱਘੇ ਆਗੂ ਆਰ ਨੱਲਾਕੰਨੂ ਦਾ 101 ਸਾਲ ਦੀ ਉਮਰ ਵਿੱਚ ਬੁੱਧਵਾਰ ਕਰੀਬ ਦੋ ਵਜੇ ਰਾਜੀਵ ਗਾਂਧੀ ਗੌਰਮਿੰਟ ਜਨਰਲ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਉਹ ਪਹਿਲੀ ਫਰਵਰੀ ਤੋਂ ਆਈ ਸੀ ਯੂ ਵਿੱਚ ਸਨ। ਕਾਮਰੇਡ ਆਰ ਐੱਨ ਕੇ, ਜਿਵੇਂ ਉਨ੍ਹਾ ਨੂੰ ਪਿਆਰ ਨਾਲ ਜਾਣਿਆ ਜਾਂਦਾ ਸੀ, ਨੇ ਕਰੀਬ ਅੱਠ ਦਹਾਕੇ ਮਿਹਨਤਕਸ਼ਾਂ ਦੀ ਨਿਰਸਵਾਰਥ ਸੇਵਾ ਕੀਤੀ। 26 ਦਸੰਬਰ 1925 ਨੂੰ ਥੂਥੂਕੁੜੀ ਜ਼ਿਲ੍ਹੇ ਦੇ ਪਿੰਡ ਪੇਰੁਮਪੱਥੂ ਵਿੱਚ ਪੈਦਾ ਹੋਏ ਨੱਲਾਕੰਨੂ ਨੇ ਗਰੀਬੀ ਤੇ ਸ਼ੋਸ਼ਣ ਬਚਪਨ ਤੋਂ ਹੀ ਦੇਖਿਆ। ਉਹ 1946 ਵਿੱਚ ਸੀ ਪੀ ਆਈ ਵਿੱਚ ਸ਼ਾਮਲ ਹੋਏ। ਸਿਆਸਤ ਉਨ੍ਹਾ ਲਈ ਆਪਣਾ ਸੁਆਰਥ ਵਾਲੀ ਨਹੀਂ, ਸਗੋਂ ਜ਼ਾਲਮਾਂ ਦੀਆਂ ਬੇਇਨਸਾਫੀਆਂ ਖਿਲਾਫ ਲੋਕਾਂ ਨੂੰ ਜਥੇਬੰਦ ਤੇ ਲਾਮਬੰਦ ਕਰਨ ਵਾਲੀ ਸੀ। 1948 ਵਿੱਚ ਉਹ ਨੇਲਈ ਸਾਜ਼ਿਸ਼ ਕੇਸ ਵਿੱਚ ਫੜੇ ਗਏ ਤੇ ਸੱਤ ਸਾਲ ਜੇਲ੍ਹ ਵਿੱਚ ਰਹੇ, ਜਿੱਥੇ ਬਹੁਤ ਤਸੀਹੇ ਸਹਿਣੇ ਪਏ। ਇੱਕ ਘਿਨਾਉਣੀ ਘਟਨਾ ਵਿੱਚ ਪੁਲਸਮੈਨ ਨੇ ਸਿਗਰਟ ਨਾਲ ਉਨ੍ਹਾ ਦੀਆਂ ਮੁੱਛਾਂ ਸਾੜ ਦਿੱਤੀਆਂ ਸਨ। ਉਹ ਫਿਰ ਮੁੱਛਾਂ ਨਹੀਂ ਰੱਖ ਸਕੇ। ਉਹ ਕਿਸਾਨਾਂ ਤੇ ਖੇਤ ਮਜ਼ਦੂਰਾਂ ਲਈ ਸਾਰੀ ਉਮਰ ਅਣਥਕ ਲੜੇ। ਉਨ੍ਹਾ ਜਗੀਰਦਾਰਾਂ ਦੇ ਜ਼ੁਲਮਾਂ ਖਿਲਾਫ ਅਤੇ ਦਰਿਆਵਾਂ ਤੋਂ ਗੈਰਕਾਨੂੰਨੀ ਮਾਈਨਿੰਗ ਖਿਲਾਫ ਵੀ ਵੱਡੀਆਂ ਲੜਾਈਆਂ ਲੜੀਆਂ। ਉਹ ਪਰਿਆਵਰਣ ਦੀ ਰਾਖੀ ਲਈ ਜੂਝੇ ਅਤੇ ਕੁੰਡਨਕੁਲਮ ਨਿਊਕਲੀਅਰ ਪਾਵਰ ਪਲਾਂਟ ਵਰਗੇ ਪ੍ਰੋਜੈਕਟਾਂ ਖਿਲਾਫ ਆਵਾਜ਼ ਬੁਲੰਦ ਕੀਤੀ। ਉਹ 13 ਸਾਲ ਸੂਬਾ ਸਕੱਤਰ ਰਹੇ। ਉਹ ਬਹੁਤ ਹੀ ਸਾਦਾ ਜ਼ਿੰਦਗੀ ਜਿਊਂਦੇ ਸਨ ਤੇ ਹਰ ਬੰਦੇ ਦੀ ਆਸਾਨ ਪਹੁੰਚ ਵਿੱਚ ਰਹਿੰਦੇ ਸਨ।

ਉਨ੍ਹਾ ਦੇ ਨਿਰਸਵਾਰਥ ਦੀਆਂ ਕਹਾਣੀਆਂ ਬੇਅੰਤ ਹਨ। ਅੱਸੀਵੇਂ ਜਨਮ ਦਿਨ 'ਤੇ ਪਾਰਟੀ ਕਾਡਰ ਨੇ ਉਨ੍ਹਾ ਨੂੰ ਕਾਰ ਤੇ ਇੱਕ ਕਰੋੜ ਰੁਪਏ ਭੇਟ ਕੀਤੇ, ਪਰ ਉਨ੍ਹਾ ਇਹ ਕਹਿ ਕੇ ਮੋੜ ਦਿੱਤੇ ਕਿ ਤੋਹਫੇ ਲੋਕਾਂ ਨੂੰ ਦਿਓ, ਉਨ੍ਹਾ ਨੂੰ ਨਹੀਂ।

ਜਦੋਂ ਸੂਬਾ ਸਰਕਾਰ ਨੇ ਉਨ੍ਹਾ ਨੂੰ 2022 ਦੇ 'ਥਗੈਸਾਲ ਤਾਮੀਜ਼ਰ' ਐਵਾਰਡ ਨਾਲ ਸਨਮਾਨਤ ਕਰਦਿਆਂ 15 ਲੱਖ ਰੁਪਏ ਦਿੱਤੇ ਤਾਂ ਉਨ੍ਹਾ ਉਹ ਆਪਣੇ ਵੱਲੋਂ ਪੰਜ ਹਜ਼ਾਰ ਜੋੜ ਕੇ ਮੁੱਖ ਮੰਤਰੀ ਰਿਲੀਫ ਫੰਡ ਵਿੱਚ ਦੇ ਦਿੱਤੇ।

## ਆਸਾਮ 'ਚ ਨਹਿਰੂ ਦਾ ਬੁੱਤ ਸੁੱਟਿਆ



**ਗੁਹਾਟੀ :** ਕੁਝ ਲੋਕਾਂ ਨੇ ਮੰਗਲਵਾਰ ਆਸਾਮ ਦੇ ਕਛਾਰ ਜ਼ਿਲ੍ਹੇ ਵਿੱਚ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦਾ ਬੁੱਤ ਸੁੱਟ ਦਿੱਤਾ। ਕਾਂਗਰਸ ਆਗੂ ਪ੍ਰਦੀਪ ਕੁਮਾਰ ਡੇਅ ਨੇ ਕਿਹਾ ਕਿ ਸਵੇਰ ਦੀ ਸੈਰ ਕਰਨ ਵਾਲਿਆਂ ਨੇ ਬੁੱਤ ਡਿੱਗਿਆ ਦੇਖ ਕੇ ਪੁਲਸ ਨੂੰ ਸੂਚਿਤ ਕੀਤਾ। ਅਧਿਕਾਰੀਆਂ ਨੇ ਪਹਿਲਾਂ ਕਿਹਾ ਕਿ ਬੁੱਤ ਆਪਣੇ-ਆਪ ਡਿੱਗਿਆ, ਪਰ ਸੀ ਸੀ ਟੀ ਵੀ ਫੁਟੇਜ਼ ਵਿੱਚ ਕੁਝ ਲੋਕ ਪੌੜੀ ਨਾਲ ਸੁੱਟਦੇ ਨਜ਼ਰ ਆ ਰਹੇ ਹਨ। ਇਹ ਬੁੱਤ 1965 ਵਿੱਚ ਬਣੇ ਨਹਿਰੂ ਕਾਲਜ ਦੇ ਅੱਗੇ 2000 ਵਿੱਚ ਲਾਇਆ ਗਿਆ ਸੀ।

ਜ਼ਿਲ੍ਹੇ ਦੇ ਸਾਬਕਾ ਕਾਂਗਰਸ ਪ੍ਰਧਾਨ ਅਭਿਜੀਤ ਪਾਲ ਨੇ ਕਿਹਾ ਕਿ ਜਿਵੇਂ ਬੰਗਲਾਦੇਸ਼ ਦੇ ਪਹਿਲੇ ਰਾਸ਼ਟਰਪਤੀ ਸ਼ੇਖ ਮੁਜੀਬੁਰ ਰਹਿਮਾਨ ਦਾ ਬੁੱਤ ਸੁੱਟਿਆ ਗਿਆ, ਉਸੇ ਤਰ੍ਹਾਂ ਨਹਿਰੂ ਦਾ ਬੁੱਤ ਸੁੱਟਿਆ ਗਿਆ ਹੈ।

## ਅਫਸਰ ਦੇ ਸਕੱਤਰ ਵੱਲੋਂ ਖੁਦਕੁਸ਼ੀ

**ਚੰਡੀਗੜ੍ਹ :** ਇੱਥੇ ਬੁੱਧਵਾਰ ਹਰਿਆਣਾ ਸਿਵਲ ਸਕੱਤਰੇਤ ਦੀ ਸੱਤਵੀਂ ਮੰਜ਼ਲ ਤੋਂ ਮੁਲਾਜ਼ਮ ਗਣੇਸ਼ ਦਾਸ ਅਰੋੜਾ ਨੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਉਹ ਹਰਿਆਣਾ ਦੇ ਇੱਕ ਆਈ ਏ ਐੱਸ ਅਫਸਰ ਦਾ ਸਕੱਤਰ ਸੀ। ਉਸ ਨੇ 15 ਦਿਨ ਪਹਿਲਾਂ ਵੀ ਸਕੱਤਰੇਤ ਦੀ ਛੱਤ ਤੋਂ ਛਾਲ ਮਾਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਕੁਝ ਲੋਕਾਂ ਨੇ ਉਸ ਨੂੰ ਰੋਕ ਲਿਆ ਸੀ।

## ਗੱਡੀ ਹੇਠ ਆ ਕੇ ਤਿੰਨ ਮਰੇ

**ਪਾਕੁਰ :** ਝਾਰਖੰਡ ਦੇ ਪਾਕੁਰ ਜ਼ਿਲ੍ਹੇ ਵਿੱਚ ਵੰਦੇ ਭਾਰਤ ਐੱਕਸਪ੍ਰੈੱਸ ਹੇਠ ਆਉਣ ਕਾਰਨ ਇੱਕ ਜੋੜੇ ਅਤੇ ਉਨ੍ਹਾਂ ਦੀ ਤਿੰਨ ਸਾਲਾਂ ਦੀ ਬੱਚੀ ਦੀ ਮੌਤ ਹੋ ਗਈ। ਇਹ ਘਟਨਾ ਮੰਗਲਵਾਰ ਰਾਤ ਹਾਵੜਾ ਡਵੀਜ਼ਨ ਦੇ ਨਗਰਨਾਬੀ ਰੇਲਵੇ ਸਟੇਸ਼ਨ ਦੇ ਨੇੜੇ ਵਾਪਰੀ। ਨਿਊ ਜਲਪਾਈਗੁੜੀ-ਹਾਵੜਾ ਵੰਦੇ ਭਾਰਤ ਐੱਕਸਪ੍ਰੈੱਸ ਆ ਰਹੀ ਸੀ, ਉਸ ਵੇਲੇ ਇਹ ਪਰਵਾਰ ਰੇਲਵੇ ਟਰੈਕ ਪਾਰ ਕਰ ਰਿਹਾ ਸੀ। ਮ੍ਰਿਤਕਾਂ ਦੀ ਪਛਾਣ ਰਾਜਾ ਪਾੜਾ ਦੇ ਚੰਦਨ ਸਰਦਾਰ (35), ਉਸ ਦੀ ਪਤਨੀ ਰਿੰਪਾ (25) ਅਤੇ ਬੇਟੀ ਅਰਪਿਤਾ ਵਜੋਂ ਹੋਈ ਹੈ।

## ਆਦੀਆਂ ਹਮਲੇ ਦਾ ਮੁਲਜ਼ਮ ਮੁਕਾਬਲੇ 'ਚ ਮਾਰਿਆ

**ਗੁਰਦਾਸਪੁਰ (ਜਨਕ ਮਹਾਜਨ)**



ਸਰਹੱਦੀ ਪਿੰਡ ਆਦੀਆਂ ਦੀ ਪੁਲਸ ਚੌਕੀ ਵਿੱਚ ਏ ਐੱਸ ਆਈ ਤੇ ਹੋਮਗਾਰਡ ਦੀ ਗੋਲੀ ਮਾਰ ਕੇ ਹੱਤਿਆ ਕਰਨ ਦੇ ਮਾਮਲੇ ਵਿੱਚ ਸ਼ਾਮਲ ਆਦੀਆਂ ਪਿੰਡ ਦੇ ਹੀ ਨੌਜਵਾਨ ਰਣਜੀਤ ਸਿੰਘ ਨੂੰ ਪੁਲਸ ਨੇ ਪੁਰਾਣਾ ਸ਼ਾਲਾ ਇਲਾਕੇ ਵਿੱਚ ਮੁਕਾਬਲੇ ਵਿੱਚ ਮਾਰ ਦਿੱਤਾ।

ਗੁਰਦਾਸਪੁਰ ਵਿੱਚ ਸੀ ਆਈ ਏ ਸਟਾਫ ਦੇ ਇੰਚਾਰਜ ਗੁਰਮੀਤ ਸਿੰਘ ਦੇ ਇਲਾਵਾ ਚਾਰ ਹੋਰ ਪੁਲਸ ਕਰਮਚਾਰੀ ਮਨਦੀਪ ਸਿੰਘ, ਕਮਲ ਕਿਸ਼ੋਰ, ਸਿਮਰਨਜੀਤ ਸਿੰਘ, ਨਰਿੰਜਨ ਸਿੰਘ ਜ਼ਖਮੀ ਹੋ ਗਏ।

ਡੀ ਆਈ ਜੀ ਸੰਦੀਪ ਗੋਇਲ ਨੇ ਦੱਸਿਆ ਕਿ ਦੋਰਾਂਗਲਾ ਪੁਲਸ ਸਟੇਸ਼ਨ ਦੇ ਇੰਚਾਰਜ ਬਨਾਰਸੀ ਦਾਸ ਰਣਜੀਤ ਸਿੰਘ ਨੂੰ ਘਟਨਾ ਵਿੱਚ ਵਰਤੇ ਗਏ ਪਿਸਤੌਲ ਬਰਾਮਦ ਕਰਨ ਲਈ ਲੈ ਕੇ ਜਾ ਰਹੇ ਸਨ ਕਿ ਉਨ੍ਹਾਂ ਦੀ ਗੱਡੀ ਤੜਕੇ ਤਿੰਨ ਵਜੇ ਗਾਹਲੜੀ ਨੇੜੇ ਅਚਾਨਕ ਪਲਟ ਗਈ। ਰਣਜੀਤ ਸਿੰਘ ਨੇ ਇਸ ਦਾ ਫਾਇਦਾ ਉਠਾਇਆ ਅਤੇ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਪੁਲਸ ਕੰਟਰੋਲ ਰੂਮ 'ਤੇ ਇਸ ਬਾਰੇ ਜਾਣਕਾਰੀ ਮਿਲਣ 'ਤੇ ਸਾਰੀਆਂ ਪੁਲਸ ਟੀਮਾਂ ਤੇ ਸਾਰੀਆਂ ਚੌਕੀਆਂ ਨੂੰ ਅਲਰਟ ਕਰ ਦਿੱਤਾ ਗਿਆ। ਸਵੇਰੇ 6 ਵਜੇ ਦੇ ਕਰੀਬ ਸੀ ਆਈ ਏ ਸਟਾਫ ਇੰਚਾਰਜ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਇੱਕ ਪੁਲਸ ਪਾਰਟੀ ਪੁਰਾਣਾ ਸ਼ਾਲਾ ਪੁਲਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਪੈਂਦੇ ਪਿੰਡ ਨੌਸ਼ਹਿਰਾ ਵਿੱਚ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਤਾਇਨਾਤ ਸੀ, ਜਦੋਂ ਮੋਟਰਸਾਈਕਲ 'ਤੇ ਇੱਕ ਨੌਜਵਾਨ ਨੂੰ ਆਉਂਦੇ ਦੇਖਿਆ ਗਿਆ। ਹਾਲਾਂਕਿ ਪੁਲਸ ਪਾਰਟੀ ਨੂੰ ਦੇਖ ਕੇ ਉਹ ਤੇਜ਼ ਰਫ਼ਤਾਰ ਨਾਲ ਭੱਜ ਗਿਆ ਅਤੇ ਉਸ ਦਾ ਮੋਟਰਸਾਈਕਲ ਤਿਲਕ ਗਿਆ। ਜਦੋਂ ਪੁਲਸ ਪਾਰਟੀ ਨੇੜੇ ਆਈ ਤਾਂ ਉਸ ਨੇ ਗੋਲੀ ਚਲਾ ਦਿੱਤੀ। ਇੰਸਪੈਕਟਰ ਗੁਰਮੀਤ ਸਿੰਘ ਦੇ ਮੋਢੇ ਵਿੱਚ ਗੋਲੀ ਲੱਗੀ, ਜਦੋਂ ਕਿ ਇੱਕ ਸਾਥੀ ਪੁਲਸ ਅਧਿਕਾਰੀ ਨੂੰ ਇੱਕ ਹੋਰ • ਬਾਕੀ ਸਫਾ 2 'ਤੇ

## ਸਰਪੰਚ ਕਤਲ ਕੇਸ ਦੇ ਦੋ ਮੁਲਜ਼ਮਾਂ ਦਾ ਐਨਕਾਊਂਟਰ

**ਪੱਟੀ :** ਤਰਨ ਤਾਰਨ ਵਿੱਚ ਵਿਆਹ ਸਮਾਗਮ ਦੌਰਾਨ ਸਰਪੰਚ ਹਰਬਰਿੰਦਰ ਸਿੰਘ ਦੇ ਕਤਲ ਨਾਲ ਸੰਬੰਧਤ ਦੋ ਮੁਲਜ਼ਮ ਪੱਟੀ ਇਲਾਕੇ ਦੇ ਪਿੰਡ ਜੱਲੋਕੇ ਵਿਖੇ ਐਨਕਾਊਂਟਰ ਦੌਰਾਨ ਜ਼ਖਮੀ ਹੋ ਗਏ। ਜ਼ਿਲ੍ਹਾ ਤਰਨ ਤਾਰਨ ਦੇ ਐੱਸ ਐੱਸ ਪੀ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਇਨ੍ਹਾਂ ਦੀ ਪਛਾਣ ਰੋਮਨਦੀਪ ਸਿੰਘ ਵਾਸੀ ਪਿੰਡ ਚੋਹਲਾ ਸਾਹਿਬ ਅਤੇ ਅਰਸ਼ਦੀਪ ਸਿੰਘ ਜਲੰਧਰ ਵਜੋਂ ਹੋਈ ਹੈ। ਉਨ੍ਹਾ ਦੱਸਿਆ ਕਿ ਥਾਣਾ ਸਦਰ ਪੱਟੀ ਅਤੇ ਸਰਹਾਲੀ ਦੀ ਪੁਲਸ ਟੀਮ ਨੇ ਪਿੰਡ ਜੱਲੋਕੇ ਦੇ ਬੰਨ੍ਹ ਉੱਪਰ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਨ੍ਹਾਂ ਨੇ ਪੁਲਸ 'ਤੇ ਗੋਲੀਆਂ ਚਲਾ ਦਿੱਤੀਆਂ। ਜਵਾਬੀ ਕਾਰਵਾਈ ਵਿੱਚ ਦੋਵੇਂ ਜ਼ਖਮੀ ਹੋ ਗਏ। ਉਨ੍ਹਾ ਦੱਸਿਆ ਕਿ ਰੋਮਨਦੀਪ ਸਿੰਘ ਮੁੱਖ ਸ਼ੂਟਰ ਹੈ ਅਤੇ ਅਰਸ਼ਦੀਪ ਸਿੰਘ ਉਸ ਨੂੰ ਲੁਕਣ ਲਈ ਰਿਹਾਇਸ਼ ਮੁਹੱਈਆ ਕਰਵਾਉਂਦਾ ਰਿਹਾ ਹੈ। ਦੋਵਾਂ ਮੁਲਜ਼ਮਾਂ ਪਾਸੋਂ ਦੋ ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ ਗਏ ਹਨ।

## ਪਰਵਾਸੀ ਮਜ਼ਦੂਰਾਂ 'ਤੇ ਹਮਲੇ ਦੀ ਸਾਜ਼ਿਸ਼ 'ਚ ਸ਼ਾਮਲ ਅਮਨ ਸ਼ਰਮਾ ਗ੍ਰਿਫ਼ਤਾਰ

**ਫਰੀਦਕੋਟ :** ਪੁਲਸ ਨੇ ਮੋਗਾ ਦੇ ਪਿੰਡ ਵਿੱਚ ਪਰਵਾਸੀ ਮਜ਼ਦੂਰਾਂ 'ਤੇ ਫਾਇਰਿੰਗ ਦੀ ਸਾਜ਼ਿਸ਼ ਵਿੱਚ ਸ਼ਾਮਲ ਅਮਨ ਸ਼ਰਮਾ (27) ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਅਮਨ ਚੰਡੀਗੜ੍ਹ ਦੀ ਸੈਕਟਰ 26 ਅਨਾਜ ਮੰਡੀ ਵਿੱਚ ਇੱਕ ਪੱਲੇਦਾਰ ਵਜੋਂ ਕੰਮ ਕਰਕੇ ਆਪਣੀ ਅਸਲੀ ਪਛਾਣ ਲੁਕਾ ਰਿਹਾ ਸੀ ਅਤੇ ਕਿਰਾਏ ਦੇ ਮਕਾਨ ਵਿੱਚ ਰਹਿ ਕੇ ਪੁਲਸ ਨੂੰ ਚਕਮਾ ਦੇ ਰਿਹਾ ਸੀ। ਪੁਲਸ ਨੇ ਮੁਲਜ਼ਮ ਨੂੰ ਜੰਮੂ-ਕਸ਼ਮੀਰ ਤੋਂ ਉਸ ਦੇ ਰਿਸ਼ਤੇਦਾਰ ਸ਼ੁਭਮ ਸ਼ਰਮਾ ਸਮੇਤ ਗ੍ਰਿਫਤਾਰ ਕੀਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਦੋਵੇਂ ਨਾ ਸਿਰਫ ਹਥਿਆਰਾਂ ਦੇ ਸਪਲਾਇਰ ਸਨ, ਸਗੋਂ ਬੈਕਅੱਪ ਸ਼ੂਟਰ ਵਜੋਂ ਵੀ ਤਿਆਰ ਸਨ। ਜੇ ਮੁੱਖ ਸ਼ੂਟਰ ਨਾਕਾਮ ਰਹਿੰਦਾ ਤਾਂ ਉਹ ਖੁਦ ਹਮਲਾ ਕਰ ਸਕਦੇ ਸਨ।

ਡੀ ਆਈ ਜੀ ਫਰੀਦਕੋਟ ਰੇਂਜ ਨੀਲਾਂਬਰੀ ਜਗਦਲੇ ਵਿਜੇ ਅਨੁਸਾਰ ਇਹ ਗਰੁੱਪ ਸੋਸ਼ਲ ਮੀਡੀਆ ਹੈਂਡਲ 'ਲੱਖਾ ਬੁੱਟਰ' ਰਾਹੀਂ ਸੰਪਰਕ ਵਿੱਚ ਸੀ, ਜਿਸ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਅਮਨ ਸ਼ਰਮਾ ਕਥਿਤ ਤੌਰ 'ਤੇ ਪੈਸੇ ਦੇ ਲਾਲਚ ਵਿੱਚ ਇਸ ਗੈਰ-ਕਾਨੂੰਨੀ ਕੰਮ ਵਿੱਚ ਸ਼ਾਮਲ ਹੋਇਆ ਸੀ। ਪੁਲਸ ਨੇ ਹੁਣ ਤੱਕ ਇਸ ਮਾਮਲੇ ਵਿੱਚ ਦੋ ਹੱਥਗੋਲੇ, ਦੋ ਪਿਸਤੌਲ ਅਤੇ ਕਾਰਤੂਸ ਬਰਾਮਦ ਕੀਤੇ ਹਨ। ਇਸ ਮਾਮਲੇ ਵਿੱਚ ਹੁਣ ਤੱਕ ਕੁੱਲ 13 ਲੋਕਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਵਿੱਚ ਤਿੰਨ ਮੁੱਖ ਸ਼ੂਟਰ ਅਕਾਸ਼ਦੀਪ ਸਿੰਘ, ਜੋਬਨਪ੍ਰੀਤ ਸਿੰਘ ਅਤੇ ਸ਼ਾਹਬੀਰ ਸਿੰਘ ਵੀ ਸ਼ਾਮਲ ਹਨ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ **ਡੇਰਾ ਬਾਬਾ ਨਾਨਕ** ਵਿਸ਼ੇਸ਼ ਸਪਲੀਮੈਂਟ 3 ਮਾਰਚ ਦਿਨ ਮੰਗਲਵਾਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਰਮੇਸ਼ ਸ਼ਰਮਾ** ਨਾਲ ਮੋਬਾਇਲ ਨੰਬਰ 98146-30794 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ


## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਯੂ ਕੇ ਵੱਲੋਂ ਭਾਰਤੀਆਂ ਲਈ ਈ ਵੀਜ਼ਾ ਲਾਜ਼ਮੀ

**ਲੰਡਨ :** ਯੂ ਕੇ ਨੇ ਡਿਜੀਟਲ ਯਾਤਰਾ ਪ੍ਰਣਾਲੀ ਲਾਗੂ ਕਰਦਿਆਂ ਭਾਰਤੀ ਯਾਤਰੀਆਂ ਦੇ ਵੀਜ਼ਾ ਲਈ ਕੁਝ ਬਦਲਾਅ ਕੀਤੇ ਹਨ। ਇਸ ਵਿੱਚ ਭਾਰਤੀ ਯਾਤਰੀਆਂ ਲਈ ਈ-ਵੀਜ਼ਾ ਅਤੇ ਬਿਨਾਂ ਵੀਜ਼ਾ ਯਾਤਰਾ ਕਰਨ ਵਾਲੇ ਸੈਲਾਨੀਆਂ ਲਈ ਇਲੈਕਟ੍ਰਾਨਿਕ ਟਰੈਵਲ ਆਥੋਰਾਈਜ਼ੇਸ਼ਨ (ਈ ਟੀ ਏ) ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਨਵੀਂ ਪ੍ਰਕਿਰਿਆ ਕਾਗਜ਼ੀ ਵੀਜ਼ਾ ਸਟਿੱਕਰਾਂ ਦੀ ਥਾਂ ਲਵੇਗੀ।

ਡਿਜੀਟਲ ਪ੍ਰਣਾਲੀ ਮੁਤਾਬਕ ਸਿਸਟਮ ਵਿੱਚ ਬਾਇਓਮੈਟ੍ਰਿਕ ਰਜਿਸਟ੍ਰੇਸ਼ਨ ਲਈ ਵੀਜ਼ਾ ਸੈਂਟਰ ਜਾਣਾ ਪਵੇਗਾ, ਪਰ ਹੁਣ ਵੀਜ਼ਾ ਪ੍ਰੋਸੈਸਿੰਗ ਦੌਰਾਨ ਆਪਣਾ ਪਾਸਪੋਰਟ ਉੱਥੇ ਛੱਡਣ ਦੀ ਲੋੜ ਨਹੀਂ ਪਵੇਗੀ। ਇਸ ਤੋਂ ਇਲਾਵਾ ਯੂ ਕੇ ਸਰਕਾਰ ਨੇ ਸਾਫ ਕੀਤਾ ਹੈ ਕਿ ਜੇ ਕਿਸੇ ਯਾਤਰੀ ਕੋਲ ਡਿਜੀਟਲ ਈ-ਵੀਜ਼ਾ, ਈ ਟੀ ਏ ਜਾਂ ਹੋਰ ਜਾਇਜ਼ ਦਸਤਾਵੇਜ਼ ਨਹੀਂ ਹੋਣਗੇ, ਤਾਂ ਏਅਰਲਾਈਨਾਂ ਉਨ੍ਹਾਂ ਨੂੰ ਜਹਾਜ਼ ਚੜ੍ਹਨ ਤੋਂ ਰੋਕ ਸਕਦੀਆਂ ਹਨ।

ਬਾਇਓਮੈਟ੍ਰਿਕ ਰੈਜ਼ੀਡੈਂਸ ਪਰਮਿਟ (ਬੀ ਆਰ ਪੀ), ਪਾਸਪੋਰਟ 'ਤੇ ਲੱਗੇ ਵੀਜ਼ਾ ਸਟਿੱਕਰ ਜਾਂ ਮੋਹਰਾਂ ਨੂੰ ਹੁਣ ਪੂਰੀ ਤਰ੍ਹਾਂ ਆਨਲਾਈਨ ਯੂ ਕੇ ਵੀਜ਼ਾ ਅਤੇ ਇਮੀਗ੍ਰੇਸ਼ਨ (ਯੂ ਕੇ ਵੀ ਆਈ) ਸਿਸਟਮ ਵਿੱਚ ਬਦਲ ਦਿੱਤਾ ਗਿਆ ਹੈ।

ਇਸ ਦੌਰਾਨ ਯਾਤਰੀਆਂ ਲਈ ਕੁਝ ਜ਼ਰੂਰੀ ਹਦਾਇਤਾਂ ਵੀ ਲਾਗੂ ਕੀਤੀਆਂ ਗਈਆਂ ਹਨ, ਜਿਨ੍ਹਾਂ ਦੀ ਪਾਲਣਾ ਕਰਨਾ ਲਾਜ਼ਮੀ ਹੋਵੇਗਾ। ਸਾਰੇ ਈ-ਵੀਜ਼ਾ ਧਾਰਕਾਂ ਨੂੰ ਆਪਣੇ ਯੂ ਕੇ ਵੀ ਆਈ ਖਾਤੇ ਵਿੱਚ ਨਵੀਂ ਪਾਸਪੋਰਟ ਜਾਣਕਾਰੀ ਅਪਡੇਟ ਰੱਖਣੀ ਹੋਵੇਗੀ, ਤਾਂ ਜੋ ਯਾਤਰਾ ਦੌਰਾਨ ਕੋਈ ਦਿੱਕਤ ਨਾ ਆਵੇ। ਅਮਰੀਕਾ, ਕੈਨੇਡਾ ਅਤੇ • ਬਾਕੀ ਸਫਾ 2 'ਤੇ

## ਭਾਰਤ-ਪਾਕਿ ਜੰਗ ਰੁਕਵਾ ਕੇ ਸਾਢੇ ਤਿੰਨ ਕਰੋੜ ਜਾਨਾਂ ਬਚਾਈਆਂ : ਟਰੰਪ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ 'ਸਟੇਟ ਆਫ ਦਾ ਯੂਨੀਅਨ' ਭਾਸ਼ਣ ਦੌਰਾਨ ਇੱਕ ਵਾਰ ਫਿਰ ਭਾਰਤ ਅਤੇ ਪਾਕਿਸਤਾਨ ਵਿਚਾਲੇ ਪ੍ਰਮਾਣੂ ਜੰਗ ਰੋਕਣ ਦਾ ਸਿਹਰਾ ਆਪਣੇ ਸਿਰ ਬੰਨ੍ਹਦਿਆਂ ਦਾਅਵਾ ਕੀਤਾ ਕਿ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਉਨ੍ਹਾ ਨੂੰ ਦੱਸਿਆ ਸੀ ਕਿ ਜੇ ਉਨ੍ਹਾ ਦਖਲ ਨਾ ਦਿੱਤਾ ਹੁੰਦਾ, ਤਾਂ ਦੋਵਾਂ ਦੇਸ਼ਾਂ ਦੇ 3.5 ਕਰੋੜ ਲੋਕ ਮਾਰੇ ਜਾਂਦੇ। ਮੰਗਲਵਾਰ 100 ਮਿੰਟਾਂ ਤੋਂ ਵੱਧ ਲੰਮੇ ਸੰਬੋਧਨ ਵਿੱਚ ਟਰੰਪ ਨੇ ਕਿਹਾ, 'ਮੈਂ ਆਪਣੇ ਪਹਿਲੇ 10 ਮਹੀਨਿਆਂ ਵਿੱਚ ਅੱਠ ਜੰਗਾਂ ਖਤਮ ਕਰਵਾਈਆਂ ਹਨ, ਜਿਨ੍ਹਾਂ ਵਿੱਚ ਭਾਰਤ-ਪਾਕਿਸਤਾਨ ਸੰਘਰਸ਼ ਵੀ ਸ਼ਾਮਲ ਹੈ।'

ਟਰੰਪ ਪਿਛਲੇ ਸਾਲ 10 ਮਈ ਤੋਂ ਹੁਣ ਤੱਕ ਲਗਭਗ 100 ਵਾਰ ਅਜਿਹੇ ਦਾਅਵੇ ਕਰ ਚੁੱਕੇ ਹਨ। ਹਾਲਾਂਕਿ, ਉਹ ਮਰਨ ਵਾਲਿਆਂ ਦੇ ਅੰਕੜਿਆਂ ਨੂੰ ਲੈ ਕੇ ਅਕਸਰ ਬਦਲਦੇ ਰਹੇ ਹਨ, ਪਹਿਲਾਂ ਉਨ੍ਹਾ ਇਹ ਗਿਣਤੀ ਇੱਕ ਕਰੋੜ ਅਤੇ ਫਿਰ ਢਾਈ ਕਰੋੜ ਦੱਸੀ ਸੀ, ਜੋ ਹੁਣ ਵਧ ਕੇ ਸਾਢੇ ਤਿੰਨ ਕਰੋੜ ਤੱਕ ਪਹੁੰਚ ਗਈ ਹੈ। ਟਰੰਪ ਨੇ ਆਪਣੇ ਭਾਸ਼ਣ ਵਿੱਚ ਇਜ਼ਰਾਈਲ-ਈਰਾਨ ਅਤੇ ਕੋਸੋਵੋ-ਸਰਬੀਆ ਵਰਗੇ ਹੋਰ ਕਈ ਵਿਸ਼ਵਵਿਆਪੀ ਸੰਘਰਸ਼ਾਂ ਨੂੰ ਸੁਲਝਾਉਣ ਦਾ ਦਾਅਵਾ ਵੀ ਕੀਤਾ ਹੈ।

ਲਾਲ ਟਾਈ ਅਤੇ ਨੀਲੇ ਸੂਟ ਵਿੱਚ ਸਜੇ ਟਰੰਪ ਦਾ ਸਵਾਗਤ ਰਿਪਬਲਿਕਨਾਂ ਨੇ ਯੂ ਐੱਸ ਏ! ਯੂ ਐੱਸ ਏ! ਦੇ ਨਾਅਰਿਆਂ ਨਾਲ ਕੀਤਾ, ਜਦੋਂਕਿ ਕਈ ਡੈਮੋਕਰੇਟਕ ਨੇ ਵਿਰੋਧ ਵਜੋਂ ਇਸ ਸਮਾਗਮ ਤੋਂ ਦੂਰੀ ਬਣਾਈ ਰੱਖੀ।

ਟਰੰਪ ਨੇ ਦਾਅਵਾ ਕੀਤਾ ਕਿ ਉਨ੍ਹਾ ਦੀਆਂ ਨੀਤੀਆਂ ਸਦਕਾ ਦੇਸ਼ ਵਿੱਚ ਨੌਕਰੀਆਂ ਅਤੇ ਨਿਰਮਾਣ ਖੇਤਰ ਵਿੱਚ ਵੱਡਾ ਉਛਾਲ ਆਇਆ ਹੈ। ਉਨ੍ਹਾ ਇਸ ਨੂੰ 'ਯੁੱਗਾਂ ਦਾ ਸਭ ਤੋਂ ਵੱਡਾ ਬਦਲਾਅ' ਕਰਾਰ ਦਿੰਦਿਆਂ ਕਿਹਾ ਕਿ ਹੁਣ ਅਮਰੀਕਾ ਵਿੱਚ ਖਰਬਾਂ ਡਾਲਰ ਦਾ ਨਿਵੇਸ਼ ਅਤੇ ਨਵੀਆਂ ਫੈਕਟਰੀਆਂ ਵਾਪਸ ਆ ਰਹੀਆਂ ਹਨ।

ਟਰੰਪ ਨੇ ਇਮੀਗ੍ਰੇਸ਼ਨ 'ਤੇ ਸਖਤੀ, ਟੈਰਿਫ ਦੀ ਸੁਰੱਖਿਆ ਅਤੇ ਈਰਾਨ ਤੇ ਵੈਨੇਜ਼ੁਏਲਾ ਵਰਗੇ ਦੇਸ਼ਾਂ ਵਿੱਚ ਕੀਤੀਆਂ ਫੌਜੀ ਕਾਰਵਾਈਆਂ ਦਾ ਜ਼ੋਰਦਾਰ ਬਚਾਅ ਕੀਤਾ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲੀਨ ਲੀਵਿਟ ਅਨੁਸਾਰ, ਰਾਸ਼ਟਰਪਤੀ ਨੇ ਜਨਤਾ ਨੂੰ ਇਹ ਵਿਸ਼ਵਾਸ ਦਿਵਾਉਣ ਦੀ ਕੋਸ਼ਿਸ਼ ਕੀਤੀ ਕਿ ਮਹਿੰਗਾਈ ਅਤੇ ਰਹਿਣ-ਸਹਿਣ ਦੇ ਖਰਚਿਆਂ ਨੂੰ ਸਿਰਫ ਰਿਪਬਲਿਕਨ ਪਾਰਟੀ ਹੀ ਕਾਬੂ ਕਰ ਸਕਦੀ ਹੈ। ਦਿਲਚਸਪ ਗੱਲ ਇਹ ਰਹੀ ਕਿ ਜਿੱਥੇ ਉਲੰਪਿਕ ਗੋਲਡ ਮੈਡਲ ਜੇਤੂ ਅਮਰੀਕੀ ਪੁਰਸ਼ ਹਾਕੀ ਟੀਮ ਇਸ ਮੌਕੇ ਮੌਜੂਦ ਸੀ, ਉੱਥੇ ਹੀ ਮਹਿਲਾ ਹਾਕੀ ਟੀਮ ਨੇ ਵ੍ਹਾਈਟ ਹਾਊਸ ਦਾ ਸੱਦਾ ਠੁਕਰਾ ਕੇ ਆਪਣਾ ਵਿਰੋਧ ਦਰਜ ਕਰਵਾਇਆ।

## ਅੱਜ-ਨਾਮਾ

ਸਿਆਸੀ ਨਦੀ ਦੇ ਵਹਿਣ ਫਿਰ ਤੇਜ਼ ਹੋਏ,
ਪੁਰਾਣੇ ਮੁੱਦੇ ਕੁਝ ਸਿਰ ਰਹੇ ਚੁੱਕ ਮੀਆਂ।
ਮੁੱਦਾ ਉੱਠ ਪਿਆ ਫੇਰ ਉਹ ਪਾਣੀਆਂ ਦਾ,
ਲੱਗਾ ਈ ਭਾਸ਼ਣਾਂ ਦਾ ਬੰਨ੍ਹਣ ਠੁੱਕ ਮੀਆਂ।
ਜਿਹੜਾ ਬੋਲਦਾ, ਦਾਅਵੇ ਬੱਸ ਕਰੀ ਜਾਂਦਾ,
ਬੈਠਕਾਂ ਲਾਉ ਨਹੀਂ, ਗੱਲ ਦੋ ਟੁੱਕ ਮੀਆਂ।
ਮੁੜ-ਮੁੜ ਮੋਰਚੇ ਸਾਥੋਂ ਨਹੀਂ ਲਾਏ ਜਾਂਦੇ,
ਸਮਝੌਤੇ ਕਰਨ ਦੀ ਕੋਈ ਨਾ ਤੁੱਕ ਮੀਆਂ।
ਹੋਇਆ ਆਦਮੀ ਆਮ ਪਿਆ ਡੌਰ-ਭੌਰਾ,
ਮੁੜ ਕਿਉਂ ਰਿਹਾ ਹੈ ਉੱਠ ਸਵਾਲ ਮੀਆਂ।
ਕਾਹਤੋਂ ਚੋਣਾਂ ਦੇ ਵੇਲੇ ਹੀ ਯਾਦ ਆਉਂਦਾ,
ਲੁਕਦਾ ਕਿੱਥੇ ਆ ਪੰਜ ਇਹ ਸਾਲ ਮੀਆਂ।

-ਤੀਸ ਮਾਰ ਖਾਂ

## ਚਿੱਟਾ ਤੇ ਗੈਂਗਸਟਰਵਾਦ ਅਕਾਲੀ ਦਲ ਦੀ ਹੀ ਦੇਣ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਉਸ ਬਿਆਨ 'ਤੇ ਤਿੱਖਾ ਹਮਲਾ ਕੀਤਾ ਹੈ, ਜਿਸ ਵਿੱਚ ਉਨ੍ਹਾ ਕਿਹਾ ਹੈ ਕਿ ਉਨ੍ਹਾ ਦੀ ਸਰਕਾਰ ਆਉਣ 'ਤੇ ਪਹਿਲੀ ਮੀਟਿੰਗ ਵਿੱਚ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਨੂੰ 'ਅੱਤਵਾਦੀ' ਐਲਾਨਿਆ ਜਾਵੇਗਾ।

ਬੁੱਧਵਾਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਸੁਖਬੀਰ ਬਾਦਲ ਸ਼ਾਇਦ ਇਸ ਭੁਲੇਖੇ ਵਿੱਚ ਹਨ ਕਿ ਪੰਜਾਬ ਦੇ ਲੋਕ 2007 ਤੋਂ 2017 ਦੇ ਕਾਲੇ ਦੌਰ ਨੂੰ ਭੁੱਲ ਗਏ ਹਨ। ਸੱਚਾਈ ਇਹ ਹੈ ਕਿ ਪੰਜਾਬ ਦੀ ਧਰਤੀ 'ਤੇ ਨਸ਼ਿਆਂ (ਚਿੱਟੇ) ਅਤੇ ਗੈਂਗਸਟਰਵਾਦ ਦੇ ਬੀਜ ਅਕਾਲੀ-ਭਾਜਪਾ ਸਰਕਾਰ ਦੌਰਾਨ ਹੀ ਬੀਜੇ ਗਏ ਸਨ ਅਤੇ ਉਨ੍ਹਾਂ ਦੀ ਸਰਪ੍ਰਸਤੀ ਹੇਠ ਹੀ ਇਹ ਵਧੇ-ਫੁੱਲੇ।

ਪੰਨੂ ਨੇ ਪੁਰਾਣੀਆਂ ਘਟਨਾਵਾਂ ਨੂੰ ਯਾਦ ਕਰਵਾਉਂਦਿਆਂ ਕਿਹਾ ਕਿ 2007 ਤੋਂ ਪਹਿਲਾਂ ਪੰਜਾਬ ਨੇ ਕਦੇ 'ਗੈਂਗਸਟਰ' ਸ਼ਬਦ ਨਹੀਂ ਸੁਣਿਆ ਸੀ। ਸੁਖਬੀਰ ਬਾਦਲ ਦੇ ਰਾਜ ਵਿੱਚ ਹੀ ਅਪਰਾਧੀਆਂ ਨੂੰ ਸਿਆਸੀ ਸਰਪ੍ਰਸਤੀ ਮਿਲੀ। ਅੰਮ੍ਰਿਤਸਰ ਵਿੱਚ ਆਪਣੀ ਧੀ ਦੀ ਇੱਜ਼ਤ ਬਚਾਉਂਦੇ ਹੋਏ ਜਦੋਂ ਇੱਕ ਏ ਐੱਸ ਆਈ ਦਾ ਕਤਲ ਕੀਤਾ ਗਿਆ, ਤਾਂ ਅਕਾਲੀ ਦਲ ਨਾਲ ਸੰਬੰਧਤ ਲੋਕਾਂ ਨੇ ਸ਼ਰੇਆਮ ਭੰਗੜਾ ਪਾਇਆ ਸੀ। ਪੰਨੂ ਨੇ ਸਵਾਲ ਕੀਤਾ ਕਿ ਨਾਭਾ ਜੇਲ੍ਹ ਬ੍ਰੇਕ ਕਾਂਡ ਕਿਸ ਦੇ ਸਮੇਂ ਹੋਇਆ? ਫਰੀਦਕੋਟ ਵਿੱਚ ਸ਼ਰੇਆਮ ਨਾਬਾਲਗ ਲੜਕੀ ਨੂੰ ਅਗਵਾ ਕਿਸ ਨੇ ਕੀਤਾ? ਇਹ ਸਭ ਅਕਾਲੀ ਦਲ ਦੇ ਗੁੰਡਾਰਾਜ ਦੀਆਂ ਨਿਸ਼ਾਨੀਆਂ ਹਨ। ਜਿਹੜੇ ਅਪਰਾਧੀ ਉਸ ਸਮੇਂ ਮਹਿੰਗੀਆਂ ਗੱਡੀਆਂ 'ਤੇ ਹੂਟਰ ਅਤੇ ਸਪੀਕਰ ਲਗਾ ਕੇ ਬੇਖੌਫ਼ ਘੁੰਮਦੇ ਸਨ, ਉਹੀ ਅੱਗੇ ਚੱਲ ਕੇ ਗੈਂਗਸਟਰ ਬਣੇ।



ਉਹਨਾ ਕਿਹਾ ਕਿ 2007 ਤੋਂ 2012 ਦੇ ਵਿਚਕਾਰ ਪੰਜਾਬ ਵਿੱਚ ਨਸ਼ਿਆਂ ਦੀਆਂ ਦੁਕਾਨਾਂ ਖੁੱਲ੍ਹੀਆਂ ਅਤੇ 2012 ਵਿੱਚ ਸਰਕਾਰ ਰਿਪੀਟ ਹੋਣ ਤੋਂ ਬਾਅਦ ਚਿੱਟਾ ਆਪਣੇ ਸਿਖਰ 'ਤੇ ਪਹੁੰਚ ਗਿਆ। ਪੰਜਾਬ ਦੀ ਇੱਕ ਪੂਰੀ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਦਾ ਪਾਪ ਸੁਖਬੀਰ ਬਾਦਲ ਦੇ ਸਿਰ ਹੈ।

ਜਦੋਂ ਪੁਲਸ ਚਿੱਟਾ ਤਸਕਰਾਂ ਨੂੰ ਫੜਦੀ ਸੀ, ਤਾਂ ਅੱਧੇ ਘੰਟੇ ਦੇ ਅੰਦਰ ਹੀ ਅਕਾਲੀ ਆਗੂਆਂ ਨਾਲ ਉਨ੍ਹਾਂ ਦੀਆਂ ਤਸਵੀਰਾਂ ਸਾਹਮਣੇ ਆ ਜਾਂਦੀਆਂ ਸਨ ਅਤੇ ਉਨ੍ਹਾਂ ਨੂੰ ਛੁਡਾਉਣ ਲਈ ਮੰਤਰੀਆਂ ਦੀਆਂ ਸਿਫ਼ਾਰਸ਼ਾਂ ਪਹੁੰਚ ਜਾਂਦੀਆਂ ਸਨ।

ਅੱਜ ਉਹੀ ਸੁਖਬੀਰ ਬਾਦਲ ਪਹਿਲੀ ਮੀਟਿੰਗ ਵਿੱਚ ਕਾਰਵਾਈ ਦੀ ਗੱਲ ਕਰ ਰਹੇ ਹਨ, ਜੋ ਕਿ ਪੂਰੀ ਤਰ੍ਹਾਂ ਹਾਸੋਹੀਣਾ ਹੈ।ਅੱਜ ਜਦੋਂ ਮਾਨ ਸਰਕਾਰ ਇਨ੍ਹਾਂ ਬੁਰਾਈਆਂ ਨੂੰ ਜੜ੍ਹੋਂ ਖ਼ਤਮ ਕਰ ਰਹੀ ਹੈ, ਤਾਂ ਸੁਖਬੀਰ ਬਾਦਲ ਨੂੰ ਮੁੜ ਸੱਤਾ ਦੀ ਭੁੱਖ ਸਤਾ ਰਹੀ ਹੈ, ਤਾਂ ਜੋ ਉਹ ਦੁਬਾਰਾ ਉਹੀ ਪੁਰਾਣਾ ਨਸ਼ੇ ਦਾ ਸਾਮਰਾਜ ਖੜ੍ਹਾ ਕਰ ਸਕਣ।

## ਬੱਬਰ ਅਕਾਲੀ ਲਹਿਰ ਸ਼ਹਾਦਤ ਸ਼ਤਾਬਦੀ ਸੰਬੰਧੀ ਭਲਕੇ ਵਿਚਾਰ-ਚਰਚਾ

**ਜਲੰਧਰ :** ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ (1926-2026) ਸਾਲ ਭਰ ਵੱਖ-ਵੱਖ ਰੂਪਾਂ ਵਿੱਚ ਮਨਾਉਣ ਅਤੇ ਪਹਿਲੀ ਨਵੰਬਰ 2026 'ਮੇਲਾ ਗ਼ਦਰੀ ਬਾਬਿਆਂ ਦਾ' ਮੌਕੇ ਸਿਖ਼ਰਾਂ 'ਤੇ ਪਹੁੰਚਾਉਣ ਲਈ 27 ਫਰਵਰੀ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਦੇ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਤੋਂ ਸ਼ੁਰੂ ਕੀਤੀ ਜਾ ਰਹੀ ਮੁਹਿੰਮ ਮੌਕੇ ਵਿਚਾਰ-ਚਰਚਾ ਦੀਆਂ ਤਿਆਰੀਆਂ ਦਾ ਬੁੱਧਵਾਰ ਜਾਇਜ਼ਾ ਲਿਆ ਗਿਆ।

ਜ਼ਿਕਰਯੋਗ ਹੈ ਕਿ ਇਸ ਦਿਨ ਕਮੇਟੀ ਮੈਂਬਰ ਸੁਵਰਨ ਸਿੰਘ ਵਿਰਕ, 'ਬੱਬਰ ਅਕਾਲੀ ਲਹਿਰ ਦੀ ਇਤਿਹਾਸਕ ਪ੍ਰਸੰਗਕਤਾ', ਡਾ. ਪਰਮਿੰਦਰ 'ਫਾਸ਼ੀ ਹੱਲੇ ਦੀਆਂ ਚੁਣੌਤੀਆਂ ਅਤੇ ਸਾਡੀ ਭੂਮਿਕਾ' ਵਿਸ਼ਿਆਂ 'ਤੇ ਕੁੰਜੀਵਤ ਭਾਸ਼ਣ ਦੇਣਗੇ। ਇਸ ਮੌਕੇ ਬੱਬਰ ਅਕਾਲੀ ਲਹਿਰ ਦੇ ਪਿੰਡਾਂ, ਪਰਵਾਰਾਂ ਦੇ ਹਾਜ਼ਰ ਨੁਮਾਇੰਦਿਆਂ ਦਾ ਕਮੇਟੀ ਵੱਲੋਂ ਸਨਮਾਨ ਕਰਦੇ ਹੋਏ ਮੁਹਿੰਮ ਦਾ ਆਗਾਜ਼ ਕੀਤਾ ਜਾਏਗਾ।

ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਬੋਰਡ ਆਫ਼ ਟਰੱਸਟ, ਜਨਰਲ ਬਾਡੀ ਅਤੇ ਸੱਭਿਆਚਾਰਕ ਵਿੰਗ ਵਿੱਚ ਵਿਚਾਰ-ਚਰਚਾ ਕਰਕੇ ਲਏ ਫੈਸਲੇ ਮੁਤਾਬਕ 27 ਫਰਵਰੀ ਦੀ ਪ੍ਰਤੀਨਿਧ ਵਿਚਾਰ-ਚਰਚਾ ਵਿੱਚ ਸ਼ਮੂਲੀਅਤ ਲਈ ਕਮੇਟੀ ਦੇ ਸਹਾਇਕ ਸਕੱਤਰ ਪ੍ਰੋ. ਗੋਪਾਲ ਸਿੰਘ ਬੁੱਟਰ ਅਤੇ ਕਮੇਟੀ ਮੈਂਬਰ ਡਾ. ਸੈਲੇਸ਼ ਨੇ ਚੱਕ ਕਲਾਂ, ਬਿਣਗਾਂ, ਕੌਲਗੜ੍ਹ, ਦੌਲਤਪੁਰ, ਝਿੰਗੜਾਂ, ਮਢਾਲੀ, ਪਤਾਰਾ, ਪੰਡੋਰੀ ਨਿੱਝਰਾਂ, ਘੁੜਿਆਲ, ਮੰਡੇਰ ਆਦਿ ਪਿੰਡਾਂ ਤੱਕ ਹਰ ਸੰਭਵ ਢੰਗ ਨਾਲ ਸੰਪਰਕ ਕੀਤਾ ਅਤੇ ਵਿਚਾਰਾਂ ਹੋਈਆਂ। ਇਉਂ ਹੀ ਕਮੇਟੀ ਮੈਂਬਰ ਵਿਜੈ ਬੰਬੇਲੀ ਨੇ ਬਾਹੋਵਾਲ, ਕੋਟ • ਬਾਕੀ ਸਫਾ 2 'ਤੇ

26-FEB-PAGE-1.qxd 2/25/2026 9:58 PM Page 2



## ਰੋਹਿਤ ਵਰਮਾ ਤੇ ਨਵਦੀਪ ਸਿੰਘ ਸਨਮਾਨਿਤ



**ਦੋਰਾਹਾ (ਹਰਮਿੰਦਰ ਸੇਠ)**-ਡਾ. ਦਰਪਣ ਆਹਲੂਵਾਲੀਆ, ਸੀਨੀਅਰ ਪੁਲਸ ਕਪਤਾਨ (ਐੱਸ ਐੱਸ ਪੀ) ਖੰਨਾ ਅਤੇ ਐੱਸ ਪੀ (ਡੀ) ਪਵਨਜੀਤ ਦੀ ਅਗਵਾਈ ਹੇਠ ਡਿਊਟੀ ਪ੍ਰਤੀ ਨਿਭਾਏ ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਸੀਨੀਅਰ ਸਿਪਾਹੀ ਰੋਹਿਤ ਵਰਮਾ ਅਤੇ ਸੀਨੀਅਰ ਸਿਪਾਹੀ ਨਵਦੀਪ ਸਿੰਘ ਨੂੰ ਡੀ.ਜੀ.ਪੀ ਕਮੇਂਡੇਸ਼ਨ ਡਿਸਕ ਨਾਲ ਸਨਮਾਨਿਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਦੀ ਡਿਊਟੀ ਪ੍ਰਤੀ ਲਗਨ, ਇਮਾਨਦਾਰੀ ਅਤੇ ਬੇਹਤਰੀਨ ਕਾਰਗੁਜ਼ਾਰੀ ਨੂੰ ਮੱਦੇਨਜ਼ਰ ਰੱਖਦਿਆਂ ਪ੍ਰਦਾਨ ਕੀਤਾ ਗਿਆ।ਸੀਨੀਅਰ ਅਧਿਕਾਰੀਆਂ ਵੱਲੋਂ ਸਨਮਾਨਿਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਗਈ ਕਿ ਇਸ ਤਰ੍ਹਾਂ ਦੇ ਸਨਮਾਨ ਨਾਲ ਪੁਲਿਸ ਕਰਮਚਾਰੀਆਂ ਨੂੰ ਭਵਿੱਖ ਵਿੱਚ ਵੀ ਨਿਸ਼ਠਾ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਰਨਾ ਮਿਲੇਗੀ।

## ਮਾਧੇਸ਼ ਢੋਸੀਵਾਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਬੁੱਧ ਵਿਹਾਰ ਨਿਵਾਸੀ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੇ ਹੋਣਹਾਰ ਪੋਤਰੇ ਮਾਧੇਸ਼ ਢੋਸੀਵਾਲ (ਗੋਵਿੰਦ) ਸਪੁੱਤਰ ਇੰਜ. ਕੁਨਾਲ ਢੋਸੀਵਾਲ ਤੇ ਪ੍ਰੋ. ਵੰਦਨਾ ਢੋਸੀਵਾਲ, ਨੇ ਆਪਣੀ ਕਲਾਸ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਸੇਂਟ ਮੇਰੀ ਕਾਨਵੈਂਟ ਸਕੂਲ ਫਰੀਦਕੋਟ ਵੱਲੋਂ ਐਲਾਨੇ ਗਏ ਸਾਲਾਨਾ ਨਤੀਜੇ ਵਿੱਚ ਮਾਧੇਸ਼ ਨੇ ਲੜਕਿਆਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਹੋਣਹਾਰ ਬਿਰਵਾ ਕੇ ਚਿਕਨੇ ਚਿਕਨੇ ਪਾਤ ਕਹਾਵਤ ਸੱਚ ਸਾਬਤ ਕਰ ਦਿੱਤੀ ਹੈ। ਮੁਕਤਸਰ ਵਿਕਾਸ ਮਿਸ਼ਨ ਦੇ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੁੜੀਆ (ਦੋਵੇਂ ਪੈਟਰਨ) ਵਿਜੇ ਸਿਡਾਨਾ, ਸਾਹਿਲ ਕੁਮਾਰ ਹੈਪੀ, ਰਜਿੰਦਰ ਖੁਰਾਣਾ ਅਤੇ ਰਵਿੰਦਰ ਕਟਾਰੀਆ ਸਮੇਤ ਕਈ ਹੋਰਨਾਂ ਆਗੂਆਂ ਨੇ ਮੈਂਬਰਾਂ ਨੇ ਖੁਸ਼ੀ ਦੇ ਇਸ ਮੌਕੇ 'ਤੇ ਢੋਸੀਵਾਲ ਪਰਵਾਰ ਨੂੰ ਵਧਾਈ ਦਿੱਤੀ।

## ਜੀ ਐੱਚ ਐੱਚ ਪੀ ਐੱਸ 'ਚ ਵਿਕਾਸ ਦਾ ਨਵਾਂ ਦੌਰ



**ਮਹਿਲ ਕਲਾ (ਬਲਵਿੰਦਰ ਵਜੀਦਕੇ)**-ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਦੂਰਦਰਸ਼ੀ ਰਹਿਨੁਮਾਈ ਹੇਠ ਜੀ ਹੋਲੀ ਹਾਰਟ ਪਬਲਿਕ ਸਕੂਲ, ਮਹਿਲ ਕਲਾਂ ਨੇ ਸੈਸ਼ਨ 2026-27 ਲਈ ਆਪਣੀ ਸੰਰਚਨਾ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ।ਵਿਦਿਆਰਥੀਆਂ ਦੀ ਸੁਰੱਖਿਆ ਅਤੇ ਸੁਵਿਧਾ ਪ੍ਰਤੀ ਆਪਣੀ ਅਟੱਲ ਵਚਨਬੱਧਤਾ ਦਿਖਾਉਂਦੇ ਹੋਏ, ਸਕੂਲ ਨੇ ਆਪਣੇ ਟਰਾਂਸਪੋਰਟ ਵਿੱਚ ਪੰਜ ਨਵੀਆਂ ਬੱਸਾਂ ਸ਼ਾਮਲ ਕੀਤੀਆਂ ਹਨ।ਇਹ ਵਿਸਥਾਰ ਨਾ ਸਿਰਫ਼ ਸੁਰੱਖਿਅਤ ਅਤੇ ਭਰੋਸੇਯੋਗ ਆਵਾਜਾਈ ਯਕੀਨੀ ਬਣਾਉਂਦਾ ਹੈ, ਸਗੋਂ ਹਰ ਬੱਚੇ ਲਈ ਨਿਰਭਰ ਅਤੇ ਨਿਰਭਯ ਯਾਤਰਾ ਪ੍ਰਦਾਨ ਕਰਨ ਦੇ ਪ੍ਰਬੰਧਨ ਦੇ ਸਮਰਪਣ ਨੂੰ ਵੀ ਦਰਸਾਉਂਦਾ ਹੈ। ਟਰਾਂਸਪੋਰਟ ਸੁਵਿਧਾ ਦੇ ਨਾਲ-ਨਾਲ ਸਕੂਲ ਨੇ ਅਕਾਦਮਿਕ ਮਿਆਰ ਉੱਚੇ ਕਰਨ ਅਤੇ ਸਿੱਖਿਅਕ ਮਾਹੌਲ ਨੂੰ ਹੋਰ ਸੰਮ੍ਰਿੱਧ ਬਣਾਉਣ ਲਈ ਕਈ ਪ੍ਰਗਤੀਸ਼ੀਲ ਸੋਧਾਂ ਵੀ ਕੀਤੀਆਂ ਹਨ। ਸਕੂਲ ਵਿੱਚ ਪਹਿਲਾਂ ਤੋਂ ਹੀ ਸਾਇੰਸ ਲੈਬਸ, ਕੰਪਿਊਟਰ ਲੈਬ, ਅਤੇ ਲੈਂਗੂਏਜ ਲੈਬ ਦੇ ਨਾਲ ਨਾਲ ਇੱਕ ਹੋਰ ਮਹੱਤਵਪੂਰਨ ਕਦਮ ਵਜੋਂ, ਨਵੇਂ ਸੈਸ਼ਨ ਵਿੱਚ ਨਵੀਂ ਟੈਕਨੋਲੋਜੀ ਨਾਲ ਸਜਜਿਤ ਰੋਬੋਟਿਕਸ ਲੈਬ ਦੀ ਸ਼ੁਰੂਆਤ ਕਰਨੀ ਹੈ।ਪ੍ਰਿੰਸੀਪਲ ਮੈਡਮ ਸ਼੍ਰੀਮਤੀ ਗੀਤਿਕਾ ਸ਼ਰਮਾ ਨੇ ਪ੍ਰਬੰਧਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਉੱਚ ਗੁਣਵੱਤਾ ਵਾਲੀ ਸਿੱਖਿਆ ਨੂੰ ਨੈਤਿਕਤਾ ਅਤੇ ਆਧੁਨਿਕ ਸਿੱਖਣ ਪ੍ਰਣਾਲੀ ਨਾਲ ਜੋੜ ਕੇ ਦੇਣ ਲਈ ਸਦਾ ਪ੍ਰਤੀਬੱਧ ਹੈ। ਵਾਈਸ ਪ੍ਰਿੰਸੀਪਲ ਮੈਡਮ ਪਰਦੀਪ ਕੌਰ ਗਰੇਵਾਲ, ਚੇਅਰਮੈਨ ਅਜੈ ਜਿੰਦਲ, ਡਾਇਰੈਕਟਰ ਰਾਕੇਸ਼ ਬਾਂਸਲ ਅਤੇ ਡਾਇਰੈਕਟਰ ਨਿਤਿਨ ਜਿੰਦਲ ਨੇ ਵੀ ਕਿਹਾ ਕਿ ਇਹ ਨਵੀਆਂ ਨੀਤੀਆਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਹੋਰ ਯੋਗ ਬਣਾਉਣਗੀਆਂ।

## ਇੰਟਰਵਿਊ ਤਿਆਰੀ ਲਈ ਮੌਖਿਕ ਅੰਗਰੇਜ਼ੀ ਵਰਕਸ਼ਾਪ ਸਫਲਤਾਪੂਰਵਕ ਸਮਾਪਤ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਾਮਰਸ ਅਤੇ ਮੈਨੇਜਮੈਂਟ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਨੇ ਇੰਟਰਵਿਊ ਤਿਆਰੀ ਲਈ ਮੌਖਿਕ ਅੰਗਰੇਜ਼ੀ ਸਿਰਲੇਖ ਵਾਲਾ ਚਾਰ ਦਿਨਾਂ ਦਾ ਵਰਕਸ਼ਾਪ ਸਫਲਤਾਪੂਰਵਕ ਸੰਪੰਨ ਕੀਤਾ।ਇਹ ਕਾਰਜਕ੍ਰਮ ਅੰਤਿਮ ਵਰ੍ਹੇ ਦੇ ਵਿਦਿਆਰਥੀਆਂ ਦੀ ਸੰਚਾਰ ਕੁਸ਼ਲਤਾ ਅਤੇ ਇੰਟਰਵਿਊ ਹੁਨਰ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਤੌਰ 'ਤੇ ਕਰਵਾਇਆ ਗਿਆ, ਤਾਂ ਜੋ ਉਹ ਕੈਂਪਸ ਪਲੇਸਮੈਂਟਾਂ ਅਤੇ ਭਵਿੱਖੀ ਵਿੱਤੀ ਮੌਕਿਆਂ ਲਈ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਤਿਆਰ ਹੋ ਸਕਣ।ਇਸ ਵਰਕਸ਼ਾਪ ਦਾ ਸੰਚਾਲਨ ਕਮਲ ਪੁਰੀ ਨੇ ਕੀਤਾ, ਜਿਨ੍ਹਾਂ ਨੇ ਮੌਖਿਕ ਅੰਗਰੇਜ਼ੀ ਦੀ ਸੁਧਾਰ, ਆਤਮ-ਵਿਸ਼ਵਾਸ ਨੂੰ ਵਧਾਉਣ, ਵਿਵਸਾਇਕ ਇੰਟਰਵਿਊ ਸ਼ਿਸ਼ਟਾਚਾਰ ਨੂੰ ਮਾਹਰ ਬਣਾਉਣ ਅਤੇ ਐਚ.ਆਰ. ਤੇ ਤਕਨੀਕੀ ਇੰਟਰਵਿਊ ਪ੍ਰਸ਼ਨਾਂ ਨੂੰ ਸਫਲਤਾਪੂਰਵਕ ਸੰਭਾਲਣ ਬਾਰੇ ਵਿਹਾਰਕ ਅਤੇ ਅਮਲੀ ਮਾਰਗਦਰਸ਼ਨ ਪ੍ਰਦਾਨ ਕੀਤਾ।ਇਸ ਪਹਿਲਕਦਮੀ ਨੂੰ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਵੱਲੋਂ ਉਦਾਰ ਵਿੱਤੀ ਸਹਾਇਤਾ ਪ੍ਰਾਪਤ ਹੋਈ, ਜੋ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੀ ਰੁਜ਼ਗਾਰ ਯੋਗਤਾ ਹੁਨਰਾਂ ਨੂੰ ਵਧਾਉਣ ਪ੍ਰਤੀ ਦ੍ਰਿੜ੍ਹ ਪ੍ਰਤਿਬੱਧਤਾ ਨੂੰ ਦਰਸਾਉਂਦੀ ਹੈ। ਡੀਨ ਅਕਾਦਮਿਕ ਮਾਮਲੇ ਪ੍ਰੋ.(ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਇਸ ਕਾਰਜਕ੍ਰਮ ਦੀ ਸ਼ਲਾਘਾ ਕੀਤੀ। ਵਿਭਾਗ ਅਧਿਆਪਕ ਡਾ. ਕੰਚਨ ਰਾਣੀ ਨੇ ਕਮਲ ਪੁਰੀ ਨੂੰ ਉਨ੍ਹਾਂ ਦੇ ਗਿਆਨ-ਵਰਧਕ ਅਤੇ ਪ੍ਰੇਰਨਾਦਾਇਕ ਸੈਸ਼ਨਾਂ ਲਈ ਹਾਰਦਿਕ ਧੰਨਵਾਦ ਕੀਤਾ।

## ਲੋਕ ਹਿਤੈਸ਼ੀ ਫੈਸਲੇ ਲੈ ਰਹੀ ਹੈ ਮਾਨ ਸਰਕਾਰ : ਕਾਂਝਲਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਇਤਿਹਾਸਕ ਅਤੇ ਲੋਕ ਹਿਤੈਸ਼ੀ ਫੈਸਲੇ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਮਨੋਰਥ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣਾ ਹੈ, ਜਿਸ ਲਈ ਦਿਨ-ਰਾਤ ਸੁਹਿਰਦ ਯਤਨ ਕੀਤੇ ਜਾ ਰਹੇ ਹਨ।ਕਾਂਝਲਾ ਨੇ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੂਬੇ ਦੇ 90 ਫੀਸਦੀ ਤੋਂ ਵਧੇਰੇ ਪਰਵਾਰਾਂ ਨੂੰ ਹਰ ਮਹੀਨੇ 'ਜ਼ੀਰੋ ਬਿਜਲੀ ਬਿੱਲ' ਆ ਰਿਹਾ ਹੈ, ਜਿਸ ਨਾਲ ਆਮ ਆਦਮੀ ਦੇ ਘਰੇਲੂ ਬਜਟ ਨੂੰ ਵੱਡੀ ਰਾਹਤ ਮਿਲੀ ਹੈ। ਇਸ ਤੋਂ ਇਲਾਵਾ, ਸਿਹਤ ਸਹੂਲਤਾਂ ਦੇ ਖੇਤਰ ਵਿੱਚ 'ਆਮ ਆਦਮੀ ਕਲੀਨਿਕ' ਮੀਲ ਦਾ ਪੱਥਰ ਸਾਬਤ ਹੋ ਰਹੇ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਇਲਾਜ ਅਤੇ ਟੈਸਟਾਂ ਦੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਹੁਣ ਸਿਹਤ ਅਤੇ ਸਿੱਖਿਆ ਦੇ ਮਾਡਲ ਵਜੋਂ ਦੇਸ਼ ਭਰ ਵਿੱਚ ਉਭਰ ਰਿਹਾ ਹੈ।ਠੇਕੇਦਾਰ ਕਾਂਝਲਾ ਨੇ ਅੱਗੇ ਕਿਹਾ ਕਿ ਮਾਨ ਸਰਕਾਰ ਨੇ ਹਜ਼ਾਰਾਂ ਨੌਜਵਾਨਾਂ ਨੂੰ ਪਾਰਦਰਸ਼ੀ ਤਰੀਕੇ ਨਾਲ ਸਰਕਾਰੀ ਨੌਕਰੀਆਂ ਦੇ ਕੇ ਉਨ੍ਹਾਂ ਦਾ ਭਵਿੱਖ ਸੰਵਾਰਿਆ ਹੈ। ਕਿਸਾਨਾਂ ਦੇ ਹਿੱਤਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਹੋਇਆ ਹੈ ਕਿ ਕਿਸਾਨਾਂ ਨੂੰ ਫਸਲਾਂ ਦੀ ਅਦਾਇਗੀ ਸਮੇਂ ਸਿਰ ਹੋ ਰਹੀ ਹੈ ਅਤੇ ਖੇਤੀਬਾੜੀ ਲਈ ਨਹਿਰੀ ਪਾਣੀ ਪੂਛਲੇ ਪਿੰਡਾਂ ਤੱਕ ਪਹੁੰਚਾਇਆ ਗਿਆ ਹੈ। ਹਾਲ ਹੀ ਵਿੱਚ ਕੈਬਨਿਟ ਵੱਲੋਂ ਲਏ ਗਏ ਫੈਸਲੇ, ਜਿਵੇਂ ਕਿ 40 ਲੱਖ ਪਰਿਵਾਰਾਂ ਲਈ ਨਵੀਂ ਖੁਰਾਕ ਯੋਜਨਾ, ਸਰਕਾਰ ਦੀ ਗਰੀਬ ਪੱਖੀ ਸੋਚ ਨੂੰ ਦਰਸਾਉਂਦੇ ਹਨ।

## ਵਿਦਿਆਰਥੀਆਂ ਲਈ ਵਾਤਾਵਰਣ ਦੀ ਸੰਭਾਲ ਬਾਰੇ ਵਰਕਸ਼ਾਪ



**ਕੋਟਕਪੂਰਾ (ਰਛਪਾਲ ਭੁੱਲਰ)**-ਸਰਕਾਰੀ ਹਾਈ ਸਕੂਲ, ਔਲਖ ਵਿਖੇ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ.) ਨੀਲਮ ਰਾਣੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸਕੂਲ ਦੇ ਈਕੋ ਕਲੱਬ ਵੱਲੋਂ ਜਗਜੀਵਨ ਸਿੰਘ ਮੁੱਖ ਅਧਿਆਪਕ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਉਤਸ਼ਾਹਤ ਕਰਨ ਲਈ ਇੱਕ ਰੋਜ਼ਾ ਵਰਕਸ਼ਾਪ ਲਾਈ ਗਈ।ਵਰਕਸ਼ਾਪ ਵਿੱਚ ਵਿਦਿਆਰਥੀਆਂ ਨੂੰ ਰਿਸੋਰਸ ਪਰਸਨ ਮਿਸ ਧਾਰਵੀ ਦੁਆਰਾ ਘਰ ਵਿੱਚ ਪਏ ਫਾਲਤੂ ਸਮਾਨ ਤੋਂ ਵਰਤੋਂ ਵਿੱਚ ਆਉਣ ਵਾਲੀਆਂ ਵਸਤੂਆਂ ਬਣਾਉਣੀਆਂ ਸਿਖਾਈਆਂ ਗਈਆਂ।ਵਿਦਿਆਰਥੀਆਂ ਵੱਲੋਂ ਵਰਕਸ਼ਾਪ ਵਿੱਚ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ ਗਿਆ।ਸਕੂਲ ਦੇ ਈਕੋ ਕਲੱਬ ਇੰਚਾਰਜ ਸੱਜਣ ਕੁਮਾਰ ਡੀ ਪੀ ਈ ਵੱਲੋਂ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਖੁਦ ਵਸਤੂਆਂ ਬਣਾ ਕੇ ਦਿਖਾਈਆਂ ਗਈਆਂ।ਅੰਤ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ ਤੇ ਰਿਫ਼ਰੈਸ਼ਮੈਂਟ ਦਿੱਤੀ ਗਈ।

## 'ਕਦਮਾਂ ਵਿੱਚ ਅਸਮਾਨ' ਦਾ ਲੋਕ ਅਰਪਣ ਸਮਾਗਮ ਪਹਿਲੀ ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ (ਰਜਿ:) ਵੱਲੋਂ 1 ਮਾਰਚ ਨੂੰ 10:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਕਰਮ ਸਿੰਘ ਜ਼ਖ਼ਮੀ ਦੀ ਕੁੰਡਲੀਏ ਛੰਦ ਦੀ ਪੁਸਤਕ 'ਕਦਮਾਂ ਵਿੱਚ ਅਸਮਾਨ' ਲੋਕ ਅਰਪਣ ਕੀਤੀ ਜਾਵੇਗੀ।ਸਮਾਗਮ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਕਰਨਗੇ ਅਤੇ ਬਿੰਦਰ ਸਿੰਘ ਖੁੱਡੀ ਕਲਾਂ ਜ਼ਿਲ੍ਹਾ ਭਾਸ਼ਾ ਅਫ਼ਸਰ ਬਰਨਾਲਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।ਪੁਸਤਕ ਸਬੰਧੀ ਪਰਚਾ 'ਕਦਮਾਂ ਵਿੱਚ ਅਸਮਾਨ: ਇੱਕ ਵਿਸ਼ਲੇਸ਼ਣ' ਡਾ. ਜਗਦੀਪ ਕੌਰ ਆਹੂਜਾ ਪੜ੍ਹਨਗੇ ਅਤੇ ਵਿਚਾਰ ਚਰਚਾ ਵਿੱਚ ਡਾ. ਮੀਤ ਖਟੜਾ, ਡਾ. ਭਗਵੰਤ ਸਿੰਘ, ਡਾ. ਮਨੀਸ਼ਾ ਰਾਣੀ, ਸੁਰਿੰਦਰ ਸ਼ਰਮਾ ਨਾਗਰਾ ਅਤੇ ਜੰਗੀਰ ਸਿੰਘ ਰਤਨ ਹਿੱਸਾ ਲੈਣਗੇ।ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਪੁਸਤਕ ਤੋਂ ਪਹਿਲਾਂ ਕਰਮ ਸਿੰਘ ਜ਼ਖ਼ਮੀ ਦੇ ਛੇ ਗ਼ਜ਼ਲ-ਸੰਗ੍ਰਹਿ, ਇੱਕ ਕਾਵਿ-ਸੰਗ੍ਰਹਿ, ਇੱਕ ਗੀਤ-ਸੰਗ੍ਰਹਿ, ਦੋ ਲੇਖ-ਸੰਗ੍ਰਹਿ, ਇੱਕ ਆਲੋਚਨਾ ਦੀ ਪੁਸਤਕ, ਛੇ ਸੰਪਾਦਿਤ-ਸੰਗ੍ਰਹਿ ਤੇ ਇੱਕੀ ਅਨੁਵਾਦਿਤ-ਸੰਗ੍ਰਹਿ ਪ੍ਰਕਾਸ਼ਿਤ ਹੋ ਚੁੱਕੇ ਹਨ।ਇਸ ਮੌਕੇ ਵਿਸ਼ਾਲ ਕਵੀ ਦਰਬਾਰ ਵੀ ਹੋਵੇਗਾ।

## ਸੜਕੀ ਕੰਮ 'ਚ ਤੇਜ਼ੀ ਲਿਆਉਣ ਲਈ ਵਿਧਾਇਕ ਵੱਲੋਂ ਪੀ ਡਬਲਿਊ ਡੀ ਅਧਿਕਾਰੀਆਂ ਨਾਲ ਮੀਟਿੰਗ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਵਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪੀ.ਡਬਲੀਊ.ਡੀ. ਅਧਿਕਾਰੀਆਂ ਦੇ ਨਾਲ ਮੀਟਿੰਗ ਕਰਕੇ ਸੜਕਾਂ ਦਾ ਕੰਮ ਪੂਰਾ ਕਰਨ ਦੇ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਉਹ ਸਮਾਂ ਸੀਮਾ ਦੇ ਵਿੱਚ ਹੀ ਕੰਮ ਨੂੰ ਪੂਰਾ ਕਰਨਗੇ।

ਵਿਧਾਇਕ ਨੇ ਪਕਿਹਾ ਕਿ ਪੰਜਾਬ ਸਰਕਾਰ ਦੇ ਵੱਲੋਂ ਸੂਬੇ ਦੀਆਂ 90 ਫੀਸਦੀ ਸੜਕਾਂ ਨੂੰ ਬਣਾਉਣ ਦੇ ਲਈ ਪ੍ਰਵਾਨਗੀ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ ਕਾਫੀ ਸੜਕਾਂ ਬਣ ਚੁੱਕੀਆਂ ਹਨ ਅਤੇ ਜੋ ਸੜਕਾਂ ਰਹਿੰਦੀਆਂ ਹਨ, ਉਨ੍ਹਾਂ ਨੂੰ ਆਉਣ ਵਾਲੇ 2 ਮਹੀਨਿਆਂ ਦੇ ਵਿੱਚ ਪੂਰਾ ਕਰਨ ਦੀ ਕੋਸ਼ਿਸ਼ ਕਰਾਂਗੇ। ਉਨ੍ਹਾਂ ਕਿਹਾ ਕਿ ਜਿੱਥੇ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ, ਉੱਥੇ ਹੀ ਸੜਕਾਂ ਨੂੰ ਪੰਜ ਸਾਲ ਤੱਕ ਇਸੇ ਤਰ੍ਹਾਂ ਬਣਾਈ ਰੱਖਣ ਦੇ ਲਈ ਠੇਕੇਦਾਰਾਂ ਨੂੰ ਜਿੰਮੇਵਾਰ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਉਹ ਪਹਿਲੀ ਸਰਕਾਰ ਹੈ, ਜੋ ਜਨਤਾ ਦੇ ਪੈਸੇ ਨੂੰ ਸਹੀ ਤਰੀਕੇ ਦੇ ਨਾਲ ਵਰਤ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਇਸ ਗੱਲ 'ਤੇ ਮਾਣ ਮਹਿਸੂਸ ਕਰਨਾ ਚਾਹੀਦਾ ਹੈ ਅਤੇ ਸਮਝਣਾ ਚਾਹੀਦਾ ਹੈ ਕਿ ਜੋ ਵਿਰੋਧੀ ਪਾਰਟੀਆਂ ਮੌਜੂਦਾ ਸਰਕਾਰ ਦੇ ਖਿਲਾਫ਼ ਪ੍ਰਚਾਰ ਕਰ ਰਹੀਆਂ ਹਨ, ਉਨ੍ਹਾਂ ਨੇ ਆਪਣੇ ਰਾਜ ਦੇ ਵਿੱਚ ਸੂਬੇ ਲਈ ਕੀ ਕੀਤਾ ਹੈ ?

## 'ਬੇਟੀ ਬਚਾਓ ਬੇਟੀ ਪੜ੍ਹਾਓ' ਤਹਿਤ ਪ੍ਰੋਗਰਾਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-'ਬੇਟੀ ਬਚਾਓ ਬੇਟੀ ਪੜ੍ਹਾਓ' ਅਭਿਆਨ ਤਹਿਤ ਔਰਤਾਂ ਦੇ ਅਧਿਕਾਰਾਂ ਪ੍ਰਤੀ ਅਤੇ ਲੜਕੇ-ਲੜਕੀਆਂ ਨੂੰ ਬਰਾਬਰਤਾ ਦਾ ਹੱਕ ਦੇਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਹਿੱਤ ਸਰਕਾਰੀ ਕੰਨਿਆ ਸਕੂਲ ਵਿਖੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਮੁੱਖ ਮਹਿਮਾਨ ਵੱਜੋਂ ਮੈਡਮ ਖੁਸ਼ਬੂ ਸਵਨਾ ਪਹੁੰਚੇ।ਉਨ੍ਹਾਂ ਵਿਦਿਆਰਥਣਾਂ ਨੂੰ ਸਕੂਲ ਬੈਗਾਂ ਦੀ ਵੰਡ ਕੀਤੀ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਦੀ ਬਿਹਤਰੀ ਤੇ ਵਿਕਾਸ ਵਿੱਚ ਮਹਿਲਾਵਾਂ/ਔਰਤਾਂ ਦਾ ਅਹਿਮ ਰੋਲ ਹੈ। ਉਨ੍ਹਾਂ ਕਿਹਾ ਕਿ ਲੜਕੀਆਂ ਨੇ ਹਰ ਖੇਤਰ ਵਿਚ ਮਲਾਂ ਮਾਰਦਿਆਂ ਆਪਣੀ ਮਿਸਾਲ ਪੇਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਬੇਟੀਆਂ ਬਿਨਾਂ ਸੰਸਾਰ ਵਿਚ ਕੁਝ ਵੀ ਸੰਭਵ ਨਹੀਂ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਲੜਕਾ-ਲੜਕੀ ਵਿੱਚ ਕੋਈ ਫਰਕ ਨਹੀਂ।ਉਨ੍ਹਾਂ ਕਿਹਾ ਕਿ ਲੜਕੀਆਂ ਵੀ ਲੜਕਿਆਂ ਦੇ ਬਰਾਬਰ ਹੀ ਵੱਡੇ-ਵੱਡੇ ਮੁਕਾਮਾਂ 'ਤੇ ਪਹੁੰਚ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਾਨੂੰ ਵੀ ਲੜਕੀਆਂ/ਬੇਟੀਆਂ ਨੂੰ ਪੂਰਾ ਮਾਣ-ਸਤਿਕਾਰ ਦੇਣਾ ਚਾਹੀਦਾ ਹੈ।

## ਸ੍ਰੀ ਗੁਰੂ ਰਵਿਦਾਸ ਜੀ ਬਾਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਸੈਮੀਨਾਰ ਕਰਾਉਣ ਦਾ ਫ਼ੈਸਲਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੀਂ ਸ਼ਤਾਬਦੀ ਮੌਕੇ ਦੇਸ਼ ਦੁਨੀਆ ਵਿਚ ਗੁਰੂ ਰਵਿਦਾਸ ਜੀ ਦੀ ਬਾਣੀ 'ਤੇ ਜੀਵਨ ਬਾਰੇ ਵਿਚਾਰ ਚਰਚਾ 'ਤੇ ਹੋਰ ਕਈ ਤਰ੍ਹਾਂ ਦੇ ਸਮਾਗਮ ਤੇ ਨਗਰ ਕੀਰਤਨ ਕਰਨ ਦਾ ਪ੍ਰੋਗਰਾਮ ਵੱਖ-ਵੱਖ ਸੰਸਥਾਵਾਂ ਤੇ ਸੰਗਤਾਂ ਵੱਲੋਂ ਉਲੀਕਿਆ ਜਾ ਰਿਹਾ ਹੈ।ਇਸੇ ਤਹਿਤ ਪੰਜਾਬ ਦੇ ਗੁਰੂ ਰਵਿਦਾਸ ਜੀ ਨੂੰ ਪਿਆਰ ਕਰਨ ਵਾਲਿਆਂ ਨੇ 'ਬਾਣੀ ਵਿਚਾਰ ਚੇਤਨਾ ਮੰਚ ਪੰਜਾਬ' ਦੇ ਬੈਨਰ ਹੇਠ ਪੰਜਾਬ ਭਰ ਵਿਚ ਗੁਰੂ ਰਵਿਦਾਸ ਨਾਲ ਸਬੰਧ ਅਕਾਦਮਿਕ ਤੇ ਅਧਿਆਤਮਿਕਤਾ ਦੇ ਸੁਮੇਲ ਤੇ ਵਿਚਾਰ ਚਰਚਾ ਕਰਨ ਲਈ ਸੈਮੀਨਾਰ ਕਰਾਉਣ ਦਾ ਫ਼ੈਸਲਾ ਕੀਤਾ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਬਾਣੀ ਵਿਚਾਰ ਚੇਤਨਾ ਮੰਚ ਦੇ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਸਾਬਕਾ ਜੀ ਐੱਮ ਮਿਲਕਫੈੱਡ ਪੰਜਾਬ ਨੇ ਦੱਸਿਆ ਕਿ ਇਹ ਸੈਮੀਨਾਰ ਪੰਜਾਬ ਭਰ ਦੇ ਵੱਖ ਵੱਖ ਜ਼ਿਲ੍ਹਿਆਂ ਵਿਚ ਕਰਾਏ ਜਾਣਗੇ, ਜਿਸ ਤਹਿਤ ਪਹਿਲਾ ਸੈਮੀਨਾਰ ਲੁਧਿਆਣਾ 'ਚ 22 ਮਾਰਚ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਦਿਆਰਥੀ ਭਵਨ ਵਿੱਚ ਕਰਾਇਆ ਜਾ ਰਿਹਾ ਹੈ, ਜਦਕਿ ਦੂਜਾ ਸੈਮੀਨਾਰ ਜਲੰਧਰ ਵਿਖੇ 5 ਅਪਰੈਲ ਨੂੰ ਡਾ. ਭੀਮ ਰਾਓ ਅੰਬੇਡਕਰ ਭਵਨ ਵਿਖੇ ਹੋਵੇਗਾ।ਇਹ ਸੈਮੀਨਾਰ ਨਿਰੋਲ ਗੁਰੂ ਰਵੀਦਾਸ ਦੀ ਬਾਣੀ ਅਤੇ ਉਨ੍ਹਾਂ ਦੇ ਜੀਵਨ 'ਤੇ ਅਧਾਰਿਤ ਹੋਣਗੇ।

## 2027 'ਚ ਅਕਾਲੀ ਦਲ ਦੀ ਸਰਕਾਰ ਬਣੇਗੀ : ਕਾਤਰੋਂ



**ਧੂਰੀ (ਰਣਜੀਤ ਸਿੰਘ ਪੇਧਨੀ)**-ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਵੱਲੋਂ ਅਹਿਮ ਮੀਟਿੰਗ 2027 ਦੀਆਂ ਚੋਣਾਂ ਨੂੰ ਲੈ ਕੇ ਹਲਕਾ ਧੂਰੀ ਦੀ ਮੀਟਿੰਗ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਹੋਈ ਹੈ।ਮੀਟਿੰਗ ਨੂੰ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੇ ਵਰਕਰ ਹੀ ਪਾਰਟੀ ਦੀ ਜਿੰਦ ਜਾਨ ਹੁੰਦੇ ਹਨ, ਪਿਛਲੇ 10 ਸਾਲ ਪੰਜਾਬ ਨੇ ਸੰਤਾਪ ਹੰਢਾਇਆ ਹੈ, ਕਿਉਂਕਿ ਕਿ ਸੂਬੇ ਦਾ ਵਿਕਾਸ 10 ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੀ ਹੋਇਆ ਸੀ, ਜੋ ਹੁਣ ਠੱਪ ਹੋ ਕੇ ਰਹਿ ਗਿਆ ਹੈ।ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਬਣੇਗੀ।ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸ ਜੀ ਪੀ ਸੀ, ਰਵੀ ਈਸੜਾ, ਗੁਰਬਚਨ ਸਿੰਘ ਘਨੌਰ, ਰੇਸ਼ਮ ਸਿੰਘ ਬਾਲੀਆਂ ਮੈਂਬਰ ਬਲਾਕ ਸੰਮਤੀ, ਗੁਰਪ੍ਰੀਤ ਸਿੰਘ ਸੋਹੀ, ਕਰਮਜੀਤ ਸਿੰਘ ਸੋਹੀ, ਡਾਕਟਰ ਜਗਜੀਤ ਸਿੰਘ ਘਨੌਰੀ, ਭੁਪਿੰਦਰ ਮਿੱਠਾ, ਨਿਰਭੈ ਸਿੰਘ ਹੇੜੀਕੇ, ਦਰਸ਼ਨ ਸਿੰਘ ਬਿਰਦੀ,ਠੇਕੇਦਾਰ ਜਸਦੇਵ ਸਿੰਘ ਜੱਸਾ, ਸਤਿੰਦਰ ਸਿੰਘ ਸੱਤਾ,ਗੁਰਦਿਆਲ ਸਿੰਘ ਕਾਂਝਲਾ, ਸੈਕਟਰੀ ਹਰਿੰਦਰ ਸਿੰਘ ਰਾਜੋਮਾਜਰਾ, ਕਰਮਜੀਤ ਸਿੰਘ ਪੰਚ ਪੁੰਨਾਵਾਲ, ਹਰਨੇਕ ਸਿੰਘ, ਰਾਜਪਾਲ ਸਿੰਘ ਜੱਖਲਾਂ, ਪੱਪੂ ਧੂਰੀ ਹਾਜ਼ਰ ਸਨ ਅਤੇ ਸਟੇਜ ਦੀ ਕਾਰਵਾਈ ਡਾਕਟਰ ਕਰਨਵੀਰ ਸਿੰਘ ਸੇਰਪੁਰ ਨੇ ਨਿਭਾਈ।

## ਮਾਤਾ ਗੁਜਰੀ ਕਾਲਜ 'ਚ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਵਰਕਸ਼ਾਪ



**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**

ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵਲੋਂ ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਸਹਿਯੋਗ ਨਾਲ ਐਮ.ਬੀ.ਏ ਅਤੇ ਬੀ.ਬੀ.ਏ. ਆਖਰੀ ਸਾਲ ਦੇ ਵਿਦਿਆਰਥੀਆਂ ਲਈ 'ਏ.ਆਈ ਟੂਲਸ ਫਾਰ ਕਰੀਅਰ ਪਲੈਨਿੰਗ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਵਰਕਸ਼ਾਪ ਆਈ.ਬੀ.ਐਮ. ਸਕਿੱਲਜ਼ਬਿਲਡ ਦੀ ਪ੍ਰਮਾਣਿਕ ਟ੍ਰੇਨਿੰਗ ਪਾਟਨਰ ਅਨੁਦੀਪ ਫਾਊਂਡੇਸ਼ਨ ਸੰਸਥਾ ਦੁਆਰਾ ਆਯੋਜਤ ਕੀਤੀ ਗਈ ਸੀ, ਜਿਸ ਤੋਂ ਸੀਨੀਅਰ ਫੈਕਲਟੀ ਅਤੇ ਏ.ਆਈ. ਟ੍ਰੇਨਰ ਭਵਾਨੀ ਸ਼ੰਕਰ ਮੁੱਖ ਬੁਲਾਰੇ ਦੇ ਤੌਰ 'ਤੇ ਹਾਜ਼ਰ ਹੋਏ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਦੌਰਾਨ ਡੋਮੇਨ-ਵਿਸ਼ੇਸ਼ ਗਿਆਨ ਵਾਲੇ ਹੁਨਰਮੰਦ ਪੇਸ਼ੇਵਰਾਂ ਦੀ ਵੱਧ ਰਹੀ ਮੰਗ 'ਤੇ ਚਾਨਣਾ ਪਾਇਆ ਅਤੇ ਵੱਖ-ਵੱਖ ਏ.ਆਈ. ਟੂਲਜ਼ ਬਾਰੇ ਦੱਸਿਆ, ਜਿਸ ਵਿੱਚ ਏ.ਆਈ. ਆਧਾਰਿਤ ਰੈਜ਼ਿਊਮ ਬਿਲਡਰ, ਏਟੀਐਸ-ਅਨੁਕੂਲ ਰੈਜ਼ਿਊਮ ਆਪਟੀਮਾਈਜੇਸ਼ਨ ਤਕਨੀਕਾਂ, ਜੌਬ-ਮੈਚਿੰਗ ਪਲੇਟਫਾਰਮ ਤੇ ਇੰਟਰਵਿਊ ਤਿਆਰੀ ਆਦਿ ਅਹਿਮ ਵਿਸ਼ੇ ਸ਼ਾਮਲ ਸਨ।ਇਸ ਤੋਂ ਇਲਾਵਾ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ, ਡਾਟਾ ਐਨਾਲਿਟਿਕਸ, ਸਾਈਬਰ ਸੁਰੱਖਿਆ, ਕਲਾਉਡ ਕੰਪਿਊਟਿੰਗ ਤੇ ਪ੍ਰੋਫੈਸ਼ਨਲ ਸਕਿੱਲਜ਼ ਵਰਗੇ ਖੇਤਰਾਂ ਵਿੱਚ ਆਈ.ਬੀ.ਐਮ. ਸਕਿੱਲਜ਼ਬਿਲਡ ਦੁਆਰਾ ਪੇਸ਼ ਕੀਤੇ ਜਾਂਦੇ ਮੁਫ਼ਤ ਪ੍ਰਮਾਣੀਕਰਣ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਦਿੱਤੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਉਭਰ ਰਹੇ ਰੁਜ਼ਗਾਰ ਦੇ ਮੌਕਿਆਂ 'ਚ ਨਵੀਨਤਾਕਾਰੀ ਸਾਧਨਾਂ ਨੂੰ ਸਰਗਰਮੀ ਨਾਲ ਅਪਣਾਉਣ ਲਈ ਪ੍ਰੇਰਿਤ ਕੀਤਾ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੇ ਹੁਨਰਾਂ ਨੂੰ ਲਗਾਤਾਰ ਅਪਗ੍ਰੇਡ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕਰੀਅਰ ਦੇ ਵਾਧੇ ਲਈ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਵਿਹਾਰਕ ਗਿਆਨ ਤੇ ਤਕਨੀਕੀ ਅਨੁਕੂਲਤਾ ਵੀ ਬਹੁਤ ਜ਼ਰੂਰੀ ਹੈ।ਕਾਲਜ ਦੇ ਡੀਨ ਪਲੇਸਮੈਂਟ ਡਾ. ਕਮਲਪ੍ਰੀਤ ਕੌਰ ਨੇ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਜਿੱਥੇ ਅਕਾਦਮਿਕ ਅਤੇ ਉਦਯੋਗ ਦੀਆਂ ਉਮੀਦਾਂ ਵਿਚਕਾਰ ਪਾੜੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਦੀਆਂ ਹਨ, ਉਥੇ ਨਾਲ ਹੀ ਵਿਦਿਆਰਥੀਆਂ ਨੂੰ ਆਪਣੇ ਆਪ ਨੂੰ ਪੇਸ਼ੇਵਰ ਤੌਰ 'ਤੇ ਬਿਹਤਰ ਬਣਾਉਣ ਅਤੇ ਕਰੀਅਰ ਯੋਜਨਾ ਬਣਾਉਣ ਲਈ ਸਹਾਇਕ ਸਿੱਧ ਹੁੰਦੀਆਂ ਹਨ।

## ਹੋਲਿਕਾ ਦਹਨ ਰਾਮ ਲੀਲ੍ਹਾ ਗਰਾਊਂਡ 'ਚ ਮਨਾਇਆ ਜਾਵੇਗਾ

**ਜੈਤੋ (ਸਤੀਸ਼ ਕੁਮਾਰ ਭੀਰੀ)**-ਹੋਲਿਕਾ ਦਹਨ ਦਾ ਪਵਿੱਤਰ ਦਿਹਾੜਾ ਜੋ ਅਨੇਕਾਂ ਸਾਲਾਂ ਤੋਂ ਚੌਕ ਨੰਬਰ ਇੱਕ ਵਿੱਚ ਮਨਾਇਆ ਜਾਂਦਾ ਸੀ, ਇਸ ਵਾਰ ਰਾਮ ਲੀਲਾ ਗਰਾਊਂਡ ਵਿਖੇ ਮਨਾਇਆ ਜਾਵੇਗਾ।

ਸ਼ੈਲਰ ਐਸੋਸੀਏਸ਼ਨ ਦੇ ਆਗੂ ਤੇ ਉੱਘੇ ਸਮਾਜ ਸੇਵੀ ਪੰਨਾ ਲਾਲ ਜੈਨ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪੰਡਤ ਸੁਸ਼ੀਲ ਕੁਮਾਰ ਸ਼ਰਮਾ ਨੇ ਕਿਹਾ ਕਿ ਚੌਕ ਨੰਬਰ ਇੱਕ ਵਿਖੇ ਮਾਰਕੀਟ ਬਣਨ ਕਾਰਨ ਲੋਕਾਂ ਨੂੰ ਤਿਉਹਾਰ ਮਨਾਉਣ ਤੇ ਪੂਜਾ ਕਰਨ ਵਿੱਚ ਨਾ ਕੇਵਲ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਬਲਕਿ ਆਮ ਲੋਕਾਂ ਨੂੰ ਵੀ ਆਉਣ ਜਾਣ ਲੱਗਿਆਂ ਭਾਰੀ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਕਰਕੇ ਮੰਡੀ ਦੇ ਪਤਵੰਤਿਆਂ ਵੱਲੋਂ ਸਮੂਹਿਕ ਤੌਰ 'ਤੇ ਇਸ ਅਤਿ ਪਵਿੱਤਰ ਤਿਉਹਾਰ ਹੋਲਿਕਾ ਦਹਨ ਜੈਤੋ ਦੇ ਰਾਮ ਲੀਲਾ ਗਰਾਊਂਡ ਵਿੱਚ ਮਨਾਉਣ ਦਾ ਐਲਾਨ ਕੀਤਾ ਗਿਆ।ਇਸ ਮੌਕੇ ਲੀਲਾ ਜਿੰਦਲ, ਬੁੱਲੀ ਜੈਨ, ਐਡਵੋਕੇਟ ਉਮਾ ਸ਼ੰਕਰ ਸ਼ਰਮਾ, ਲਾਟੂ ਮਹੇਸ਼ਵਰੀ, ਕਾਕਾ ਜੈਨ, ਟੱਲਾ ਮਿੱਤਲ, ਰਿੰਕੂ ਸ਼ਰਮਾ, ਅਸ਼ਵਨੀ ਬਾਂਸਲ, ਅਸ਼ੋਕ ਕੁਮਾਰ, ਸੋਨੂੰ ਜੈਨ, ਸਾਬਕਾ ਮਿਊਂਸਪਲ ਕੌਂਸਲਰ ਮੈਡਮ ਰੇਖਾ ਜੈਨ ਤੇ ਮਿਊਂਸਪਲ ਕੌਂਸਲਰ ਤੁਲਸੀ ਰਾਮ ਬਾਂਸਲ ਹਾਜ਼ਰ ਸਨ।

## ਸਮਾਈਲ ਸਟੋਨ ਸਕੂਲ ਦਾ ਸਾਲਾਨਾ ਸਮਾਰੋਹ ਧੂਮਧਾਮ ਨਾਲ ਮਨਾਇਆ



**ਪਟਿਆਲਾ/ਸਮਾਣਾ (ਇਕਬਾਲ ਸਿੰਘ ਬੱਲ)**-ਸਮਾਈਲ ਸਟੋਨ ਸਕੂਲ ਦਾ ਸਾਲਾਨਾ ਸਮਾਰੋਹ ਸਥਾਨਕ ਲਾਇਬਰੇਰੀ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਰੋਹ ਦੇ ਮੁੱਖ ਮਹਿਮਾਨ ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵਿਸ਼ੇਸ਼ ਤੌਰ 'ਤੇ ਪਹੁੰਚੇ ਸਕੂਲ ਦੀ ਪ੍ਰਿੰਸੀਪਲ ਸੀਮਾ ਸਰੂਤੀ ਅਤੇ ਸਕੂਲ ਸਟਾਫ ਵੱਲੋਂ ਵਿਧਾਇਕ ਅਜੀਤ ਪਾਲ ਕੋਹਲੀ ਦਾ ਸਵਾਗਤ ਕੀਤਾ ਗਿਆ। ਸਕੂਲ ਦੇ ਪ੍ਰੋਗਰਾਮ ਦੀ ਸ਼ੁਰੂਆਤ ਵਿਧਾਇਕ ਅਜੀਤਪਾਲ ਕੋਹਲੀ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਭੰਗੜਾ, ਡਾਂਸ, ਨਾਟਕ ਆਦਿ ਦੀ ਸਫਲ ਪੇਸ਼ਕਾਰੀ ਕਰਕੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਵਿਧਾਇਕ ਅਜੀਤ ਪਾਲ ਕੋਹਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹੁੰਦੇ ਹਨ ਉਹਨਾਂ ਨੂੰ ਚੰਗੀ ਸਿੱਖਿਆ ਦਾ ਗਿਆਨ ਹੋਣਾ ਬਹੁਤ ਜ਼ਰੂਰੀ ਹੈ ਅਤੇ ਚੰਗੀ ਸਿੱਖਿਆ ਲਈ ਚੰਗੇ ਸਕੂਲ ਵਿੱਚ ਹੀ ਬੱਚਿਆਂ ਨੂੰ ਸਿੱਖਿਆ ਲੈਣੀ ਚਾਹੀਦੀ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਉਹ ਆਪਣਾ ਭਵਿੱਖ ਬਣਾ ਸਕਣ। ਪ੍ਰਿੰਸੀਪਲ ਮੈਡਮ ਸੀਮਾ ਸਰੂਤੀ ਨੇ ਸਾਲਾਨਾ ਰਿਪੋਰਟ ਪੜ੍ਹਦਿਆਂ ਦੱਸਿਆ ਕਿ ਉਹ ਸਕੂਲ ਵਿੱਚ ਹਰ ਬੱਚੇ ਦਾ ਧਿਆਨ ਆਪਣੇ ਖੁਦ ਦੇ ਬੱਚਿਆਂ ਵਾਂਗੂੰ ਰੱਖਦੇ ਹਨ ਅਤੇ ਉਹਨਾਂ ਨੂੰ ਇੱਕ ਪਰਿਵਾਰ ਵਾਂਗੂ ਹੀ ਸਕੂਲ ਵਿੱਚ ਪਿਆਰ ਦਿੱਤਾ ਜਾਂਦਾ ਹੈ। ਇਸ ਮੌਕੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਨੂੰ ਅਤੇ ਅਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੁਨੀਲ ਕੁਮਾਰ ਮਿੱਤਲ, ਗੋਬਿੰਦ ਰਾਮ ਸੇਠ, ਤਿਲਕ ਚੰਦ ਜੈਨ, ਤਜਿੰਦਰ ਪਾਲ ਗਰਗ, ਰਾਜਿੰਦਰ ਸ਼ਰਮਾ, ਸੰਦੀਪ ਬੰਸਲ, ਸੋਨੀਆ ਸ਼ਰਮਾ, ਮੋਨਿਕਾ ਠਾਕੁਰ, ਰੋਹਿਤ ਸ਼ਰਮਾ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਵਪਾਰੀ ਕਮੇਟੀ ਦੀ ਮੀਟਿੰਗ ਅੱਜ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ**-ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਨੇ 26 ਫਰਵਰੀ ਨੂੰ ਹੋਣ ਵਾਲੀ ਜ਼ਿਲ੍ਹਾ ਪੱਧਰੀ ਵਪਾਰੀ ਕਮੇਟੀ ਦੀ ਮੀਟਿੰਗ ਨੂੰ ਲੈ ਕੇ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਟਰੇਡ ਕਮਿਸ਼ਨ ਦੇ ਨੁਮਾਇੰਦਿਆਂ ਅਤੇ ਵੱਖ-ਵੱਖ ਵਿਭਾਗੀ ਅਧਿਕਾਰੀਆਂ ਨਾਲ ਬੈਠਕ ਕੀਤੀ। ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਸਬੰਧੀ ਮੁੱਦਿਆਂ ਨੂੰ ਤਰਜੀਹੀ ਤੌਰ 'ਤੇ ਸੁਲਝਾਉਣ ਲਈ ਜ਼ਿਲ੍ਹਾ ਪੱਧਰੀ ਵਪਾਰੀ ਮੀਟਿੰਗਾਂ ਦਾ ਆਯੋਜਨ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਤਾਂ ਜੁ ਵਪਾਰੀ ਵਰਗ ਨੂੰ ਕੋਈ ਵੀ ਮੁਸ਼ਕਲ ਨਾ ਆਵੇ।

ਉਨ੍ਹਾਂ ਕਿਹਾ ਕਿ ਮੀਟਿੰਗ ਕਰਨ ਦਾ ਮੁੱਖ ਉਦੇਸ਼ ਵਪਾਰੀ ਵਰਗ ਦੀਆਂ ਮੁਸ਼ਕਿਲਾਂ ਨੂੰ ਨੇੜਿਓਂ ਸੁਣਨਾ ਤੇ ਉਨ੍ਹਾਂ ਨੂੰ ਸਰਕਾਰ ਦੀਆਂ ਲੋਕ-ਪੱਖੀ ਸਕੀਮਾਂ ਬਾਰੇ ਜਾਗਰੂਕ ਕਰਨਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਮੀਟਿੰਗ ਨੂੰ ਸਫਲ ਬਣਾਉਣ ਲਈ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾਣ ਤਾਂ ਜੁ ਕਿਸੇ ਵੀ ਤਰ੍ਹਾਂ ਨਾਲ ਵਪਾਰੀ ਵਰਗ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।

## ਲਾਜਪਤ ਰਾਏ ਚੋਪੜਾ ਨੂੰ ਪ੍ਰਧਾਨ ਚੁਣਿਆ



**ਬਰਨਾਲਾ (ਰਾਜਿੰਦਰ ਬਰਾੜ)**

ਭਗਤ ਮੋਹਨ ਲਾਲ ਸੇਵਾ ਸੰਮਤੀ ਤੇ ਰਾਮਬਾਗ ਕਮੇਟੀ ਦੀ ਐਗਜ਼ੈਟਿਵ ਕਮੇਟੀ ਇੱਕ ਹੰਗਾਮੀ ਮੀਟਿੰਗ ਹੋਈ।ਰਾਮਬਾਗ ਵਿਖੇ ਸੇਵਾ ਸੰਮਤੀ ਦੇ ਦਫਤਰ ਹੋਈ ਮੀਟਿੰਗ 'ਚ ਪ੍ਰਧਾਨ ਭਾਰਤ ਮੋਦੀ ਦੇ ਅਚਾਨਕ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਦੋ ਮਿੰਟ ਦਾ ਮੋਨ ਧਾਰ ਕੇ ਸਵਰਗਵਾਸੀ ਭਾਰਤ ਮੋਦੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿੱਚ ਸਵ: ਪ੍ਰਧਾਨ ਭਾਰਤ ਮੋਦੀ ਵੱਲੋਂ ਸੇਵਾ ਸੰਮਤੀ ਤੇ ਰਾਮਬਾਗ ਕਮੇਟੀ ਲਈ ਕੀਤੇ ਗਏ ਅਣਥੱਕ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ।ਇਸ ਦੌਰਾਨ ਸੇਵਾ ਸੰਮਤੀ ਦੇ ਜਨਰਲ ਸਕੱਤਰ ਕਮਲ ਜਿੰਦਲ ਵੱਲੋਂ ਭਗਤ ਮੋਹਨ ਲਾਲ ਸੇਵਾ ਸੰਮਤੀ ਤੇ ਰਾਮਬਾਗ ਕਮੇਟੀ ਦਾ ਕੰਮ ਕਾਰ ਸੁਚਾਰੂ ਢੰਗ ਨਾਲ ਚੱਲਦਾ ਰੱਖਣ ਲਈ ਲਾਜਪਤ ਰਾਏ ਚੋਪੜਾ ਦਾ ਨਾਂਅ ਪ੍ਰਧਾਨਗੀ ਲਈ ਪੇਸ਼ ਕੀਤਾ, ਜਿਸ ਦੀ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਨਾਲ ਤਾਈਦ ਕੀਤੀ ਗਈ। ਇਸ ਤਰ੍ਹਾਂ ਸਰਬਸੰਮਤੀ ਨਾਲ ਲਾਜਪਤ ਰਾਏ ਨੂੰ ਭਗਤ ਮੋਹਨ ਲਾਲ ਸੇਵਾ ਸੰਮਤੀ ਤੇ ਰਾਮਬਾਗ ਕਮੇਟੀ ਬਰਨਾਲਾ ਦਾ ਪ੍ਰਧਾਨ ਚੁਣ ਲਿਆ।

ਮੀਟਿੰਗ 'ਚ ਭਗਤ ਮੋਹਨ ਲਾਲ ਸੇਵਾ ਸੰਮਤੀ ਦੇ ਜਨਰਲ ਸਕੱਤਰ ਕਮਲ ਕੁਮਾਰ, ਮੀਤ ਪ੍ਰਧਾਨ ਬੀਰਬਲ ਦਾਸ, ਮੀਤ ਪ੍ਰਧਾਨ ਵਿਨੋਦ ਕੁਮਾਰ ਕਾਂਸਲ, ਕੈਸ਼ੀਅਰ ਸੇਵਾ ਸੰਮਤੀ ਮੰਗਤ ਰਾਏ, ਕੈਸ਼ੀਅਰ ਰਾਮਬਾਗ ਕਮੇਟੀ ਵੇਦ ਪ੍ਰਕਾਸ਼, ਜੁਆਇੰਟ ਸਕੱਤਰ ਨਰਿੰਦਰ ਚੋਪੜਾ, ਪ੍ਰਚਾਰ ਸਕੱਤਰ ਜਗਸੀਰ ਸਿੰਘ ਸੰਧੂ, ਕਾਰਜਕਾਰਨੀ ਮੈਂਬਰ ਦੀਪਕ ਸੋਨੀ, ਰਜਿੰਦਰ ਗਾਰਗੀ ਤੇ ਗੋਪਾਲ ਸ਼ਰਮਾ ਹਾਜ਼ਰ ਸਨ, ਜਦੋਂਕਿ ਕਾਰਜਕਾਰਨੀ ਦੇ ਮੈਂਬਰ ਵਿਪਨ ਧਰਨੀ ਨੇ ਵਿਦੇਸ਼ ਤੋਂ ਫੋਨ ਰਾਹੀਂ ਇਸ ਫੈਸਲੇ ਨਾਲ ਸਹਿਮਤੀ ਪ੍ਰਗਟਾਈ ਹੈ।

## ਮਹਿਲਾ ਮੋਰਚਾ ਨੇ ਫੂਕਿਆ ਰਾਹੁਲ ਗਾਂਧੀ ਦਾ ਪੁਤਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੇ ਦਿਸ਼ਾ ਨਿਰਦੇਸ਼ਾ ਹੇਠ ਭਾਜਪਾ ਦੀ ਮਹਿਲਾ ਮੋਰਚਾ ਵੱਲੋਂ ਕਾਂਗਰਸੀ ਨੇਤਾ ਰਾਹੁਲ ਗਾਂਧੀ ਦੇ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ ਤੇ ਔਰਤਾਂ ਨੇ ਰਾਹੁਲ ਗਾਂਧੀ ਦਾ ਪੁਤਲਾ ਫੂਕਿਆ। ਪ੍ਰਦੇਸ਼ ਮਹਿਲਾ ਮੋਰਚਾ ਦੀ ਉਪ ਪ੍ਰਧਾਨ ਮਨਿੰਦਰ ਕੌਰ ਤੇ ਮਹਿਲਾ ਮੋਰਚਾ ਆਗੂ ਕਮਲਜੀਤ ਕੌਰ ਧੱਲੇਕੇ ਨੇ ਦੱਸਿਆ ਕਿ ਅੰਤਰਰਾਸ਼ਟਰੀ ਪੱਧਰੀ ਏਆਈ ਸਮਿਟ ਦੌਰਾਨ ਕਾਂਗਰਸ ਵੱਲੋਂ ਕੀਤਾ ਗਿਆ ਹੰਗਾਮਾ ਨਾ ਸਿਰਫ਼ ਨਿੰਦਣਯੋਗ ਹੈ, ਸਗੋਂ ਇਸ ਨਾਲ ਦੇਸ਼ ਦੀ ਅੰਤਰਰਾਸ਼ਟਰੀ ਪੱਧਰ 'ਤੇ ਛਵੀ ਨੂੰ ਨੁਕਸਾਨ ਪੁਚਾਉਣ ਦੀ ਕੋਸ਼ਿਸ਼ ਕੀਤੀ ਗਈ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਜਦੋਂ ਦੇਸ਼ ਤਕਨੀਕੀ ਤਰੱਕੀ ਤੇ ਨਵੀਆਂ ਉਪਲਬਧੀਆਂ ਵੱਲ ਵਧ ਰਿਹਾ ਹੈ, ਉਸ ਸਮੇਂ ਇਸ ਤਰ੍ਹਾਂ ਦਾ ਵਿਵਹਾਰ ਗਲਤ ਸੰਦੇਸ਼ ਦਿੰਦਾ ਹੈ।ਔਰਤਾਂ ਨੇ ਦੋਸ਼ ਲਾਇਆ ਕਿ ਕਾਂਗਰਸ ਨੇ ਰਾਜਨੀਤਕ ਲਾਭ ਲਈ ਇੱਕ ਮਹੱਤਵਪੂਰਨ ਮੰਚ ਨੂੰ ਵਿਵਾਦ ਦਾ ਰੂਪ ਦੇਣ ਦੀ ਕੋਸ਼ਿਸ਼ ਕੀਤੀ।ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ ਤੇ ਮਾਣ-ਸਨਮਾਨ ਸਭ ਤੋਂ ਉੱਪਰ ਹੈ ਤੇ ਕਿਸੇ ਨੂੰ ਵੀ ਇਸਨੂੰ ਠੇਸ ਪੁਚਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਮਹਿਲਾ ਮੋਰਚਾ ਦੀਆਂ ਆਗੂਆਂ ਨੇ ਮੰਗ ਕੀਤੀ ਕਿ ਕਾਂਗਰਸ ਆਪਣੇ ਵਿਵਹਾਰ ਲਈ ਦੇਸ਼ਵਾਸੀਆਂ ਤੋਂ ਮਾਫ਼ੀ ਮੰਗੇ।ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕਦਮ ਚੁੱਕੇ ਗਏ ਤਾਂ ਭਾਜਪਾ ਵੱਲੋਂ ਤਿੱਖਾ ਵਿਰੋਧ ਕੀਤਾ ਜਾਵੇਗਾ।

## ਸਫਾ 1 ਦੇ ਬਾਕੀ...

### ਆਦੀਆਂ ਹਮਲੇ ਦਾ...

ਗੋਲੀ ਲੱਗੀ, ਪਰ ਉਸ ਨੇ ਇੱਕ ਬੁਲੇਟ-ਪਰੂਫ ਜੈਕੇਟ ਪਾਈ ਹੋਈ ਸੀ, ਜਿਸ ਕਾਰਨ ਉਹ ਬਚ ਗਿਆ।ਪੁਲਸ ਪਾਰਟੀ ਨੇ ਜਵਾਬੀ ਗੋਲੀਬਾਰੀ ਕੀਤੀ ਤਾਂ ਰਣਜੀਤ ਨੂੰ ਗੋਲੀ ਲੱਗ ਗਈ ਅਤੇ ਉਹ ਜ਼ਖਮੀ ਹੋ ਗਿਆ।ਉਸ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਡੀ ਆਈ ਜੀ ਨੇ ਦੱਸਿਆ ਕਿ ਰਣਜੀਤ ਸਿੰਘ ਅਤੇ ਗ੍ਰਿਫ਼ਤਾਰ ਕੀਤੇ ਗਏ ਉਸ ਦੇ ਪਿੰਡ ਦੇ ਹੀ ਇੰਦਰਜੀਤ ਸਿੰਘ ਤੋਂ ਪੁੱਛਗਿੱਛ ਤੋਂ ਪਤਾ ਲੱਗਾ ਕਿ ਇਨ੍ਹਾਂ ਦੇ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐੱਸ ਆਈ ਨਾਲ ਸੰਬੰਧ ਸਨ। ਰਣਜੀਤ ਸਿੰਘ ਅਤੇ ਇੰਦਰਜੀਤ ਸਿੰਘ ਦਿਲਾਵਰ ਸਿੰਘ (ਅਲੀ ਨੰਗਲ) ਦੀ ਨਿਗਰਾਨੀ ਹੇਠ ਕੰਮ ਕਰ ਰਹੇ ਸਨ।ਉਨ੍ਹਾ ਨੂੰ ਪਾਕਿਸਤਾਨ ਤੋਂ ਸਿਰਫ਼ ਪੁਲਸ ਕਰਮਚਾਰੀਆਂ 'ਤੇ ਹਮਲਾ ਕਰਨ ਅਤੇ ਉਨ੍ਹਾਂ ਨੂੰ ਮਾਰਨ ਅਤੇ ਬਦਲੇ ਵਿੱਚ ਪੈਸੇ ਮਿਲਣਗੇ।ਆਦੀਆਂ ਚੈੱਕ ਪੋਸਟ 'ਤੇ ਹਮਲਾ ਕਈ ਦਿਨਾਂ ਦੀ ਰੇਕੀ ਕਰਨ ਤੋਂ ਬਾਅਦ ਹੋਇਆ ਸੀ। ਦਿਲਾਵਰ ਸਿੰਘ ਨੂੰ ਇਸ ਹਮਲੇ ਲਈ ਪਾਕਿਸਤਾਨ ਤੋਂ 20,000 ਰੁਪਏ ਮਿਲਣੇ ਸਨ, ਪਰ ਹੁਣ ਤੱਕ ਸਿਰਫ਼ 3,000 ਰੁਪਏ ਹੀ ਮਿਲੇ ਹਨ। ਰਣਜੀਤ ਤੋਂ ਬਰਾਮਦ ਕੀਤਾ ਗਿਆ ਮੋਟਰਸਾਈਕਲ ਦਿਲਾਵਰ ਸਿੰਘ ਦਾ ਹੈ। ਉਨ੍ਹਾਂ ਕਿਹਾ ਕਿ ਪੁਲਸ ਇਸ ਗੱਲ ਦੀ ਵੀ ਜਾਂਚ ਕਰ ਰਹੀ ਹੈ ਕਿ ਸਵੇਰੇ ਭੱਜਣ ਅਤੇ ਮੁਕਾਬਲੇ ਦੇ ਵਿਚਕਾਰ ਤਿੰਨ ਘੰਟਿਆਂ ਦੇ ਸਮੇਂ ਦੌਰਾਨ ਰਣਜੀਤ ਨੇ ਮੋਟਰਸਾਈਕਲ ਅਤੇ ਪਿਸਤੌਲ ਕਿਵੇਂ ਅਤੇ ਕਿੱਥੋਂ ਪ੍ਰਾਪਤ ਕੀਤਾ, ਜਦੋਂ ਕਿ ਦਿਲਾਵਰ ਸਿੰਘ ਅਜੇ ਵੀ ਫਰਾਰ ਹੈ। ਇੰਦਰਜੀਤ ਸਿੰਘ ਪਹਿਲਾਂ ਹੀ ਤਿੰਨ ਐੱਨ ਡੀ ਪੀ ਐੱਸ ਐਕਟ ਦੇ ਕੇਸਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਜ਼ਮਾਨਤ 'ਤੇ ਸੀ। ਇੰਦਰਜੀਤ ਸਿੰਘ ਅਤੇ ਰਣਜੀਤ ਸਿੰਘ ਨੇ ਪੈਸੇ ਲਈ ਸਭ ਕੁਝ ਕੀਤਾ।

ਇਸੇ ਪਿੰਡ ਦਾ ਉਸ ਦਾ ਸਾਥੀ ਇੰਦਰਜੀਤ ਅਜੇ ਫਰਾਰ ਦੱਸਿਆ ਜਾ ਰਿਹਾ ਹੈ। ਸੀ ਆਈ ਏ ਸਟਾਫ ਦੇ ਇੰਚਾਰਜ ਗੁਰਮੀਤ ਸਿੰਘ ਇਸ ਮੁਕਾਬਲੇ ਦੌਰਾਨ ਜ਼ਖਮੀ ਹੋਏ ਹਨ, ਜਦ ਕਿ ਇੱਕ ਹੋਰ ਪੁਲਸ ਮੁਲਾਜ਼ਮ ਦੇ ਗੋਲੀ ਲੱਗੀ, ਪਰ ਉਹ ਬੁਲੇਟ ਪਰੂਫ ਜੈਕਟ ਪਾਈ ਹੋਣ ਕਰਨ ਬਚ ਗਿਆ। ਡੀ ਆਈ ਜੀ ਸੰਦੀਪ ਗੋਇਲ ਨੇ ਦੱਸਿਆ ਕਿ ਮੁਕਾਬਲੇ ਵਿੱਚ ਮਾਰੇ ਗਏ ਮੁਲਜ਼ਮ ਰਣਜੀਤ ਸਿੰਘ ਦੀ ਉਮਰ 19 ਸਾਲ ਸੀ, ਜਦਕਿ ਇੰਦਰਜੀਤ ਸਿੰਘ 21 ਸਾਲ ਦਾ ਹੈ। ਤੀਸਰੇ ਮੁਲਜ਼ਮ ਦਿਲਾਵਰ ਸਿੰਘ ਦੀ ਵੀ ਉਮਰ 22 ਸਾਲ ਦੇ ਕਰੀਬ ਹੈ। ਉਨ੍ਹਾ ਕਿਹਾ ਕਿ ਪਾਕਿਸਤਾਨ ਲਗਾਤਾਰ ਲਾਲਚ ਦੇ ਕੇ ਨੌਜਵਾਨਾਂ ਨੂੰ ਵਰਗਲਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਪੁਲਸ ਨੇ ਪਿੰਡ ਆਲ਼ੀ ਨੰਗਲ ਵਾਸੀ ਦਿਲਾਵਰ ਸਿੰਘ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਸੀ, ਜਿਸ ਨੇ ਪੁਲਸ ਮੁਲਾਜ਼ਮਾਂ ਦੀ ਹੱਤਿਆ ਕਰਨ ਵਾਲਿਆਂ ਨੂੰ ਆਪਣੇ ਘਰ ਪਨਾਹ ਦਿੱਤੀ ਸੀ। ਦੱਸਿਆ ਜਾਂਦਾ ਹੈ ਕਿ ਪੁਲਸ ਨੇ ਰਣਜੀਤ ਦੇ ਪਰਵਾਰਕ ਮੈਂਬਰਾਂ ਨੂੰ ਹਿਰਾਸਤ ਵਿੱਚ ਲਿਆ ਸੀ, ਜਿਸ ਤੋਂ ਬਾਅਦ ਉਸ ਨੇ ਆਤਮਸਮਰਪਣ ਕੀਤਾ ਸੀ। ਰਣਜੀਤ ਦਾ ਪਿਤਾ ਸਾਊਦੀ ਅਰਬ ਦੀ ਜੇਲ੍ਹ ਵਿੱਚ ਹੈ।

### ਮਾਨ ਵੱਲੋਂ ਮਾਲਵਾ ਨੂੰ ...

ਮੰਤਰੀ ਨੇ ਕਿਹਾ ਕਿ ਇਸ ਨਹਿਰ ਦੀ ਰੀਲਾਈਨਿੰਗ ਨਾਲ 6,45,200 ਹੈਕਟੇਅਰ ਰਕਬੇ ਨੂੰ ਸਿੰਚਾਈ ਦਾ ਪਾਣੀ ਮਿਲੇਗਾ। ਹੁਣ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਸਰਹੱਦੀ ਖੇਤਰਾਂ ਖਾਸ ਕਰਕੇ ਫਾਜ਼ਿਲਕਾ ਅਤੇ ਜਲਾਲਾਬਾਦ ਨੂੰ ਫਿਰੋਜ਼ਪੁਰ ਫੀਡਰ ਰਾਹੀਂ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ। ਪਹਿਲਾਂ ਹੁਸੈਨੀਵਾਲਾ ਹੈੱਡਵਰਕਸ ਤੋਂ ਫੀਡਰ ਰਾਹੀਂ ਪਾਕਿਸਤਾਨ ਨੂੰ ਪਾਣੀ ਜਾਂਦਾ ਹੈ ਅਤੇ ਦੂਸ਼ਿਤ ਪਾਣੀ ਪਾਕਿਸਤਾਨ ਦੇ ਕਸੂਰ ਸ਼ਹਿਰ ਨੇੜੇ ਵਗਦੇ ਸਤਲੁਜ ਦਰਿਆ ਵਿੱਚ ਛੱਡਿਆ ਜਾ ਰਿਹਾ ਹੈ, ਜੋ ਦੇਸ਼ ਵਿੱਚ ਦੁਬਾਰਾ ਦਾਖਲ ਹੁੰਦਾ ਹੈ। ਸਰਹੱਦੀ ਪਿੰਡਾਂ ਨੂੰ ਦੂਸ਼ਿਤ ਪਾਣੀ ਮਿਲਦਾ ਹੈ, ਪਰ ਹੁਣ ਧਰਤੀ ਹੇਠਲੇ ਪਾਣੀ ਨੂੰ ਵਧਾਉਣ ਅਤੇ ਪਿੰਡਾਂ ਨੂੰ ਸਾਫ਼ ਪਾਣੀ ਸਪਲਾਈ ਕਰਨ ਲਈ ਵਾਟਰ ਰੀਚਾਰਜ ਸਿਸਟਮ ਸ਼ੁਰੂ ਕੀਤਾ ਗਿਆ ਹੈ। ਪਾਣੀ ਦੀ ਵੰਡ ਸੰਬੰਧੀ ਆਪਣੇ ਸਟੈਂਡ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ—ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ ਅਤੇ ਕਿਸੇ ਨੂੰ ਵੀ ਸੂਬੇ ਤੋਂ ਇੱਕ ਬੂੰਦ ਵੀ ਪਾਣੀ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਉਨ੍ਹਾ ਕਿਹਾ ਕਿ ਸਤਲੁਜ-ਯਮੁਨਾ ਲਿੰਕ ਦੇ ਮੁੱਦੇ ਸਿਰਫ਼ ਯਮੁਨਾ-ਸਤਲੁਜ ਲਿੰਕ ਰਾਹੀਂ ਹੀ ਹੱਲ ਕੀਤੇ ਜਾ ਸਕਦੇ ਹਨ, ਜੋ ਯਮੁਨਾ ਦੇ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਨੂੰ ਯਕੀਨੀ ਬਣਾਏਗਾ। ਪੰਜਾਬ ਕੋਲ ਕਿਸੇ ਵੀ ਸੂਬੇ ਨੂੰ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ ਅਤੇ ਪਾਣੀ ਦੇਣ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ।ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਉਨ੍ਹਾ ਕਿਹਾ ਕਿ ਜਿਨ੍ਹਾਂ ਨੂੰ ਆਪਣੀ ਪਾਰਟੀ ਦੀ ਕਮੇਟੀ ਬਣਾਉਣ ਲਈ 11 ਮੈਂਬਰ ਵੀ ਨਹੀਂ ਮਿਲ ਰਹੇ, ਉਹ ਸੂਬੇ ਵਿੱਚ 117 ਸੀਟਾਂ ਜਿੱਤਣ ਦੇ ਸੁਪਨੇ ਦੇਖ ਰਹੇ ਹਨ।ਇਸ ਮੌਕੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ, ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੀ ਮੌਜੂਦ ਸਨ।

### ਬੱਬਰ ਅਕਾਲੀ ਲਹਿਰ...

ਫਤੂਹੀ, ਜੱਸੋਵਾਲ, ਸਾਹਦਰਾ, ਲੰਗੇਰੀ, ਧੁੱਗਾ, ਪੰਡੋਰੀ ਗੰਗਾ ਸਿੰਘ, ਨੰਗਲ ਕਲਾਂ, ਰੱਕੜ ਬੇਟ, ਫਤਿਹਪੁਰ ਕੋਠੀਆਂ ਅਤੇ ਮਾਹਿਲਪੁਰ ਕਾਲਜ ਸੰਪਰਕ ਕਰਕੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਸ਼ਤਾਬਦੀ ਮੁਹਿੰਮ ਅਤੇ 27 ਫਰਵਰੀ ਦੇ ਸਮਾਗਮ ਦੀ ਮਹੱਤਤਾ ਬਾਰੇ ਦੱਸਿਆ।

ਕਮੇਟੀ ਦੇ ਪਰਵਾਰ ਨਾਲ ਜੁੜੇ ਸੀਤਾ ਰਾਮ ਬਾਂਸਲ ਨੇ ਦੱਸਿਆ ਕਿ ਉਹ ਦੋਆਬਾ ਖੇਤਰ ਅਤੇ ਪਰਦੇਸ ਵਸਦੇ ਪਰਵਾਰਾਂ ਨਾਲ਼ ਸੰਪਰਕ ਕਰਕੇ ਸ਼ਤਾਬਦੀ ਮੁਹਿੰਮ ਦੀ ਸਫ਼ਲਤਾ ਲਈ ਤਾਂ ਕਮਰਕੱਸੇ ਕੱਸ ਕੇ ਲੱਗੇ ਹੀ ਹੋਏ ਹਨ, ਇਸ ਤੋਂ ਵੀ ਵੱਡਮੁੱਲੀ ਗੱਲ ਇਹ ਹੈ ਕਿ ਉਹ ਬੱਬਰ ਅਕਾਲੀ ਲਹਿਰ ਦੇ ਅਣਫ਼ੋਲੇ ਵਰਕੇ ਵੀ ਖੋਜਦੇ ਹੋਏ ਇਸ ਲਹਿਰ ਦੇ ਅਣਛੋਹੇ ਪੱਖ ਸਾਹਮਣੇ ਲਿਆਉਣ ਲਈ ਵੀ ਯਤਨਸ਼ੀਲ ਹਨ। ਤਿਆਰੀ ਮੁਹਿੰਮ ਸੰਬੰਧੀ ਜਾਇਜ਼ਾ ਲੈਣ ਸਮੇਂ ਸਹਾਇਕ ਸਕੱਤਰ ਪ੍ਰੋ. ਬੁੱਟਰ, ਕਮੇਟੀ ਮੈਂਬਰ ਚਰੰਜੀ ਲਾਲ ਕੰਗਣੀਵਾਲ, ਸੁਰਿੰਦਰ ਕੁਮਾਰੀ ਕੋਛੜ ਅਤੇ ਡਾ. ਸੈਲੇਸ਼ ਮੌਜੂਦ ਸਨ। ਕਮੇਟੀ ਨੇ ਸਮੂਹ ਲੋਕ-ਪੱਖੀ ਸੰਸਥਾਵਾਂ ਅਤੇ ਬੱਬਰ ਦੇਸ਼ ਭਗਤਾਂ ਦੇ ਵਾਰਸ, ਵਿਦਵਾਨਾਂ, ਲੇਖਕਾਂ ਅਤੇ ਕਾਮਿਆਂ ਨੂੰ ਸਮਾਗਮ 'ਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ।

### ਪਾਕਿਸਤਾਨੀ ਸ਼ਹਿ...

ਤੋਂ ਬਾਅਦ ਉਨ੍ਹਾਂ ਨੇ ਨਵ-ਨਿਯੁਕਤ ਪੁਲਸ ਜਵਾਨਾਂ ਵੱਲੋਂ ਦਿਖਾਏ ਗਏ ਅਨੁਸ਼ਾਸਨ, ਤਾਲਮੇਲ ਅਤੇ ਉੱਚ ਮਿਆਰਾਂ ਦੀ ਸ਼ਲਾਘਾ ਕਰਦਿਆਂ ਰਸਮੀ ਸਲਾਮੀ ਲਈ।ਮੁੱਖ ਮੰਤਰੀ ਨੇ ਸਿਖਲਾਈ ਦੌਰਾਨ ਉਨ੍ਹਾਂ ਦੇ ਬੇਮਿਸਾਲ ਪ੍ਰਦਰਸ਼ਨ, ਸਮਰਪਣ ਅਤੇ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਸਿਖਿਆਰਥੀਆਂ ਅਤੇ ਕੈਡਿਟਾਂ ਨੂੰ ਪੁਰਸਕਾਰ ਅਤੇ ਪ੍ਰਸ਼ੰਸਾ ਪੱਤਰ ਵੀ ਵੰਡੇ।ਇਸ ਸਮਾਗਮ ਦੌਰਾਨ ਪੰਜਾਬ ਦੇ ਅਮੀਰ ਵਿਰਸੇ ਨੂੰ ਦਰਸਾਉਂਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ ਅਤੇ ਪਾਸਿੰਗ ਆਊਟ ਪਰੇਡ ਰਾਹੀਂ ਇਸ ਸਮਾਗਮ ਨੂੰ ਨਵ-ਨਿਯੁਕਤ ਪੁਲਸ ਜਵਾਨਾਂ, ਉਨ੍ਹਾਂ ਦੇ ਪਰਵਾਰਾਂ ਅਤੇ ਸਮੁੱਚੀ ਪੰਜਾਬ ਪੁਲਸ ਲਈ ਮਾਨਮੱਤਾ ਅਤੇ ਯਾਦਗਾਰੀ ਪਲ ਬਣਾਇਆ ਗਿਆ।

### ਯੂ ਕੇ ਵੱਲੋਂ ਭਾਰਤੀਆਂ...

ਫਰਾਂਸ ਵਰਗੇ 85 ਦੇਸ਼ਾਂ ਦੇ ਨਾਗਰਿਕਾਂ (ਜਿਨ੍ਹਾਂ ਨੂੰ ਵੀਜ਼ਾ ਨਹੀਂ ਚਾਹੀਦਾ) ਲਈ ਹੁਣ ਈ ਟੀ ਏ ਜ਼ਰੂਰੀ ਹੈ। ਇਸ ਦੀ ਫੀਸ 16 ਪੌਂਡ ਹੈ, ਜੋ ਦੋ ਸਾਲਾਂ ਲਈ ਜਾਂ ਪਾਸਪੋਰਟ ਦੀ ਮਿਆਦ ਖਤਮ ਹੋਣ ਤੱਕ ਵੈਧ ਰਹੇਗਾ।

ਯੂ ਕੇ ਦੇ ਮਾਈਗ੍ਰੇਸ਼ਨ ਅਤੇ ਨਾਗਰਿਕਤਾ ਮੰਤਰੀ ਮਾਈਕ ਟੈਪ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਯਾਤਰਾ ਨੂੰ ਸੁਖਾਲਾ ਬਣਾਉਣ ਲਈ ਪਹਿਲਾਂ ਹੀ ਸਹੀ ਡਿਜੀਟਲ ਇਜਾਜ਼ਤ ਯਕੀਨੀ ਬਣਾਉਣ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਦਾ ਇਨਾਮ ਵੰਡ ਸਮਾਗਮ ਹੋਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿੱਚ ਪ੍ਰਾਇਮਰੀ ਤੇ ਪ੍ਰੀ-ਪ੍ਰਾਇਮਰੀ ਕਲਾਸਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਅਕਾਦਮਿਕ ਇਨਾਮ ਵੰਡ ਸਮਾਰੋਹ ਸ਼ਾਨਦਾਰ ਮਾਹੌਲ ਵਿੱਚ ਆਯੋਜਤ ਕੀਤਾ ਗਿਆ।ਸਮਾਰੋਹ ਦੌਰਾਨ ਵਿਦਿਆਰਥੀਆਂ ਦੀਆਂ ਅਕਾਦਮਿਕ ਉਪਲਬਧੀਆਂ ਨੂੰ ਸਨਮਾਨਤ ਕੀਤਾ ਗਿਆ, ਜਿਸ ਨਾਲ ਬੱਚਿਆਂ ਵਿੱਚ ਆਤਮ-ਵਿਸ਼ਵਾਸ ਤੇ ਸਿੱਖਣ ਪ੍ਰਤੀ ਉਤਸ਼ਾਹ ਵਧਿਆ।ਇਸ ਮੌਕੇ ਮਾਪਿਆਂ ਵਿੱਚ ਵੀ ਵੱਡਾ ਉਤਸ਼ਾਹ ਦੇਖਣ ਨੂੰ ਮਿਲਿਆ।ਸਕੂਲ ਦੇ ਡਰਾਈਵਰ ਭਰਾਵਾਂ ਨੂੰ ਵੀ ਉਨ੍ਹਾਂ ਦੇ ਸਰਾਹਣਯੋਗ ਸਹਿਯੋਗ ਤੇ ਸੇਵਾਭਾਵ ਲਈ ਸਨਮਾਨਤ ਕੀਤਾ ਗਿਆ।ਸਮਾਰੋਹ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਨੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਦੀਆਂ ਉਪਲਬਧੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਉਜੱਲ ਭਵਿੱਖ ਦੀ ਕਾਮਨਾ ਕੀਤੀ ਆਪਣੇ ਸੰਬੋਧਨ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਨੇ ਕਿਹਾ ਕਿ ਮਿਹਨਤ ਹਮੇਸ਼ਾ ਰੰਗ ਲਿਆਉਂਦੀ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਲਗਾਤਾਰ ਮਿਹਨਤ ਤੇ ਅਨੁਸ਼ਾਸਨ ਨਾਲ ਅੱਗੇ ਵਧਣ ਦਾ ਸੰਦੇਸ਼ ਦਿੱਤਾ।

## ਬੋਰਡ ਕਲਾਸਾਂ ਦੇ ਵਿਦਿਆਰਥੀਆਂ ਲਈ ਪ੍ਰੇਰਣਾਦਾਇਕ ਸੰਬੋਧਨ



**ਭੀਖੀ (ਗੁਰਿੰਦਰ ਸਿੰਘ ਔਲਖ)**-ਸ਼੍ਰੀ ਤਾਰਾ ਚੰਦ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ, ਭੀਖੀ ਵਿੱਚ ਬੋਰਡ ਕਲਾਸਾਂ (8ਵੀਂ, 10ਵੀਂ ਅਤੇ 12ਵੀਂ) ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਮਾਰਗਦਰਸ਼ਨ ਸੈਸ਼ਨ ਆਯੋਜਤ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਫਾਈਨਲ ਪ੍ਰੀਖਿਆਵਾਂ ਸੰਬੰਧੀ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਦਿੱਤੇ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰੀਖਿਆ ਜੀਵਨ ਦਾ ਮਹੱਤਵਪੂਰਨ ਹਿੱਸਾ ਹਨ, ਪਰ ਇਸ ਤੋਂ ਡਰਨ ਦੀ ਲੋੜ ਨਹੀਂ।ਪੂਰੀ ਤਿਆਰੀ, ਸਮੇਂ ਦੀ ਸਹੀ ਯੋਜਨਾ ਤੇ ਸਕਾਰਾਤਮਕ ਸੋਚ ਨਾਲ ਹਰ ਲਕਸ਼ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਨਾਲ ਪ੍ਰੀਖਿਆ ਦੇਣ, ਦੁਹਰਾਈ 'ਤੇ ਧਿਆਨ ਕੇਂਦਰਿਤ ਕਰਨ ਅਤੇ ਸਿਹਤ ਦਾ ਖ਼ਾਸ ਧਿਆਨ ਰੱਖਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਬੋਰਡ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਅਸੀਸ ਦਿੱਤੀ।ਸਕੂਲ ਦੇ ਅਧਿਆਪਕ ਵਰਗ ਨੇ ਵੀ ਵਿਦਿਆਰਥੀਆਂ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਕਾਮਰੇਡ ਜਸਬੀਰ ਝਬਾਲ ਅੰਮ੍ਰਿਤਸਰ ਸਿਟੀ ਕਮੇਟੀ ਦੇ ਕਾਰਜਕਾਰੀ ਸਕੱਤਰ ਨਿਯੁਕਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸੀਪੀਆਈ (ਐੱਮ) ਦੀ ਸਿਟੀ ਕਮੇਟੀ ਦੀ ਇੱਕ ਵਿਸ਼ੇਸ਼ ਜਨਰਲ ਬਾਡੀ ਮੀਟਿੰਗ ਕਾਮਰੇਡ ਨਰਿੰਦਰ ਪੰਜਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।ਇਸ ਮੀਟਿੰਗ ਵਿੱਚ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਹਿਮ ਫੈਸਲਾ ਲੈਂਦਿਆਂ ਕਾਮਰੇਡ ਜਸਬੀਰ ਸਿੰਘ ਝਬਾਲ ਨੂੰ ਸਰਬਸੰਮਤੀ ਨਾਲ ਸਿਟੀ ਕਮੇਟੀ ਦਾ ਕਾਰਜਕਾਰੀ ਸਕੱਤਰ ਚੁਣਿਆ ਗਿਆ।ਜ਼ਿਕਰਯੋਗ ਹੈ ਕਿ ਮੌਜੂਦਾ ਸਿਟੀ ਸੈਕਟਰੀ ਰਕੇਸ਼ ਸ਼ਰਮਾ ਦੀ ਨਾਸਾਜ਼ ਸਿਹਤ ਦੇ ਚੱਲਦਿਆਂ ਪਾਰਟੀ ਦੇ ਕੰਮਕਾਜ ਨੂੰ ਨਿਰੰਤਰ ਜਾਰੀ ਰੱਖਣ ਲਈ ਇਹ ਫੈਸਲਾ ਲਿਆ ਗਿਆ।ਪਾਰਟੀ ਵਰਕਰਾਂ ਨੇ ਉਮੀਦ ਜਤਾਈ ਕਿ ਝਬਾਲ ਦੀ ਅਗਵਾਈ ਵਿੱਚ ਸ਼ਹਿਰੀ ਕਮੇਟੀ ਨਵੀਆਂ ਬੁਲੰਦੀਆਂ ਛੂਹੇਗੀ।ਕਾਰਜਕਾਰੀ ਸਕੱਤਰ ਚੁਣੇ ਜਾਣ ਤੋਂ ਬਾਅਦ ਜਸਬੀਰ ਸਿੰਘ ਝਬਾਲ ਨੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਆਗਾਮੀ ਸੰਘਰਸ਼ਾਂ ਦੀ ਰੂਪ ਰੇਖਾ ਸਾਂਝੀ ਕਰਦਿਆਂ ਦੱਸਿਆ ਕਿ ਕੇਂਦਰੀ ਜਥਾ ਮਾਰਚ (11 ਮਾਰਚ ਤੋਂ 23 ਮਾਰਚ): ਕੇਂਦਰ ਸਰਕਾਰ ਦੀਆਂ ਕਥਿਤ ਲੋਕ ਮਾਰੂ ਨੀਤੀਆਂ ਵਿਰੁੱਧ ਜਨਤਾ ਨੂੰ ਜਾਗਰੂਕ ਕਰਨ ਲਈ ਪੰਜਾਬ ਵਿੱਚ ਕੱਢਿਆ ਜਾਵੇਗਾ।ਇਹ ਮਾਰਚ 11 ਮਾਰਚ ਨੂੰ ਇਤਿਹਾਸਕ ਜਲ੍ਹਿਆਂਵਾਲਾ ਬਾਗ ਵਿਖੇ ਪਹੁੰਚੇਗਾ।ਝਬਾਲ ਨੇ ਵੱਖ-ਵੱਖ ਬਰਾਂਚਾਂ ਦੇ ਆਗੂਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਤਿਆਰੀ ਮੀਟਿੰਗਾਂ ਤੇਜ਼ ਕਰਨ ਤਾਂ ਜੋ ਕੇਂਦਰੀ ਆਗੂਆਂ ਦੇ ਸੁਆਗਤ ਲਈ ਭਾਰੀ ਗਿਣਤੀ ਵਿੱਚ ਵਰਕਰ ਪਹੁੰਚ ਸਕਣ।ਇਸ ਮੌਕੇ ਚਰਨਜੀਤ ਸਿੰਘ ਮਜੀਠਾ (ਜ਼ਿਲ੍ਹਾ ਸਕੱਤਰ), ਕਾਮਰੇਡ ਸੁੱਚਾ ਸਿੰਘ ਅਜਨਾਲਾ, ਗੁਰਨਾਮ ਸਿੰਘ ਤਲਵੰਡੀ, ਸੁਭਾਸ਼ ਚੰਦਰ,ਕਿਰਪਾ ਰਾਮ, ਸਕੱਤਰ ਸਿੰਘ, ਤਰਸੇਮ ਸਿੰਘ, ਪ੍ਰਤਾਪ ਸਿੰਘ ਖਾਪੜਖੇੜੀ ਅਤੇ ਚਰਨ ਸਿੰਘ ਫਤਾਹਪੁਰ ਆਦਿ ਮੌਜੂਦ ਸਨ।



# ਤਰਕਸ਼ੀਲ ਸੁਸਾਇਟੀ ਵੱਲੋਂ 7ਵੀਂ ਚੇਤਨਾ ਪਰਖ ਪ੍ਰੀਖਿਆ ਦੇ ਹੋਣਹਾਰ ਵਿਦਿਆਰਥੀ ਸਨਮਾਨਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਇਨਕਲਾਬੀ ਵੀਰਾਂਗਣਾ ਗ਼ਦਰੀ ਗ਼ੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਇਕਾਈ ਪੱਧਰ ਤੇ ਅਹਿਮ ਸਥਾਨ ਹਾਸਿਲ ਕਰਨ ਵਾਲੇ ਆਤਮ ਪਬਲਿਕ ਸਕੂਲ ਇਸਲਾਮਾਬਾਦ,ਅੰਮ੍ਰਿਤਸਰ ਦੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਸਕੂਲ ਵਿੱਚ ਸਵੇਰ ਦੀ ਸਭਾ ਦੌਰਾਨ ਤਰਕਸ਼ੀਲ ਸੁਸਾਇਟੀ ਵੱਲੋਂ ਅੰਮ੍ਰਿਤਸਰ ਇਕਾਈ 'ਚੋਂ ਛੇਵੀਂ ਜਮਾਤ 'ਚੋਂ ਪਹਿਲਾ ਸਥਾਨ ਹਾਸਿਲ ਕਰਨ ਵਾਲੀ ਵਿਦਿਆਰਥਣ ਮਹਿਕ ਦੂਜਾ ਸਥਾਨ ਸੀਰਤ, ਤੀਜਾ ਸਥਾਨ ਹਰਸ਼ਿਤਾ, ਸੱਤਵੀਂ ਜਮਾਤ 'ਚੋਂ ਪਹਿਲਾ ਸਥਾਨ ਸੋਮਿਆ ਰਾਜ ਚੌਹਾਨ, ਦੂਜਾ ਸਥਾਨ ਸੋਨਾਕਸ਼ੀ, ਤੀਜਾ ਸਥਾਨ ਦੀਵਿਆਰਤੀ, ਅੱਠਵੀਂ ਜਮਾਤ 'ਚੋਂ ਦੂਜਾ ਸਥਾਨ ਸਮਰਿਤੀ, ਤੀਜਾ ਸਥਾਨ ਰਕਸ਼ਿਤਾ ਅਤੇ ਨੌਵੀਂ ਜਮਾਤ 'ਚੋਂ ਤੀਜਾ ਸਥਾਨ ਹਾਸਿਲ ਕਰਨ ਵਾਲੇ ਵੀਰ ਵਰਮਾ ਨੂੰ ਤਰਕਸ਼ੀਲ ਕਿਤਾਬਾਂ ਦਾ ਸੈੱਟ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਚੇਤਨ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ 203 ਵਿਦਿਆਰਥੀਆਂ ਨੂੰ ਵੀ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੁੱਖ ਨਿਰਦੇਸ਼ਕ ਪ੍ਰਤੀਕ ਸਹਿਦੇਵ ਅਤੇ ਪ੍ਰਿੰਸੀਪਲ ਅੰਕਿਤਾ ਸਹਿਦੇਵ ਨੇ ਤਰਕਸ਼ੀਲ ਸੁਸਾਇਟੀ ਦੇ



**● ਦਿਆਰਥੀਆਂ 'ਚ ਵਿਗਿਆਨਕ ਸੋਚ ਵਿਕਸਤ ਕਰਨੀ ਬੇਹੱਦ ਜ਼ਰੂਰੀ : ਪ੍ਰਿੰ. ਅੰਕਿਤਾ ਸਹਿਦੇਵ**

ਉਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੌਜੂਦਾ ਵਿਗਿਆਨ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਧਾਗੇ ਤਵੀਤਾਂ, ਜਨਮ ਟੇਵਿਆਂ, ਨਸ਼ਿਆਂ, ਰੂੜ੍ਹੀਵਾਦੀ ਰਸਮਾਂ, ਫਿਰਕਾਪ੍ਰਸਤੀ, ਪਾਖੰਡੀ ਬਾਬਿਆਂ, ਸਾਧਾਂ, ਜੋਤਸ਼ੀਆਂ, ਡੇਰਿਆਂ ਦੇ ਝਾਂਸਿਆਂ ਤੋਂ ਬਚਣ ਅਤੇ ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਟਾਕਰੇ ਲਈ ਵਿਗਿਆਨਕ ਦ੍ਰਿਸ਼ਟੀਕੋਣ ਅਪਨਾਉਣ ਲਈ ਵਿਦਿਅਕ ਅਦਾਰਿਆਂ ਵਿੱਚ ਸਮੇਂ ਸਮੇਂ ਉਤੇ ਅਜਿਹੀਆਂ ਵਿਗਿਆਨਕ ਚੇਤਨਾ ਪ੍ਰੀਖਿਆਵਾਂ ਬੇਹੱਦ ਜ਼ਰੂਰੀ ਹਨ ਅਤੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।ਇਸ ਮੌਕੇ ਸੂਬਾਈ ਤਰਕਸ਼ੀਲ ਆਗੂ ਸੁਮੀਤ ਅੰਮ੍ਰਿਤਸਰ ਅਤੇ ਇਕਾਈ ਆਗੂਆਂ ਪ੍ਰਿੰ. ਮੇਲਾ ਰਾਮ ਤੇ ਦਮਨਜੀਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਦੇ ਇਲਾਵਾ ਉਨ੍ਹਾਂ ਨੂੰ ਹਰ ਤਰਾਂ ਦੇ ਵਹਿਮਾਂ ਭਰਮਾਂ, ਅੰਧਵਿਸ਼ਵਾਸਾਂ, ਸਮਾਜਿਕ ਬੁਰਾਈਆਂ ਤੋਂ ਮੁਕਤ ਕਰਕੇ ਉਨ੍ਹਾਂ ਵਿੱਚ ਨੈਤਿਕ ਕਦਰਾਂ ਕੀਮਤਾਂ, ਸਵੈ ਵਿਸ਼ਵਾਸ ਅਤੇ ਸੰਘਰਸ਼ ਦੀ ਭਾਵਨਾ ਪੈਦਾ ਕਰਨਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤਰਕਸ਼ੀਲ ਸੁਸਾਇਟੀ ਅਤੇ ਤਰਕਸ਼ੀਲ ਸਾਹਿਤ ਨਾਲ ਜੁੜਕੇ ਇਕ ਸਿਹਤਮੰਦ ਵਿਗਿਆਨਕ ਸਮਾਜ ਸਿਰਜਣ ਦਾ ਸੱਦਾ ਦਿੱਤਾ। ਇਸ ਮੌਕੇ ਤਰਕਸ਼ੀਲ ਸੁਸਾਇਟੀ ਵੱਲੋਂ ਚੇਤਨਾ ਪ੍ਰੀਖਿਆ ਵਿੱਚ ਸਹਿਯੋਗ ਕਰਨ ਲਈ ਸਕੂਲ ਪ੍ਰਿੰਸੀਪਲ ਅੰਕਿਤਾ ਸਹਿਦੇਵ, ਵਾਈਸ ਪ੍ਰਿੰਸੀਪਲ ਸੁਭਾਸ਼ ਪਰਿੰਦਾ ਅਤੇ ਅਧਿਆਪਕਾਂ ਪਰਮਜੀਤ ਕੌਰ, ਨੀਤੂ ਪਰਿੰਦਾ, ਸੁਮਨ, ਕਾਮਿਨੀ, ਨਾਨਕੀ ਚੀਮਾ, ਰੂਪਮ, ਮੀਨਾਕਸ਼ੀ ਮਿਸ਼ਰਾ, ਕਿਰਨ ਜਿਓਤੀ, ਆਕਾਸ਼, ਸ਼ਿਵਾਨੀ, ਪ੍ਰਿਅੰਕਾ, ਯੁਵਰਾਜ, ਪ੍ਰੀਤੀ, ਅਮਨ ਜਿਓਤੀ ਦਾ ਸਨਮਾਨ ਕੀਤਾ ਗਿਆ। ਜਇਸ ਮੌਕੇ ਤਰਕਸ਼ੀਲ ਅਨਮੋਲ ਸਿੰਘ ਅਤੇ ਅਧਿਆਪਕ ਵੀ ਹਾਜ਼ਰ ਸਨ।

# ਐੱਚਡੀਐੱਫਸੀ ਬੈਂਕ ਵੱਲੋਂ ਗੁਹਾਟੀ 'ਚ ਨਵੀਂ ਟੈੱਕ ਐਂਡ ਡਿਜੀਟਲ ਫੈਕਟਰੀ ਲਾਂਚ

**ਜਲੰਧਰ:** ਐੱਚਡੀਐੱਫਸੀ ਬੈਂਕ ਨੇ ਗੁਹਾਟੀ ਵਿੱਚ ਆਪਣੀ ਨਵੀਂ ਟੈੱਕ ਐਂਡ ਡਿਜੀਟਲ ਫੈਕਟਰੀ ਲਾਂਚ ਕੀਤੀ। ਇਹ ਸਹੂਲਤ ਅਸਾਮ ਵਿੱਚ ਬੈਂਕ ਦੀ ਪਹਿਲੀ ਅਤੇ ਦੇਸ਼ ਭਰ ਵਿੱਚ ਚੌਥੀ ਹੈ।ਬੈਂਕ ਦੇ ਇਸ ਸਮੇਂ ਮੁੰਬਈ, ਬੈਂਗਲੁਰੂ ਅਤੇ ਗੁਰੂਗ੍ਰਾਮ ਵਿੱਚ ਤਕਨੀਕੀ ਅਤੇ ਡਿਜੀਟਲ ਫੈਕਟਰੀਆਂ ਹਨ।

ਐੱਚਡੀਐੱਫਸੀ ਬੈਂਕ ਦੇ ਡਿਪਟੀ ਮੈਨੇਜਿੰਗ ਡਾਇਰੈਕਟਰ ਕੈਜ਼ਾਦ ਭਰੂਚਾ ਨੇ ਕਿਹਾ ਕਿ ਅਸੀਂ ਗੁਹਾਟੀ ਵਿੱਚ ਆਪਣੀ ਨਵੀਂ ਟੈਕ ਅਤੇ ਡਿਜੀਟਲ ਫੈਕਟਰੀ ਸ਼ੁਰੂ ਕਰਕੇ ਬਹੁਤ ਖੁਸ਼ ਹਾਂ।ਇਸ ਸਹੂਲਤ ਦਾ ਉਦਘਾਟਨ ਅਸਾਮ ਦੇ ਮਾਨਯੋਗ ਮੁੱਖ ਮੰਤਰੀ ਡਾ. ਹਿਮੰਤ ਬਿਸਵਾ ਸ਼ਰਮਾ ਨੇ ਐੱਚਡੀਐੱਫਸੀ ਬੈਂਕ ਦੇ ਡਿਪਟੀ ਮੈਨੇਜਿੰਗ ਡਾਇਰੈਕਟਰ ਕੈਜ਼ਾਦ ਭਰੂਚਾ, ਅਸਾਮ ਦੇ ਮੁੱਖ ਸੂਚਨਾ ਅਧਿਕਾਰੀ ਰਮੇਸ਼ ਲਕਸ਼ਮੀ ਨਾਰਾਇਣ ਅਤੇ ਹੋਰ ਐੱਚਡੀਐੱਫਸੀ ਬੈਂਕ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕੀਤਾ।

# ਖੇਤੀਬਾੜੀ ਵਿਭਾਗ ਵੱਲੋਂ ਪਿੰਡ ਭਾਮ ਵਿਖੇ ਕਿਸਾਨ ਜਾਗਰੂਕਤਾ ਕੈਂਪ

**ਆਪਣੀ ਆਮਦਨ ਵਧਾਉਣ ਲਈ ਕਿਸਾਨ ਦਾਲਾਂ ਦੀ ਖੇਤੀ ਤੇ ਸਹਾਇਕ ਧੰਦੇ ਅਪਨਾਉਣ: ਡਾ. ਚੀਮਾ**

**ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਮੀਰੀ ਪੀਰੀ ਇੰਟਰਨੈਸ਼ਨਲ ਸਕੂਲ ਪਿੰਡ ਭਾਮ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਵੱਡੀ ਗਿਣਤੀ ਕਿਸਾਨਾਂ ਨੇ ਭਾਗ ਲਿਆ। ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਸਿਖਲਾਈ ਅਫਸਰ ਗੁਰਦਾਸਪੁਰ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਕਣਕ ਦੀ ਫਸਲ ਨੂੰ ਵੱਧ ਰਹੇ ਤਾਪਮਾਨ ਤੋਂ ਬਚਾਉਣ ਲਈ ਹਲਕਾ ਪਾਣੀ ਲਗਾਓ ਅਤੇ ਪੋਟਾਸ਼ੀਅਮ ਨਾਈਟ੍ਰੇਟ (13.0.45) 4 ਕਿਲੋ ਨੂੰ 200 ਲਿਟਰ ਪਾਣੀ ਵਿਚ ਮਿਲਾ ਕੇ ਪ੍ਰਤੀ ਏਕੜ ਸਪਰੇਅ ਕਰੋ। ਇਹ ਸਪਰੇਅ ਸਾਮ ਵੇਲੇ ਕਰਨਾ ਚਾਹੀਦਾ ਹੈ। ਪੋਟਾਸ਼ੀਅਮ ਨਾਈਟ੍ਰੇਟ ਦੇ ਦੋ ਸਪਰੇਅ ਇਕ ਝੰਡਾ ਪੱਤਾ ਨਿਕਲਣ ਸਮੇਂ ਅਤੇ ਦੂਜਾ ਕਣਕ ਦੀ ਫਸਲ ਨੂੰ ਬੂਰ ਪੈਣ ਸਮੇਂ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਦਾਲਾਂ ਦੀ ਖੇਤੀ ਅਤੇ ਸਹਾਇਕ ਧੰਦਿਆ ਰਾਹੀਂ ਦੋਹਰੀ ਆਮਦਨ ਬਣਾਉਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪਿੰਡ ਭਾਮ ਰਿਆੜਕੀ ਖੇਤਰ ਵਿੱਚ ਆਉਂਦਾ ਹੈ ਜੋ ਉੱਚ ਗੁਣਵੱਤਾ ਵਾਲੀ ਮਾਂਹ ਦੀ ਪੈਦਾਵਾਰ ਲਈ ਪ੍ਰਸਿੱਧ ਹੈ। ਦਾਲਾਂ ਦੀ ਖੇਤੀ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਸੁਧਾਰ ਹੁੰਦਾ ਹੈ ਅਤੇ ਰਸਾਇਣਕ ਖਾਦਾਂ ਦੀ ਲੋੜ ਘਟਦੀ ਹੈ। ਟ੍ਰੇਨਿੰਗ ਅਫਸਰ ਡਾ. ਸੰਦੀਪ ਸਿੰਘ ਨੇ ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗਰਮੀ ਰੁੱਤ ਦੀ ਮੂੰਗੀ ਦੀ ਕਾਸ਼ਤ ਬਾਰੇ ਦੱਸਿਆ ਕਿ ਮਾਰਚ ਦੇ ਅਖੀਰ ਤੋਂ ਅਪ੍ਰੈਲ ਦੇ ਪਹਿਲੇ ਹਫਤੇ ਤੱਕ ਬਿਜਾਈ ਕੀਤੀ ਜਾ ਸਕਦੀ ਹੈ। ਗਰਮੀ ਰੁੱਤ ਦੀ ਮੂੰਗੀ ਦੀਆਂ ਉੱਨਤ ਕਿਸਮਾਂ ਐੱਸ.ਐੱਮ.ਐੱਲ. 1827 ਅਤੇ ਐੱਸ.ਐੱਮ. ਐੱਲ. 832 ਦੀ ਕਾਸਤ ਕੀਤੀ ਜਾ ਸਕਦੀ ਹੈ ਇਹ ਕਿਸਮਾਂ 6065 ਦਿਨਾਂ ਵਿੱਚ ਤਿਆਰ ਹੋ ਜਾਂਦੀਆਂ ਹਨ ਡਾ. ਦਿਲਰਾਜ ਸਿੰਘ ਨੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ (ਪੀਐੱਮ ਕਿਸਾਨ) ਯੋਜਨਾ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਇਸ ਯੋਜਨਾ ਅਧੀਨ ਯੋਗ ਕਿਸਾਨ ਪਰਿਵਾਰਾਂ ਨੂੰ ਸਾਲਾਨਾ 6000 ਦੀ ਆਰਥਿਕ ਸਹਾਇਤਾ ਤਿੰਨ ਬਰਾਬਰ ਕਿਸ਼ਤਾਂ ਵਿੱਚ ਸਿੱਧੀ ਬੈਂਕ ਖਾਤੇ ਵਿੱਚ ਭੇਜੀ ਜਾਂਦੀ ਹੈ। ਯੋਗਤਾ ਲਈ ਕਿਸਾਨ ਦੇ ਨਾਮ ਜ਼ਮੀਨ ਦਾ ਰਿਕਾਰਡ ਹੋਣਾ ਲਾਜ਼ਮੀ ਹੈ ਅਤੇ ਆਧਾਰ ਕਾਰਡ ਬੈਂਕ ਖਾਤੇ ਨਾਲ ਲਿੰਕ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਆਮਦਨ ਕਰ ਭਰਨ ਵਾਲੇ, ਸਰਕਾਰੀ ਨੌਕਰ ਜਾਂ ਸੰਸਥਾਗਤ ਜ਼ਮੀਨਧਾਰਕ ਇਸ ਯੋਜਨਾ ਲਈ ਅਯੋਗ ਹਨ। ਕਿਸਾਨਾਂ ਵੱਲੋਂ ਆ ਰਹੀਆਂ ਸਮੱਸਿਆਵਾਂ ਜਿਵੇਂ ਕਿ ਈਵਾਈਸੀ ਨਾ ਹੋਣਾ, ਆਧਾਰ ਸੀਡਿੰਗ ਦੀ ਗਲਤੀ, ਲੈਂਡ ਸੀਡਿੰਗ ਕਰਵਾਉਣ ਆਦਿ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਬਲਾਕ ਖੇਤੀਬਾੜੀ ਦਫਤਰ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ ਗਈ। ਅਖੀਰ ਵਿੱਚ ਖੇਤੀਬਾੜੀ ਵਿਸਥਾਰ ਅਫਸਰ ਕਾਦੀਆਂ ਮਨਪ੍ਰੀਤ ਸਿੰਘ ਨੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪਿੰਡ ਦੇ ਅਗਾਂਹਵਧੂ ਕਿਸਾਨ ਅਤੇ ਸਰਪੰਚ ਹਰਭੇਜ ਸਿੰਘ ਅਤੇ ਨੰਬਰਦਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕੀਤੀ।



# ਖਾਲਸਾ ਕਾਲਜ ਦੇ ਦਸ ਵਿਦਿਆਰਥੀਆਂ ਦੀ ਆਈ ਸੀ ਆਈ ਸੀ ਆਈ ਬੈਂਕ ਵੱਲੋਂ ਚੋਣ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਦੇ 10 ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਬਤੌਰ ਸਾਂਝੀਵਾਲਤਾ ਪ੍ਰਬੰਧਕ (ਰਿਲੇਸ਼ਨਸ਼ਿਪ ਮੈਨੇਜਰ) ਆਈ. ਸੀ. ਆਈ. ਸੀ. ਆਈ. ਬੈਂਕ ਵੱਲੋਂ ਚੁਣਿਆ ਗਿਆ ਹੈ।ਉਕਤ ਸਬੰਧੀ ਭਰਤੀ ਪ੍ਰਕ੍ਰਿਆ ਦੀ ਸ਼ੁਰੂਆਤ ਉਪਰੋਕਤ ਬੈਂਕ ਦੇ ਐੱਚ. ਆਰ ਮੈਨੇਜਰ ਆਰਤੀ ਸ਼ਰਮਾ ਵੱਲੋਂ ਸੰਖੇਪ ਓਰੀਐਂਟੇਸ਼ਨ ਨਾਲ ਕੀਤੀ ਗਈ, ਜਿਸ 'ਚ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਨਲਾਈਨ ਪ੍ਰੀਖਿਆ ਪ੍ਰਕ੍ਰਿਆ ਦਾ ਹਿੱਸਾ ਬਣੇ। ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਈ. ਸੀ. ਆਈ. ਸੀ. ਆਈ. ਬੈਂਕ ਭਾਰਤ ਦੀਆਂ ਪ੍ਰਮੁੱਖ ਨਿੱਜੀ ਬੈਂਕਾਂ 'ਚੋਂ ਇਕ ਹੈ ਜੋ ਦੇਸ਼ ਅਤੇ ਵਿਦੇਸ਼ 'ਚ ਆਪਣੀ ਮਜ਼ਬੂਤ ਹਾਜ਼ਰੀ ਲਈ ਜਾਣਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਆਨਲਾਈਨ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਅਗਲੇ ਇੰਟਰਵਿਊ ਲਈ ਚੁਣਿਆ ਗਿਆ ਜਿਨ੍ਹਾਂ 'ਚੋਂ 10 ਵਿਦਿਆਰਥੀਆਂ ਨੇ ਸਫ਼ਲਤਾ ਪ੍ਰਾਪਤ ਕੀਤੀ ਹੈ।ਉਨ੍ਹਾਂ ਕਿਹਾ ਕਿ ਚੁਣੇ ਗਏ ਵਿਦਿਆਰਥੀਆਂ ਨੂੰ ਬੈਂਕਿੰਗ ਦੇ ਵੱਖ-ਵੱਖ ਖੇਤਰਾਂ 'ਚ ਵਿਵਹਾਰਕ ਅਨੁਭਵ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ। ਉਕਤ ਬੈਂਕ ਨੇ ਚੁਣੇ ਗਏ ਵਿਦਿਆਰਥੀਆਂ ਨੂੰ 5.0 ਐੱਲ. ਪੀ. ਏ. ਦਾ ਪੈਕੇਜ ਪੇਸ਼ ਕੀਤਾ।ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਚੋਣ ਕਾਲਜ ਲਈ ਮਾਣ ਵਾਲੀ ਗੱਲ ਹੈ ਅਤੇ ਸੰਸਥਾ ਦੀ ਉਦਯੋਗ-ਸਬੰਧਿਤ ਹੁਨਰਾਂ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਨੂੰ ਸਫ਼ਲ ਕਰੀਅਰ ਲਈ ਤਿਆਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਸ ਪ੍ਰਾਪਤੀ ਲਈ ਫ਼ੈਕਲਟੀ ਅਤੇ ਵਿਦਿਆਰਥੀ ਦੋਵੇਂ ਵਧਾਈ ਦੇ ਪਾਤਰ ਹਨ। ਉਨ੍ਹਾਂ ਚੁਣੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਕਾਦਮਿਕ ਅਤੇ ਪੇਸ਼ੇਵਰ ਸਫ਼ਰ ਦੇ ਇਸ ਦਿਲਚਸਪ ਨਵੇਂ ਅਧਿਆਏ 'ਚ ਉਨ੍ਹਾਂ ਨੂੰ ਵੱਡੀ ਸਫ਼ਲਤਾ ਲਈ ਅਸ਼ੀਰਵਾਦ ਦਿੱਤਾ। ਇਸ ਮੌਕੇ ਉਨ੍ਹਾਂ ਸਮੇਂ ਸਮੇਂ ਤੇ ਵਿਦਿਆਰਥੀਆਂ ਲਈ ਅਜਿਹੀਆਂ ਪਲੇਸਮੈਂਟ ਡਰਾਈਵਾਂ ਦਾ ਆਯੋਜਨ ਕਰਨ 'ਤੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੇ ਯਤਨਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਡਾਇਰੈਕਟਰ ਡਾ. ਮਨੀ ਅਰੋੜਾ ਅਤੇ ਸਹਾਇਕ ਡਾਇਰੈਕਟਰ ਡਾ. ਅਨੁਰੀਤ ਕੌਰ ਨੇ ਵਿਦਿਆਰਥੀਆਂ ਨੂੰ ਭਵਿੱਖ 'ਚ ਵੀ ਸਫ਼ਲਤਾ ਪ੍ਰਾਪਤ ਕਰਨ ਲਈ ਵਧਾਈ ਦਿੱਤੀ। ਇਸ ਮੌਕੇ ਪਲੇਸਮੈਂਟ ਕੋਆਰਡੀਨੇਟਰ ਪ੍ਰੋ. ਰੋਹਿਤ ਕਾਕੜੀਆ, ਪ੍ਰੋ. ਹਰਿਆਲੀ ਢਿੱਲੋਂ, ਪ੍ਰੋ. ਅਪਨੀਤ ਕੌਰ, ਪ੍ਰੋ. ਵਿਸ਼ਾਲ ਸ਼ਰਮਾ ਤੋਂ ਇਲਾਵਾ ਹੋਰ ਸਟਾਫ਼ ਹਾਜ਼ਰ ਸੀ।



# ਜੈਂਤੀਪੁਰ ਓਵਰ ਬ੍ਰਿਜ 'ਤੇ ਬੱਸਾਂ ਖੜਨ ਨਾਲ ਵਾਪਰ ਰਹੇ ਨੇ ਹਾਦਸੇ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਜੈਂਤੀਪੁਰ ਵਿਖੇ ਬਣੇ ਓਵਰ ਬ੍ਰਿਜ 'ਤੇ ਬੱਸਾਂ ਖੜਨ ਨਾਲ ਆਏ ਦਿਨ ਕੋਈ ਨਾ ਕੋਈ ਹਾਦਸਾ ਵਾਪਰਦਾ ਰਹਿੰਦਾ ਹੈ। ਹਾਲ ਹੀ 'ਚ ਇੱਕ ਕਾਰ ਨਾਲ ਹਾਦਸਾ ਹੋਇਆ ਅਤੇ ਕਾਫੀ ਜਾਮ ਲੱਗ ਗਿਆ। ਭਾਵੇਂ ਇਸ ਹਾਦਸ ਵਿੱਚ ਕਿਸੇ ਦਾ ਕੋਈ ਜਾਨੀ ਮਾਲੀ ਨੁਕਸਾਨ ਨਹੀਂ ਹੋਇਆ ਪਰ ਇਥੇ ਹਾਦਸੇ ਵਾਪਰਨ ਨੂੰ ਲੈ ਕੇ ਲੋਕਾਂ ਵਿੱਚ ਕਾਫੀ ਗੁੱਸਾ ਪਾਇਆ ਜਾ ਰਿਹਾ ਹੈ। ਇਕੱਤਰ ਹੋਏ ਲੋਕਾਂ ਨੇ ਮੰਗ ਕੀਤੀ ਕਿ ਪੁਲ 'ਤੇ ਬੱਸਾਂ ਖੜੀਆਂ ਕਰਕੇ ਜਿਹੜੇ ਡਰਾਈਵਰ ਸਵਾਰੀਆਂ ਲਾਹੁੰਦੇ ਹਨ ਉਨ੍ਹਾਂ ਦੇ ਪਰਮਿਟ ਰੱਦ ਕੀਤੇ ਜਾਣ। ਉਨ੍ਹਾਂ ਕਿਹਾ ਕਿ ਦੋ ਬੱਸ ਸਟਾਪ ਨੈਸ਼ਨਲ ਹਾਈਵੇ ਵੱਲੋਂ ਬਣਾਏ ਗਏ ਹਨ ਉਥੇ ਬੱਸਾਂ ਨਹੀਂ ਖੜਦੀਆਂ। ਲੋਕਾਂ ਨੇ ਮੰਗ ਕੀਤੀ ਹੈ ਕਿ ਬੱਸਾਂ ਬਣੇ ਹੋਏ ਬੱਸ ਸਟਾਫ 'ਤੇ ਹੀ ਖੜੀਆਂ ਕੀਤੀਆਂ ਜਾਣ। ਪ੍ਰਸ਼ਾਸਨ ਨੇ ਹੁਣ ਤਕ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ।

# ਲੋੜਵੰਦ ਮਰੀਜ਼ਾਂ ਦੇ ਸੁਖਮਨ ਚੈਰੀਟੇਬਲ ਹਸਪਤਾਲ ਵਿਖੇ ਲੱਗਾ ਮੈਡੀਕਲ ਤੇ ਖ਼ੂਨਦਾਨ ਕੈਂਪ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਕਿਸਾਨ ਭਲਾਈ ਸੰਸਥਾ ਅਜਨਾਲਾ ਦੇ ਸੀਨੀਅਰ ਆਗੂ ਅਤੇ ਉੱਘੇ ਸਮਾਜ ਸੇਵਕ ਡਾਕਟਰ ਕੁਲਵੰਤ ਸਿੰਘ ਨਿੱਜਰ ਦੀ ਅਗਵਾਈ ਹੇਠ ਚੱਲ ਰਹੇ ਸੁਖਮਨ ਚੈਰੀਟੇਬਲ ਹਸਪਤਾਲ ਨੇੜੇ ਬੀਐੱਸਐੱਫ ਹੈੱਡ ਕੁਆਰਟਰ ਅਜਨਾਲਾ ਵਿਖੇ ਮੁਫਤ ਮੈਡੀਕਲ ਚੈੱਕਅਪ ਅਤੇ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਮੁੱਖ ਮਹਿਮਾਨ ਪਹੁੰਚੇ ਅਜਨਾਲਾ ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋ ਵੱਲੋਂ ਰਿਬਨ ਕੱਟ ਕੇ ਇਸ ਕੈਂਪ ਦਾ ਉਦਘਾਟਨ ਕੀਤਾ ਗਿਆ। ਇਸ ਇਸ ਮੌਕੇ ਬੋਲਦਿਆਂ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋ ਨੇ ਕਿਹਾ ਕਿ ਸਮਾਜ ਦੇ ਹਰ ਇੱਕ ਚੰਗੇ ਕੰਮਾਂ ਵਿੱਚ ਮੋਹਰੀ ਰਹਿਣ ਵਾਲੇ ਡਾਕਟਰ ਕੁਲਵਿੰਦਰ ਸਿੰਘ ਨਿੱਜਰ ਵੱਲੋਂ ਲਗਾਏ ਕੈਂਪ ਵਿੱਚ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੇ ਟੈਸਟ ਅਤੇ ਉਨ੍ਹਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾਕਟਰ ਕੁਲਵਿੰਦਰ ਸਿੰਘ ਨਿੱਜਰ ਨੇ ਦੱਸਿਆ ਕਿ ਅੱਜ ਦੇ ਮੈਡੀਕਲ ਕੈਂਪ ਦੌਰਾਨ ਡਾਕਟਰ ਅਜੇ ਅਰੋੜਾ ਅਤੇ ਉਨ੍ਹਾਂ ਦੀ ਟੀਮ ਵੱਲੋਂ 200 ਤੋਂ ਵੱਧ ਮਰੀਜ਼ਾਂ ਦਾ ਜਿੱਥੇ ਮੁਫਤ ਚੈੱਕਅਪ ਕੀਤਾ ਗਿਆ ਉਥੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਡਾਕਟਰ ਕੁਲਵਿੰਦਰ ਸਿੰਘ ਨਿੱਜਰ ਵੱਲੋਂ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਸਮੇਤ ਆਈਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਯੁਕਤ ਕਿਸਾਨ ਭਲਾਈ ਸੰਸਥਾ ਅਜਨਾਲਾ ਦੇ ਸਕੱਤਰ ਕਾਬਲ ਸਿੰਘ ਸ਼ਾਹਪੁਰ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਅਮਰਜੀਤ ਸਿੰਘ ਬਾਜਵਾ, ਕੌਂਸਲਰ ਗੁਰਦੇਵ ਸਿੰਘ, ਮਹਿਲਾ ਆਗੂ ਬੀਬੀ ਗੁਰਦੀਪ ਕੌਰ, ਜਸਵੀਰ ਸਿੰਘ ਭਿੰਡੀਆਂ, ਬਲਵਿੰਦਰ ਸਿੰਘ ਓਠੀਆਂ, ਸੁੱਖਦਿਆਲ ਸਿੰਘ ਭੱਖਾ, ਸਾਹਿਬ ਸਿੰਘ ਸਾਬਾ ਅਤੇ ਹਰਦੀਪ ਸਿੰਘ ਆਦਿ ਹਾਜ਼ਰ ਸਨ।



# ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 2 ਮਾਰਚ ਤੋਂ

**ਗੁਰਦਾਸਪੁਰ, (ਜਨਕ ਮਹਾਜਨ)**- ਬਰਜਿੰਦਰ ਸਿੰਘ ਡੇਅਰੀ ਇੰਸਪੈਕਟਰ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 2 ਮਾਰਚ ਤੋਂ 13 ਮਾਰਚ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ ਮਿਤੀ 27 ਫਰਵਰੀ ਤੱਕ ਅਰਜੀਆਂ ਦੇ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 2 ਮਾਰਚ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਜੋ ਘੱਟੋ ਘੱਟ 5 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ ਵੱਖ ਬੈਂਕਾਂ ਤੋਂ ਡੇਅਰੀ ਕਰਜੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਪ੍ਰਤੀਸ਼ਤ ਜਨਰਲ ਅਤੇ 33 ਪ੍ਰਤੀਸ਼ਤ ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਚਾਹਵਾਨ ਲੜਕੇ ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਚੁਣੇ ਹੋਏ ਸਿਖਿਆਰਥੀ ਜਨਰਲ ਕੈਟਾਗਰੀ ਲਈ ਫੀਸ 1000 ਰੁਪਏ ਅਤੇ ਅ:ਜਾਤੀ ਲਈ 750 ਰੁਪਏ ਫੀਸ ਹੋਵੇਗੀ ਅਤੇ ਅ:ਜਾਤੀ ਦੀ ਫੀਸ ਰਿਫੰਡ ਹੋ ਜਾਵੇਗੀ।



# ਜਤਿੰਦਰਪਾਲ ਸਿੰਘ ਵਿੱਕੀ ਭਾਟੀਆ ਦਾ ਮਾਣ-ਸਨਮਾਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਗੁਰੂ ਨਾਨਕ ਕਾਲਜ ਬਟਾਲਾ ਵਿਖੇ ਸ਼ਹੀਦੀ ਭਾਈ ਤਾਰਾ ਸਿੰਘ ਅਤੇ ਸਾਕਾ ਨਨਕਾਣਾ ਸਾਹਿਬ ਦੀ ਯਾਦ ਵਿੱਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਤੇ ਯੋਗ ਅਗਵਾਈ ਹੇਠ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਬਟਾਲਾ ਜ: ਗੁਰਨਾਮ ਸਿੰਘ ਜੱਸਲ ਦੇ ਵਿਸ਼ੇਸ਼ ਉਪਰਾਲੇ ਤੇ ਪ੍ਰਿੰਸੀਪਲ ਚਰਨਜੀਤ ਸਿੰਘ ਦੇ ਵਡਮੁੱਲੇ ਸਹਿਯੋਗ ਸਦਕਾ ਕਰਵਾਏ ਗਏ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਸ਼ਹੀਦ ਭਾਈ ਤਾਰਾ ਸਿੰਘ ਅਤੇ ਸਾਬਕਾ ਨਨਕਾਣਾ ਸਾਹਿਬ ਦੀ ਯਾਦ ਵਿੱਚ ਕਰਵਾਏ ਗਏ ਸੈਮੀਨਾਰ ਦੌਰਾਨ ਜਤਿੰਦਰ ਪਾਲ ਸਿੰਘ ਵਿੱਕੀ ਭਾਟੀਆ ਕਾਦੀਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਜਤਿੰਦਰ ਪਾਲ ਸਿੰਘ ਵਿੱਕੀ ਭਾਟੀਆ ਕਾਦੀਆਂ ਦੇ ਵੱਲੋਂ ਸਮੁੱਚੇ ਪ੍ਰਬੰਧਕਾਂ ਦਾ ਸਨਮਾਨ ਕਰਨ 'ਤੇ ਤਹਿ ਦਿਲ ਤੋਂ ਧੰਨਵਾਦ ਕੀਤਾ ਜਿਸ ਵਿਚ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜ: ਗੁਰਨਾਮ ਸਿੰਘ ਜੱਸਲ, ਸਿੱਖ ਸਕਾਲਰ ਡਾ. ਗੁਰਪ੍ਰੀਤ ਸਿੰਘ, ਪ੍ਰਚਾਰਕ ਭਾਈ ਪੰਥਜੀਤ ਸਿੰਘ, ਭਾਈ ਗੁਰਵਿੰਦਰ ਸਿੰਘ ਤੋਂ ਇਲਾਵਾ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਲਈ ਇਹ ਸੈਮੀਨਾਰ ਬਹੁਤ ਹੀ ਉਪਯੋਗੀ ਤੇ ਲਾਹੇਵੰਦ ਰਿਹਾ।

# ਮਾਤਾ ਸੁਰਜੀਤ ਕੌਰ ਨੂੰ ਨਿੱਘੀ ਸ਼ਰਧਾਂਜਲੀ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਤਜਿੰਦਰ ਸਿੰਘ ਅਕਾਲ ਚੈਨਲ ਇੰਡੀਆ ਅਤੇ ਜਤਿੰਦਰ ਸਿੰਘ ਫੋਟੋਗਰਾਫ਼ਰ ਦੇ ਦਾਦੀ ਬੀਬੀ ਸੁਰਜੀਤ ਕੌਰ ਅਕਾਲ ਚਲਾਣਾ ਕਰ ਗਏ ਸਨ ਜਿਨ੍ਹਾਂ ਦੀ ਅੰਤਿਮ ਅਰਦਾਸ ਵਿੱਚ ਪੰਥਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਜਿਨ੍ਹਾਂ ਵਿੱਚ ਸਿੰਘ ਸਾਹਿਬ ਗਿਆਨੀ ਗੁਰਮੁਖ ਸਿੰਘ ਹੈੱਡ ਗ੍ਰੰਥੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਸਾਬਕਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਹਾਜ਼ਰ ਸਨ। ਕੀਰਤਨੀ ਭਾਈ ਗੁਰਦੇਵ ਸਿੰਘ ਕੋਹਾੜਕਾ, ਕੀਰਤਨੀ ਭਾਈ ਲਹਿਣਾ ਸਿੰਘ, ਭਾਈ ਇਕਬਾਲ ਸਿੰਘ ਮਨਾਵਾਂ ਨੇ ਸੰਗਤ ਨੂੰ ਕਥਾ ਕੀਰਤਨ ਨਾਲ ਜੋੜਿਆ ਅਤੇ ਹਜ਼ੂਰੀ ਅਰਦਾਸੀਆ ਭਾਈ ਕੁਲਵਿੰਦਰ ਸਿੰਘ ਨੇ ਗੁਰੂ ਦੀ ਹਜ਼ੂਰੀ ਵਿੱਚ ਅਰਦਾਸ ਬੇਨਤੀ ਕੀਤੀ ਅਕਾਲ ਚੈਨਲ ਦੇ ਐੱਮ ਡੀ ਅਮਰੀਕ ਸਿੰਘ ਕੂੰਨਰ ਪਰਿਵਾਰ ਨਾਲ ਦੁੱਖ ਵੰਡਾਉਣ ਪਹੁੰਚੇ। ਇਸ ਮੌਕੇ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਕੁਲਜੀਤ ਸਿੰਘ ਐੱਮ ਡੀ ਗੁਰੂ ਨਾਨਕ ਸਕੂਲ ਨਾਥ ਦੀ ਖੂਹੀ, ਬਾਬਾ ਜਗਤਾਰ ਸਿੰਘ ਨਾਥ ਦੀ ਖੂਹੀ, ਬਾਬਾ ਦਿਲਬਾਗ ਸਿੰਘ ਸੈਦਪੁਰ, ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਅਤੇ ਉਨ੍ਹਾਂ ਧਰਮ ਸੁਪਤਨੀ ਬੀਬੀ ਸੁਹਿੰਦਰ ਕੌਰ, ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਸੁਖਵਿੰਦਰ ਸਿੰਘ ਡੈਨੀ ਜੰਡਿਆਲਾ ਕਾਂਗਰਸ, ਈਮਾਨ ਸਿੰਘ ਮਾਨ ਅਕਾਲੀ ਦਲ ਅੰਮ੍ਰਿਤਸਰ, ਪ੍ਰੋ. ਬਲਜਿੰਦਰ ਸਿੰਘ ਹਵਾਰਾ ਕਮੇਟੀ, ਪਰਮਜੀਤ ਸਿੰਘ ਟਾਂਡਾ ਦਲ ਖਾਲਸਾ, ਮਨਜੀਤ ਸਿੰਘ ਭੋਮਾ ਚੇਅਰਮੈਨ ਦਿੱਲੀ ਕਮੇਟੀ, ਮੈਂਬਰ ਪਾਰਲੀਮੈਂਟ ਅਮ੍ਰਿਤਪਾਲ ਸਿੰਘ ਦੇ ਚਾਚਾ ਸੁਖਚੈਨ ਸਿੰਘ ਅਕਾਲੀ ਦਲ ਵਾਰਿਸ ਪੰਜਾਬ ਦੇ, ਪਰਮਪਾਲ ਸਿੰਘ, ਪਰਦੀਪ ਸਿੰਘ ਵਲਟੋਹਾ ਅਕਾਲੀ ਦਲ ਪੁਨਰ ਸੁਰਜੀਤ, ਭੁਪਿੰਦਰ ਸਿੰਘ ਪਹਿਲਵਾਨ ਯੂਰਪ, ਚੇਅਰਮੈਨ ਕੰਵਰ ਦੀਪ ਸਿੰਘ ਮਾਨ ਸ਼੍ਰੋਮਣੀ ਅਕਾਲੀ ਦਲ ਬਾਦਲ, ਸਤਨਾਮ ਸਿੰਘ ਤੂਰ ਖੋਸਾ ਕੋਟਲਾ, ਇਕਵਾਕ ਸਿੰਘ ਪੱਟੀ, ਚਰਨਜੀਤ ਸਿੰਘ ਸਰਪੰਚ ਕੋਟ ਹਯਾਤ, ਹਰਜਿੰਦਰ ਸਿੰਘ ਰੰਧਾਵਾ ਸੈਦਪੁਰ, ਪਲਵਿੰਦਰ ਸਿੰਘ ਮਾਹਲ ਕਿਸਾਨ ਆਗੂ, ਐਡਵੋਕੇਟ ਕਰਨਵੀਰ ਸਿੰਘ ਪੰਨੂ, ਸ਼ਮਸ਼ੇਰ ਸਿੰਘ ਪੱਧਰੀ, ਅਮਨਦੀਪ ਸਿੰਘ ਡੱਡੂਆਣਾ, ਸਿੱਖ ਸਦਭਾਵਨਾ ਦਲ ਵੱਲੋਂ ਹਾਜ਼ਰੀਆਂ ਭਰੀਆਂ ਗਈਆਂ।



## ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਐਕਸੀਅਨ ਰਾਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇ ਵੀ ਸਬ-ਸਟੇਸ਼ਨ ਲਿੱਧੜ ਵਿੱਚ ਨਵਾਂ ਬਰੇਕਰ ਚਾਲੂ ਕਰਨ ਲਈ 26 ਫਰਵਰੀ ਦਿਨ ਵੀਰਵਾਰ ਨੂੰ ਸ਼ੈੱਡ ਡਾਊਨ ਮਨਜ਼ੂਰ ਕੀਤੀ ਗਈ ਹੈ ਜਿਸ ਕਰਕੇ ਬਿਜਲੀ ਸਪਲਾਈ ਪ੍ਰਭਾਵਿਤ ਹੋਵੇਗੀ।ਇਸ ਕਰਕੇ ਅਨਾਇਤਪੁਰ ਏ ਪੀ, ਖੋਜਕੀਪੁਰ ਏ ਪੀ, ਨਿੱਜਰ ਏ ਪੀ, ਘੱਗਾ ਏ ਪੀ, ਲਿੱਧੜ ਏ ਪੀ, ਉੱਪਲ ਏ ਪੀ ਅਤੇ ਪੱਡੇ ਯੂਪੀਐੱਸ ਫੀਡਰ ਦੀ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

## ਵਿਆਹ ਪਿੱਛੋਂ ਕੈਨੇਡਾ ਜਾ ਕੇ ਮੁੱਕਰਨ ਵਾਲੀ ਪਤਨੀ ਤੇ ਉਸ ਦੇ ਪਰਿਵਾਰ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੀਨਾਨਗਰ ਪੁਲਸ ਨੇ ਠੱਗੀ ਮਾਰਨ ਵਾਲੇ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਜਾਂਚ ਦੌਰਾਨ ਪਾਇਆ ਕਿ ਸ਼ਿਕਾਇਤ ਕਰਤਾ ਦਰਬਾਰਾ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਭੂਣ ਦੇ ਲੜਕੇ ਸ਼ਮਸ਼ੇਰ ਸਿੰਘ ਦਾ ਵਿਆਹ ਗੁਰਸੱਕਤ ਢਿੱਲੋਂ ਪੁੱਤਰੀ ਬਲਬੀਰ ਸਿੰਘ ਵਾਸੀ ਜਲੰਧਰ ਨਾਲ 19 ਜਨਵਰੀ 2020 ਨੂੰ ਹੋਇਆ ਸੀ। ਵਿਆਹ ਤੋਂ ਬਾਅਦ ਸ਼ਿਕਾਇਤ ਕਰਤਾ ਨੇ ਆਪਣੀ ਨੂੰਹ ਨੂੰ ਆਈਲੈਟ ਕਰਵਾ ਆਪਣੇ ਕੋਲੋਂ ਖਰਚਾ ਕਰਕੇ ਸਟੱਡੀ ਵੀਜ਼ੇ 'ਤੇ ਕੈਨੇਡਾ ਭੇਜਿਆ ਸੀ। ਗੁਰਸੱਕਤ ਢਿੱਲੋਂ ਨੇ ਕੈਨੇਡਾ ਪਹੁੰਚ ਕੇ ਪੀੜਤ ਦੇ ਲੜਕੇ ਸ਼ਮਸ਼ੇਰ ਸਿੰਘ ਨੂੰ ਇਗਨੋਰ ਕਰਨਾ ਸ਼ੁਰੂ ਕਰ ਦਿੱਤਾ ਅਤੇ ਆਪਣੇ ਕੋਲ ਕੈਨੇਡਾ ਬਲਾਉਣ ਲਈ ਮਨ੍ਹਾਂ ਕਰ ਦਿੱਤਾ। ਸ਼ਿਕਾਇਤ ਕਰਤਾ ਦਾ ਲੜਕਾ 10 ਅਪ੍ਰੈਲ 2023 ਨੂੰ ਸਪੌਂਸਰ ਵੀਜ਼ੇ 'ਤੇ ਆਪਣੇ ਖਰਚੇ 'ਤੇ ਕੈਨੇਡਾ ਚਲਾ ਗਿਆ। ਗੁਰਸੱਕਤ ਕੌਰ ਨੇ 10 ਫਰਵਰੀ 2025 ਨੂੰ ਸ਼ਮਸ਼ੇਰ ਸਿੰਘ ਦੇ ਖਿਲਾਫ ਤਲਾਕ ਲੈਣ ਲਈ ਸੁਪਰੀਮ ਕੋਰਟ ਬ੍ਰਿਟਸ਼ ਕੋਲੰਬੀਆ ਵਿਖੇ ਕੇਸ ਕੀਤਾ ਹੋਇਆ ਹੈ। ਇਸ ਤਰ੍ਹਾਂ ਗੁਰਸੱਕਤ ਕੌਰ ਨੇ ਆਪਣੇ ਮਾਤਾ ਪਿਤਾ ਅਤੇ ਭਰਾ ਨਾਲ ਸਾਜ਼ਬਾਜ਼ ਹੋ ਕੇ ਪੀੜਤ ਨਾਲ 21 ਲੱਖ ਰੁਪਏ ਦੀ ਧੋਖਾਧੜੀ ਕੀਤੀ ਹੈ। ਥਾਣਾ ਦੀਨਾਨਗਰ ਪੁਲਸ ਨੇ ਠੱਗੀ ਮਾਰਨ ਵਾਲੇ ਗੁਰਸੱਕਤ ਢਿੱਲੋਂ ਪੁੱਤਰੀ ਬਲਬੀਰ ਸਿੰਘ, ਸਦਾਸੁਖ ਪਾਵਨ ਸਿੰਘ ਪੁੱਤਰ ਬਲਬੀਰ ਸਿੰਘ, ਊਸ਼ਾ ਰਾਣੀ ਪਤਨੀ ਬਲਬੀਰ ਸਿੰਘ, ਬਲਬੀਰ ਸਿੰਘ ਪੁੱਤਰ ਬਹਾਦਰ ਸਿੰਘ ਵਾਸੀ ਪੱਛਮ ਵਿਹਾਰ ਥਾਣਾ ਡਵੀਜ਼ਨ ਨੰਬਰ 1 ਜਲੰਧਰ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# 10ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ-2026 .ਗ਼ਜ਼ਲਗੋ ਗੁਰਦਿਆਲ ਰੌਸ਼ਨ ਦੀ ਝੋਲ਼ੀ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਅਤੇ ਇਪਸਾ ਆਸਟਰੇਲੀਆ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਮਿਤੀ 1 ਮਾਰਚ, ਐਤਵਾਰ, ਸਵੇਰੇ 10.30 ਵਜੇ ਦਸ਼ਮੇਸ਼ ਪਬਲਿਕ ਸੀ: ਸੈ: ਸਕੂਲ, ਨਜ਼ਦੀਕ ਗੁ: ਬਾਬਾ ਪਾਲਾ ਜੀ ਅਤੇ ਛਾਉਣੀ ਸਾਹਿਬ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਇਪਸਾ ਆਸਟਰੇਲੀਆ ਦੇ ਕੋਆਰਡੀਨੇਟਰ ਸਰਬਜੀਤ ਸੋਹੀ ਦੀ ਜਾਣਕਾਰੀ ਅਨੁਸਾਰ ਐਤਕੀਂ 10ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ-2026, ਪ੍ਰਸਿੱਧ .ਗ਼ਜ਼ਲਗੋ ਗੁਰਦਿਆਲ ਰੌਸ਼ਨ ਨੂੰ ਦਿੱਤਾ ਜਾਵੇਗਾ, ਜਿਸ ਵਿੱਚ 21000 ਰੁਪਏ ਦੀ ਨਗਦ ਰਾਸ਼ੀ, ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਜਾਵੇਗਾ। ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਹੈ ਕਿ ਸਮਾਗਮ ਵਿੱਚ ਸ: ਬਖ਼ਤਾਵਰ ਸਿੰਘ ਸ਼ੇਰਗਿੱਲ (ਆਈ.ਏ.ਐਸ. (ਸਾ: ਕਮਿਸ਼ਨਰ), ਪ੍ਰੋ: ਜਗਰੂਪ ਸਿੰਘ ਸੇਖੋਂ (ਸਾਬਕਾ ਮੁਖੀ ਰਾਜਨੀਤੀ ਸ਼ਾਸਤਰ ਵਿਭਾਗ ਜੀ.ਐਨ.ਡੀ. ਯੂਨੀਵਰਸਿਟੀ ਅੰਮ੍ਰਿਤਸਰ) ਬਤੌਰ ਮੁੱਖ ਮਹਿਮਾਨ ਪੁੱਜਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਸ: ਮੱਖਣ ਸਿੰਘ ਕੋਹਾੜ (ਸੀ: ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਸ: ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਮੀਤ ਸਿੰਘ ਬਾਜਵਾ, ਪ੍ਰਿੰਸੀਪਲ ਕੁਲਬੀਰ ਸਿੰਘ ਮਾਨ (ਦਸ਼ਮੇਸ਼ ਸਕੂਲ), ਡਾ: ਗਗਨਦੀਪ (ਪ੍ਰਧਾਨ ਮਸ਼ੈਲਾਂ ਦੀ ਸੱਥ), ਕੀਰਤ ਪ੍ਰਤਾਪ ਸਿੰਘ ਪੰਨੂੰ (ਪ੍ਰਧਾਨ ਮਾਝਾ ਜਨਵਾ ਦੀ ਲੇਖਕ ਸਭਾ), ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ) ਸੁਸ਼ੋਭਿਤ ਹੋਣਗੇ। ਹਾਜ਼ਰੀਨ ਵੱਲੋਂ ਕਵੀ ਦਰਬਾਰ ਹੋਵੇਗਾ ।



**ਕਾਸ਼! ਕੋਈ ਇਕ ਅੱਧਾ ਗਾਹਕ ਹੀ ਆ ਜਾਂਦਾ**



(ਫੋਟੋ ਤੇ ਵੇਰਵਾ : ਜਸਦੇਵ ਮਾਨ ਫਤਿਹਗੜ੍ਹ ਚੂੜੀਆਂ)

# ਖ਼ਾਲਸਾ ਕਾਲਜ ਆਫ ਐਜੂਕੇਸ਼ਨ ਵਿਖੇ ਕਰਵਾਈ ਐਲੂਮਨੀ ਮੀਟ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਜੀ. ਟੀ. ਰੋਡ ਵਿਖੇ ਐਲੂਮਨੀ ਮੀਟ ਕਰਵਾਈ ਗਈ।ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਲੀਕੀ ਗਈ ਉਕਤ ਅਲੂਮਨੀ ਮੀਟ 'ਚ ਕਾਲਜ ਦੇ ਸਾਬਕਾ ਵਿਦਿਆਰਥੀ ਖਾਲਸਾ ਯੂਨੀਵਰਸਿਟੀ ਤੋਂ ਫੈਕਲਟੀ ਆਫ ਲੈਂਗੁਏਜਸ, ਮੁਖੀ ਡਾ. ਰਮਿੰਦਰ ਕੌਰ, ਲੁਧਿਆਣਾ ਤੋਂ ਸੇਵਾਮੁਕਤ ਪ੍ਰਿੰਸੀਪਲ ਡਾ. ਕੰਵਲਦੀਪ ਕੌਰ, ਡਿਪਾਰਟਮੈਂਟ ਆਫ ਡਿਸਟੈਂਸ ਐਂਡ ਓਪਨ ਲਰਨਿੰਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਜਸ਼ਨਦੀਪ ਕੌਰ ਅਤੇ ਪ੍ਰੋ. ਕੁਲਦੀਪ ਪੁਰੀ ਨੇ ਸਿੱਖਿਆ ਸਾਹਿਤ ਅਤੇ ਸਮਾਜ ਦੇ ਵਿਸ਼ੇ 'ਤੇ ਪੈਨਲ ਡਿਸਕਸ਼ਨ ਕਰਕੇ ਆਏ ਸਾਬਕਾ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ।ਇਸ ਪ੍ਰੋਗਰਾਮ ਦੀ ਸ਼ੁਰੂਆਤ 'ਚ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਨ ਉਪਰੰਤ ਡਾ. ਕੁਮਾਰ ਨੇ ਆਏ ਹੋਏ ਸਮੂਹ ਮਹਿਮਾਨਾਂ ਦਾ ਸਵਾਗਤ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਕਿਸੇ ਵੀ ਕਾਲਜ ਦਾ ਮੁੱਖ ਥੰਮ੍ਹ ਐਲੂਮਨੀ ਹੁੰਦੇ ਹਨ ਜੋ ਕਿ ਪੜ੍ਹ ਕੇ ਸਮਾਜ 'ਚ ਸੰਸਥਾ ਦੇ ਵੱਕਾਰ ਨੂੰ ਬਰਕਰਾਰ ਰੱਖਦੇ ਹਨ ਅਤੇ ਇਸ ਸੰਸਥਾ ਦੇ ਸਾਰੇ ਹੀ ਐਲੂਮਨੀ ਵੱਖ-ਵੱਖ ਸਕੂਲਾਂ/ਕਾਲਜਾਂ ਜਾਂ ਹੋਰ ਸੰਸਥਾਵਾਂ ਨਾਲ ਜੁੜ ਕੇ ਕਾਲਜ ਦਾ ਨਾਮ ਰੌਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਉਕਤ ਸਮਾਰੋਹ 'ਚ 100 ਤੋਂ ਵਧੇਰੇ ਸਾਬਕਾ ਵਿਦਿਆਰਥੀਆਂ 'ਚ ਸਭ ਤੋਂ ਪੁਰਾਣੇ ਐਲੂਮਨੀ ਸੰਤੋਖ ਸਿੰਘ ਸੇਠੀ (ਮੈਂਬਰ, ਖਾਲਸਾ ਕਾਲਜ ਗਵਰਨਿੰਗ ਕੌਂਸਲ) ਅਤੇ ਚਰਨਜੀਤ ਸਿੰਘ ਗੁਮਟਾਲਾ ਜਿਨ੍ਹਾਂ ਨੇ ਕਿ ਕ੍ਰਮਵਾਰ 1971 ਅਤੇ 1972 'ਚ ਇਸ ਕਾਲਜ ਤੋਂ ਬੀ.ਐੱਡ. ਕੀਤੀ ਸੀ, ਨੇ ਹਿੱਸਾ ਲਿਆ।ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਹੋਰਨਾਂ ਸਾਬਕਾ ਵਿਦਿਆਰਥੀਆਂ 'ਚ ਡਾ. ਹਰਪ੍ਰੀਤ ਕੌਰ, ਡਾ. ਰਾਕੇਸ਼ ਕਪੂਰ, ਡਾ. ਬੀ. ਐੱਮ. ਸ਼ਰਮਾ, ਸ: ਗੁਰਪ੍ਰੀਤ ਸਿੰਘ ਰਿਆੜ, ਰਾਕੇਸ਼ ਕੁਮਾਰ ਗੁਲਾਟੀ ਦੇ ਨਾਲ-ਨਾਲ ਕਈ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ 'ਚ ਪ੍ਰਿੰਸੀਪਲ ਅਤੇ ਅਧਿਆਪਕਾਂ ਵਜੋਂ ਕਾਰਜਸ਼ੀਲ ਐਲੂਮਨੀ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਦੀ ਪੇਸ਼ਕਾਰੀ ਵੀ ਕੀਤੀ ਗਈ ਅਤੇ ਬਹੁਤ ਸਾਰੇ ਐਲੂਮਨੀ ਨੇ ਵੱਖ-ਵੱਖ ਆਈਟਮਾਂ ਦੀ ਵੀ ਪੇਸ਼ਕਾਰੀ ਕਰਕੇ ਆਪਣੀ ਕਲਾ ਦਾ ਮੁਜ਼ਾਹਰਾ ਕੀਤਾ। ਉਨ੍ਹਾਂ ਕਿਹਾ ਕਿ ਇਸ ਐਲੂਮਨੀ ਮੀਟ ਦਾ ਆਯੋਜਨ ਡਾ. ਮਨਪ੍ਰੀਤ ਕੌਰ, ਡਾ. ਪਾਰੂਲ ਅਗਰਵਾਲ ਅਤੇ ਡਾ. ਸੁਖਮਨਦੀਪ ਕੌਰ (ਅਸਿਸਟੈਂਟ ਪ੍ਰੋਫੈਸਰ) ਦੀ ਯੋਗ ਅਗਵਾਈ ਹੇਠ ਕੀਤਾ ਗਿਆ।ਇਸ ਪ੍ਰੋਗਰਾਮ ਦੌਰਾਨ ਡਾ. ਕੁਮਾਰ ਅਤੇ ਐਸੋਸੀਏਟ ਪ੍ਰੋਫੈਸਰ ਡਾ. ਗੁਰਜੀਤ ਕੌਰ ਨੇ ਪੈਨਲ ਡਿਸਕਸ਼ਨ 'ਚ ਭਾਗ ਲੈਣ ਵਾਲੇ ਐਲੂਮਨੀ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



# ਜੁਗਾੜੂ ਵਾਹਨ ਸ਼ਰੇਆਮ ਉਡਾ ਰਹੇ ਨੇ ਟਰੈਫ਼ਿਕ ਨਿਯਮਾਂ ਦੀਆਂ ਧੱਜੀਆਂ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਅੰਦਰ ਜੁਗਾੜੂ ਵਾਹਨ ਟਰੈਫ਼ਿਕ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਉਂਦੇ ਦੇਖੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਕੁਝ ਲੋਕਾਂ ਦੁਆਰਾ ਆਪਣੇ ਪੱਧਰ 'ਤੇ ਤਿਆਰ ਕਰਵਾਏ ਗਏ ਜੁਗਾੜੂ ਵਾਹਨਾਂ ਦੀ ਕੋਈ ਵੀ ਰਜਿਸਟਰੇਸ਼ਨ ਅਤੇ ਨਾ ਹੀ ਕੋਈ ਰੂਲ ਮੁਤਾਬਿਕ ਢਾਂਚਾ ਤਿਆਰ ਕੀਤਾ ਜਾਂਦਾ ਹੈ। ਇਹ ਜੁਗਾੜੂ ਵਾਹਨ ਸੜਕਾਂ 'ਤੇ ਚਲਦੇ ਸਮੇਂ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦੇ ਆ ਰਹੇ ਹਨ। ਇਨ੍ਹਾਂ ਜਗਾੜੂ ਵਾਹਨਾਂ 'ਤੇ ਸਰੀਆ, ਸੀਮੈਂਟ, ਰੇਤਾ ਤੋਂ ਇਲਾਵਾ ਹੋਰ ਵੀ ਕਾਫ਼ੀ ਸਾਰੇ ਸਾਮਾਨ ਦੀ ਢੋਆ ਢੁਆਈ ਜਿੱਥੇ ਹੁੰਦੀ ਹੈ ਉਥੇ ਹੀ ਕਈ ਵਾਰ ਸਵਾਰੀਆਂ ਦੀ ਇਨ੍ਹਾਂ ਜਗਾੜੂ ਵਾਹਨਾਂ 'ਤੇ ਬੈਠੀਆਂ ਆਉਂਦੀਆਂ-ਜਾਂਦੀਆਂ ਦਿਖਾਈ ਦਿੰਦੀਆਂ ਹਨ। ਜਗਾੜੂ ਵਾਹਨ ਚਾਲਕ ਵਲੋਂ ਲੋਹੇ ਦੀਆਂ ਤਿੱਖੀਆਂ ਟੀਨਾਂ, ਲੰਬੇ-ਲੰਬੇ ਤਿੱਖੇ ਸਰੀਏ ਦੇ ਪੀਸ ਲੱਦ ਕੇ ਸ਼ਹਿਰ ਦੇ ਅੰਦਰ ਵੱਖ-ਵੱਖ ਥਾਵਾਂ 'ਤੇ ਲਿਜਾਏ ਜਾਂਦੇ ਹਨ ਜੋ ਜਗਾੜੂ ਵਾਹਨ 'ਤੇ ਰੱਖੇ ਹੋਏ ਵੀ ਕਈ ਵਾਰ ਨਜ਼ਰ ਨਹੀਂ ਆਉਂਦੇ। ਜਗਾੜੂ ਵਾਹਨ 'ਤੇ ਰੱਖੇ ਤਿੱਖੇ ਸਰੀਏ ਦੇ ਪੀਸ ਅੱਗੋਂ ਜਾਂ ਪਿੱਛੋਂ ਜਾਂਦੇ ਕਿਸੇ ਵੀ ਵਾਹਨ ਚਾਲਕ ਵਿਚ ਵੱਜ ਕੇ ਕਿਸੇ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ। ਇਸ ਤੋਂ ਇਲਾਵਾ ਹੋਰ ਵੀ ਕਈ ਤਰ੍ਹਾਂ ਦੇ ਅਜਿਹੇ ਜੁਗਾੜੂ ਵਾਹਨ ਸ਼ਹਿਰ ਅੰਦਰ ਚੱਲਦੇ ਨਜ਼ਰ ਆਉਂਦੇ ਹਨ ਜੋ ਸਾਮਾਨ ਦੀ ਢੋਆ ਢੁਆਈ ਤੋਂ ਇਲਾਵਾ ਹੋਰ ਵੀ ਕਈ ਕਾਰੋਬਾਰਾਂ ਲਈ ਵਰਤੇ ਜਾਂਦੇ ਹਨ। ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸੁਰੱਖਿਆ ਦੇ ਮੱਦੇਨਜ਼ਰ ਇਨ੍ਹਾਂ ਜਗਾੜੂ ਵਾਹਨ ਚਾਲਕਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਸੜਕੀ ਦੁਰਘਟਨਾ ਕਾਰਨ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।



26-Feb-PAGE-4.qxd 2/25/2026 10:08 PM Page 1

ਨਵਾਂ ਜ਼ਮਾਨਾ
ਵੀਰਵਾਰ, 26 ਫਰਵਰੀ 2026

# ਵੇਦ ਪੜ੍ਹੋ, ਇੰਜੀਨੀਅਰ ਬਣੋ !

*ਆਲ ਇੰਡੀਆ ਕਾਊਂਸਿਲ ਫਾਰ ਟੈਕਨੀਕਲ ਐਜੂਕੇਸ਼ਨ (ਏ ਆਈ ਸੀ ਟੀ ਈ) ਨੇ ਆਪਣੇ ਸਾਰੇ ਮਾਨਤਾ ਪ੍ਰਾਪਤ ਕਾਲਜਾਂ ਨੂੰ ਕਿਹਾ ਹੈ ਕਿ ਉਹ ਵੈਦਿਕ ਸਿੱਖਿਆ ਪ੍ਰਣਾਲੀ ਦੇ ਵਿਦਿਆਰਥੀਆਂ ਨੂੰ ਇੰਜੀਨੀਅਰਿੰਗ ਵਿੱਚ ਦਾਖਲੇ ਲਈ ਨਿਯਮਤ ਸਕੂਲ ਬੋਰਡ ਦੇ ਵਿਦਿਆਰਥੀਆਂ ਦੇ ਬਰਾਬਰ ਮੰਨਣ। ਇਸ ਨਿਰਦੇਸ਼ ਨੂੰ ਭਾਰਤ ਨੂੰ ਵਿਸ਼ਵ ਗੁਰੂ ਬਣਾਉਣ ਲੱਗੀ ਮੋਦੀ ਸਰਕਾਰ ਦੀ ਇੱਕ ਨਵੀਂ ਪਹਿਲ ਕਹਿ ਕੇ ਪ੍ਰਚਾਰਤ ਕੀਤਾ ਜਾ ਰਿਹਾ ਹੈ। ਏ ਆਈ ਸੀ ਟੀ ਈ ਨੇ ਤਕਨੀਕੀ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ, ਰਾਜ ਸਰਕਾਰਾਂ ਤੇ ਆਪਣੇ ਕਰੀਬ 9 ਹਜ਼ਾਰ ਮਨਜ਼ੂਰਸ਼ੁਦਾ ਅਦਾਰਿਆਂ ਨੂੰ ਪੱਤਰ ਲਿਖ ਕੇ ਨਿਰਦੇਸ਼ ਦਿੱਤਾ ਹੈ ਕਿ ਮਹਾਂਰਿਸ਼ੀ ਸਾਂਦੀਪਨੀ ਰਾਸ਼ਟਰੀ ਵੇਦ ਸੰਸਕ੍ਰਿਤ ਸ਼ਿਕਸ਼ਾ ਬੋਰਡ (ਐੱਮ ਐੱਸ ਆਰ ਵੀ ਐੱਸ ਐੱਸ ਬੀ) ਦੇ ਵੇਦ ਭੂਸ਼ਣ ਤੇ ਵੇਦ ਵਿਭੂਸ਼ਣ ਸਰਟੀਫਿਕੇਟਾਂ ਨੂੰ ਕ੍ਰਮਵਾਰ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਬਰਾਬਰ ਮੰਨਿਆ ਜਾਵੇ।*

*ਏ ਆਈ ਸੀ ਟੀ ਈ ਦੇ ਸਲਾਹਕਾਰ ਐੱਨ ਐੱਚ ਸਿੱਧਾਲਿੰਗਾ ਸਵਾਮੀ ਨੇ ਕਿਹਾ ਹੈ ਕਿ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ (ਏ ਆਈ ਯੂ) ਪਹਿਲਾਂ ਹੀ ਐੱਮ ਐੱਸ ਆਰ ਵੀ ਐੱਸ ਐੱਸ ਬੀ ਦੀ ਦਸਵੀਂ ਤੇ ਬਾਰ੍ਹਵੀਂ ਦੀ ਯੋਗਤਾ ਨੂੰ ਬੋਰਡਾਂ ਦੇ ਬਰਾਬਰ ਮੰਨ ਚੁੱਕੀ ਹੈ। ਸਿੱਖਿਆ ਮੰਤਰਾਲੇ ਨੇ ਵੀ ਐੱਮ ਐੱਸ ਆਰ ਵੀ ਐੱਸ ਐੱਸ ਬੀ ਨੂੰ ਇੱਕ ਨਿਯਮਤ ਸਕੂਲ ਬੋਰਡ ਵਜੋਂ ਮਾਨਤਾ ਦਿੱਤੀ ਹੈ ਅਤੇ ਇਸ ਦੇ ਸਰਟੀਫਿਕੇਟਾਂ ਨੂੰ ਉੱਚ ਸਿੱਖਿਆ ਤੇ ਸਰਕਾਰੀ ਨੌਕਰੀਆਂ ਵਿੱਚ ਦਾਖਲੇ ਲਈ ਵੈਧ ਦੱਸਿਆ ਹੈ।*

*ਐੱਮ ਐੱਸ ਆਰ ਵੀ ਐੱਸ ਐੱਸ ਬੀ ਦੇ ਤਾਜ਼ਾ ਨਿਰਦੇਸ਼ ਨਾਲ ਤਮਾਮ ਸਿੱਖਿਆ ਸ਼ਾਸਤਰੀ ਸਹਿਮਤ ਨਹੀਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਵੈਦਿਕ ਸਿੱਖਿਆ ਪ੍ਰਣਾਲੀ ਵਿੱਚ ਪ੍ਰਾਚੀਨ ਗ੍ਰੰਥਾਂ ਨੂੰ ਕੰਠ ਕਰਨ 'ਤੇ ਵਧੇਰੇ ਜ਼ੋਰ ਹੁੰਦਾ ਹੈ, ਜਦਕਿ ਆਧੁਨਿਕ ਸਿੱਖਿਆ ਵਿੱਚ ਵਿਚਾਰਕ ਸਮਝ ਨੂੰ ਤਰਜੀਹ ਦਿੱਤੀ ਜਾਂਦੀ ਹੈ। ਉੱਤਰਾਖੰਡ ਤਕਨੀਕੀ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਓਂਕਾਰ ਸਿੰਘ ਦਾ ਕਹਿਣਾ ਹੈ ਕਿ ਵਿਗਿਆਨ ਵਿਸ਼ਿਆਂ ਦੀ ਮਜ਼ਬੂਤ ਬੁਨਿਆਦ ਤੋਂ ਬਿਨਾਂ ਵਿਦਿਆਰਥੀਆਂ ਨੂੰ ਇੰਜੀਨੀਅਰਿੰਗ ਦੀ ਪੜ੍ਹਾਈ ਵਿੱਚ ਮੁਸ਼ਕਲ ਹੋ ਸਕਦੀ ਹੈ। ਇਸ ਨਾਲ ਤਕਨੀਕੀ ਸਿੱਖਿਆ ਦਾ ਸਟੈਂਡਰਡ ਵੀ ਘਟੇਗਾ। ਹਰ ਸਾਲ ਇੰਜੀਨੀਅਰਿੰਗ ਕਾਲਜਾਂ ਵਿੱਚ 30-40 ਫੀਸਦੀ ਸੀਟਾਂ ਖਾਲੀ ਰਹਿੰਦੀਆਂ ਹਨ, ਇਸ ਲਈ ਕਈ ਅਦਾਰੇ ਵੈਦਿਕ ਬੋਰਡ ਦੇ ਵਿਦਿਆਰਥੀਆਂ ਨੂੰ ਦਾਖਲਾ ਦੇਣਾ ਸ਼ੁਰੂ ਕਰ ਸਕਦੇ ਹਨ। ਵੇਦ ਪੜ੍ਹਨ ਵਾਲੇ ਕਿਹੋ ਜਿਹੇ ਇੰਜੀਨੀਅਰ ਬਣਨਗੇ, ਇਸ ਦਾ ਪਤਾ ਤਾਂ ਬਾਅਦ ਵਿੱਚ ਲੱਗੇਗਾ, ਪਰ ਇੰਜੀਨੀਅਰਿੰਗ ਅਦਾਰੇ ਚਲਾਉਣ ਵਾਲਿਆਂ ਦੇ ਬੋਝੇ ਜ਼ਰੂਰ ਭਰਦੇ ਰਹਿਣਗੇ।*

## ਕਿਸਾਨ ਰਹਿ ਗਏ !

*ਲੀਡਰਾਂ ਦੇ ਪੱਲੇ ਬੱਸ ਰਹਿ ਗਈ ਲੀਡਰੀ,*
*ਮੀਡੀਆ 'ਚ ਫੋਕੇ ਜਿਹੇ ਬਿਆਨ ਰਹਿ ਗਏ ।*
*ਰਾਜਨੀਤੀ 'ਤੇ ਹਾਵੀ ਹੋਏ ਬੂਬਨੇ,*
*ਉਨ੍ਹਾਂ ਨਾਲੋਂ ਪਿੱਛੇ ਭਗਵਾਨ ਰਹਿ ਗਏ,*
*ਬੋਚ ਕੇ ਸ਼ਿਕਾਰ ਖੁੱਡਾਂ ਵਿੱਚ ਜਾ ਵੜੇ,*
*ਪਿੱਛੇ ਬੱਸ ਸੱਪਾਂ ਦੇ ਨਿਸ਼ਾਨ ਰਹਿ ਗਏ ।*
*ਹੌਲੀ-ਹੌਲੀ ਅਕਲਾਂ ਦੇ ਖੰਭ ਝੜ ਗਏ,*
*ਬਾਬਿਆਂ ਦੇ ਲਗਦੇ ਦੀਵਾਨ ਰਹਿ ਗਏ।*
*ਚੋਰਾਂ ਅਤੇ ਸਾਧਾਂ ਦਾ ਇਕੱਠ ਹੋ ਗਿਆ,*
*ਗੋਪੀਆਂ 'ਚ ਖੇਡਦੇ ਨੇ ਕਾਹਨ ਰਹਿ ਗਏ,*
*ਸਾਰਾ ਕੁਝ ਹਵਾ ਤੇ ਹਵਾਈ ਹੋ ਗਿਆ,*
*ਸੜਕਾਂ 'ਤੇ ਲੜਦੇ ਕਿਸਾਨ ਰਹਿ ਗਏ!*

*-ਗੁਲਪੁਰ*

# ਭਾਜਪਾ ਦੇ ਉਭਾਰ ਲਈ ਕੌਣ ਜ਼ੁੰਮੇਵਾਰ


ਸੁੱਚਾ ਸਿੰਘ ਖੱਟੜਾ

'ਹਿੰਦੂ ਜੋ ਮਰਜ਼ੀ ਕਹਿਣ ਕੋਈ ਗੱਲ ਨਹੀਂ, ਹਿੰਦੂਤਵ ਅਜ਼ਾਦੀ, ਬਰਾਬਰੀ ਅਤੇ ਭਾਈਚਾਰੇ ਲਈ ਖਤਰਾ ਹੈ। ਇਸ ਹਿਸਾਬ ਨਾਲ ਇਹ ਲੋਕਰਾਜ ਲਈ ਅਸੰਗਤ ਹੈ। ਹਿੰਦੂ ਰਾਜ ਹਰ ਕੀਮਤ ਉੱਤੇ ਰੋਕਣਾ ਚਾਹੀਦਾ ਹੈ।' ਇਹ ਸ਼ਬਦ ਡਾ. ਅੰਬੇਡਕਰ ਦੇ ਹਨ। ਉਸ ਡਾਕਟਰ ਅੰਬੇਡਕਰ ਦੇ, ਜਿਸ ਨੂੰ ਦੇਸ਼ ਦੇ ਸੰਵਿਧਾਨ ਦਾ ਸਰਬ-ਸੰਮਤ ਨਿਰਮਾਤਾ ਮੰਨਿਆ ਗਿਆ ਹੈ। ਹਿੰਦੂਤਵ ਉੱਤੇ ਉਸ ਦੇ ਸ਼ਬਦਾਂ ਨੂੰ ਆਰਟੀਕਲ ਦੇ ਅਰੰਭ ਵਿੱਚ ਇਸ ਕਰਕੇ ਦਿੱਤਾ ਹੈ, ਤਾਂ ਕਿ ਹਿੰਦੂਤਵ ਦੇ ਉਭਾਰ ਵਿੱਚ ਹਰ ਜ਼ੁੰਮੇਵਾਰ ਆਪਣੀ-ਆਪਣੀ ਭੂਮਿਕਾ ਦੇ ਬਰਾਬਰ ਰੱਖ ਕੇ ਆਪਣੇ-ਆਪਣੇ ਅਪਰਾਧ ਨੂੰ ਤੋਲ ਸਕੇ।

ਇਸ ਅਪਰਾਧ ਦਾ ਸਿੱਟਾ ਹੈ ਕਿ ਜਿਸ ਸੰਗਠਨ ਅਤੇ ਵਿਚਾਰਧਾਰਾ ਉੱਤੇ ਆਪਣੇ ਹੀ ਦੇਸ਼ ਦੀ ਅਜ਼ਾਦੀ ਦੀ ਲੜਾਈ ਵਿੱਚ ਹਿੱਸਾ ਨਾ ਲੈਣ ਦਾ ਕਲੰਕ ਹੋਵੇ, ਜਿਹੜੀ ਅੱਜ ਵੀ ਮਨੂ ਸਿਮ੍ਰਤੀ ਨੂੰ ਸੰਵਿਧਾਨ ਦਾ ਅਧਾਰ ਬਣਾਉਣ ਬਾਰੇ ਸੋਚ ਰਹੀ ਹੋਵੇ, ਜਿਹੜੀ ਸਮਾਜਵਾਦ ਅਤੇ ਸੈਕੂਲਰ ਸ਼ਬਦਾਂ ਨੂੰ ਸੰਵਿਧਾਨ ਵਿੱਚੋਂ ਹਟਾਉਣਾ ਚਾਹੁੰਦੀ ਹੋਵੇ ਅਤੇ ਜਿਸ ਨੇ ਦੇਸ਼ ਦੀ ਆਰਥਿਕਾ ਨੂੰ ਰੁਜ਼ਗਾਰ ਵਿਹੂਣੀ ਕਰ ਰੱਖਿਆ ਹੋਵੇ, ਉਹ ਸੰਗਠਨ ਅਤੇ ਵਿਚਾਰਧਾਰਾ ਭਾਰਤੀਆਂ ਨੂੰ ਧਰਮ ਦੇ ਅਧਾਰ 'ਤੇ ਵੰਡ ਕੇ ਦੇਸ਼ ਦੀ ਸ਼ਾਸਕ ਬਣ ਗਈ ਹੈ। ਇਨ੍ਹਾਂ ਗੱਲਾਂ ਕਰਕੇ ਹੀ ਇਸ ਵਿਸ਼ੇ ਨੂੰ ਵਿਚਾਰਨਾ ਜ਼ਰੂਰੀ ਹੈ।

ਅੱਜ ਹਿੰਦੂਤਵ ਲਈ ਸਿਆਸੀ ਅਲੰਬਰਦਾਰ ਭਾਰਤੀ ਜਨਤਾ ਪਾਰਟੀ ਹੈ, ਜੋ ਜਨਸੰਘ ਦਾ ਵਰਤਾਮਾਨ ਅਵਤਾਰ ਹੈ ਅਤੇ ਅਜ਼ਾਦੀ ਤੋਂ ਪਹਿਲਾਂ ਇਸ ਦੀ ਸਿਆਸੀ ਭੂਮਿਕਾ ਹਿੰਦੂ ਮਹਾਂਸਭਾ ਨਿਭਾਉਂਦੀ ਸੀ, ਜੋ ਆਰ ਐੱਸ ਐੱਸ ਦੀ ਸਿਆਸੀ ਸ਼ਾਖਾ ਸੀ। ਹੁਣ ਅਸੀਂ ਆਰ ਐੱਸ ਐੱਸ ਅਤੇ ਭਾਜਪਾ ਨੂੰ ਇਕ ਹੀ ਪਲੜੇ ਵਿੱਚ ਰੱਖਾਂਗੇ।

ਆਰ ਐੱਸ ਐੱਸ 1925 ਵਿੱਚ ਜਦੋਂ ਹੋਂਦ ਵਿੱਚ ਆਈ ਤਾਂ ਕਾਂਗਰਸ 40 ਵਰ੍ਹਿਆਂ ਦੀ ਹੋ ਚੁੱਕੀ ਸੀ। ਕਾਂਗਰਸ ਅਤੇ ਇਨਕਲਾਬੀਆਂ ਵੱਲੋਂ ਲੜੇ ਜਾ ਰਹੇ ਸੰਘਰਸ਼ ਦਾ ਅੰਤਮ ਨਿਸ਼ਾਨਾ, ਭਾਰਤ ਲਈ ਭਵਿੱਖੀ ਨਕਸ਼ਾ ਅਤੇ ਦੁਸ਼ਮਣ ਤਹਿ ਹੋ ਚੁੱਕੇ ਸਨ। ਮੰਨਿਆ ਕਿ ਆਰ ਐੱਸ ਐੱਸ ਦੇ ਬਾਨੀ ਹੈਡਗੇਵਾਰ ਦੀ ਰਾਜਨੀਤਕ ਸਮਝ ਹਾਲੇ ਪੂਰੇ ਸਰੂਪ ਵਿੱਚ ਸਾਹਮਣੇ ਨਹੀਂ ਸੀ ਆਈ, ਪਰ ਕਾਂਗਰਸ ਅਤੇ ਇਨਕਲਾਬੀਆਂ ਦੇ ਅੰਤਮ ਨਿਸ਼ਾਨੇ (ਅਜ਼ਾਦੀ) ਭਾਰਤ ਲਈ ਭਵਿੱਖੀ ਨਕਸ਼ਾ (ਲੋਕਰਾਜ ਅਤੇ ਸਮਾਜਵਾਦ) ਅਤੇ ਇਹਨਾਂ ਦੀ ਪ੍ਰਾਪਤੀ ਸਾਹਮਣੇ ਦੁਸ਼ਮਣ (ਅੰਗਰੇਜ਼ੀ ਰਾਜ) ਦੇ ਤਿੰਨ ਮੁੱਦਿਆਂ ਦੀ ਤਾਂ ਆਰ ਐੱਸ ਐੱਸ ਵਿਰੋਧੀ ਸੀ। ਕਾਂਗਰਸ ਜਾਂ ਮਹਾਤਮਾ ਗਾਂਧੀ ਵੱਲੋਂ ਆਰ ਐੱਸ ਐੱਸ ਦੇ ਇਸ ਵਿਰੋਧ ਨੂੰ ਲੋਕਾਂ ਵਿੱਚ ਕਿਉਂ ਨਹੀਂ ਪ੍ਰਚਾਰਿਆ ਗਿਆ। 1939 ਵਿੱਚ ਗੋਲਵਾਲਕਰ ਦੀ ਹਿੰਦੂ ਰਾਸ਼ਟਰ ਉੱਤੇ ਉਸ ਦੀ ਕਿਤਾਬ 'ਅਸੀਂ ਅਤੇ ਸਾਡੇ ਰਾਸ਼ਟਰ ਦੀ ਵਿਆਖਿਆ' ਛਪ ਕੇ ਬਾਹਰ ਆ ਚੁੱਕੀ ਸੀ। ਇਸ ਵਿੱਚ ਉਸ ਹਿੰਦੂ ਰਾਸ਼ਟਰ ਦਾ ਮੁਕੰਮਲ ਨਕਸ਼ਾ ਹੈ, ਜਿਸ ਵਿੱਚ ਮਨੂ ਦੀ ਵਿਚਾਰਧਾਰਾ ਅਧਾਰਤ ਸ਼ਾਸਨ, ਨਿਆ ਅਤੇ ਰਾਜ ਦੀ ਬਣਤਰ ਸਪੱਸ਼ਟ ਸੀ। ਕਾਂਗਰਸ ਇਸ ਸਮੇਂ ਵੀ ਚੁੱਪ ਰਹੀ। 1935 ਦੇ ਸੰਵਿਧਾਨ ਅਨੁਸਾਰ ਸੂਬਿਆਂ ਦੀਆਂ ਸਰਕਾਰਾਂ ਬਣੀਆਂ। ਅੰਗਰੇਜ਼ਾਂ ਨੇ ਭਾਰਤੀ ਨੁਮਾਇੰਦਿਆਂ ਨਾਲ ਵਿਚਾਰੇ ਬਿਨਾਂ ਹੀ ਭਾਰਤ ਨੂੰ ਸੰਸਾਰ ਦੀ ਦੂਜੀ ਜੰਗ ਵਿੱਚ ਧਕੇਲ ਦਿੱਤਾ। ਕਾਂਗਰਸ ਨੇ ਅੰਗਰੇਜ਼ਾਂ ਦੇ ਇਸ ਫੈਸਲੇ ਦੇ ਵਿਰੋਧ 'ਚ ਆਪਣੀਆਂ 9 ਸੂਬਾ ਸਰਕਾਰਾਂ ਤੋਂ ਅਸਤੀਫੇ ਦੇ ਦਿੱਤੇ। ਜਿਹੜਾ ਗੋਲਵਾਲਕਰ ਆਪਣੇ ਹਿੰਦੂ ਰਾਸ਼ਟਰ ਵਿੱਚ ਮੁਸਲਮਾਨਾਂ ਨੂੰ ਆਪਣੇ ਦੁਸ਼ਮਣ ਨੰਬਰ ਇਕ ਮੰਨਦਾ ਹੈ ਅਤੇ ਦੂਜੇ ਦਰਜੇ ਦੇ ਨਾਗਰਿਕ ਵਜੋਂ ਰੱਖਦਾ ਹੈ, ਇਹਦੀ ਸਿਆਸੀ ਪਾਰਟੀ ਹਿੰਦੂ ਮਹਾਂ ਸਭਾ ਮੁਸਲਿਮ ਲੀਗ ਨਾਲ ਮਿਲ ਕੇ ਬੰਗਾਲ ਅਤੇ ਸਿੰਧ ਪ੍ਰਾਂਤ ਵਿੱਚ ਸਾਂਝੀਆਂ ਸਰਕਾਰਾਂ ਚਲਾਉਂਦੇ ਰਹੇ ਅਤੇ ਦੂਜੀ ਸੰਸਾਰ ਜੰਗ ਵਿੱਚੋਂ ਅੰਗਰੇਜ਼ਾਂ ਦੀ ਹਮਾਇਤ ਕਰਦੇ ਰਹੇ। ਕਾਂਗਰਸ ਉਦੋਂ ਵੀ ਹਿੰਦੂ ਮਹਾਂ ਸਭਾ ਅਤੇ ਆਰ ਐੱਸ ਐੱਸ ਦੇ ਦੋਗਲੇ ਕਿਰਦਾਰ ਵਿਰੁੱਧ ਭਾਰਤੀ ਲੋਕ ਮਨਾਂ ਵਿੱਚ ਹਿੰਦੂ ਮਹਾਂਸਭਾ ਅਤੇ ਆਰ ਐੱਸ ਐੱਸ ਵਿਰੁੱਧ ਗੁੱਸਾ ਨਹੀਂ ਭਰ ਸਕੀ।

1948 ਵਿੱਚ ਆਰ ਐੱਸ ਐੱਸ ਦੇ ਜ਼ਹਿਰ ਦਾ ਸ਼ਿਕਾਰ ਨੱਥੂ ਰਾਮ ਗੌਡਸੇ ਮਹਾਤਮਾ ਗਾਂਧੀ ਦਾ ਕਤਲ ਕਰਦਾ ਹੈ। ਸਰਦਾਰ ਪਟੇਲ ਪ੍ਰਸ਼ਾਸਕੀ ਫੈਸਲਾ ਲੈ ਕੇ ਆਰ ਐੱਸ ਐੱਸ ਉੱਤੇ ਪ੍ਰਤੀਬੰਧ ਲਗਾ ਦਿੰਦਾ ਹੈ, ਪਰ ਕਾਂਗਰਸ ਵੱਲੋਂ ਆਰ ਐੱਸ ਐੱਸ ਦੇ ਸਿਆਸੀ ਵਿਰੋਧ ਦਾ ਫੈਸਲਾ ਵੇਖਣ ਨੂੰ ਨਹੀਂ ਮਿਲਿਆ। ਹਾਲਾਂਕਿ ਇਸ ਘੜੀ ਕਾਂਗਰਸ ਆਪਣੇ ਪ੍ਰਚਾਰ ਨਾਲ ਆਰ ਐੱਸ ਐੱਸ ਨੂੰ ਲੋਕ ਮਨਾਂ ਵਿੱਚ ਏਨਾ ਘਿਰਣਾਯੋਗ ਬਣਾ ਸਕਦੀ ਸੀ ਕਿ ਇਸ ਉੱਤੇ ਪ੍ਰਤੀਬੰਧ ਹਟਣ ਉੱਤੇ ਵੀ ਇਹ ਲੋਕ ਮਨਾ ਵਿੱਚ ਪ੍ਰਤੀਬੰਧਤ ਹੀ ਰਹਿਣੀ ਸੀ।

ਅਜ਼ਾਦੀ ਉਪਰੰਤ ਕਾਂਗਰਸ ਪਾਰਟੀ ਭਾਵੇਂ ਪੰਜ ਸਾਲਾ ਯੋਜਨਾਵਾਂ ਰਾਹੀਂ ਹੀ ਦੇਸ਼ ਦੇ ਨਿਰਮਾਣ ਵਿੱਚ ਜੁਟ ਗਈ, ਪਰ ਆਰ ਐੱਸ ਐੱਸ ਦਾ ਵਿਚਾਰਧਾਰਕ ਵਿਰੋਧ ਕਰਨ ਵਿੱਚ ਮੌਕਾਪ੍ਰਸਤ ਖਾਮੋਸ਼ੀ ਦਾ ਸ਼ਿਕਾਰ ਬਣੀ ਰਹੀ। ਇੰਦਰਾ ਗਾਂਧੀ ਨੇ ਤਾਂ ਸਾਵਰਕਰ ਦੀ ਮੂਰਤ ਹੀ ਪਾਰਲੀਮੈਂਟ ਵਿੱਚ ਲਗਵਾ ਦਿੱਤੀ। ਇਕ ਵਾਕ ਵਿੱਚ ਜੇਕਰ ਕਹਿਣਾ ਹੋਵੇ ਤਾਂ ਸਾਵਰਕਰ ਦੀ ਮੂਰਤੀ ਦੀ ਸਥਾਪਨਾ ਤੱਕ ਦੀ ਯਾਤਰਾ ਕਾਂਗਰਸ ਦੀ ਇਸ ਮੁੱਦੇ ਉੱਤੇ ਹਿੰਦੂਤਵ ਦੇ ਵਿਕਾਸ ਲਈ ਪੂਰੀ ਤਰ੍ਹਾਂ ਜ਼ੁੰਮੇਵਾਰ ਬਣੇ ਰਹਿਣ ਵਾਲੀ ਯਾਤਰਾ ਹੈ। ਕਿਸੇ ਵੇਲੇ ਰਾਹੁਲ ਗਾਂਧੀ ਨੂੰ ਇਸ ਦੀ ਮਾਫੀ ਮੰਗਣੀ ਪਏਗੀ।

ਉੱਪਰ ਦਰਸਾਇਆ ਵਿਰੋਧ ਦਾ ਉਹ ਪੱਖ ਹੈ, ਜਿਸ ਵਿੱਚ ਕਾਂਗਰਸ ਦੀ ਖਾਮੋਸ਼ੀ ਪ੍ਰਧਾਨ ਹੈ। ਹਿੰਦੂਤਵ ਦੇ ਵਿਕਾਸ ਵਿੱਚ ਅਤੇ ਆਰ ਐੱਸ ਐੱਸ ਦੇ ਵਿਸਥਾਰ ਵਿੱਚ ਸਭ ਤੋਂ ਵੱਡਾ ਯੋਗਦਾਨ ਭਾਜਪਾ ਨੂੰ ਸੂਬਾ ਸਰਕਾਰਾਂ ਅਤੇ ਕੇਂਦਰ ਸਰਕਾਰ ਦੀ ਗੱਦੀ ਮਿਲ ਜਾਣਾ ਹੈ। ਭਾਜਪਾ ਦੀ ਇਸ ਪ੍ਰਾਪਤੀ ਵਿੱਚ ਕਾਂਗਰਸ ਦੀਆਂ ਆਰਥਿਕ ਨੀਤੀਆਂ ਹਨ, ਜਿਹਨਾਂ ਕਰਕੇ ਇਕ ਪਾਸੇ ਭ੍ਰਿਸ਼ਟਾਚਾਰ ਅਤੇ ਦੂਜੇ ਪਾਸੇ ਬੇਰੋਜ਼ਗਾਰੀ, ਮਹਿੰਗਾਈ ਨੇ ਲੋਕ ਕਾਂਗਰਸ ਤੋਂ ਦੂਰ ਕਰ ਦਿੱਤੇ। ਉਨ੍ਹਾਂ ਹੀ ਆਰਥਿਕ ਨੀਤੀਆਂ ਦੇ ਨਤੀਜੇ ਤਾਂ ਹੁਣ ਵੀ ਉਹੀ ਹਨ, ਪਰ ਸਿਆਸੀ ਮੰਚ ਉੱਤੇ ਹਿੰਦੂਤਵ ਦੀ ਪੁੱਠ ਨਾਲ ਸਿਆਸੀ ਬਦਲਾਅ ਦਾ ਨਤੀਜਾ ਹਰ ਵਾਰ ਦੂਰ ਚਲਾ ਜਾਂਦਾ ਹੈ। ਭਾਜਪਾ ਜਦੋਂ ਸ਼ਰੇਆਮ ਕਹਿੰਦੀ ਹੈ ਕਿ ਉਹ ਤਾਂ ਕਾਂਗਰਸ ਦੀਆਂ ਆਰਥਿਕ ਨੀਤੀਆਂ ਉੱਤੇ ਹੀ ਅਮਲ ਕਰ ਰਹੀ ਹੈ ਤਾਂ ਕਾਂਗਰਸ ਦੀ ਨਿਰਉਤਰਤਾ ਭਾਜਪਾ ਦੇ ਵਿਕਾਸ ਵਿੱਚ ਕਾਂਗਰਸ ਭਾਗੀਦਾਰੀ ਦੀ ਗਵਾਹੀ ਸਮਝਣੀ ਚਾਹੀਦੀ ਹੈ।

ਹੁਣ ਕਾਂਗਰਸ ਦੇ ਗਠਨ ਤੋਂ 140 ਸਾਲ ਬਾਅਦ ਰਾਹੁਲ ਗਾਂਧੀ ਭਾਜਪਾ ਅਤੇ ਆਰ ਐੱਸ ਐੱਸ ਦੇ ਆਰਥਿਕ ਅਤੇ ਸਮਾਜਿਕ -ਸੱਭਿਆਚਾਰਕ-ਰਾਜਨੀਤਕ ਫਰੰਟਾਂ ਉੱਤੇ ਬੇਬਾਕ ਬੋਲਦੇ ਹਨ। ਕਾਂਗਰਸ ਦਾ ਬਹੁਤਾ ਹਿੱਸਾ ਹਾਲੇ ਵੀ ਇਸ ਪੱਖੋਂ ਉਸ ਤੋਂ ਕੋਹਾਂ ਪਿਛੇ ਹੈ। ਕਾਂਗਰਸ ਦੀ ਇਹ ਵਿਚਾਰਧਾਰਕ ਕਚਿਆਈ ਰਾਹੁਲ ਗਾਂਧੀ ਲਈ ਅਸੁਰੱਖਿਆ ਵਧਾਉਂਦੀ ਹੈ, ਫਿਰ ਕਚਿਆਈ ਦੂਰ ਨਹੀਂ ਹੋ ਰਹੀ।

ਆਰ ਐੱਸ ਐੱਸ ਨੂੰ ਸਿੱਧੀ ਸਹਾਇਤਾ ਨਾ ਸਹੀ, ਭਾਰਤ ਦਾ ਬਹੁਤੀਆਂ ਸਿਆਸੀ ਪਾਰਟੀਆਂ ਦਾ ਭਾਜਪਾ ਨਾਲ ਸਿਆਸੀ ਤਾਲਮੇਲ ਦਾ ਨਤੀਜਾ ਆਰ ਐੱਸ ਐੱਸ ਦੀ ਮਜ਼ਬੂਤੀ ਵਿੱਚ ਹੀ ਨਿਕਲਦਾ ਹੈ। ਕਮਿਊਨਿਸਟਾਂ ਸਮੇਤ ਸਾਰੇ ਦਲ ਸ਼ੁਰੂ ਸ਼ੁਰੂ ਵਿੱਚ 1967 ਤੋਂ ਬਾਅਦ ਜਨਸੰਘ ਨੂੰ ਮਿਲੀਆਂ-ਜੁਲੀਆਂ ਸਰਕਾਰਾਂ ਵਿੱਚ ਸ਼ਾਮਲ ਕਰਦੇ-ਕਰਦੇ ਅੱਜ ਭਾਜਪਾ ਦੀ ਅਗਵਾਈ ਵਿੱਚ ਬਣਨ ਵਾਲੀਆਂ ਸਰਕਾਰਾਂ ਵਿੱਚ ਛੋਟੇ ਭਾਗੀਦਾਰ ਬਣ ਕੇ ਸ਼ਾਮਲ ਹੋ ਰਹੇ ਹਨ। ਹਿੰਦੂਤਵ ਦੇ ਤਿੰਨ ਐਲਾਨੀਆਂ ਦੁਸ਼ਮਣ ਹਨ, ਜਿਹਨਾਂ ਵਿੱਚ ਮੁਸਲਮਾਨ, ਈਸਾਈਆਂ ਤੋਂ ਬਾਅਦ ਕਮਿਊਨਿਸਟ ਹਨ। ਪਰ ਕਮਿਊਨਿਸਟ ਫਿਰ ਵੀ ਉਹਨਾਂ ਸਰਕਾਰਾਂ ਵਿੱਚ ਸ਼ਾਮਲ ਹੁੰਦੇ ਰਹੇ, ਜਿਹਨਾਂ ਵਿੱਚ ਜਨਸੰਘ ਵੀ ਸ਼ਾਮਿਲ ਸੀ, ਹਾਲਾਂਕਿ ਕਮਿਊਨਿਸਟ ਵਧੇਰੇ ਪੜ੍ਹੇ-ਲਿਖੇ ਸਮਝੇ ਜਾਂਦੇ ਹਨ।

ਪੰਜਾਬੋਂ ਬਾਹਰ ਬਾਰੇ ਸੋਚਿਆ ਜਾ ਸਕਦਾ ਹੈ ਕਿ ਉੱਥੇ ਭਾਜਪਾ ਦੇ ਸਮਾਜਵਾਦ, ਧਾਰਮਿਕ, ਸੱਭਿਆਚਾਰਕ ਵਿਚਾਰਾਂ ਦੇ ਵਿਰੋਧ ਦੀ ਸਿਰਜਣਾ ਕਰਨੀ ਪੈਣੀ ਸੀ। ਪੰਜਾਬ ਦੀ ਧਰਤੀ ਤਾਂ ਪਹਿਲਾਂ ਤੋਂ ਹੀ ਆਰ ਐੱਸ ਐੱਸ ਦੀ ਵਿਚਾਰਧਾਰਾ ਭਾਵ ਹਿੰਦੂਤਵ ਦੇ ਵਿਰੋਧਵਿੱਚ ਹੈ। ਇੱਥੋਂ ਦਾ ਸੱਭਿਆਚਾਰ ਗੁਰੂਆਂ ਦੀ ਮਾਨਵਵਾਦੀ ਸੋਚ ਉੱਤੇ ਅਧਾਰਤ ਸਮਾਜਵਾਦ ਪੱਖੀ ਅਤੇ ਮਨੂਵਾਦ ਦਾ ਵਿਰੋਧੀ ਹੈ। ਫਿਰ ਗਦਰੀਆਂ, ਇਨਕਲਾਬੀਆਂ ਨੇ ਇਹਨਾਂ ਹੀ ਕਦਰਾਂ-ਕੀਮਤਾਂ ਉੱਤੇ ਚਲਦਿਆਂ ਦੇਸ਼ ਦੀ ਅਜ਼ਾਦੀ ਲਈ ਫਾਂਸੀਆਂ ਕਬੂਲੀਆਂ। ਭਾਜਪਾ ਜਿਹੜੀ ਨਫਰਤ ਨਾਲ ਲਬਰੇਜ਼ ਹੈ, ਅਜ਼ਾਦੀ ਦੇ ਪ੍ਰਵਾਨਿਆ ਨੂੰ ਗੁੰਮਰਾਹ ਹੋਏ ਦੱਸਦੀ ਰਹੀ (ਗੋਲਵਾਲਕਰ) ਅਜਿਹੀ ਪਛਾਖੜੀ ਭਾਜਪਾ ਨਾਲ ਅਕਾਲੀ ਦਲ ਦੀ ਸਾਂਝ ਨੂੰ ਕਿਸੇ ਪਾਸੇ ਤੋਂ ਵੀ ਸਹੀ ਨਹੀਂ ਠਹਿਰਾਇਆਜਾ ਸਕਦਾ।

ਆਰ ਐੱਸ ਐੱਸ ਅਤੇ ਭਾਜਪਾ ਦੇ ਵਿਸਥਾਰ ਵਿੱਚ ਦੇਸ਼ ਦੀਆਂ ਸਿਆਸੀ ਪਾਰਟੀਆਂ ਦੀ ਭੂਮਿਕਾ ਉਪਰੰਤ ਦੇਸ਼ ਦੇ ਧਨ-ਕੁਬੇਰਾਂ ਅਤੇ ਦੇਸ਼ ਦੇ ਪ੍ਰਿੰਟ ਅਤੇ ਬਿਜਲਈ ਮੀਡੀਏ ਦਾ ਯੋਗਦਾਨ ਹੈ। ਜਿਹੜਾ ਆਪਣੇ ਧਰਮ ਨੂੰ ਪੈਸੇ ਅੱਗੇ ਵੇਚ ਚੁੱਕਾ ਹੈ ਜਾਂ ਈ ਡੀ ਅਤੇ ਆਈ ਟੀ ਵਰਗੀਆਂ ਏਜੰਸੀਆ ਤੋਂ ਡਰ ਰਿਹਾ ਹੈ। ਇਹਨਾਂ ਏਜੰਸੀਆਂ ਵਿੱਚ ਦੇਸ਼ ਦਾ ਚੋਣ ਕਮਿਸ਼ਨ ਅਤੇ ਦੇਸ਼ ਦੀ ਆਲ੍ਹਾ ਅਫਸਰਸ਼ਾਹੀ ਅਤੇ ਪੁਲਸ ਬਰਾਬਰ ਦੇ ਜ਼ੁੰਮੇਵਾਰ ਹਨ।

ਇਸ ਸਭ ਤੋਂ ਉਪਰੰਤ ਭਾਜਪਾ ਦੇ ਵਿਕਾਸ ਵਿੱਚ ਦੇਸ਼ ਦੇ ਲੋਕਾਂ ਦੇ ਯੋਗਦਾਨ ਦੀ ਗੱਲ ਕਰਨੀ ਬਣਦੀ ਹੈ। ਲੋਕਾਂ ਦੀ ਸਿਆਸੀ ਚੇਤਨਾ ਦਾ ਨੀਵਾਂ ਪੱਧਰ, ਆਰਥਿਕ ਨੀਤੀਆਂ ਤੋਂ ਅਣਜਾਣਪੁਣਾ, ਧਾਰਮਿਕ ਜਨੂੰਨ ਆਰ ਐੱਸ ਐੱਸ ਅਤੇ ਭਾਜਪਾ ਦੇ ਪਸਾਰ ਲਈ ਮੁਫੀਦ ਸਾਬਤ ਹੋਏ ਹਨ। ਇਸ ਸਭ ਤੋਂ ਉਪਰ ਵੋਟ ਨੂੰ ਰਿਓੜੀਆਂ ਦੇ ਭਾਅ ਵੇਚ ਦੇਣ ਦਾ ਵਰਤਾਰਾ ਭਾਜਪਾ ਅਤੇ ਆਰ ਐੱਸ ਐੱਸ ਦੇ ਵਿਸਥਾਰ ਵਿੱਚ ਆਪਣਾ ਯੋਗਦਾਨ ਪਾ ਰਿਹਾ ਹੈ। ਜੇਕਰ ਭਾਜਪਾ ਅਤੇ ਆਰ ਐੱਸ ਐੱਸ ਦੇਸ਼ ਨੂੰ ਵਿਕਾਸ ਦੇਣ ਦੀ ਥਾਂਹ ਦੇਸ਼ ਨੂੰ ਖੜੋਤ ਵਿੱਚ ਰੱਖ ਰਹੇ ਹਨ ਜਾਂ ਪਿਛਾਂਹਾਂ ਲਿਜਾ ਰਹੇ ਹਨ ਤਾਂ ਉਪਰੋਕਤ ਸਾਰਾ ਕੁੱਝ ਵਿਚਾਰ ਕੇ ਹਰ ਧਿਰ ਨੂੰ ਆਪਣੀ ਭੂਮਿਕਾ ਨਵੇਂ ਸਿਰੇ ਤੋਂ ਘੜ ਕੇ ਫਿਰ ਚੇਤੰਨ ਹੋ ਕੇ ਨਿਭਾਉਣੀ ਪਏਗੀ।

**# ਸੰਪਰਕ : 94176-52947**

# ਸਿਆਸਤ 'ਚ ਡੇਰੇਦਾਰਾਂ ਦੀ ਵਧਦੀ ਦਖ਼ਲ-ਅੰਦਾਜ਼ੀ

**ਸੰਤੋਖ ਗਿੱਲ**

ਕਿਸੇ ਸਮੇਂ ਪੰਜਾਬ ਦੀ ਰਾਜਨੀਤੀ ਨੂੰ ਸਮਝਣ ਵਾਲੇ ਸਿਆਸੀ ਪਡਿਤ ਆਖਦੇ ਸਨ ਕਿ ਪੰਜਾਬ ਸਕੱਤਰੇਤ ਦਾ ਰਸਤਾ ਖੇਤਾਂ ਵਿੱਚੋਂ ਹੋ ਕੇ ਲੰਘਦਾ ਹੈ, ਪਰ ਹੁਣ ਸਮੇਂ ਨੇ ਕਰਵੱਟ ਬਦਲੀ ਹੈ, ਇਸੇ ਕਰ ਕੇ ਹੁਣ ਨਵੀਂ ਕਹਾਵਤ ਘੜੀ ਜਾ ਰਹੀ ਹੈ ਕਿ ਪੰਜਾਬ ਸਕੱਤਰੇਤ ਦਾ ਰਸਤਾ ਖੇਤਾਂ ਵਿੱਚੋਂ ਹੋ ਕੇ ਨਹੀਂ, ਸਗੋਂ ਡੇਰਿਆਂ ਦੇ ਦਰਵਾਜ਼ਿਆਂ ਰਾਹੀਂ ਹੋ ਕੇ ਲੰਘਦਾ ਹੈ ।ਇਹ ਕਹਾਵਤ 2026 ਵਿੱਚ ਵੀ ਬਿਲਕੁਲ ਤਾਜ਼ਾ ਹੈ। ਡੇਰਾ ਬਿਆਸ, ਡੇਰਾ ਸੱਚਖੰਡ ਬੱਲਾਂ, ਡੇਰਾ ਸਿਰਸਾ ਅਤੇ ਡੇਰਾ ਨੂਰਮਹਿਲ ਵਰਗੇ ਵੱਡੇ ਡੇਰੇ ਨਾ ਸਿਰਫ਼ ਧਾਰਮਿਕ ਤੇ ਸਮਾਜਿਕ ਤਾਕਤ ਬਣ ਚੁੱਕੇ ਹਨ, ਸਗੋਂ ਚੋਣਾਂ ਵਿੱਚ ਵੋਟਾਂ ਦਾ ਗਣਿਤ ਬਦਲਣ ਵਾਲੀ ਤਾਕਤ ਵੀ ਬਣ ਚੁੱਕੇ ਹਨ ।ਸਵਾਲ ਇਹ ਹੈ ਕਿ ਡੇਰੇਦਾਰ ਹੁਣ ਸਿਰਫ਼ ਆਪਣੇ ਭਗਤਾਂ ਨੂੰ ਵੋਟਾਂ ਦੇਣ ਲਈ ਨਹੀਂ ਕਹਿ ਰਹੇ, ਸਗੋਂ ਉਹ ਖ਼ੁਦ ਸਿੱਧੇ ਸਿਆਸਤ ਦੀ ਦੌੜ ਵਿੱਚ ਸ਼ਾਮਲ ਹਨ ਅਤੇ ਸੂਬੇ ਦੀ ਸੱਤਾ ਉੱਤੇ ਖ਼ੁਦ ਕਬਜ਼ਾ ਕਰਨ ਲਈ ਬੇਹੱਦ ਬੇਤਾਬ ਨਜ਼ਰ ਆ ਰਹੇ ਹਨ ।

ਇਸ ਦਾ ਸਭ ਤੋਂ ਵੱਡਾ ਕਾਰਨ ਹੈ ਵੋਟ ਬੈਂਕ ਦੀ ਅਸਲ ਤਾਕਤ । ਪੰਜਾਬ ਵਿੱਚ ਦਲਿਤਾਂ (ਅਨੁਸੂਚਿਤ ਜਾਤੀਆਂ) ਦੀ ਆਬਾਦੀ ਲਗਭਗ 32-34 ਫੀਸਦੀ ਹੈ, ਜੋ ਦੇਸ਼ ਵਿੱਚ ਸਭ ਤੋਂ ਵੱਧ । ਡੇਰਾ ਸੱਚਖੰਡ ਬੱਲਾਂ (ਰਵਿਦਾਸੀਆ ਭਾਈਚਾਰਾ) ਦਾ ਪ੍ਰਭਾਵ ਦੋਆਬੇ ਦੇ ਲਗਭਗ ਦੋ ਦਰਜਨ ਵਿਧਾਨ ਸਭਾ ਹਲਕਿਆਂ ਵਿੱਚ ਸਿੱਧਾ ਦਿਖਾਈ ਦਿੰਦਾ ਹੈ । ਡੇਰਾ ਬਿਆਸ (ਰਾਧਾ ਸੁਆਮੀ) ਦੇ ਲੱਖਾਂ ਭਗਤ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਫੈਲੇ ਹੋਏ ਹਨ । ਇਹ ਭਗਤ ਆਪਣੇ 'ਬਾਬਾ ਜੀ' ਦੇ ਇੱਕ ਇਸ਼ਾਰੇ 'ਤੇ ਵੋਟ ਪਾ ਸਕਦੇ ਹਨ । ਪਹਿਲਾਂ ਇਹ ਡੇਰੇਦਾਰ ਸਿਆਸੀ ਪਾਰਟੀਆਂ ਨੂੰ ਵੋਟਾਂ ਦੇ ਕੇ ਬਦਲੇ ਵਿੱਚ ਸਰਕਾਰੀ ਸਹੂਲਤਾਂ, ਜ਼ਮੀਨਾਂ, ਬਿਜਲੀ-ਪਾਣੀ ਅਤੇ ਕਾਨੂੰਨੀ ਸੁਰੱਖਿਆ ਲੈਂਦੇ ਰਹੇ ਸਨ । ਸੱਤਾ ਦੀ ਚਕਾਚੌਂਧ ਕਾਰਨ ਹੁਣ ਉਹ ਸੋਚਣ ਲੱਗੇ ਹਨ ਕਿ ਕਿਉਂ ਨਾ ਖ਼ੁਦ ਸੱਤਾ ਆਪਣੇ ਹੱਥ ਲਈ ਜਾਵੇ ?

ਦੂਜਾ ਵੱਡਾ ਕਾਰਨ ਹੈ, ਸੰਪਤੀ (ਜਾਇਦਾਦ) ਅਤੇ ਵਪਾਰਕ ਹਿੱਤਾਂ ਦੀ ਰਾਖੀ। ਇਨ੍ਹਾਂ ਡੇਰਿਆਂ ਕੋਲ ਅਰਬਾਂ-ਖਰਬਾਂ ਰੁਪਏ ਦੀ ਜਾਇਦਾਦ, ਹਸਪਤਾਲ, ਸਿੱਖਿਆ ਸੰਸਥਾਵਾਂ, ਬੈਂਕ ਅਤੇ ਵਪਾਰਕ ਅਦਾਰੇ ਹਨ । ਡੇਰਾ ਬਿਆਸ ਦੇ ਮੁਖੀ ਨਾਲ ਜੁੜੀਆਂ ਕੰਪਨੀਆਂ (ਜਿਵੇਂ ਫੋਰਟਿਸ ਹੈੱਲਥ ਕੇਅਰ) ਉੱਤੇ ਵਿੱਤੀ ਬੇਨਿਯਮੀਆਂ ਦੇ ਮਾਮਲੇ ਚੱਲ ਰਹੇ ਹਨ । ਅਜਿਹੇ ਹਾਲਾਤ ਵਿੱਚ ਸਰਕਾਰੀ ਸੱਤਾ ਹੱਥ ਵਿੱਚ ਹੋਣ ਨਾਲ ਜਾਂਚਾਂ ਨੂੰ ਸਹਿਜੇ ਹੀ ਰੋਕਿਆ ਜਾ ਸਕਦਾ ਹੈ, ਟੈਕਸਾਂ ਵਿੱਚ ਛੋਟ ਮਿਲ ਸਕਦੀ ਹੈ ਅਤੇ ਵਪਾਰਕ ਹਿੱਤ ਸੁਰੱਖਿਅਤ ਰੱਖੇ ਜਾ ਸਕਦੇ ਹਨ । ਇਸ ਲਈ ਡੇਰੇਦਾਰ ਹੁਣ ਸਿਰਫ਼ ਪਿੱਛੇ ਤੋਂ ਸਮਰਥਨ ਨਹੀਂ, ਸਗੋਂ ਸਾਹਮਣੇ ਆ ਕੇ ਸਿਆਸੀ ਭੂਮਿਕਾ ਨਿਭਾਉਣ ਲਈ ਕਾਹਲੇ ਪੈ ਰਹੇ ਹਨ ।

ਤੀਜਾ ਕਾਰਨ ਹੈ ਆਪਣੀ ਪਛਾਣ ਅਤੇ ਸਮਾਜਿਕ ਸਤਿਕਾਰ ਨੂੰ ਰਾਜਨੀਤਕ ਤਾਕਤ ਵਿੱਚ ਬਦਲਣਾ। ਰਵਿਦਾਸੀਆ, ਆਦਿ-ਧਰਮੀ ਅਤੇ ਹੋਰ ਵਰਗਾਂ ਨੇ ਡੇਰਿਆਂ ਰਾਹੀਂ ਆਪਣੀ ਵੱਖਰੀ ਪਛਾਣ ਬਣਾਈ ਹੈ। ਹੁਣ ਉਹ ਇਸ ਪਛਾਣ ਨੂੰ ਸਿਆਸੀ ਤਾਕਤ ਵਿੱਚ ਬਦਲਣਾ ਚਾਹੁੰਦੇ ਹਨ, ਤਾਂ ਜੋ ਸਰਕਾਰੀ ਨੀਤੀਆਂ ਵਿੱਚ ਆਪਣੇ ਹਿੱਤਾਂ ਨੂੰ ਸਿੱਧਾ ਪ੍ਰਭਾਵਤ ਕੀਤਾ ਜਾ ਸਕੇ।

ਚੌਥਾ ਅਤੇ ਸਭ ਤੋਂ ਖ਼ਤਰਨਾਕ ਕਾਰਨ ਹੈ ਸਿਆਸੀ ਪਾਰਟੀਆਂ ਦੀ ਕਮਜ਼ੋਰੀ ।ਸਾਰੀਆਂ ਹੀ ਪਾਰਟੀਆਂ ਦੀ ਆਪੋ-ਆਪਣੀ ਵੋਟ ਬੈਂਕ ਖਿਸਕ ਰਹੀ ਹੈ । ਖੇਤੀ ਕਾਨੂੰਨਾਂ ਖ਼ਿਲਾਫ਼ ਇਤਿਹਾਸਕ ਦਿੱਲੀ ਅੰਦੋਲਨ ਤੋਂ ਬਾਅਦ ਜੱਟ ਸਿੱਖ ਮੁੜ ਵੋਟਾਂ ਵਿੱਚ ਵੰਡੇ ਗਏ ਹਨ । ਅਜਿਹੇ ਸਮੇਂ ਡੇਰੇਦਾਰ ਸੋਚਦੇ ਹਨ ਕਿ ਜੇ ਸਿਆਸੀ ਪਾਰਟੀਆਂ ਆਪਣੇ ਆਪ ਨੂੰ ਬਚਾਉਣ ਲਈ ਡੇਰਿਆਂ ਦੇ ਪਿੱਛੇ ਭੱਜ ਰਹੀਆਂ ਹਨ ਤਾਂ ਉਹ ਖ਼ੁਦ ਅੱਗੇ ਆ ਕੇ ਸੱਤਾ ਦੀ ਚਾਬੀ ਆਪਣੇ ਹੱਥ ਲੈ ਲੈਣ ਤਾਂ ਕੀ ਹਰਜ਼ ਹੈ । ਜਦੋਂ ਧਰਮ ਅਤੇ ਰਾਜਨੀਤੀ ਇੱਕ ਹੋ ਜਾਣ ਤਾਂ ਲੋਕਤੰਤਰ ਕਮਜ਼ੋਰ ਹੁੰਦਾ ਹੈ । ਭਗਤਾਂ ਦੀ ਅੰਨ੍ਹੀ ਭਗਤੀ ਨੂੰ ਵੋਟ ਬੈਂਕ ਵਜੋਂ ਵਰਤਣ ਨਾਲ ਸਮਾਜ ਵਿੱਚ ਵੰਡ ਹੋਰ ਡੂੰਘੀ ਹੁੰਦੀ ਹੈ ਅਤੇ ਅਸਲ ਮੁੱਦੇ ਬੇਰੁਜ਼ਗਾਰੀ, ਕਿਸਾਨੀ ਸੰਕਟ, ਨਸ਼ੇ ਅਤੇ ਪੰਜਾਬ ਦੇ ਹੱਕ ਕਿਤੇ ਪਿੱਛੇ ਰਹਿ ਜਾਂਦੇ ਹਨ । ਡੇਰੇਦਾਰਾਂ ਦੀ ਇਹ ਕਾਹਲ ਸੱਤਾ ਦੀ ਲਾਲਸਾ ਨਾਲੋਂ ਵੱਧ ਆਪਣੇ ਹਿੱਤਾਂ ਨੂੰ ਸਦਾ ਲਈ ਸੁਰੱਖਿਅਤ ਕਰਨ ਦੀ ਕੋਸ਼ਿਸ਼ ਹੈ। ਹੁਣ ਸਵਾਲ ਇਹ ਵੀ ਹੈ ਕੀ ਪੰਜਾਬ ਦੇ ਲੋਕ ਆਪਣੀ ਵੋਟ ਧਾਰਮਿਕ ਆਗੂਆਂ ਦੇ ਹੱਥ ਤਾਕਤ ਸੌਂਪਣ ਲਈ ਤਿਆਰ ਹਨ ਜਾਂ ਉਹ ਅਸਲ ਸਿਆਸੀ ਜਵਾਬਦੇਹੀ ਅਤੇ ਵਿਕਾਸ ਚਾਹੁੰਦੇ ਹਨ ? ਸਮਾਂ ਜਲਦੀ ਹੀ ਇਸ ਦਾ ਜਵਾਬ ਦੇਵੇਗਾ, 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਹ ਨਿੱਖਰ ਕੇ ਸਾਹਮਣੇ ਆ ਹੀ ਜਾਵੇਗਾ।

**ਸੰਪਰਕ- 94172-75584**

# ਟੈੱਟ ਨੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਅਧਿਆਪਕਾਂ ਦੇ ਸਾਹ ਸੂਤੇ


ਹਰਸੰਤ ਸਿੰਘ ਢੀਂਡਸਾ

ਅਧਿਆਪਕ ਕੌਮ ਦਾ ਨਿਰਮਾਤਾ ਹੈ, ਪੁਰਾਤਨ ਸਮੇਂ ਤੋਂ ਹੀ ਸਮਾਜ ਵਿੱਚ ਅਧਿਆਪਕ ਦਾ ਸਤਿਕਾਰ ਬਹੁਤ ਜ਼ਿਆਦਾ ਰਿਹਾ ਹੈ, ਮਹਾਭਾਰਤ ਵਿੱਚ ਗੁਰੂ ਦਰੋਣਾਚਾਰੀਆ ਨੂੰ ਕੌਰਵਾਂ ਅਤੇ ਪਾਂਡਵਾਂ ਦੁਆਰਾ ਦਿੱਤਾ ਸਤਿਕਾਰ ਇੱਕ ਮਿਸਾਲ ਸੀ, ਏਕਲਵਿਆ ਵੱਲੋਂ ਆਪਣੇ ਗੁਰੂ ਨੂੰ ਦਾਨ ਦਕਸ਼ਨਾਂ ਵਿੱਚ ਹੱਥ ਦਾ ਅੰਗੂਠਾ ਭੇਟ ਕਰਨਾ ਦਰਸਾਉਂਦਾ ਹੈ ਕਿ ਗੁਰੂ ਦਾ ਉਸ ਸਮੇਂ ਕਿੰਨਾ ਉਤਮ ਦਰਜਾ ਸੀ, ਅਧਿਆਪਕ ਉਹ ਦੀਵਾ ਹੈ, ਜੋ ਸਮਾਜ ਨੂੰ ਰੌਸ਼ਨੀ ਪ੍ਰਦਾਨ ਕਰਦਾ ਹੈ, ਵਿਦਿਆਰਥੀਆਂ ਲਈ ਅਧਿਆਪਕ ਉਸ ਪੌੜੀ ਦੇ ਵਾਂਗ ਹੈ, ਜਿਸ ਦੇ 'ਤੇ ਚੜ੍ਹ ਕੇ ਵਿਦਿਆਰਥੀ ਆਪਣੀਆਂ ਮੰਜ਼ਲਾਂ ਸਰ ਕਰਦੇ ਹਨ, ਵੱਡੇ-ਵੱਡੇ ਅਹੁਦਿਆਂ ਉੱਤੇ ਪਹੁੰਚ ਕੇ ਇਨਸਾਨ ਆਪਣੇ ਅਧਿਆਪਕ ਨੂੰ ਹਮੇਸ਼ਾ ਯਾਦ ਰੱਖਦੇ ਹਨ, ਵਿਦਿਆਰਥੀ ਦੀ ਸਫਲਤਾ ਦੀ ਸਭ ਤੋਂ ਜ਼ਿਆਦਾ ਖੁਸ਼ੀ ਉਸ ਦੇ ਅਧਿਆਪਕ ਨੂੰ ਹੁੰਦੀ ਹੈ, ਦੇਸ਼ ਆਜ਼ਾਦੀ ਤੋਂ ਬਾਅਦ ਵਿਦਿਆਰਥੀਆਂ ਨੂੰ ਗਿਆਨ ਦੇਣ ਲਈ ਸਰਕਾਰਾਂ ਵੱਲੋਂ ਪਿੰਡ-ਪਿੰਡ ਸਕੂਲ ਖੋਲ੍ਹੇ ਗਏ, ਸਰਕਾਰੀ ਸਕੂਲਾਂ ਵਿੱਚੋਂ ਬਹੁਤ ਉੱਚ ਕੋਟੀ ਦੇ ਵਿਦਵਾਨ ਪੈਦਾ ਹੋਏ, ਜਿਨ੍ਹਾਂ ਨੇ ਦੇਸ਼ ਦਾ ਨਾਂਅ ਰੌਸ਼ਨ ਕੀਤਾ, ਸਾਰੇ ਪਿੰਡ ਦੇ ਬੱਚੇ ਇੱਕ ਹੀ ਸਕੂਲ ਦੇ ਵਿੱਚ ਪੜ੍ਹਦੇ, ਵਿਦਿਆਰਥੀਆਂ ਵਿੱਚ ਪਿਆਰ-ਮੁਹੱਬਤ, ਆਪਸੀ ਸਾਂਝਾਂ, ਪ੍ਰੇਮ ਪਿਆਰ ਦਾ ਸੱਭਿਆਚਾਰ ਸਿਰਜਿਆ ਜਾਂਦਾ, ਪ੍ਰੰਤੂ ਜਿਵੇਂ ਕਹਿੰਦੇ ਹਨ ਕਿ ਇਨਸਾਨ ਦੀਆਂ ਲਾਲਚੀ ਪ੍ਰਵਿਰਤੀਆਂ ਅਧੀਨ ਪੂੰਜੀਵਾਦੀ ਲੋਕਾਂ ਵੱਲੋਂ ਨਿੱਜੀਕਰਨ ਦਾ ਐਸਾ ਦੈਂਤ ਪੈਦਾ ਕੀਤਾ ਗਿਆ ਕਿ ਜਿਸ ਨੇ ਸਾਡੀਆਂ ਮਾਣਮੱਤੀਆਂ ਸਰਕਾਰੀ ਸੰਸਥਾਵਾਂ ਨੂੰ ਨਿਗਲਣਾ ਸ਼ੁਰੂ ਕਰ ਦਿੱਤਾ, ਭਾਰਤ ਵਿੱਚ 1990-91 ਵਿੱਚ ਲਿਆਂਦੀਆਂ ਆਰਥਿਕ ਉਦਾਰਵਾਦੀ ਨੀਤੀਆਂ ਨੇ ਸਰਕਾਰੀ ਅਦਾਰਿਆਂ ਨੂੰ ਘੁਣ ਵਾਂਗੂੰ ਖਾਣਾ ਸ਼ੁਰੂ ਕੀਤਾ, ਆਮ ਲੋਕਾਂ ਨੂੰ ਭੁਲੇਖਾ ਪਾਇਆ ਗਿਆ ਕਿ ਇਸ ਨਾਲ ਬਹੁਤ ਸੁਧਾਰ ਹੋਵੇਗਾ, ਪ੍ਰੰਤੂ ਉਸ ਸਮੇਂ ਤੋਂ ਹੀ ਸਾਡੀਆਂ ਸੰਘਰਸ਼ੀਲ ਜਥੇਬੰਦੀਆਂ ਇਹਨਾਂ ਮਾਰੂ ਨੀਤੀਆਂ ਦਾ ਵਿਰੋਧ ਕਰ ਰਹੀਆਂ ਹਨ। ਜਿਸ ਦੇ ਅਸਲੀ ਸਿੱਟੇ ਤਿੰਨ ਕਿਸਾਨੀ ਕਾਨੂੰਨ ਲਿਆਉਣ ਨਾਲ ਸਾਹਮਣੇ ਆਏ, ਉਸ ਸਮੇਂ ਪਤਾ ਚੱਲਿਆ ਕਿ ਦੇਸ਼ ਦੇ ਲੋਕਤੰਤਰੀ ਆਰਥਿਕ ਢਾਂਚੇ ਨੂੰ ਨਿੱਜੀਕਰਨ ਦਾ ਦੈਂਤ ਕਿਵੇਂ ਨਿਗਲਣ ਲੱਗਿਆ ਹੋਇਆ ਹੈ, ਪਰ ਜਿਵੇਂ ਕਿਹਾ ਜਾਂਦਾ ਹੈ ਕਿ ਸੰਘਰਸ਼ ਦੇ ਅੱਗੇ ਵੱਡੇ-ਵੱਡੇ ਰਾਜਨੀਤਕ ਅਤੇ ਪ੍ਰਸ਼ਾਸਨਿਕ ਢਾਂਚੇ ਗੋਡੇ ਟੇਕ ਦਿੰਦੇ ਹਨ, ਜਿਸ ਦੀ ਉਦਾਹਰਣ ਕਿਸਾਨ ਘੋਲ ਜੇਤੂ ਰਿਹਾ, ਆਖਰ ਨੂੰ ਸਾਡੇ ਅੰਨਦਾਤੇ ਹਾਰ ਵੀ ਕਿਵੇਂ ਜਾਂਦੇ, ਕਿਉਂਕਿ ਪੂਰੀ ਲੋਕਾਈ ਨੇ ਸਾਥ ਦਿੱਤਾ।

ਉਦਾਰੀਕਰਨ, ਨਿੱਜੀਕਰਨ, ਵਿਸ਼ਵੀਕਰਨ, ਇਹ ਤਿੰਨੋਂ ਹੀ ਅਜਿਹੇ ਟਰਮ ਹਨ, ਜਿਹਨਾਂ ਨੇ ਪੂਰੇ ਭਾਰਤ ਦੇ ਰਾਜਨੀਤਕ ਢਾਂਚੇ ਨੂੰ ਬਦਲ ਕੇ ਰੱਖ ਦਿੱਤਾ, ਰਾਜਨੀਤੀ ਵਿਗਿਆਨ ਵਿੱਚ ਵਿਦਿਆਰਥੀਆਂ ਨੂੰ ਇਹ ਪੜ੍ਹਾਇਆ ਜਾਂਦਾ ਸੀ ਕਿ ਸਰਕਾਰ ਦੇ ਤਿੰਨ ਅੰਗ ਹਨ, ਵਿਧਾਨ ਪਾਲਿਕਾ, ਕਾਰਜਪਾਲਿਕਾ, ਨਿਆਂਪਾਲਿਕਾ ਅਤੇ ਤਿੰਨਾਂ ਦਾ ਆਪਣਾ ਆਪਣਾ ਖੇਤਰ ਹੈ, ਵਿਧਾਨ ਪਾਲਿਕਾ ਕਾਨੂੰਨ ਬਣਾਉਂਦੀ, ਕਾਰਜਪਾਲਿਕਾ ਕਾਨੂੰਨ ਨੂੰ ਲਾਗੂ ਕਰਦੀ ਹੈ, ਨਿਆਪਾਲਿਕਾ ਕਾਨੂੰਨ ਦੀ ਵਿਆਖਿਆ ਕਰਦੀ ਹੈ ਅਤੇ ਲੋਕਾਂ ਨੂੰ ਨਿਆਂ ਪ੍ਰਦਾਨ ਕਰਦੀ ਹੈ, ਪਰ ਵਰਤਮਾਨ ਸਮੇਂ ਲੋਕਤੰਤਰ ਵਿੱਚ ਇਹ ਸਮਝ ਹੀ ਨਹੀਂ ਆ ਰਿਹਾ ਕਿ ਇਹ ਤਿੰਨੋਂ ਸੰਵਿਧਾਨਕ ਅਦਾਰੇ ਕਿਹੋ ਜਿਹੀ ਭੂਮਿਕਾ ਨਿਭਾਅ ਰਹੇ ਹਨ । ਮੇਰੇ ਚੇਤੇ ਹੈ ਕਿ ਇੱਕ ਵਾਰ ਭਾਰਤ ਦੇ ਮਰਹੂਮ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਨੇ ਕਿਹਾ ਸੀ ਕਿ ਕਾਨੂੰਨ ਬਣਾਉਣਾ ਵਿਧਾਨ ਪਾਲਿਕਾ ਦਾ ਕੰਮ ਹੈ, ਪਰੰਤੂ ਵਿਧਾਨਿਕ ਕੰਮਾਂ ਵਿੱਚ ਦੂਜੇ ਸੰਵਿਧਾਨਕ ਅਦਾਰਿਆਂ ਦੀ ਦਖਲ-ਅੰਦਾਜ਼ੀ ਲੋਕਤੰਤਰ ਲਈ ਸ਼ੁੱਭ ਸੰਕੇਤ ਨਹੀਂ ਹੈ।

ਭਾਰਤ ਵਿੱਚ ਸਿੱਖਿਆ ਸੁਧਾਰ ਢਾਂਚੇ ਦਾ ਨਵੀਨੀਕਰਨ ਦੇ ਲਈ 2009 ਵਿੱਚ ਨਵੀਂ ਸਿੱਖਿਆ ਨੀਤੀ ਲਿਆਂਦੀ ਗਈ, ਸੰਘੀ ਢਾਂਚੇ ਅਨੁਸਾਰ ਬਹੁਤ ਸਾਰੇ ਰਾਜਾਂ ਨੇ ਇਸ ਨਵੀਂ ਸਿੱਖਿਆ ਨੀਤੀ ਨੂੰ ਅਪਣਾਉਣ ਤੋਂ ਇਨਕਾਰ ਕੀਤਾ, ਬਹੁਤ ਸਾਰੇ ਰਾਜਾਂ ਨੇ ਇਸ ਨੀਤੀ ਨੂੰ ਬਹੁਤ ਜਲਦੀ ਨਾਲ ਲਾਗੂ ਕੀਤਾ, ਨਵੀਂ ਸਿੱਖਿਆ ਨੀਤੀ ਅਨੁਸਾਰ ਅਧਿਆਪਕ ਭਰਤੀ ਨਿਯਮ ਬਣਾਏ ਗਏ, ਜਿਸ ਤਹਿਤ ਅਧਿਆਪਕ ਭਰਤੀ ਲਈ ਅਧਿਆਪਕ ਯੋਗਤਾ ਟੈਸਟ ਦੀ ਸ਼ੁਰੂਆਤ ਕੀਤੀ ਗਈ, ਸਾਰੇ ਰਾਜਾਂ ਨੇ ਅਧਿਆਪਕ ਯੋਗਤਾ ਟੈਸਟ ਰਾਹੀਂ ਅਧਿਆਪਕ ਭਰਤੀ ਕਰਨੇ ਸ਼ੁਰੂ ਕੀਤੇ, ਚਲੋ ਦੇਖਿਆ ਜਾਵੇ ਟੈਸਟ ਸਮੇਂ ਦੀ ਜ਼ਰੂਰਤ ਵੀ ਹੈ, ਕਿਉਂਕਿ ਵਿਦਿਅਕ ਡਿਗਰੀਆਂ ਦਾ ਪੂਰੇ ਦੇਸ਼ ਵਿੱਚ ਵਪਾਰੀਕਰਨ ਹੋ ਰਿਹਾ ਹੈ, ਪ੍ਰਾਈਵੇਟ ਯੂਨੀਵਰਸਿਟੀਆਂ ਗ੍ਰੈਜੂਏਸ਼ਨ ਤੋਂ ਲੈ ਕੇ ਡਾਕਟਰੇਟ ਤੱਕ ਦੀਆਂ ਡਿਗਰੀਆਂ ਬੋਲੀ ਲਾ ਕੇ ਧੜਾਧੜ ਵੇਚ ਰਹੀਆਂ ਹਨ, ਸੋ ਵਰਤਮਾਨ ਸਮੇਂ ਮੈਰਿਟ ਅਨੁਸਾਰ ਭਰਤੀ ਨੂੰ ਤਰਕਸੰਗਤ ਨਹੀਂ ਮੰਨਿਆ ਜਾ ਸਕਦਾ। ਦੂਜੇ ਰਾਜਾਂ ਦੀ ਤਰਜ਼ 'ਤੇ ਪੰਜਾਬ ਵਿੱਚ ਵੀ ਅਧਿਆਪਕ ਯੋਗਤਾ ਟੈਸਟ ਰਾਹੀਂ ਅਧਿਆਪਕ ਭਰਤੀਆਂ ਦਾ ਰਾਹ ਖੁੱਲ੍ਹਿਆ । ਸੰਘੀ ਢਾਂਚੇ ਤਹਿਤ ਪੰਜਾਬ ਨੇ ਨਵੀਂ ਸਿੱਖਿਆ ਨੀਤੀ ਨੂੰ ਅਪਣਾਇਆ, ਪੀ ਐੱਮ ਸ੍ਰੀ ਯੋਜਨਾ ਤਹਿਤ ਸਕੂਲਾਂ ਦਾ ਨਵੀਨੀਕਰਨ ਕੀਤਾ ਗਿਆ। ਰਾਜ ਸਰਕਾਰ ਕੇਂਦਰ ਸਰਕਾਰ ਦੀਆਂ ਸਾਰੀਆਂ ਯੋਜਨਾਵਾਂ ਨੂੰ ਵਿਦਿਅਕ ਸੰਸਥਾਵਾਂ ਵਿੱਚ ਲਾਗੂ ਕਰ ਰਹੀ ਹੈ, ਪਰ ਇਹਨਾਂ ਕੇਂਦਰੀ ਸ਼ਰਤਾਂ ਦਾ ਮਾਰੂ ਪ੍ਰਭਾਵ ਉਸ ਸਮੇਂ ਦੇਖਣ ਨੂੰ ਮਿਲਿਆ, ਜਦੋਂ ਲੰਬੇ ਸਮੇਂ ਤੋਂ ਵਿੱਦਿਅਕ ਸੰਸਥਾਵਾਂ ਵਿੱਚ ਸੇਵਾਵਾਂ ਨਿਭਾਅ ਰਹੇ ਪ੍ਰਾਇਮਰੀ ਕਾਡਰ ਦੇ ਅਧਿਆਪਕਾਂ ਨੂੰ ਪ੍ਰਮੋਸ਼ਨ ਸਮੇਂ ਸਰਵਉੱਚ ਅਦਾਲਤ ਦੇ ਫੈਸਲੇ ਦਾ ਹਵਾਲਾ ਦੇ ਕੇ ਅਧਿਆਪਕ ਯੋਗਤਾ ਟੈਸਟ ਪਾਸ ਕਰਨ ਲਈ ਬਹੁਤ ਹੀ ਮਾਰੂ ਸ਼ਰਤ ਸੰਬੰਧਤ ਅਧਿਆਪਕਾ ਦੇ ਸਾਹਮਣੇ ਰੱਖ ਦਿੱਤੀ। ਇਸ ਮਾਰੂ ਸ਼ਰਤ ਅਨੁਸਾਰ ਪੂਰੇ ਭਾਰਤ ਵਿੱਚ 25 ਲੱਖ ਦੇ ਕਰੀਬ ਅਧਿਆਪਕ ਪ੍ਰਭਾਵਿਤ ਹੋ ਰਿਹਾ ਹੈ, ਜੋ ਕਿ ਆਪਣੇ-ਆਪ ਵਿੱਚ ਬਹੁਤ ਵੱਡਾ ਅੰਕੜਾ ਹੈ। ਪੁਰਾਣੇ ਅਧਿਆਪਕਾਂ 'ਤੇ ਜੋ ਕਿ ਲੰਬੇ ਸਮੇਂ ਤੋਂ ਸਿੱਖਿਆ ਵਿਭਾਗ ਵਿੱਚ ਸੇਵਾਵਾ ਨਿਭਾਅ ਰਹੇ ਹਨ, ਉਹਨਾਂ 'ਤੇ ਅਧਿਆਪਕ ਯੋਗਤਾ ਟੈਸਟ ਥੋਪਣਾ ਸਰਾਸਰ ਬਹੁਤ ਵੱਡਾ ਧੱਕਾ ਹੈ, ਕਿਉਂਕਿ ਜਿਹੜੇ ਅਧਿਆਪਕ ਆਪਣੇ ਸਮੇਂ ਵਿਭਾਗ ਵੱਲੋਂ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਕੇ ਭਰਤੀ ਹੋਏ ਹਨ, ਆਪਣਾ ਸਮੁੱਚਾ ਜੀਵਨ ਵਿਦਿਆਰਥੀ ਵਰਗ ਨੂੰ ਸਮਰਪਿਤ ਕੀਤਾ ਹੈ, ਉਹਨਾਂ ਨਾਲ ਅਜਿਹਾ ਧੱਕਾ ਕਰਨਾ ਆਪਣੇ ਆਪ ਵਿੱਚ ਬਹੁਤ ਹੀ ਕੋਝਾ ਮਜ਼ਾਕ ਹੈ। ਅਜਿਹੇ ਤਰਕਹੀਣ ਫੈਸਲੇ ਨਾਲ ਪੀੜਤ ਅਧਿਆਪਕ ਅਤੇ ਉਹਨਾਂ ਦੇ ਪਰਵਾਰ ਫਿਕਰਮੰਦੀ ਵਿੱਚ ਡੁੱਬ ਗਏ ਹਨ। ਜੇਕਰ ਅਧਿਆਪਕ ਹੀ ਚਿੰਤਾਗ੍ਰਸਤ ਹੋ ਗਏ ਤਾਂ ਉਹ ਕਿਹੋ ਜਿਹੇ ਭਵਿੱਖ ਦੇ ਵਾਰਸ ਸਿਰਜਣਗੇ, ਅੱਜ ਸਰਕਾਰ ਨੂੰ ਇਸ ਵੱਡੇ ਸਵਾਲ 'ਤੇ ਸੋਚਣ ਦੀ ਜ਼ਰੂਰਤ ਹੈ।

ਵਰਤਮਾਨ ਸਮੇਂ ਸਿੱਖਿਆ ਸੰਸਥਾਵਾਂ ਲਈ ਬਹੁਤ ਹੀ ਉਪਯੋਗੀ ਸਮਾਂ ਹੈ, ਕਿਉਂਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਇਮਤਿਹਾਨ ਚੱਲ ਰਹੇ ਹਨ, ਸਮੁੱਚਾ ਅਧਿਆਪਕ ਵਰਗ ਆਪਣੀਆਂ ਤਨਦੇਹੀ ਨਾਲ ਡਿਊਟੀਆਂ ਨਿਭਾਅ ਰਿਹਾ ਹੈ, ਪਰ ਇਸ ਮਾਰੂ ਫੈਸਲੇ ਨੇ ਕੌਮ ਦੇ ਨਿਰਮਾਤਿਆਂ ਨੂੰ ਸੰਘਰਸ਼ਾਂ ਦੇ ਰਾਹ ਪੈਣ ਲਈ ਮਜਬੂਰ ਕਰ ਦਿੱਤਾ ਹੈ, ਜਿਸ ਦਾ ਨਤੀਜਾ ਸਾਹਮਣੇ ਹੈ ਕਿ ਖਾਲਸੇ ਦੀ ਧਰਤੀ ਆਨੰਦਪੁਰ ਸਾਹਿਬ ਵਿਖੇ 22 ਫਰਵਰੀ 2026 ਨੂੰ ਅਧਿਆਪਕ ਸਾਂਝੇ ਫਰੰਟ ਵੱਲੋਂ ਬਹੁਤ ਵੱਡਾ ਵਿਸ਼ਾਲ ਇਕੱਠ ਰੱਖਿਆ ਗਿਆ ਹੈ ਅਤੇ ਸਮੁੱਚੇ ਅਧਿਆਪਕ ਵਰਗ ਨੂੰ ਅਧਿਆਪਕ ਯੋਗਤਾ ਟੈਸਟ ਦਾ ਬਾਈਕਾਟ ਕਰਨ ਲਈ ਕਿਹਾ ਗਿਆ ਹੈ। ਅਜਿਹੇ ਨਾਜ਼ੁਕ ਮੋੜ 'ਤੇ ਸਾਡੇ ਮਾਨਯੋਗ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਨੂੰ ਕੋਈ ਸਾਰਥਿਕ ਹੱਲ ਕੱਢਦੇ ਹੋਏ ਅਧਿਆਪਕ ਵਰਗ ਵਿੱਚ ਮਚੀ ਖਲਬਲੀ ਨੂੰ ਦੂਰ ਕਰਨਾ ਚਾਹੀਦਾ ਹੈ, ਤਾਂ ਕਿ ਸਾਡੀਆਂ ਵਿਦਿਅਕ ਸੰਸਥਾਵਾਂ ਦਾ ਮਾਹੌਲ ਸੁਖਾਵਾਂ ਰਹਿ ਸਕੇ। ਪਿਛਲੇ ਸਮੇਂ ਪੰਜਾਬ ਸਰਕਾਰ ਵੱਲੋਂ ਬਹੁਤ ਹੀ ਸਲਾਹੁਣਯੋਗ ਫੈਸਲਿਆਂ ਤਹਿਤ ਸਾਡੇ ਸਰਕਾਰੀ ਕਾਲਜਾਂ ਨੂੰ ਪੱਕੀ ਭਰਤੀ ਤਹਿਤ ਪ੍ਰੋਫੈਸਰ ਨਸੀਬ ਹੋਏ ਸਨ, ਪ੍ਰੰਤੂ ਸਾਡੀ ਮਾਨਯੋਗ ਸਰਬਉੱਚ ਅਦਾਲਤ ਦੇ ਫੈਸਲੇ ਤਹਿਤ ਉਸ ਭਰਤੀ ਦਾ ਵੀ ਭੋਗ ਪੈ ਗਿਆ ਹੈ, ਪਰ ਚਲੋ ਸਾਡੀ ਪੰਜਾਬ ਸਰਕਾਰ ਦੀ ਬੇਨਤੀ ਤਹਿਤ ਮਾਨਯੋਗ ਸੁਪਰੀਮ ਕੋਰਟ ਨੇ ਉਹਨਾਂ ਅਧਿਆਪਕਾਂ ਦੇ ਚੁੱਲ੍ਹੇ ਬਲਦੇ ਰੱਖਣ ਤਹਿਤ ਅਗਲੇ ਹੁਕਮਾਂ ਤੱਕ ਉਹਨਾਂ ਅਧਿਆਪਕਾਂ ਨੂੰ ਕਾਲਜਾਂ ਵਿਚ ਕੰਮ ਕਰਨ ਦੇ ਲਈ ਮਨਜ਼ੂਰੀ ਦਿੱਤੀ ਹੈ, ਚਲੋ ਚੰਗਾ ਫੈਸਲਾ ਹੈ, ਰਾਹਤ ਮਿਲੀ, ਭਾਵੇਂ ਵਕਤੀ ਹੀ ਸਹੀ। ਅੱਜ ਵੀ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਨੂੰ ਮਿਲ ਕੇ ਕੋਈ ਅਜਿਹੇ ਸਾਰਥਿਕ ਫੈਸਲੇ ਕਰਨ ਦੀ ਜ਼ਰੂਰਤ ਹੈ, ਜਿਸ ਨਾਲ ਸਾਡੇ ਦੇਸ਼ ਦਾ ਅਕਾਦਮਿਕ ਮਾਹੌਲ ਚੰਗਾ ਬਣ ਸਕੇ, ਵਿਦਿਅਕ ਢਾਂਚਾ ਬੁਲੰਦੀਆਂ ਛੂਹੇ, ਨਾ ਕਿ ਵੱਡੀ ਨਫਰੀ ਵਿੱਚ ਅਧਿਆਪਕ ਸੰਘਰਸ਼ਾਂ ਦੇ ਰਾਹ 'ਤੇ ਚੱਲਣ ਲਈ ਮਜਬੂਰ ਹੋਣ, ਵਰਤਮਾਨ ਪੰਜਾਬ ਸਰਕਾਰ ਤੋਂ ਵੱਡੀਆਂ ਆਸਾਂ ਹਨ ਕਿ ਪੀੜਤ ਅਧਿਆਪਕਾਂ ਦੇ ਜ਼ਖਮਾਂ 'ਤੇ ਪੰਜਾਬ ਸਰਕਾਰ ਜਲਦੀ ਮੱਲ੍ਹਮ ਲਾਵੇਗੀ, ਅਧਿਆਪਕਾਂ ਦਾ ਪੱਖ ਮਾਨਯੋਗ ਸਰਵਉੱਚ ਅਦਾਲਤ ਵਿੱਚ ਰੱਖੇਗੀ, ਜਿਸ ਨਾਲ ਅਧਿਆਪਕਾਂ ਨੂੰ ਬਣਦੇ ਲਾਭ ਮਿਲਣਗੇ ਅਤੇ ਉਹਨਾਂ ਦੀਆਂ ਨੌਕਰੀਆਂ 'ਤੇ ਲਟਕਦੀ ਤਲਵਾਰ ਹਟੇਗੀ। ਅਧਿਆਪਕ ਦਾ ਰੁਤਬਾ ਬਹੁਤ ਹੀ ਸਤਿਕਾਰਯੋਗ ਹੈ, ਜੇਕਰ ਅਧਿਆਪਕ ਹੀ ਦੇਸ਼ ਵਿੱਚ ਧਰਨੇ, ਮੁਜ਼ਾਰਿਆਂ ਦੇ 'ਤੇ ਬੈਠਣਗੇ ਤਾਂ ਉਸ ਦੇਸ਼ ਦਾ ਭਵਿੱਖ ਕਦੇ ਵੀ ਉਜਵਲ ਨਹੀਂ ਹੋ ਸਕਦਾ, ਸਾਡੇ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਖੁਦ ਆਪ ਅਧਿਆਪਕ ਦੇ ਬੇਟੇ ਹਨ, ਅਧਿਆਪਕਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਉਹਨਾਂ ਪਹਿਲਕਦਮੀ ਕਰਦਿਆਂ ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ, ਜੋ ਕਿ ਬਹੁਤ ਹੀ ਸ਼ਲਾਘਾਯੋਗ ਫੈਸਲਾ ਸੀ, ਅੱਜ ਵੀ ਅਧਿਆਪਕ ਵਰਗ ਨੂੰ ਉਹਨਾਂ ਉੱਤੇ ਮਾਣ ਹੈ ਕਿ ਉਹ ਜ਼ਰੂਰ ਸਾਡੇ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ, ਅਧਿਆਪਕ ਨੂੰ ਗੁਰੂ ਦਾ ਦਰਜਾ ਦਿੱਤਾ ਗਿਆ ਹੈ, ਗੁਰਬਾਣੀ ਵਿੱਚ ਗੁਰੂ ਦੀ ਮਹਿਮਾ ਨੂੰ ਇਸ ਪ੍ਰਕਾਰ ਬਿਆਨ ਕੀਤਾ ਹੈ...

ਜੇ ਸਉ ਚੰਦਾ ਉਗਵਹਿ, ਸੂਰਜ ਚੜਹਿ ਹਜਾਰ॥
ਏਤੇ ਚਾਨਣ ਹੋਇਐ, ਗੁਰ ਬਿਨ ਘੋਰ ਅੰਧਾਰ॥

**# ਸੰਪਰਕ : 98781-97000**

26-FEB-PAGE-5.qxd 2/25/2026 10:05 PM Page 1



# ਸੰਗਰੂਰ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਵਿਰੁੱਧ ਚੱਲਿਆ ਪੀਲਾ ਪੰਜਾ



**ਲਹਿਰਾਗਾਗਾ (ਪਵਨ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਬੁੱਧਵਾਰ ਨੂੰ ਨਸ਼ਾ ਤਸਕਰਾਂ ਖਿਲਾਫ ਸੰਗਰੂਰ ਜ਼ਿਲ੍ਹੇ 'ਚ ਮੁੜ ਪੀਲਾ ਪੰਜਾ ਚੱਲਿਆ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸੰਗਰੂਰ ਪੁਲਿਸ ਦੇ ਐਸ.ਪੀ. ਰਾਜੇਸ਼ ਛਿੱਬਰ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਹਰਿਆਉ ਵੱਲੋਂ ਮਤਾ ਪਾ ਕੇ ਖਸਰਾ ਨੰ: 291(4-12) ਦੀ ਨਿਸ਼ਾਨਦੇਹੀ ਕਰਵਾਉਣ ਦੀ ਮੰਗ ਕੀਤੀ ਗਈ ਸੀ ਜਿਸ ਦੇ ਅਧਾਰ 'ਤੇ ਫੀਲਡ ਕਾਨੂੰਗੋ ਗਾਗਾ ਵੱਲੋਂ ਮਿਤੀ 07.01.2026 ਨੂੰ ਸਰਪੰਚ ਗ੍ਰਾਮ ਪੰਚਾਇਤ ਹਰਿਆਉ ਅਤੇ ਦਫਤਰ ਦੇ ਕਰਮਚਾਰੀਆ ਦੀ ਹਾਜ਼ਰੀ ਵਿੱਚ ਨਿਸ਼ਾਨਦੇਹੀ ਕੀਤੀ ਗਈ।ਨਿਸ਼ਾਨਦੇਹੀ ਕਰਾਉਣ ਉਪਰੰਤ ਇਸ ਥਾਂ 'ਤੇ ਬੱਗਾ ਸਿੰਘ ਪੁੱਤਰ ਸਰਬਨ ਸਿੰਘ ਹਰਿਆਉ, ਸਤਪਾਲ ਸਿੰਘ ਪੁੱਤਰ ਬੰਤ ਸਿੰਘ, ਜੱਗਰ ਸਿੰਘ ਪੁੱਤਰ ਜੀਤ ਸਿੰਘ, ਕੁਲਦੀਪ ਸਿੰਘ ਪੁੱਤਰ ਵੱਸਣ ਸਿੰਘ ਅਤੇ ਇੰਦਰ ਸਿੰਘ ਪੁੱਤਰ ਚੰਦਾ ਸਿੰਘ ਵਾਸੀਆਨ ਹਰਿਆਉ ਦਾ ਨਜਾਇਜ਼ ਕਬਜ਼ਾ ਪਾਇਆ ਗਿਆ।ਉਨ੍ਹਾਂ ਦੱਸਿਆ ਕਿ ਨਜਾਇਜ਼ ਕਬਜ਼ੇ ਨੂੰ ਛੁਡਾਉਣ ਲਈ ਬੀ.ਡੀ.ਪੀ.ਓ ਲਹਿਰਾ ਵੱਲੋਂ ਪੁਲਿਸ ਇਮਦਾਦ ਦੀ ਮੰਗ ਕੀਤੀ ਗਈ ਸੀ।ਐਸ.ਪੀ. ਰਾਜੇਸ ਛਿੱਬਰ ਨੇ ਕਿਹਾ ਕਿ ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਉਨ੍ਹਾਂ ਵੱਲੋਂ ਡੀ.ਐਸ.ਪੀ. ਲਹਿਰਾ ਰਣਬੀਰ ਸਿੰਘ ਅਤੇ ਐਸ.ਐਚ.ਓ. ਮਨਪ੍ਰੀਤ ਸਿੰਘ ਦੀ ਫੋਰਸ ਦੀ ਮਦਦ ਨਾਲ ਸਤਪਾਲ ਸਿੰਘ ਪੁੱਤਰ ਬੰਤ ਸਿੰਘ ਵਾਸੀ ਹਰਿਆਉ ਵਲੋਂ ਨਜਾਇਜ਼ ਉਸਾਰੀਆਂ ਨੂੰ ਢਾਹ ਕੇ ਕੀਤੇ ਗਏ ਨਜਾਇਜ਼ ਕਬਜ਼ੇ ਨੂੰ ਛੁਡਵਾਇਆ ਗਿਆ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਤਪਾਲ ਸਿੰਘ ਪੁੱਤਰ ਬੰਤ ਸਿੰਘ ਵਾਸੀ ਹਰਿਆਉ ਦੇ ਖਿਲਾਫ ਐਨ.ਡੀ.ਪੀ.ਐਸ ਐਕਟ ਤਹਿਤ ਨਸ਼ਾ ਤਸਕਰੀ ਦੇ ਮੁਕੱਦਮੇ ਵੀ ਦਰਜ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਤਪਾਲ ਸਿੰਘ ਦੇ ਪਰਿਵਾਰਕ ਮੈਂਬਰਾਂ ਦੇ ਪੁਲਿਸ ਰਿਕਾਰਡ ਨੂੰ ਵੀ ਚੈੱਕ ਕੀਤਾ ਗਿਆ ਜਿਸ ਪਰ ਸਤਪਾਲ ਸਿੰਘ ਦੇ ਪਿਤਾ ਬੰਤ ਸਿੰਘ ਪੁੱਤਰ ਬੁੱਧ ਸਿੰਘ ਦੇ ਖਿਲਾਫ ਵੀ ਮੁਕੱਦਮੇ ਦਰਜ ਪਾਏ ਗਏ ਹਨ।

# ਦਫ਼ਤਰੀ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਨਿਖੇਧੀ



**ਮੋਗਾ (ਇਕਬਾਲ ਸਿੰਘ ਖਹਿਰਾ)**- ਸਿੱਖਿਆ ਵਿਭਾਗ ਵੱਲੋਂ ਵਿੱਚ 20-20 ਸਾਲਾਂ ਤੋਂ ਕੰਮ ਕਰਦੇ ਸਮਗਰਾ ਸਿੱਖਿਆ ਅਭਿਆਨ ਦੇ ਦਫ਼ਤਰੀ ਕ੍ਰਮਚਾਰੀਆਂ ਨੂੰ ਮਿਲਦੀ 50000-50000 ਤਨਖਾਹ ਨੂੰ ਘਟਾ ਕੇ ਸਿਰਫ਼ 19000 'ਤੇ ਪੱਕੇ ਕਰਨ ਦਾ ਵਿਰੋਧ ਕਰਦੇ ਕ੍ਰਮਚਾਰੀਆਂ ਉੱਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਭਾਰੀ ਲਾਠੀਚਾਰਜ ਕੀਤਾ ਤੇ ਵਾਟਰ ਕੈਨਨ ਨਾਲ ਪਾਣੀ ਦੀਆਂ ਬੁਛਾੜਾ ਮਾਰੀਆਂ।

ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗ ਵਿਜੇ ਪਾਲ ਸ਼ਰਮਾ, ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ ਤੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਇਨ੍ਹਾਂ ਮੁਲਾਜ਼ਮਾਂ 'ਤੇ ਕੀਤੇ ਲਾਠੀਚਾਰਜ ਦੀ ਨਿਖੇਧੀ ਕਰਦੇ ਹੋਏ ਦੱਸਿਆ 20 ਸਾਲ ਦੀ ਨੌਕਰੀ ਕਰਨ ਤੋਂ ਬਾਅਦ ਵੀ ਇਨ੍ਹਾਂ ਉੱਪਰ 3 ਸਾਲ ਦਾ ਪਰਖ ਕਾਲ ਪੂਰਾ ਕਰਨ ਦੀ ਸ਼ਰਤ ਮੜ ਦਿੱਤੀ ਹੈ ਜੋ ਇਨ੍ਹਾਂ ਮੁਲਾਜ਼ਮਾਂ ਨਾਲ ਸਰਾਸਰ ਧੱਕਾ ਹੈ।

ਬੀ.ਪੀ.ਈ.ਓ. ਦਫ਼ਤਰਾਂ ਤੇ ਡੀ.ਈ.ਓ. ਦਫ਼ਤਰਾਂ ਵਿੱਚ ਕੰਮ ਕਰਦੇ ਇਹ ਮੁਲਾਜ਼ਮ ਅਧਿਆਪਕਾਂ ਤੇ ਸਿੱਖਿਆ ਵਿਭਾਗ ਵਿੱਚ ਇੱਕ ਕੜੀ ਵਜੋਂ ਕੰਮ ਕਰਦੇ ਹਨ ਤੇ ਨਿੱਤ ਦਿਨ ਸਕੂਲਾਂ ਦੇ ਗ੍ਰਾਂਟਾਂ, ਮਿਡ ਡੇਅ ਮੀਲ ਤੇ ਹੋਰ ਅੰਕੜੇ ਇਕੱਠੇ ਕਰਕੇ ਵਿਭਾਗ ਨੂੰ ਭੇਜਦੇ ਹਨ। ਇਨ੍ਹਾਂ ਕ੍ਰਮਚਾਰੀਆਂ ਨੂੰ ਪੱਕੇ ਕਰਨ ਦੇ ਨਾਂਅ 'ਤੇ ਇਨ੍ਹਾਂ ਦੀ ਤਨਖਾਹ ਘਟਾਉਣ ਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਆਗੂਆਂ ਨੇ ਮੰਗ ਕੀਤੀ ਕਿ 15-01-2015 ਦਾ ਮੁਲਾਜ਼ਮ ਮਾਰੂ ਪੱਤਰ ਪਿਛਲੇ ਦਸ ਸਾਲ ਤੋਂ ਨਵੇਂ ਭਰਤੀ ਹੋਣ ਵਾਲੇ ਠੇਕੇ ਤੋਂ ਪੱਕੇ ਹੋਣ ਵਾਲੇ ਮੁਲਾਜ਼ਮਾਂ ਦਾ ਸੋਸ਼ਣ ਕਰ ਰਿਹਾ ਹੈ। ਸਿਤਮਜ਼ਰੀਫੀ ਇਹ ਹੈ ਕਿ ਹਾਈਕੋਰਟ ਤੇ ਸੁਪਰੀਮ ਕੋਰਟ ਨੇ ਵੀ ਪ੍ਰੋਬੇਸ਼ਨ ਪੀਰਡ ਦੌਰਾਨ ਮੁਲਾਜ਼ਮਾਂ ਨੂੰ ਪੂਰੀ ਤਨਖਾਹ ਦੇਣ ਦਾ ਫ਼ੈਸਲਾ ਦਿੱਤਾ ਹੋਇਆ ਹੈ।ਹਾਸੋਹੀਣੀ ਗੱਲ ਇਹ ਹੈ ਕਿ ਗੱਲ-ਗੱਲ ਬਾਦਲ ਸਰਕਾਰ ਨੂੰ ਕੋਸਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਬਾਦਲ ਸਰਕਾਰ ਦੇ ਫੈਸਲਿਆਂ ਨੂੰ ਸੁਪਰੀਮ ਕੋਰਟ ਚ ਡਿਫੈਂਡ ਕਰ ਰਹੀ ਹੈ।

# ਰਾਜਾ ਵੜਿੰਗ ਵੱਲੋਂ ਕਾਂਗਰਸੀ ਆਗੂਆਂ ਨਾਲ ਮੀਟਿੰਗ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਬਰਨਾਲਾ ਵਿੱਚ ਹੋਣ ਜਾ ਰਹੀ ਕਾਂਗਰਸ ਪਾਰਟੀ ਦੀ ਵਿਸ਼ਾਲ ਰੈਲੀ ਨੂੰ ਸਫਲ ਬਣਾਉਣ ਲਈ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਅਹਿਮ ਮੀਟਿੰਗ ਸਾਬਕਾ ਚੇਅਰਮੈਨ ਤੇ ਸੀਨੀਅਰ ਆਗੂ ਗੁਰਬਚਨ ਸਿੰਘ ਬਰਾੜ ਦੇ ਗ੍ਰਹਿ ਵਿਖੇ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਮੋਗਾ ਦੀ ਸਮੁੱਚੀ ਸੀਨੀਅਰ ਕਾਂਗਰਸੀ ਲੀਡਰਸ਼ਿਪ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਜ਼ਿਲ੍ਹਾ ਕਾਂਗਰਸ ਪ੍ਰਧਾਨ ਹਰੀ ਸਿੰਘ ਖਾਈ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਭੁਪਿੰਦਰ ਸਿੰਘ ਸਾਹੋਕੇ, ਬਾਘਾ ਪੁਰਾਣਾ ਤੋਂ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ, ਹਲਕਾ ਇੰਚਾਰਜ ਮੋਗਾ ਮਾਲਵਿਕਾ ਸੂਦ, ਸੀਨੀਅਰ ਆਗੂ ਭੋਲਾ ਸਿੰਘ ਬਰਾੜ, ਸਾਬਕਾ ਚੇਅਰਮੈਨ ਵਿਨੋਦ ਬਾਂਸਲ, ਇੰਦਰਜੀਤ ਸਿੰਘ ਬੀੜ ਚੜਿੱਕ, ਪਰਮਿੰਦਰ ਡਿੰਪਲ ਅਤੇ ਰਵੀ ਗਰੇਵਾਲ ਸਮੇਤ ਹੋਰ ਕਈ ਆਗੂ ਹਾਜ਼ਰ ਰਹੇ।ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਰਨਾਲਾ ਰੈਲੀ ਸੂਬੇ ਦੀ ਰਾਜਨੀਤੀ ਵਿਚ ਇੱਕ ਨਵਾਂ ਮੋੜ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੇ ਮਸਲਿਆਂ ਨੂੰ ਲੈ ਕੇ ਸੜਕਾਂ 'ਤੇ ਉਤਰਨ ਲਈ ਵਚਨਬੱਧ ਹੈ ਤੇ ਇਹ ਰੈਲੀ ਲੋਕਤੰਤਰਕ ਅਵਾਜ਼ ਨੂੰ ਮਜ਼ਬੂਤ ਕਰਨ ਵੱਲ ਇਕ ਵੱਡਾ ਕਦਮ ਹੋਵੇਗੀ।

ਉਨ੍ਹਾਂ ਆਗੂਆਂ ਨੂੰ ਅਪੀਲ ਕੀਤੀ ਕਿ ਹਰ ਬੂਥ ਪੱਧਰ 'ਤੇ ਵਰਕਰਾਂ ਨੂੰ ਸਰਗਰਮ ਕੀਤਾ ਜਾਵੇ ਤੇ ਵੱਧ ਤੋਂ ਵੱਧ ਗਿਣਤੀ ਵਿਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ।ਮੀਟਿੰਗ ਦੌਰਾਨ ਵੱਖ-ਵੱਖ ਹਲਕਿਆਂ ਤੋਂ ਆਏ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਭਰੋਸਾ ਦਿਵਾਇਆ ਕਿ ਬਰਨਾਲਾ ਰੈਲੀ ਵਿਚ ਜ਼ਿਲਾ ਮੋਗਾ ਤੋਂ ਵੱਡੀ ਗਿਣਤੀ ਵਿਚ ਵਰਕਰ ਤੇ ਸਮਰਥਕ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਇਕਜੁਟਤਾ ਬਹੁਤ ਜ਼ਰੂਰੀ ਹੈ ਤੇ ਇਸ ਮੀਟਿੰਗ ਨਾਲ ਵਰਕਰਾਂ ਵਿਚ ਨਵਾਂ ਜੋਸ਼ ਪੈਦਾ ਹੋਇਆ ਹੈ।

ਆਗੂਆਂ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਪਿੰਡ ਤੇ ਸ਼ਹਿਰ ਪੱਧਰ 'ਤੇ ਮੀਟਿੰਗਾਂ ਕਰਕੇ ਰੈਲੀ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਜਾਵੇਗਾ।ਰੈਲੀ ਨੂੰ ਸਫਲ ਬਣਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰਨ 'ਤੇ ਵੀ ਚਰਚਾ ਹੋਈ ਅਤੇ ਆਵਾਜਾਈ, ਪ੍ਰਚਾਰ ਤੇ ਪ੍ਰਬੰਧਕੀ ਤਿਆਰੀਆਂ ਬਾਰੇ ਵਿਸਥਾਰ ਨਾਲ ਯੋਜਨਾ ਬਣਾਈ ਗਈ।ਅੰਤ ਵਿਚ ਸਭ ਆਗੂਆਂ ਨੇ ਇਕਸੁਰ ਹੋ ਕੇ ਭਰੋਸਾ ਦਿੱਤਾ ਕਿ ਬਰਨਾਲਾ ਰੈਲੀ ਇਤਿਹਾਸਕ ਹੋਵੇਗੀ ਤੇ ਇਸ ਨਾਲ ਸੂਬੇ ਵਿਚ ਕਾਂਗਰਸ ਪਾਰਟੀ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ।ਮੀਟਿੰਗ ਦੌਰਾਨ ਪਾਰਟੀ ਵਰਕਰਾਂ ਵਿਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ ਤੇ ਸਾਰੇ ਆਗੂ ਰੈਲੀ ਨੂੰ ਕਾਮਯਾਬ ਬਣਾਉਣ ਲਈ ਪੂਰੀ ਤਰ੍ਹਾਂ ਇਕਜੁੱਟ ਨਜ਼ਰ ਆਏ।

## ਕਾਤਰਾਂ

### ਮੇਰੀ ਰਸੋਈ ਸਕੀਮ ਸ਼ਲਾਘਾ ਯੋਗ ਕਦਮ : ਆਪ ਆਗੂ

**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਚਲਾਈ ਮੇਰੀ ਰਸੋਈ ਸਕੀਮ ਸ਼ਲਾਘਾ ਯੋਗ ਕਦਮ ਹੈ।ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ, ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਆਪ ਆਗੂ ਰਮਨਦੀਪ ਸਿੰਘ ਭਸੌੜ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਸਰਪੰਚ ਲਾਲੀ ਬੰਗਾਵਾਲੀ ਅਤੇ ਆਪ ਆਗੂ ਖਾਨ ਕਹੇਰੂ ਨੇ ਇਹ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੇਰੀ ਰਸੋਈ ਸਕੀਮ ਤਹਿਤ ਨੀਲੇ ਕਾਰਡ ਵਾਲਿਆਂ ਨੂੰ ਮਿਲੇਗੀ ਫੂਡ ਕਿੱਟ। ਆਗੂਆਂ ਨੇ ਕਿਹਾ ਕਿ ਇਸ ਸਹੂਲਤ ਵਿਚ ਕਣਕ ਦੇ ਨਾਲ ਹੁਣ 2 ਕਿੱਲੋ ਮਾਂਹ ਛੋਲਿਆਂ ਦੀ ਦਾਲ 2 ਕਿੱਲੋ ਚੀਨੀ, 1 ਕਿੱਲੋ ਨਮਕ 200 ਗ੍ਰਾਮ ਹਲਦੀ ਤੇ 1 ਲੀਟਰ ਸਰੋਂ ਦਾ ਤੇਲ ਮਿਲੇਗਾ। 3 ਮਹੀਨਿਆਂ ਦਾ ਇਕੱਠਾ ਸਮਾਨ ਮਿਲੇਗਾ।

### ਗੁਰਦੁਆਰਾ ਸਾਹਿਬ ਮਹਿਲ ਕਲਾਂ ਵਿਖੇ ਹੋਲੇ ਮਹੱਲੇ ਨੂੰ ਸਮਰਪਿਤ ਖੇਡ ਮੁਕਾਬਲੇ 4 ਨੂੰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਲੇ ਮਹੱਲੇ ਨੂੰ ਸਮਰਪਿਤ ਪੇਂਡੂ ਖੇਡ ਮੁਕਾਬਲੇ 4 ਮਾਰਚ ਨੂੰ ਸਵੇਰੇ 9 ਵਜੇ ਤੋਂ ਗੁਰਦੁਆਰਾ ਸਾਹਿਬ ਕਮੇਟੀ ਵੱਲੋਂ ਦੋਵੇਂ ਗ੍ਰਾਮ ਪੰਚਾਇਤਾਂ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਜੋਸ਼ ਖਰੋਸ਼ ਨਾਲ ਕਰਵਾਏ ਜਾ ਰਹੇ ਹਨ। ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਅਨੁਸਾਰ ਇਸ ਮੌਕੇ ਦੌੜਾਂ, ਰੱਸੀ ਟੱਪਣਾ, ਕੁਰਸੀ ਖੇਡ, ਮਟਕਾ ਦੌੜ, ਹੌਲੀ ਸਾਇਕਲ ਚਲਾਉਣਾ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਨਾਂ ਮੁਕਾਬਲਿਆਂ 'ਚ ਬੱਚੇ, ਨੌਜਵਾਨ, ਹਰ ਉਮਰ ਦੇ ਮਰਦ, ਔਰਤਾਂ ਭਾਗ ਲੈ ਸਕਣਗੇ। ਕਮੇਟੀ ਵੱਲੋਂ ਜੇਤੂਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

### ਜੁਗਾੜੂ ਰੇਹੜੀ ਤੇ ਟਰੈਕਟਰ ਦੀ ਟੱਕਰ 'ਚ ਨੌਜਵਾਨ ਦੀ ਮੌਤ



**ਲਹਿਰਾਗਾਗਾ (ਰੀਤਵਾਲ)**- 24 ਫਰਵਰੀ ਨੂੰ ਇਥੋਂ ਨੇੜਲੇ ਪਿੰਡ ਸੰਗਤਪੁਰਾ ਨੇੜੇ ਅਨਾਜ ਮੰਡੀ ਕੋਲ ਇੱਕ ਨੌਜਵਾਨ ਸੜਕ ਹਾਦਸੇ ਦੀ ਭੇਟ ਚੜ ਗਿਆ। ਗੁਰਪਿਆਰ ਸਿੰਘ (24 ਸਾਲ) ਪੁੱਤਰ ਅਵਤਾਰ ਸਿੰਘ ਵਾਸੀ ਵਾਰਡ ਨੰਬਰ 13 ਲਹਿਰਾਗਾਗਾ ਜੋ ਜੁਗਾੜੂ ਮੋਟਰਸਾਈਕਲ ਰੇਹੜੀ ਦੇ ਮਗਰ ਬੈਠ ਕੇ ਪਿੰਡ ਸੰਗਤਪੁਰਾ ਵੱਲ ਜਾ ਰਿਹਾ ਸੀ। ਦੱਸਿਆ ਜਾਂਦਾ ਹੈ ਕਿ ਇਹ ਮਿਸਤਰੀ ਪੁਣੇ ਜਾਂ ਦਿਹਾੜੀ ਦਾ ਕੰਮ ਕਰਦਾ ਸੀ ਅਤੇ ਸੰਗਤਪੁਰੇ ਕਿਸੇ ਇਮਾਰਤ ਦੇ ਕੰਮ 'ਤੇ ਜਾ ਰਿਹਾ ਸੀ। ਉਸ ਸਮੇਂ ਸੰਗਤਪੁਰਾ ਵਾਲੇ ਪਾਸੋਂ ਆਂਉਦੇ ਟਰੈਕਟਰ ਟਰਾਲੀ ਦੀ ਮੋਟਰਸਾਈਕਲ ਜੁਗਾੜੂ ਰੇਹੜੀ ਨਾਲ ਟੱਕਰ ਹੋ ਗਈ। ਜਿਸ ਕਾਰਨ ਇਸ ਦੇ ਜਿਆਦਾ ਸੱਟਾਂ ਲੱਗਣ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ। ਲੜਕੇ ਦੇ ਪਰਿਵਾਰਕ ਮੈਂਬਰ ਦੋਸ਼ੀ ਟਰੈਕਟਰ ਟਰਾਲੀ ਚਾਲਕ ਉੱਤੇ ਕਾਰਵਾਈ ਦੀ ਮੰਗ ਕਰ ਰਹੇ ਹਨ ।

# 'ਮੇਰੀ ਰਸੋਈ' ਤਹਿਤ 40 ਲੱਖ ਪਰਵਾਰਾਂ ਨੂੰ ਮਿਲੇਗੀ ਵੱਡੀ ਰਾਹਤ : ਖੁੱਡੀਆਂ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਜਸਵੰਤ ਗਿੱਲ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਚਲਾਈ ਜਾ ਰਹੀ 'ਮੇਰੀ ਰਸੋਈ' ਸਕੀਮ ਤਹਿਤ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਹਰ ਮਹੀਨੇ ਕਣਕ ਸਮੇਤ ਫੂਡ ਕਿੱਟ ਪ੍ਰਦਾਨ ਕੀਤੀ ਜਾਵੇਗੀ।ਇਸ ਉਪਰਾਲੇ ਦਾ ਮਕਸਦ ਗ਼ਰੀਬ ਤੇ ਜ਼ਰੂਰਤਮੰਦ ਪਰਵਾਰਾਂ ਨੂੰ ਰੋਜ਼ਾਨਾ ਦੀ ਲੋੜੀਂਦੀ ਪੌਸ਼ਟਿਕ ਸਮੱਗਰੀ ਦੀ ਸੁਵਿਧਾ ਪ੍ਰਦਾਨ ਕਰਨਾ ਹੈ।ਖੁੱਡੀਆਂ ਨੇ ਦੱਸਿਆ ਕਿ ਫੂਡ ਕਿੱਟ ਵਿੱਚ ਕਣਕ ਦੇ ਨਾਲ-ਨਾਲ ਹੋਰ ਜ਼ਰੂਰੀ ਰਾਸ਼ਨ ਸਮੱਗਰੀ ਵੀ ਸ਼ਾਮਲ ਕੀਤੀ ਜਾਵੇਗੀ, ਜਿਸ ਵਿੱਚ 2 ਕਿਲੋ ਮਾਹ ਛੋਲਿਆਂ ਦੀ ਦਾਲ, 2 ਕਿਲੋ ਚੀਨੀ, 1 ਕਿਲੋ ਨਮਕ, 200 ਗ੍ਰਾਮ ਹਲਦੀ ਅਤੇ 1 ਲੀਟਰ ਸਰ੍ਹੋਂ ਦਾ ਤੇਲ ਹੋਵੇਗਾ ਤਾਂ ਜੁ ਪਰਵਾਰਾਂ ਨੂੰ ਪੂਰਾ ਪੋਸ਼ਣ ਮਿਲ ਸਕੇ।ਉਨ੍ਹਾਂ ਕਿਹਾ ਕਿ 'ਮੇਰੀ ਰਸੋਈ' ਸਕੀਮ ਨਾਲ 40 ਲੱਖ ਪਰਵਾਰਾਂ ਦੇ ਘਰੇਲੂ ਖਰਚੇ ਨੂੰ ਵੱਡੀ ਰਾਹਤ ਮਿਲੇਗੀ।ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਸਕੀਮ ਸਿਰਫ਼ ਰਾਸ਼ਨ ਵੰਡਣ ਤੱਕ ਸੀਮਤ ਨਹੀਂ, ਸਗੋਂ ਆਮ ਘਰਾਂ ਦੇ ਮਹੀਨਾਵਾਰ ਖ਼ਰਚੇ ਵਿੱਚ ਵਾਸਤਵਿਕ ਕਮੀ ਲਿਆਉਣ ਵਾਲੀ ਪਹਿਲ ਹੈ।ਉਨ੍ਹਾਂ ਕਿਹਾ ਕਿ ਦਾਲ, ਤੇਲ ਅਤੇ ਚੀਨੀ ਵਰਗੀਆਂ ਜ਼ਰੂਰੀ ਵਸਤਾਂ ਦੀ ਕੀਮਤਾਂ ਵਿੱਚ ਵਾਧੇ ਨੇ ਘਰੇਲੂ ਬਜਟ 'ਤੇ ਦਬਾਅ ਪਾਇਆ ਹੋਇਆ ਹੈ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਨੇ ਇਹ ਫ਼ੈਸਲਾ ਕੀਤਾ ਹੈ।

# ਬਰਕੰਦੀ ਦੇ ਦਰਜਨ ਮਜ਼ਦੂਰ ਪਰਵਾਰ ਧਰਮਸ਼ਾਲਾ 'ਤੇ ਛੱਪਰ ਬਣਾ ਕੇ ਰਹਿਣ ਲਈ ਮਜਬੂਰ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸਾਲ ਪਹਿਲਾਂ ਹੀ ਮੁੜ ਤੋਂ ਗੱਦੀ ਹਾਸਲ ਕਰਨ ਲਈ 2027 ਦੀਆਂ ਵੋਟਾਂ ਵਾਸਤੇ ਪਿੰਡਾਂ ਦੇ ਲੋਕਾਂ ਨੂੰ ਸਹੂਲਤਾਂ ਦੇਣ ਲਈ ਆਮ ਆਦਮੀ ਪਾਰਟੀ ਸਬਜ਼ਬਾਗ਼ਾਂ ਦੀ ਝੜੀ ਲਾਉਣ ਲੱਗੀ ਹੈ। ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਇਕਾਈ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਪ੍ਰਭਜੋਤ ਸਿੰਘ ਨੇ ਕਿਹਾ ਕਿ ਸਰਕਾਰ ਪਿੰਡ ਵਿੱਚ ਨਵੀਆਂ ਗ੍ਰਾਂਟਾਂ ਦੇਣ ਲਈ ਮਜ਼ਦੂਰਾਂ ਦੇ ਘਰਾਂ ਵਿੱਚ ਸਰਵੇ ਕਰਾ ਰਹੀ ਹੈ, ਪਰ ਸੁਖਵਿੰਦਰ ਕੌਰ ਪਤਨੀ ਸ਼ਿਵਚਰਨ ਸਿੰਘ ਜਿਸ ਨੂੰ ਸੱਤ ਮਹੀਨੇ ਪਹਿਲਾਂ ਮਕਾਨ ਦੀ ਗ੍ਰਾਂਟ ਦੇ 30000 ਰੁਪਏ ਪਾਏ ਸਨ, ਜਿਸ ਨੂੰ ਖਰਚ ਕੇ ਮਕਾਨ ਲੈਂਟਰ ਤੱਕ ਕਰ ਲਿਆ ਸੀ, ਉਸ ਤੋਂ ਬਾਅਦ ਲੈਂਟਰ ਪਾਉਣ ਲਈ 72000 ਦੀ ਕਿਸ਼ਤ ਵਾਸਤੇ ਦਫ਼ਤਰਾਂ ਦੇ ਬਹੁਤ ਗੇੜੇ ਲਾਉਣ ਬਾਅਦ ਵੀ ਗ੍ਰਾਂਟ ਦੇ ਪੈਸੇ ਨਾ ਮਿਲੇ ਤਾਂ ਅੱਗੇ ਬਾਰਿਸ਼ਾਂ ਸ਼ੁਰੂ ਹੋਣ ਕਰਕੇ ਸੱਸ ਸਹੁਰੇ ਅਤੇ ਬੱਚਿਆਂ ਸਮੇਤ ਛੇ ਜੀਆਂ ਦੇ ਪਰਿਵਾਰਾਂ ਨੂੰ ਲੈ ਕੇ ਧਰਮਸ਼ਾਲਾ ਵਿੱਚ ਰਹਿਣ ਲਈ ਮਜਬੂਰ ਹੈ। ਇਸੇ ਤਰ੍ਹਾਂ ਰਾਮ ਸਿੰਘ ਪੁੱਤਰ ਨੀਲਾ ਸਿੰਘ, ਜੋ ਇੱਕ ਲੱਤ ਤੋਂ ਅੰਗਹੀਣ ਹੈ, ਉਹ ਵੀ ਧਰਮਸ਼ਾਲਾ ਵਿੱਚ ਬੈਠਾ ਮਕਾਨ ਦੀ 72000 ਵਾਲੀ ਦੂਜੀ ਕਿਸ਼ਤ ਦਾ ਇੰਤਜ਼ਾਰ ਕਰ ਰਿਹਾ ਹੈ। ਹਰਜਿੰਦਰ ਕੌਰ ਪਤਨੀ ਲਛਮਣ ਸਿੰਘ ਵੀ ਸੱਤ ਮਹੀਨੇ ਤੋਂ ਛੱਪਰ ਵਿੱਚ ਰਹਿ ਰਹੀ ਹੈ ਅਤੇ 72 000 ਰੁਪਏ ਵਾਲੀ ਕਿਸ਼ਤ ਉਡੀਕ ਰਹੀ ਹੈ। ਇਕੱਲੇ ਇਹ ਪਰਵਾਰ ਹੀ ਧਰਮਪਾਲ ਸਿੰਘ ਪੁੱਤਰ ਹਰਬੰਸ ਸਿੰਘ, ਜਗਵੀਰ ਸਿੰਘ ਪੁੱਤਰ ਜਸਵੰਤ ਸਿੰਘ, ਸੁਖਵੀਰ ਕੌਰ ਪਤਨੀ ਕੇਵਲ ਸਿੰਘ, ਬਲਦੇਵ ਰਾਜ ਪੁੱਤਰ ਨੇਕ ਰਾਮ ਵੀ ਆਖਦੇ ਹਨ ਕਿ ਪਹਿਲਾਂ ਸੱਤ ਮਹੀਨਿਆਂ ਤੋਂ ਅੱਧ ਵਿਚਕਾਰ ਖੜੇ ਮਕਾਨਾਂ ਦੀਆਂ ਛੱਤਾਂ ਤਾਂ ਪਵਾ ਦੇਵੋ, ਨਵੀਂਆਂ ਗ੍ਰਾਂਟਾਂ ਦੇ ਲਾਰੇ ਫੇਰ ਲਾ ਲਿਓ।

# ਭਾਈ ਜਸਵੀਰ ਸਿੰਘ ਜੱਗਾ ਡਾਲਾ ਨੂੰ ਸਦਮਾ, ਪੁੱਤਰ ਦੀ ਮੌਤ

**ਮੋਗਾ, (ਇਕਬਾਲ ਸਿੰਘ ਖਹਿਰਾ)** ਸੰਯੁਕਤ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਆਗੂ ਭਾਈ ਜਸਵੀਰ ਸਿੰਘ ਜੱਗਾ ਡਾਲਾ ਦੇ ਹੋਣਹਾਰ ਪੁੱਤਰ ਦੀ ਬੇਵਕਤੀ ਮੌਤ ਖਾਲਸਾ ਪੰਥ ਨੂੰ ਵੱਡਾ ਘਾਟਾ ਪਿਆ। ਜਥੇਦਾਰ ਬੂਟਾ ਸਿੰਘ ਰਣਸੀਂਹ ਅਕਾਲੀ ਦਲ ਸੰਯੁਕਤ ਦੇ ਸੰਘਰਸ਼ ਸਕੱਤਰ ਭਾਈ ਜਗਸੀਰ ਸਿੰਘ ਜੱਗਾ ਡਾਲਾ ਇਹ ਹੋਣਹਾਰ ਸਪੁੱਤਰ ਮਾਸਟਰ ਗੁਰਪ੍ਰੀਤ ਸਿੰਘ ਗੋਪੀ ਖਾਲਸਾ ਦੀ ਬੇਵਕਤੀ ਮੌਤ ਨਾਲ ਜਿੱਥੇ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ, ਉੱਥੇ ਖਾਲਸਾ ਪੰਥ ਨੂੰ ਵੱਡਾ ਘਾਟਾ ਪਿਆ, ਕਿਉਂਕਿ ਮਾਸਟਰ ਗੁਰਪ੍ਰੀਤ ਸਿੰਘ ਖਾਲਸਾ ਬੱਚਿਆਂ ਨੂੰ ਕੀਰਤਨ ਗੁਰਬਾਣੀ ਦੀ ਕਥਾ ਵਿਚਾਰ ਤੇ ਗੱਤਕਾ ਸਿਖਾਉਂਦੇ ਸਨ।



ਡਾਲਾ ਪਿੰਡ ਦੇ ਗੁਰਦੁਆਰਾ ਰੋੜੀ ਸਾਹਿਬ ਕੀਰਤਨ ਕਰਦੇ ਸਨ। ਸੁੱਚੇ ਜੀਵਨ ਦੇ ਮਾਲਕ ਸਨ। ਭਾਈ ਗੁਰਪ੍ਰੀਤ ਸਿੰਘ ਦੇ ਹਿੱਸੇ ਪਰਮਾਤਮਾ ਨੇ ਚੰਗਾ ਜੀਵਨ ਬਖਸ਼ਿਆ, ਉੱਥੇ ਪ੍ਰਮਾਤਮਾ ਨੇ ਉਹਦੀ ਉਮਰ ਘੱਟ ਬਖਸ਼ੀ। ਇਸ ਦੁੱਖ ਦੀ ਘੜੀ ਵਿੱਚ ਜਥੇਦਾਰ ਬੂਟਾ ਸਿੰਘ ਰਣਸੀਂਹ, ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ, ਮਨਜੀਤ ਸਿੰਘ ਬਿਲਾਸਪੁਰ ਐਮ.ਐਲ.ਏ ਤੇ ਭਾਈ ਮਨਜੀਤ ਸਿੰਘ ਰਾਏ ਮੈਂਬਰ ਘੱਟ ਗਿਣਤੀ ਕਮਿਸ਼ਨ, ਹਰਜੋਤ ਕਮਲ ਸਾਬਕਾ ਐਮ.ਐਲ.ਏ ਜ਼ਿਲ੍ਹਾ ਮੋਗਾ ਪ੍ਰਧਾਨ ਭਾਰਤੀ ਜਨਤਾ ਪਾਰਟੀ, ਸਾਬਕਾ ਐਮ.ਐਲ.ਏ ਭਾਈ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਧਰਮਕੋਟ, ਬਾਬਾ ਬੂਟਾ ਸਿੰਘ ਗੁਰਥੜੀ ਮੈਂਬਰ ਸ਼੍ਰੋਮਣੀ ਕਮੇਟੀ ਨੇ ਦੁੱਖ ਦਾ ਇਜ਼ਹਾਰ ਕੀਤਾ।

# ਆਈ ਟੀ ਆਈ ਕੰਟਰੈਕਟ ਇੰਸਟਰਕਟਰ ਵੱਲੋਂ ਤਨਖਾਹਾਂ ਦੇ ਵਾਧੇ ਨਾ ਹੋਣ ਕਾਰਨ ਰੋਸ ਪ੍ਰਦਰਸ਼ਨ

**ਮੋਗਾ (ਇਕਬਾਲ ਸਿੰਘ ਖਹਿਰਾ)**




ਆਲ ਪੰਜਾਬ ਡੀ.ਐਸ.ਟੀ. ਸੀ.ਟੀ.ਐਸ ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਮੋਗਾ ਵਿਖੇ ਹੋਈ, ਜਿਸ ਦੇ ਚੱਲਦਿਆਂ ਅਹੁਦੇਦਾਰਾਂ ਨੇ ਦੱਸਿਆ ਕਿ ਬਹੁਤ ਹੀ ਲੰਬੇ ਸਮੇਂ ਤੋਂ ਉਹ ਵੱਖ-ਵੱਖ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਬਤੌਰ ਗੈਸਟ ਫੈਕਲਟੀ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਤੇ ਬਹੁਤ ਹੀ ਘੱਟ ਵੇਤਨ ਉੱਪਰ ਬਹੁਤ ਹੀ ਮੁਸ਼ਕਲ ਨਾਲ ਜੀਵਨ ਬਸਰ ਕਰ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਲੈ ਕੇ ਅੱਜ ਤੱਕ ਉਹ ਆਪਣੀਆਂ ਜਾਇਜ਼ ਮੰਗਾਂ ਜਿਵੇਂ ਕਿ ਤਨਖਾਹਾਂ 'ਚ ਵਾਧਾ ਅਤੇ 58 ਸਾਲ ਤੱਕ ਸੇਵਾ ਸੁਰੱਖਿਆ ਦੇ ਸਬੰਧ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਮੰਤਰੀਆਂ ਜਿਵੇਂ ਮੁੱਖ ਮੰਤਰੀ, ਵਿੱਤ ਮੰਤਰੀ ਤੇ ਤਕਨੀਕੀ ਸਿੱਖਿਆ ਮੰਤਰੀਆਂ ਨਾਲ ਬਹੁਤ ਵਾਰ ਮੀਟਿੰਗਾਂ ਕਰ ਚੁੱਕੇ ਹਨ, ਪਰ ਸਰਕਾਰ ਵੱਲੋਂ ਕੇਵਲ ਅੱਜ ਤੱਕ ਉਨ੍ਹਾਂ ਨੂੰ ਲਾਰੇ ਹੀ ਮਿਲੇ। ਪਿਛਲੇ ਇੱਕ ਮਹੀਨੇ 'ਚ ਵਿੱਤ ਮੰਤਰੀ ਚੀਮਾ ਵੱਲੋਂ ਉਨ੍ਹਾਂ ਨੂੰ ਦੋ ਵਾਰ ਮੀਟਿੰਗਾਂ ਦਿੱਤੀਆਂ ਗਈਆਂ ਤੇ ਚੰਡੀਗੜ੍ਹ ਬੁਲਾ ਕੇ ਮੀਟਿੰਗਾਂ ਮੰਤਰੀ ਸਾਹਿਬ ਵੱਲੋਂ ਨਹੀਂ ਕੀਤੀਆਂ ਗਈਆਂ ਤੇ ਨਾ ਹੀ ਉਨ੍ਹਾਂ ਦੀਆਂ ਜਾਇਜ਼ ਮੰਗਾਂ, ਜੋ ਸਰਕਾਰ ਨੇ ਪੂਰੀਆਂ ਕਰਨ ਦੇ ਵਾਅਦੇ ਕੀਤੇ ਹੋਏ ਸਨ, ਅੱਜ ਤੱਕ ਨਹੀਂ ਪੂਰੀਆਂ ਨਹੀਂ ਕੀਤੀਆਂ, 700 ਦੇ ਕਰੀਬ ਕੱਚੇ ਇੰਸਟਰਕਟਰ ਹਨ, ਜੋ ਵੱਖ-ਵੱਖ ਆਈ.ਟੀ.ਆਈਜ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।

ਉਨ੍ਹਾਂ ਨੂੰ ਅੱਖੋਂ ਪਰੋਖੇ ਕਰਕੇ ਤਕਨੀਕੀ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਇੰਸਟਰਕਟਰਾਂ ਦੀਆਂ ਪੋਸਟਾਂ ਕੱਢਣ ਜਾ ਰਹੇ ਹਨ।

# ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਧਰਨਾ



**ਸਮਾਣਾ (ਇਕਬਾਲ ਸਿੰਘ ਬੱਲ)**-ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ 16 ਮਹੀਨਿਆਂ ਤੋਂ ਬੀਐਸਐਨਐਲ ਟਾਵਰ 'ਤੇ ਮੋਰਚਾ ਲਗਾਈ ਬੈਠੇ ਭਾਈ ਗੁਰਜੀਤ ਸਿੰਘ ਖਾਲਸਾ ਦੀ ਮੰਗ 'ਤੇ ਸਰਕਾਰ ਨੇ ਅਜੇ ਤੱਕ ਕੋਈ ਫ਼ੈਸਲਾ ਨਹੀਂ ਲਿਆ, ਜਿਸ ਕਾਰਨ ਟਾਵਰ ਮੋਰਚੇ ਦੀਆਂ ਸਿੱਖ ਸੰਗਤਾਂ ਤੇ ਹੋਰ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਟਾਵਰ ਮੋਰਚੇ ਵਾਲੇ ਪਾਰਕ ਵਿੱਚ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ।ਪੁਲਸ ਪ੍ਰਸ਼ਾਸਨ ਨੇ ਧਰਨਾਕਾਰੀਆਂ ਨੂੰ ਰੋਕਣ ਲਈ ਸ਼ਹਿਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਹੋਏ ਸਨ।

ਪ੍ਰਦਰਸ਼ਨ ਕਰ ਰਹੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਜਦੋਂ ਇਹ ਪਤਾ ਲੱਗਾ ਕਿ ਸਮਾਣਾ ਪੁਲਸ ਪ੍ਰਸ਼ਾਸਨ ਵੱਲੋਂ ਟਾਵਰ ਮੋਰਚਾ ਪਾਰਕ ਵਿੱਚ ਪਹੁੰਚ ਰਹੀਆਂ ਸਿੱਖ ਸੰਗਤਾਂ ਨੂੰ ਰਸਤੇ ਵਿੱਚ ਹੀ ਰੋਕਿਆ ਜਾ ਰਿਹਾ ਹੈ।ਸ਼ਹਿਰ ਵਿੱਚ ਟਰੈਕਟਰ-ਟਰਾਲੀਆਂ 'ਤੇ ਆਉਣ ਵਾਲੇ ਲੋਕਾਂ ਨੂੰ ਵੀ ਪਾਰਕ ਤੱਕ ਨਾ ਪਹੁੰਚਣ ਲਈ ਵੱਖ-ਵੱਖ ਸੜਕਾਂ 'ਤੇ ਮਿੱਟੀ ਦੇ ਭਰੇ ਟਿੱਪਰ ਲਾ ਕੇ ਰਸਤਿਆਂ ਨੂੰ ਬੰਦ ਕੀਤਾ ਹੋਇਆ ਹੈ, ਤਾਂ ਸਿੱਖ ਜਥੇਬੰਦੀਆਂ ਦੇ ਲੋਕਾ 'ਚ ਰੋਹ ਵਧ ਗਿਆ ਤੇ ਉਨ੍ਹਾਂ ਨੇ ਇਕੱਠੇ ਹੋ ਕੇ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਧਰਨਾ ਦੇਣ ਦਾ ਐਲਾਨ ਕੀਤਾ, ਜਿਉਂ ਹੀ ਪਾਰਕ ਵਿੱਚ ਇਕੱਠੇ ਹੋਏ ਸਿੱਖ ਤੇ ਹੋਰ ਧਾਰਮਿਕ ਜਥੇਬੰਦੀਆਂ ਦੇ ਆਗੂ ਬਾਬਾ ਬੰਦਾ ਸਿੰਘ ਬਹਾਦਰ ਚੌਕ ਲਈ ਕੂਚ ਕਰਨ ਲੱਗੇ ਤਾਂ ਸਮਾਣਾ ਪੁਲੀਸ ਪ੍ਰਸ਼ਾਸਨ ਨੇ ਉਹਨਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਚੌਕ 'ਚ ਜਾਣ ਤੋਂ ਰੋਕਣ ਲਈ ਧੱਕਾ ਮੁੱਕੀ ਕੀਤੀ, ਜਿਸ ਦੌਰਾਨ ਕਈ ਕਿਸਾਨਾਂ ਤੇ ਪੁਲਸ ਮੁਲਾਜ਼ਮਾਂ ਦੇ ਸੱਟਾਂ ਵੀ ਲੱਗੀਆਂ।

ਜਦੋਂ ਧਰਨਾ ਲਾਉਣ ਜਾ ਰਹੇ ਕਿਸਾਨ ਆਗੂ ਹੌਲੀ-ਹੌਲੀ ਗਲੀਆਂ ਰਾਹੀਂ ਹੁੰਦੇ ਹੋਏ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਪਹੁੰਚ ਗਏ, ਜਿੱਥੇ ਜਾ ਕੇ ਉਨ੍ਹਾਂ ਇੱਕ ਵਿਸ਼ਾਲ ਧਰਨਾ ਲਾ ਕੇ ਸੜਕ 'ਤੇ ਜਾਮ ਲਾ ਦਿੱਤਾ, ਜਿਸ ਕਾਰਨ ਪਟਿਆਲਾ-ਹਿਸਾਰ ਰੋਡ ਸਮਾਣਾ-ਸੰਗਰੂਰ ਰੋਡ ਸਮਾਣਾ ਭਵਾਨੀਗੜ੍ਹ ਰੋਡ ਪੂਰੀ ਤਰ੍ਹਾਂ ਬੰਦ ਹੋ ਗਏ।ਚਾਰੋਂ ਪਾਸੇ ਸੜਕ ਤੇ ਕਈ ਕਿਲੋਮੀਟਰ ਦੂਰ ਤੱਕ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ।ਇਸ ਤੋਂ ਬਾਅਦ ਸਮਾਣਾ ਪ੍ਰਸ਼ਾਸਨ ਨੇ ਜਦੋਂ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੂੰ ਕੋਈ ਜਾਣਕਾਰੀ ਨਾ ਹੋਣ 'ਤੇ ਆਗੂ ਤਲਵਿੰਦਰ ਸਿੰਘ ਨੇ ਦੋਸ਼ ਲਾਇਆ ਕਿ ਸਾਡੀਆਂ ਮੰਗਾਂ ਬਾਰੇ ਪ੍ਰਸ਼ਾਸਨ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਜਾਣਕਾਰੀ ਨਹੀਂ ਹੈ।ਉਨ੍ਹਾਂ ਕਿਹਾ ਕਿ ਅਸੀਂ ਆਪਣੀਆਂ ਮੰਗਾਂ ਪੁਲਸ ਪ੍ਰਸ਼ਾਸਨ ਨੂੰ ਦੱਸ ਦਿੱਤੀਆਂ ਹਨ ਤੇ ਪ੍ਰਸ਼ਾਸਨ ਉੱਚ ਅਧਿਕਾਰੀਆਂ ਨਾਲ ਇਸ ਬਾਰੇ ਗੱਲ ਕਰੇਗਾ।

# ਬੀ ਡੀ ਪੀ ਓ ਦਫ਼ਤਰ ਬਚਾਉਣ ਲਈ ਧਰਨਾ ਭਲਕੇ

**ਭੀਖੀ (ਗੁਰਿੰਦਰ ਸਿੰਘ ਔਲਖ)**-ਵਿਸ਼ਵਕਰਮਾ ਮੰਦਰ ਵਿਖੇ ਬੀਡੀਪੀਓ ਬਲਾਕ ਦਫ਼ਤਰ ਬਚਾਓ ਸੰਘਰਸ਼ ਕਮੇਟੀ ਦੀ ਹੰਗਾਮੀ ਮੀਟਿੰਗ ਹੋਈ, ਜਿਸ ਦਾ ਮੁੱਖ ਮਕਸਦ ਬਲਾਕ ਦਫਤਰ ਨੂੰ ਇਥੋਂ ਇੱਕ-ਦੋ ਮਾਰਚ ਨੂੰ ਤਬਦੀਲ ਕੀਤੇ ਜਾਣ ਦੀ ਜਾਣਕਾਰੀ ਸਬੰਧੀ ਸੀ।ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਤੈਅ ਕੀਤਾ ਗਿਆ ਕਿ ਇਸ ਦਫ਼ਤਰ ਨੂੰ ਇਥੋਂ ਤਬਦੀਲ ਨਾ ਕੀਤਾ ਜਾਵੇ।ਇਸ ਲਈ ਸੰਘਰਸ਼ ਕੀਤਾ ਜਾਵੇਗਾ। 27 ਤਰੀਕ ਨੂੰ ਬਲਾਕ ਦਫਤਰ ਦੇ ਵਿੱਚ ਵੱਡਾ ਧਰਨਾ ਲਾ ਕੇ ਭੀਖੀ ਸ਼ਹਿਰ ਵਿੱਚ ਮੁਜ਼ਾਹਰਾ ਕੱਢ ਕੇ ਵਿਧਾਇਕ ਦੀ ਅਰਥੀ ਫੂਕੀ ਜਾਵੇਗੀ।ਦਫ਼ਤਰ ਨੂੰ ਇਥੋਂ ਤਬਦੀਲ ਹੋਣ ਤੋਂ ਰੋਕਣ ਲਈ ਸੰਘਰਸ਼ ਨੂੰ ਫਿਰ ਤੇਜ਼ ਕੀਤਾ ਜਾਵੇਗਾ ਤਾਂ ਜੁ ਸਰਕਾਰ ਜਿਹੜੇ ਵਾਅਦੇ ਕਰ ਰਹੀ ਹੈ ਕਿ ਲੋਕਾਂ ਨੂੰ ਸਹੂਲਤਾਂ ਪਿੰਡਾਂ ਤੱਕ ਦਿੱਤੀਆਂ ਜਾਣਗੀਆਂ, ਉਲਟਾ ਉਨ੍ਹਾਂ ਸਹੂਲਤਾਂ ਨੂੰ ਖੋਹ ਕੇ ਉਪਰ ਲਿਜਾਇਆ ਜਾ ਰਿਹਾ।27 ਤਰੀਕ ਨੂੰ ਵੱਡਾ ਇਕੱਠ ਕਰਕੇ ਅਗਲੇ ਸੰਘਰਸ਼ ਦੇ ਰੂਪ-ਰੇਖਾ ਵੀ ਲਿਖੀ ਜਾਵੇਗੀ। ਮੀਟਿੰਗ ਵਿੱਚ ਪੰਜਾਬ ਕਿਸਾਨ ਯੂਨੀਅਨ ਦੇ ਆਗੂ ਗੁਰਨਾਮ ਸਿੰਘ ਭੋਲਾ ਸਿੰਘ ਸਮਾਓ, ਕੁੱਲ ਹਿੰਦ ਕਿਸਾਨ ਸਭਾ ਦੇ ਰੂਪ ਸਿੰਘ ਢਿੱਲੋਂ, ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਗੁਲਾਬ ਸਿੰਘ ਖੀਵਾ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਦੇ ਦਿਨੇਸ਼ ਸੋਨੀ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੁਖਰਾਜ, ਬੀਕੇਯੂ (ਪੰਧੇਰ) ਦੇ ਬਾਵਾ ਸਿੰਘ, ਮੋਟਰਸਾਈਕਲ ਰੇਹੜੀ ਯੂਨੀਅਨ ਦੇ ਭੂਰਾ ਸਮਾਓ, ਖੇਤ ਮਜ਼ਦੂਰ ਯੂਨੀਅਨ ਦੇ ਫਲ ਰੇੜੀ ਯੂਨੀਅਨ ਦੇ ਆਗੂ ਰਘਬੀਰ ਸਿੰਘ ਜਸਵੰਤ ਸਿੰਘ, ਬਿਜਲੀ ਬੋਰਡ ਆਗੂ ਗੁਲਾਬ ਸਿੰਘ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।

# ਟਾਵਰ ਮੋਰਚੇ ਦੇ ਹੱਕ 'ਚ ਜਾਂਦੇ ਕਿਸਾਨਾਂ ਦੀ ਫੜੋ-ਫੜਾਈ ਮੰਦਭਾਗੀ : ਭਾਈ ਵਿਰਸਾ ਸਿੰਘ



**ਸਮਾਣਾ (ਇਕਬਾਲ ਸਿੰਘ ਬੱਲ)**-ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਬੇਅਦਬੀ ਸਬੰਧੀ ਸਪੈਸ਼ਲ ਕਾਨੂੰਨ ਦੀ ਮੰਗ ਨੂੰ ਲੈ ਕੇ ਲੰਮੇ ਸਮੇਂ ਤੋਂ ਟਾਵਰ 'ਤੇ ਬੈਠੇ ਗੁਰਜੀਤ ਸਿੰਘ ਫੌਜੀ ਮਾਮਲਾ 'ਚ ਇੱਕ ਵੱਡਾ ਇਕੱਠ ਸੱਦਿਆ ਗਿਆ ਸੀ ਤੇ ਇਸ ਐਲਾਨ ਤੋਂ ਬਾਅਦ ਸਮਾਣਾ ਟਾਵਰ ਨਜ਼ਦੀਕ ਪੁਲਸ ਨੇ ਕਿਸਾਨ ਆਗੂਆਂ ਤੇ ਹੋਰ ਪੰਥਕ ਸੋਚ ਦੇ ਆਗੂਆਂ ਦੀ ਫੜੋ ਫੜਾਈ ਸ਼ੁਰੂ ਕਰ ਦਿੱਤੀ ਗਈ। ਸਮਾਜ ਸੇਵਕ ਲੱਖਾ ਸਿਧਾਣਾ ਨੂੰ ਨਜ਼ਰ ਬੰਦ ਕਰ ਲਿਆ ਗਿਆ। ਹੋਰ ਆਗੂਆਂ ਨੂੰ ਫੜਿਆ ਗਿਆ। ਇਕੱਠ ਵਾਲੀ ਜਗ੍ਹਾ ਪੁਲਸ ਛਾਉਣੀ 'ਚ ਬਦਲ ਗਈ। ਕਿਸਾਨ ਆਗੂਆਂ ਤੇ ਹੋਰ ਪੰਥਕ ਜਥੇਬੰਦੀਆਂ ਦੀ ਫੜੋ ਫੜਾਈ 'ਤੇ ਧੱਕੇਸ਼ਾਹੀ ਸਬੰਧੀ ਵਿਰੋਧੀ ਨੇਤਾਵਾਂ ਤੇ ਹੋਰ ਪੰਥਕ ਆਗੂਆਂ ਤੇ ਕਿਸਾਨਾਂ ਨੇ ਸਰਕਾਰ ਦੀ ਇਸ ਨੀਤੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਤੇ ਉਨ੍ਹਾਂ ਦਾ ਕਹਿਣਾ ਹੈ ਕਿ ਲੋਕਾਂ ਦਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਸ਼ਾਂਤਮਈ ਢੰਗ ਨਾਲ ਵਿਰੋਧ ਕਰਨਾ ਸੰਵਿਧਾਨਕ ਹੱਕ ਹੈ, ਪਰ ਸਰਕਾਰ ਨੇ ਇਸ ਪ੍ਰਦਰਸ਼ਨੀ ਇਕੱਠ ਨੂੰ ਫੇਲ੍ਹ ਕਰਨ ਲਈ ਪਹਿਲਾਂ ਤਾਂ ਵੱਡੇ ਲੀਡਰਾਂ ਨੂੰ ਨਜ਼ਰਬੰਦ ਕੀਤਾ ਤੇ ਇਕੱਠ ਵਾਲੀ ਜਗ੍ਹਾ ਨੂੰ ਪੁਲਸ ਛਾਉਣੀ 'ਚ ਤਬਦੀਲ ਕਰ ਕਰਨ ਦੇ ਨਾਲ ਬਹੁਤ ਸਾਰੇ ਆਗੂਆਂ ਨੂੰ ਜਬਰੀ ਚੁੱਕਿਆ ਗਿਆ ਤੇ ਧੱਕੇਸ਼ਾਹੀ ਵੀ ਕੀਤੀ ਗਈ।

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਗੁਰਬਾਣੀ ਦੀ ਬੇਅਬਦੀ ਸਬੰਧੀ ਸਪੈਸ਼ਲ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਲੰਮੇ ਸਮੇਂ ਤੋਂ ਟਾਵਰ 'ਤੇ ਬੈਠੇ ਗੁਰਜੀਤ ਸਿੰਘ ਦੇ ਸਮਰੱਥਨ 'ਚ ਇੱਕ ਵੱਡਾ ਪੰਥਕ ਇਕੱਠ ਬੁਲਾਇਆ ਗਿਆ ਸੀ, ਪਰ ਸਰਕਾਰ ਨੇ ਇਸ 'ਤੇ ਰੋਕ ਲਾ ਕੇ ਆਪਣਾ ਲੋਕਤੰਤਰ ਵਿਰੋਧੀ ਅਸਲੀ ਚਿਹਰਾ ਨੰਗਾ ਕਰ ਲਿਆ ਹੈ। ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸਰਕਾਰ ਦੀ ਇਸ ਨੀਤੀ ਦੀ ਨਿੰਦਾ ਕਰਦੀ ਹੋਈ ਮੰਗ ਕਰਦੀ ਹੈ ਕਿ ਲੰਮੇ ਸਮੇਂ ਤੋਂ ਸਮਾਣੇ ਟਾਵਰ 'ਤੇ ਧਰਨਾ ਲਾਈ ਬੈਠੇ ਭਾਈ ਗੁਰਜੀਤ ਸਿੰਘ ਫੌਜੀ ਦੀ ਮੰਗ ਅਨੁਸਾਰ ਗੁਰਬਾਣੀ ਬੇਅਦਬੀ ਤੇ ਸਪੈਸ਼ਲ ਕਾਨੂੰਨ ਬਣਾਉਣ ਦੀ ਲੋੜ ਤੇ ਜ਼ੋਰ ਦੇਵੇ ਤਾਂ ਜੁ ਨਿੱਤ ਦਿਨ ਹੋ ਰਹੀਆਂ ਗੁਰਬਾਣੀ ਬੇਅਦਬੀ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਲੰਮੇ ਸਮੇਂ ਤੋਂ ਗੁਰਬਾਣੀ ਬੇਅਦਬੀ ਸੰਬੰਧੀ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਟਾਵਰ 'ਤੇ ਬੈਠਣ ਵਾਲੇ ਭਾਈ ਗੁਰਜੀਤ ਸਿੰਘ ਫੌਜੀ ਦੇ ਸਮਰਥਨ ਵਿੱਚ ਹੋਣ ਵਾਲੇ ਸ਼ਾਂਤਮਈ ਪ੍ਰਦਰਸ਼ਨੀ ਇਕੱਠ 'ਤੇ ਰੋਕ ਲਾਉਣ, ਆਗੂਆਂ ਦੀ ਫੜੋ ਫੜਾਈ, ਇਕੱਠ ਵਾਲੀ ਜਗ੍ਹਾ ਨੂੰ ਛਾਉਣੀ 'ਚ ਬਦਲਣ ਵਾਲੀ ਲੋਕ ਵਿਰੋਧੀ ਨੀਤੀ ਦੀ ਨਿੰਦਾ ਅਤੇ ਟਾਵਰ 'ਤੇ ਬੈਠੇ ਪ੍ਰਦਰਸ਼ਨਕਾਰੀ ਦੀ ਮੰਗ ਅਨੁਸਾਰ ਗੁਰਬਾਣੀ ਬੇਅਦਬੀ ਸਬੰਧੀ ਸਪੈਸ਼ਲ ਕਾਨੂੰਨ ਬਣਾਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ। ਉਨ੍ਹਾਂ ਆਖਿਆ ਸਰਕਾਰ ਵਿਰੋਧੀ ਪ੍ਰਦਰਸ਼ਨ ਕਰਨਾ ਲੋਕਾਂ ਦਾ ਸੰਵਿਧਾਨਿਕ ਹੱਕ ਹੈ, ਪਰ ਸਰਕਾਰ ਲੋਕਾਂ ਦੇ ਇਸ ਹੱਕ ਨੂੰ ਕੁਚਲ ਰਹੀ ਹੈ ਜੋ ਸਰਕਾਰ ਦੀ ਬਹੁਤ ਹੀ ਨਿੰਦਣਯੋਗ ਨੀਤੀ ਕਹੀ ਜਾ ਸਕਦੀ ਹੈ।

# 'ਰਾਹਾਂ ਵਿੱਚ ਅੰਗਿਆਰ ਬੜੇ ਨੇ' ਨਾਟਕ ਨੇ ਕੀਤਾ ਜਾਦੂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਮੌਕੇ ਕਵੀ ਸਤੀ ਕੁਮਾਰ ਰਾਮਪੁਰਾ ਫੂਲ ਅਤੇ ਜਗਸੀਰ ਯੋਗੀ ਨੂੰ ਸਮਰਪਤ ਦੋ ਰੋਜ਼ਾ ਪੁਸਤਕ ਤੇ ਸਾਹਿਤਕ ਮੇਲਾ ਲੋਕਾਂ ਦੀ ਸਾਹਿਤਕ ਭੁੱਖ ਨੂੰ ਤੜਕਾ ਲਾਉਣ ਵਿਚ ਬੇਹੱਦ ਕਾਮਯਾਬ ਰਿਹਾ।ਮੇਲੇ ਅੰਦਰਲੀਆਂ ਕਾਫੀ ਪੇਸ਼ਕਾਰੀਆਂ ਬਹੁਤ ਜ਼ਬਰਦਸਤ ਸਨ, ਜਿਨ੍ਹਾਂ ਨੂੰ ਹਾਜ਼ਰੀਨ ਨੇ ਹਰ ਪੱਖੋਂ ਭਰਪੂਰ ਦਾਦ ਦਿੱਤੀ।ਰਾਮਪੁਰਾ ਫੂਲ ਅੰਦਰ ਕਈ ਦਹਾਕਿਆਂ ਬਾਅਦ ਹੋਏ ਅਜਿਹੇ ਮੇਲੇ ਦੀ ਸਫ਼ਲਤਾ ਲਈ ਜਿੱਥੇ ਵਰਿੰਦਰ ਦੀਵਾਨਾ, ਸੁਖਰਾਜ ਮੰਡੀ ਕਲਾਂ, ਜਗਦੀਪ ਸ਼ਰਮਾ ਤੇ ਵਰੁਣ ਦੁੱਗਲ ਦੀ ਅਗਵਾਈ ਵਾਲੀ ਟੀਮ ਵਧਾਈ ਦੀ ਹੱਕਦਾਰ ਹੈ, ਉੱਥੇ ਸਟੇਜ ਕਰਨ ਵਾਲੇ ਲੋਕ ਪੱਖੀ ਕਲਾਕਾਰ ਤੇ ਉਨ੍ਹਾਂ ਦੇ ਨਿਰਦੇਸ਼ਕ-ਲੇਖਕਾਂ ਨੇ ਵੀ ਲੋਕ ਮਨਾਂ ਤੇ ਆਪਣੀ ਗਹਿਰੀ ਛਾਪ ਛੱਡੀ।

ਐੱਸਡੀਐੱਮ ਕਿਰਨਦੀਪ ਸਿੰਘ ਦੁਆਰਾ ਮੇਲੇ ਦੇ ਕੀਤੇ ਸ਼ੁਭ ਆਰੰਭ ਉਪਰੰਤ ਮੇਲੇ ਦੇ ਸਮਾਪਤੀ ਸਮਾਰੋਹ ਮੌਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਸ਼ਮੂਲੀਅਤ ਤੇ ਉਨ੍ਹਾਂ ਵੱਲੋਂ ਦਿੱਤੇ ਆਰਥਿਕ ਸਹਿਯੋਗ ਨੇ ਵੀ ਆਪਣੀ ਥਾਂ ਬਣਾਈ।ਲੇਖਕ-ਨਿਰਦੇਸ਼ਕ ਰਾਜਵਿੰਦਰ ਸਮਰਾਲਾ ਦੁਆਰਾ ਪ੍ਰਸਿੱਧ ਕਵਿੱਤਰੀ ਸੁਖਵਿੰਦਰ ਅੰਮ੍ਰਿਤ ਆਧਾਰਤ ਸਟੇਜ ਇੱਕ ਪਾਤਰੀ ਸੋਲੋ ਨਾਟਕ 'ਰਾਹਾਂ ਵਿੱਚ ਅੰਗਿਆਰ ਬੜੇ ਨੇ' ਵਿੱਚ ਇਸਤਰੀ ਪਾਤਰ ਦੀ ਅਦਾਕਾਰੀ ਨੇ ਅਜਿਹਾ ਜਾਦੂ ਕੀਤਾ ਕਿ ਲੋਕ ਘਰਾਂ ਨੂੰ ਜਾਣਾ ਹੀ ਭੁੱਲ ਬੈਠੇ।

ਲੋਕ ਮੰਚ ਮੰਡੀ ਮੁਲਾਂਪੁਰ ਵਲੋਂ ਲੇਖਕ-ਨਿਰਦੇਸ਼ਕ ਹਰਕੇਸ਼ ਚੌਧਰੀ ਵਲੋਂ ਦੀ ਅਗਵਾਈ ਹੇਠ ਪਰਿੰਦੇ ਭਟਕ ਗਏ ਨਾਟਕ ਵੀ ਅਜੋਕੇ ਭਟਕੇ ਨੌਜਵਾਨਾਂ ਨੂੰ ਸਹੀ ਸੇਧ ਦੇ ਗਿਆ।ਸਕੂਲੀ ਵਿਦਿਆਰਥੀਆਂ ਨੂੰ ਵਿਦਵਾਨ ਸ਼ਖ਼ਸੀਅਤ ਜਗਤਾਰ ਸੋਖੀ ਵੱਲੋਂ ਬੱਚਿਆਂ ਨੂੰ ਪੰਜਾਬੀ ਦੇ ਸ਼ਬਦ ਜੋੜ, ਵਿਆਕਰਣ, ਸੁੰਦਰ ਲਿਖਾਈ-ਸਿਖਲਾਈ ਦੇਣ ਉਪਰੰਤ ਮੁਕਾਬਲੇ ਦੇ ਮੋਹਰੀ ਸਨਮਾਨਤ ਹੋਏ।ਮਾਸਟਰ ਰੇਵਤੀ ਪ੍ਰਸਾਦਿ ਦੀ ਤੇ ਨਵਦੀਪ ਗਿੱਲ ਦੀ ਕਵੀਸ਼ਰੀ ਨੇ ਵੀ ਵਿਰਾਸਤ ਨਾਲ ਜੋੜਿਆ।ਸੂਫੀ ਗਾਇਨ ਦੌਰਾਨ ਗੜ੍ਹਸ਼ੰਕਰ ਤੋਂ ਪ੍ਰੋ ਵਿਜੇ ਭੱਟੀ ਆਪਣੇ ਸੂਫੀਆਨਾ ਕਲਾਮਾਂ ਰਾਹੀਂ ਤਾਂ ਹਿਪਨੋਟਾਈਜ਼ ਹੀ ਕਰ ਗਏ, ਲੋਕਾਂ ਨੇ ਖ਼ੂਬ ਦਾਦ ਦਿੱਤੀ।

ਕਿਤਾਬਾਂ ਦੀਆਂ ਸਟਾਲਾਂ ਤੇ ਤਰਕਸ਼ੀਲ ਵੈਨ ਕੋਲ ਲਗਾਤਾਰ ਰਹੀ ਭੀੜ ਲੋਕਾਂ ਦੀ ਸਾਹਿਤਕ ਭੁੱਖ ਘਟਾਉਂਦੀ ਦਿਖਾਈ ਦਿੱਤੀ।ਵਰਿੰਦਰ ਦੀਵਾਨਾ ਤੇ ਸੁਖਰਾਜ ਮੰਡੀ ਕਲਾਂ ਦੇ ਬਾਖੂਬੀ ਸਟੇਜ ਸੰਚਾਲਨ ਨੇ ਪ੍ਰੋਗਰਾਮ 'ਚ ਖੜੋਤ ਨਹੀਂ ਆਉਣ ਦਿੱਤੀ।ਦਾਨੀ ਸੱਜਣਾਂ 'ਚੋਂ ਉਦਯੋਗਪਤੀਆਂ ਰਾਜਿੰਦਰ ਸਟੈਲਕੋ, ਕਮਲੇਸ਼ ਸ਼ਰਾਫ, ਅਸ਼ਵਨੀ ਸਰਾਫ, ਐੱਸ.ਐੱਸ.ਚੱਠਾ ਅਤੇ ਹੋਰਨਾਂ ਦਾ ਸਹਿਯੋਗ ਪ੍ਰਬੰਧਕਾਂ ਦੇ ਚੇਤਿਆਂ 'ਚ ਛਾਇਆ ਰਿਹਾ।ਪ੍ਰਬੰਧਕਾਂ ਨੇ ਸਨਮਾਨ ਦੇਣ ਦੀ ਵੀ ਧੁੱਕੀ ਕੱਢੀ ਰੱਖੀ।ਅਗਰਵਾਲ ਸਮਾਜ ਦੇ ਮੋਹਰੀ ਸੁਰੇਸ਼ ਸੁੰਦਰੀ ਨੇ ਵੀ ਪ੍ਰਬੰਧਕੀ ਮੇਲਾ ਟੀਮ ਨੂੰ ਸਨਮਾਨਤ ਕਰਕੇ ਇਲਾਕੇ ਦੇ ਲੋਕਾਂ ਦਾ ਮਾਣ ਵਧਾਇਆ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਨੇ ਡਾਇਰੈਕਟਰ ਸਟੇਟ ਟਰਾਂਸਪੋਰਟ ਵਿਭਾਗ ਨੂੰ ਲਿਖਿਆ ਪੱਤਰ

**ਕੋਟਕਪੂਰਾ (ਰਛਪਾਲ ਭੁੱਲਰ)**

ਪੰਜਾਬ ਪੈਨਸ਼ਨਰਜ ਯੂਨੀਅਨ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਡਾਇਰੈਕਟਰ ਸਟੇਟ ਟਰਾਂਸਪੋਰਟ ਵਿਭਾਗ ਪੰਜਾਬ ਨੂੰ ਇੱਕ ਪੱਤਰ ਲਿਖ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੰਜਾਬ ਰੋਡਵੇਜ਼ ਦੇ ਵੱਖ ਵੱਖ ਡਿਪੂਆਂ ਵਿੱਚੋਂ ਵੱਖ-ਵੱਖ ਆਸਾਮੀਆਂ ਤੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਦੇ ਮੈਡੀਕਲ ਪ੍ਰਤੀ ਪੂਰਤੀ ਬਿੱਲ ਪਿਛਲੇ ਕਈ ਸਾਲਾਂ ਤੇ ਕਈ ਮਹੀਨਿਆਂ ਤੋਂ ਪੰਜਾਬ ਰੋਡਵੇਜ਼ ਦੇ ਵੱਖ-ਵੱਖ ਡਿੱਪੂਆਂ ਦੇ ਦਫਤਰਾਂ, ਸਿਵਲ ਸਰਜਨਾਂ ਦੇ ਦਫਤਰਾਂ, ਡਾਇਰੈਕਟਰ ਸਿਹਤ ਵਿਭਾਗ ਪੰਜਾਬ, ਡਾਇਰੈਕਟਰ ਟਰਾਂਸਪੋਰਟ ਵਿਭਾਗ ਪੰਜਾਬ ਤੇ ਪੰਜਾਬ ਦੇ ਵੱਖ-ਵੱਖ ਖਜ਼ਾਨਾ ਦਫਤਰਾਂ ਵਿੱਚ ਲਮਕ ਅਵਸਥਾ ਵਿੱਚ ਪਏ ਹੋਏ ਹਨ।ਇਨ੍ਹਾਂ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦਾ ਸਮੇਂ ਸਿਰ ਨਿਪਟਾਰਾ/ਅਦਾਇਗੀ ਨਾ ਹੋਣ ਕਰਕੇ ਟਰਾਂਸਪੋਰਟ ਵਿਭਾਗ ਵਿੱਚੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਥੇਬੰਦੀ ਦੇ ਸੂਬਾ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ ਅਤੇ ਪ੍ਰੈੱਸ ਸਕੱਤਰ ਕੁਲਵੰਤ ਸਿੰਘ ਚਾਨੀ ਅਨੁਸਾਰ ਪੱਤਰ ਵਿੱਚ ਇਹ ਵੀ ਧਿਆਨ ਵਿੱਚ ਲਿਆਂਦਾ ਹੈ ਕਿ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਵੱਲੋਂ ਇਹ ਬਿੱਲ ਸਮੇਂ ਸਿਰ ਵੈਰੀਫਾਈ ਹੀ ਨਾ ਕਰਨ ਕਾਰਨ ਕਲੇਮ ਦੀ ਅਦਾਇਗੀ ਹੋਣ ਵਿੱਚ ਬਹੁਤ ਦੇਰੀ ਹੋ ਜਾਂਦੀ ਹੈ ਜਾਂ ਫਿਰ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਟਰਾਂਸਪੋਰਟ ਵਿਭਾਗ ਦੀ ਮੰਗ ਅਨੁਸਾਰ ਪੈਨਸ਼ਨਰਾਂ ਦੇ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੇ ਨਿਪਟਾਰੇ ਲਈ ਲੋੜੀਂਦਾ ਬਜਟ ਹੀ ਨਹੀਂ ਭੇਜਿਆ ਜਾਂਦਾ।

ਬਜਟ ਦੀ ਅਣਹੋਂਦ ਕਾਰਨ ਸਬੰਧਤ ਪੈਨਸ਼ਨਰਾਂ ਦੇ ਮੈਡੀਕਲ ਬਿੱਲ ਖਜਾਨਾ ਦਫਤਰਾਂ ਵਿੱਚ ਸਬਮਿਟ ਹੀ ਨਹੀਂ ਹੁੰਦੇ, ਅਦਾਇਗੀ ਹੋਣਾ ਤਾਂ ਬਹੁਤ ਦੂਰ ਦੀ ਗੱਲ ਬਣ ਜਾਂਦੀ ਹੈ।ਇਸ ਕਰਕੇ ਅਦਾਇਗੀਆਂ ਕਈ-ਕਈ ਸਾਲਾਂ ਤੇ ਮਹੀਨਿਆਂ ਤੋਂ ਲਟਕ ਰਹੀਆਂ ਹਨ।

ਜਥੇਬੰਦੀ ਨੇ ਉੱਚ ਅਧਿਕਾਰੀ ਤੋਂ ਮੰਗ ਕੀਤੀ ਹੈ ਕਿ ਆਪਣੇ ਦਫ਼ਤਰ ਦੇ ਕੰਮ ਵਿੱਚ ਤੇਜ਼ੀ ਲਿਆਉਣ ਅਤੇ ਇਹ ਮਾਮਲਾ ਤੁਰੰਤ ਸਿਹਤ ਵਿਭਾਗ ਤੇ ਵਿੱਤ ਵਿਭਾਗ ਪੰਜਾਬ ਦੇ ਉੱਚ ਅਧਿਕਾਰੀਆਂ ਕੋਲ ਉਠਾ ਕੇ ਟਰਾਂਸਪੋਰਟ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਤੁਰੰਤ ਅਦਾਇਗੀ ਕੀਤੀ ਜਾਵੇ, ਕਿਉਂਕਿ ਵਿੱਤੀ ਸਾਲ ਬਹੁਤ ਜਲਦੀ 31 ਮਾਰਚ ਨੂੰ ਖਤਮ ਹੋਣ ਵਾਲਾ ਹੈ।

# ਪੁੱਕਾ ਨੇ ਚੰਡੀਗੜ੍ਹ 'ਚ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਅੰਤਰਰਾਸ਼ਟਰੀ ਕਾਨਫਰੰਸ ਦੀ ਮੇਜ਼ਬਾਨੀ ਕੀਤੀ

**ਰਾਜਪੁਰਾ (ਰਮੇਸ਼ ਕਟਾਰੀਆ)**




ਪੰਜਾਬ ਅਨਏਡਿਡ ਕਾਲਜ ਐਸੋਸੀਏਸ਼ਨ (ਪੁੱਕਾ) ਨੇ ਫਿਊਟਰੇਡ ਇਨੋਵੇਸ਼ਨ ਸਟੂਡੀਓਜ਼ ਦੇ ਸਹਿਯੋਗ ਨਾਲ ਪੀਐਚਡੀ ਚੈਂਬਰ, ਚੰਡੀਗੜ੍ਹ ਵਿਖੇ 'ਐਕਸਲਰੇਟਿੰਗ ਰਿਸਰਚ ਟ੍ਰਾਂਸਲੇਸ਼ਨ ਐਂਡ ਏਆਈ-ਡਰਿਵਨ ਇਨੋਵੇਸ਼ਨ ਈਕੋਸਿਸਟਮਜ਼ ਅਲਾਈਨਡ ਟੂ ਵਿਕਸਤ ਭਾਰਤ ਵਿਜ਼ਨ' 'ਤੇ ਇੱਕ ਕਾਨਫਰੰਸ ਦਾ ਆਯੋਜਨ ਕੀਤਾ।ਇਸ ਸਮਾਗਮ ਵਿੱਚ ਸੰਸਦ ਮੈਂਬਰ (ਰਾਜ ਸਭਾ) ਐਸ. ਸਤਨਾਮ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਅੰਸ਼ੂ ਕਟਾਰੀਆ, ਪ੍ਰਧਾਨ, ਪੁੱਕਾ ਚੇਅਰਮੈਨ, ਆਰੀਅਨਜ਼ ਗਰੁੱਪ ਆਫ਼ ਕਾਲਜਿਜ਼, ਰਾਜਪੁਰਾ ਨੇੜੇ ਕੀਤੀ।ਪ੍ਰਮੁੱਖ ਸ਼ਖਸੀਅਤਾਂ 'ਚ ਪ੍ਰੋਫੈਸਰ (ਡਾ.) ਮਨਪ੍ਰੀਤ ਸਿੰਘ ਮੰਨਾ, ਡਾ. ਮਨੀਸ਼ ਮਲਹੋਤਰਾ, ਸ਼੍ਰੀ ਰਸਲ ਮਰਜ਼, ਐਮਰੀਟਸ ਪ੍ਰੋਫੈਸਰ ਮਾਈਕਲ ਕਲੇਮੈਂਟਸ, ਸ਼੍ਰੀ ਕਮਲ ਛਾਬੜਾ ਦੇ ਨਾਲ-ਨਾਲ ਪ੍ਰਮੁੱਖ ਯੂਨੀਵਰਸਿਟੀਆਂ, ਸੰਸਥਾਵਾਂ ਤੇ ਉਦਯੋਗ ਸੰਸਥਾਵਾਂ ਦੇ ਪ੍ਰਤੀਨਿਧ ਸ਼ਾਮਲ ਸਨ।ਕਾਨਫਰੰਸ 'ਚ ਪੰਜਾਬ ਭਰ ਦੇ ਵੱਖ-ਵੱਖ ਕਾਲਜਾਂ ਦੇ ਸਿੱਖਿਆ ਸ਼ਾਸਤਰੀਆਂ, ਉਦਯੋਗ ਮਾਹਿਰਾਂ, ਸੰਸਥਾਗਤ ਆਗੂਆਂ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ।ਡਾ. ਅੰਸ਼ੂ ਕਟਾਰੀਆ ਨੇ ਜ਼ੋਰ ਦਿੱਤਾ ਕਿ ਭਾਰਤ ਇੱਕ ਗਲੋਬਲ ਗਿਆਨ ਹੱਬ ਬਣਨ ਵੱਲ ਤੇਜ਼ੀ ਨਾਲ ਵਧ ਰਿਹਾ ਹੈ ਤੇ ਸੰਸਥਾਵਾਂ ਨੂੰ ਵਿਕਾਸ ਭਾਰਤ ਵਿਜ਼ਨ ਵਿੱਚ ਯੋਗਦਾਨ ਪਾਉਣ ਲਈ ਨਵੀਨਤਾ, ਖੋਜ ਵਪਾਰੀਕਰਨ ਤੇ ਉਦਯੋਗ ਭਾਈਵਾਲੀ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।ਉਨ੍ਹਾਂ ਹੁਨਰ ਵਿਕਾਸ, ਉੱਦਮਤਾ ਪ੍ਰੋਤਸਾਹਨ ਤੇ ਯੁਵਾ ਸਸ਼ਕਤੀਕਰਨ ਵਿੱਚ ਨਿੱਜੀ ਵਿਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਚਾਨਣਾ ਪਾਇਆ।ਸ੍ਰੀ ਰਸਲ ਮਰਜ਼, ਸੰਸਥਾਪਕ, ਬ੍ਰਿਸਬੇਨ ਸਟ੍ਰੈਟਜੀ ਵੈਂਚਰਸ, ਆਸਟ੍ਰੇਲੀਆ ਨੇ ਇੱਕ ਸੂਝਵਾਨ ਭਾਸ਼ਣ ਦਿੱਤਾ ਜਿਸ ਵਿੱਚ ਗਲੋਬਲ ਨਵੀਨਤਾ ਰੁਝਾਨਾਂ, ਸਟਾਰਟਅਪ ਈਕੋਸਿਸਟਮ ਤੇ ਭਾਰਤੀ ਸੰਸਥਾਵਾਂ ਦੁਆਰਾ ਲਾਗੂ ਖੋਜ ਅਤੇ ਉੱਦਮਤਾ ਦੁਆਰਾ ਉਦਯੋਗ ਲਈ ਤਿਆਰ ਗ੍ਰੈਜੂਏਟ ਪੈਦਾ ਕਰਨ ਦੀ ਜ਼ਰੂਰਤ ਨੂੰ ਉਜਾਗਰ ਕੀਤਾ ਗਿਆ।ਉਨ੍ਹਾਂ ਭਾਰਤ ਦੀ ਜਨਸੰਖਿਆ ਸ਼ਕਤੀ ਦੀ ਸ਼ਲਾਘਾ ਕੀਤੀ ਤੇ ਤਕਨਾਲੋਜੀ-ਅਧਾਰਤ ਵਿਕਾਸ ਲਈ ਅੰਤਰਰਾਸ਼ਟਰੀ ਪੱਧਰ 'ਤੇ ਸਹਿਯੋਗ ਕਰਨ ਲਈ ਸੰਸਥਾਵਾਂ ਨੂੰ ਉਤਸ਼ਾਹਤ ਕੀਤਾ।ਆਸਟ੍ਰੇਲੀਆ ਦੇ ਕਾਲਜ ਆਫ਼ ਪ੍ਰੈਕਟਿਸ ਪ੍ਰੋਫੈਸਰਜ਼ ਤੋਂ ਐਮਰੀਟਸ ਪ੍ਰੋਫੈਸਰ ਮਾਈਕਲ ਕਲੇਮੈਂਟਸ ਨੇ ਅਨੁਭਵੀ ਸਿੱਖਿਆ, ਅਭਿਆਸ-ਅਧਾਰਤ ਸਿੱਖਿਆ ਮਾਡਲਾਂ ਤੇ ਏਆਈ-ਸਮਰਥਿਤ ਸਿੱਖਿਆ ਵਿਧੀਆਂ ਰਾਹੀਂ ਉੱਚ ਸਿੱਖਿਆ ਨੂੰ ਬਦਲਣ ਬਾਰੇ ਗੱਲ ਕੀਤੀ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੰਸਥਾਵਾਂ ਨੂੰ ਸਿਧਾਂਤਕ ਸਿੱਖਿਆ ਤੋਂ ਪਰੇ ਜਾਣਾ ਚਾਹੀਦਾ ਹੈ ਤੇ ਰੁਜ਼ਗਾਰਯੋਗਤਾ ਅਤੇ ਨਵੀਨਤਾ ਦੇ ਨਤੀਜਿਆਂ ਨੂੰ ਵਧਾਉਣ ਲਈ ਅਸਲ-ਸੰਸਾਰ ਸਮੱਸਿਆ ਹੱਲ ਕਰਨ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ।ਕਾਮੇਡੀਅਨ ਬਿੰਨੂ ਢਿੱਲੋਂ ਅਤੇ ਅਦਾਕਾਰ ਤੇ ਗਾਇਕ ਐਮੀ ਵਿਰਕ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ।

## ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇ ਦੀ ਲੋੜ : ਦਾਨੇਵਾਲੀਆ



**ਮਾਨਸਾ (ਆਤਮਾ ਸਿੰਘ ਪਮਾਰ)**-ਨੌਜਵਾਨਾਂ ਨੂੰ ਖੇਡਾਂ, ਪੜ੍ਹਾਈ ਅਤੇ ਉਦਮੀ ਕੰਮ ਧੰਦਿਆਂ ਨਾਲ ਜੋੜਨਾ ਜ਼ਰੂਰੀ ਹੈ।ਜਿਸ ਤਰ੍ਹਾਂ ਪੰਜਾਬ ਅੰਦਰ ਨਸ਼ਿਆਂ ਨੇ ਨੌਜਵਾਨੀ ਦਾ ਘਾਣ ਕੀਤਾ ਹੈ, ਜੇਕਰ ਅਸੀਂ ਨੌਜਵਾਨੀ ਨੂੰ ਨਾ ਬਚਾਇਆ ਤਾਂ ਦੇਸ਼ ਦਾ ਭਵਿੱਖ ਬਰਬਾਦੀ ਦੇ ਰਾਹ ਤੁਰ ਪਵੇਗਾ।ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਜਨਰਲ ਸਕੱਤਰ ਮਨੀਸ਼ ਬੱਬੀ ਦਾਨੇਵਾਲੀਆ ਨੇ ਖਿਆਲਾ ਕਲਾਂ ਵਿਖੇ ਨੌਜਵਾਨਾਂ ਨੂੰ ਕ੍ਰਿਕਟ ਕਿੱਟਾਂ ਵੰਡਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਇਸ ਧਰਤੀ ਨੇ ਹੀ ਭਵਿੱਖ 'ਚ ਖਿਡਾਰੀ, ਨੇਤਾ, ਉਦਯੋਗਪਤੀ, ਸਮਾਜ ਸੇਵੀ ਅਤੇ ਉਦਮੀ ਨੌਜਵਾਨ ਪੈਦਾ ਕਰਨੇ ਹਨ ਪਰ ਜੇਕਰ ਇੰਨ੍ਹਾਂ ਦੀ ਨੀਂਹ ਹੀ ਮਜਬੂਤ ਨਹੀਂ ਹੋਵੇਗੀ ਤਾਂ ਨੌਜਵਾਨਾਂ ਦਾ ਭਵਿੱਖ ਧੁੰਦਲਾ ਹੋਣਾ ਤੈਅ ਹੈ।ਇਸ ਕਰਕੇ ਖੇਡਾਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਅਨਸਰਦੀ ਲੋੜ ਹੈ।ਨੌਜਵਾਨ ਖੇਡਾਂ ਨਾਲ ਲਗਾਤਾਰ ਜੁੜੇ ਰਹਿਣ, ਇਸ ਲਈ ਸਾਨੂੰ ਸਭ ਨੂੰ ਰਲ ਮਿਲ ਕੇ ਹੰਭਲਾ ਮਾਰਨਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਦਾਨੇਵਾਲੀਆ ਸੇਵਾ ਟਰੱਸਟ ਵਲੋਂ ਕ੍ਰਿਕਟ ਖਿਡਾਰੀਆਂ ਨੂੰ ਕਿੱਟਾਂ ਵੀ ਵੰਡੀਆਂ ਅਤੇ ਕਿਹਾ ਕਿ ਕ੍ਰਿਕਟ, ਕਬੱਡੀ, ਫੁੱਟਬਾਲ ਅਤੇ ਹੋਰ ਖੇਡਾਂ ਖੇਡਣ ਵਾਲੇ ਖਿਡਾਰੀਆਂ ਨੂੰ ਵੀ ਉਹ ਇਸ ਟਰੱਸਟ ਵਲੋਂ ਸਹਿਯੋਗ ਅਤੇ ਉਤਸ਼ਾਹਿਤ ਕਰਦੇ ਰਹਿਣਗੇ।ਇਸ ਮੌਕੇ ਸੱਤਪਾਲ ਸਿੰਘ, ਰਾਮ ਸਿੰਘ, ਨੈਬ ਸਿੰਘ, ਅਵਤਾਰ ਸਿੰਘ, ਜਸਦੀਪ ਸਿੰਘ, ਦਵਿੰਦਰ ਸਿੰਘ, ਪਰਵਿੰਦਰ ਬੰਟੀ ਅਤੇ ਸੁਖਚੈਨ ਸਿੰਘ ਆਦਿ ਵੀ ਹਾਜ਼ਰ ਸਨ।

## ਐੱਸ ਐੱਸ ਪੀ ਵੱਲੋਂ ਥਾਣਾ ਤੇ ਨਾਕਿਆਂ ਦੀ ਅਚਨਚੇਤ ਚੈਕਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਜ਼ਿਲ੍ਹਾ ਖੰਨਾ 'ਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਖੰਨਾ ਪੁਲਸ ਪੂਰੀ ਤਰ੍ਹਾਂ ਅਲਰਟ ਮੋਡ 'ਚ ਨਜ਼ਰ ਆ ਰਹੀ ਹੈ। ਇਸੇ ਤਹਿਤ ਸੀਨੀਅਰ ਪੁਲਸ ਕਪਤਾਨ (ਐੱਸ ਐੱਸ ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਅੱਧੀ ਰਾਤ ਨੂੰ ਅਚਨਚੇਤ ਮਾਛੀਵਾੜਾ ਥਾਣਾ ਅਤੇ ਨਾਕਿਆਂ ਦੀ ਅਚਨਚੇਤ ਚੈਕਿੰਗ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੱਲੋਂ ਮਾਛੀਵਾੜਾ ਸਾਹਿਬ ਥਾਣੇ ਦੀ ਚੈਕਿੰਗ ਕਰਦਿਆਂ ਪੁਲਸ ਮੁਲਾਜ਼ਮਾਂ ਦੀ ਤਿਆਰੀ, ਹਾਜ਼ਰੀ ਅਤੇ ਡਿਊਟੀ ਪ੍ਰਬੰਧਾਂ ਦੀ ਪੜਤਾਲ ਕੀਤੀ ਗਈ। ਅਚਨਚੇਤ ਜਾਂਚ ਦੌਰਾਨ ਐੱਸ.ਐੱਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਥਾਣਿਆਂ 'ਚ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹਾਜ਼ਰੀ ਚੈੱਕ ਕੀਤੀ ਅਤੇ ਇਹ ਯਕੀਨੀ ਬਣਾਇਆ ਕਿ ਹਰ ਮੁਲਾਜ਼ਮ ਆਪਣੀ ਡਿਊਟੀ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਅਤੇ ਜ਼ਿੰਮੇਵਾਰ ਹੈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਰਾਤ ਦੌਰਾਨ ਗਸ਼ਤ ਵਧਾਈ ਜਾਵੇ ਅਤੇ ਸੰਵੇਦਨਸ਼ੀਲ ਇਲਾਕਿਆਂ 'ਚ ਵਧੇਰੇ ਧਿਆਨ ਦਿੱਤਾ ਜਾਵੇ। ਐੱਸ.ਐੱਸ.ਪੀ ਨੇ ਕਿਹਾ ਕਿ ਜ਼ਿਲੇ 'ਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲਤ 'ਚ ਕਾਇਮ ਰੱਖਿਆ ਜਾਵੇਗਾ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਸਰਬੱਤ ਦੇ ਭਲੇ ਲਈ ਵਿਦਿਆਰਥੀਆਂ ਵੱਲੋਂ ਅਰਦਾਸ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬੀ ਯੂਨੀਵਰਸਿਟੀ ਟੀ ਪੀ ਡੀ ਮਾਲਵਾ ਕਾਲਜ/ਨੇਬਰਹੁਡ ਕੈਂਪਸ ਰਾਮਪੁਰਾ ਫੂਲ ਵਿਖੇ ਸਰਬੱਤ ਦੇ ਭਲੇ ਅਤੇ ਸੰਸਥਾ ਦੀ ਚੜ੍ਹਦੀ ਕਲਾ ਦੇ ਲਈ ਪ੍ਰਿੰਸੀਪਲ ਡਾਕਟਰ ਬਲਜਿੰਦਰ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਕਰਵਾਇਆ ਗਿਆ।ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਬਾਬਾ ਬਲਕਰਨ ਸਿੰਘ ਮੰਡੀ ਕਲਾਂ ਵਾਲਿਆਂ ਵੱਲੋਂ ਹਾਜ਼ਰੀ ਲਗਵਾਈ ਗਈ ਅਤੇ ਗੁਰੂ ਰਾਮਦਾਸ ਜੀ ਦੇ ਜੀਵਨ ਦੀ ਉਦਾਹਰਨ ਦੇ ਕੇ ਵਿਦਿਆਰਥੀਆਂ ਨੂੰ ਸੱਚੀ ਕਿਰਤ ਤੇ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾਕਟਰ ਬਲਜਿੰਦਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਅਤੇ ਸਮਾਜ ਦੇ ਵਿੱਚ ਨੈਤਿਕ ਕਦਰਾਂ ਕੀਮਤਾਂ ਨੂੰ ਪੈਦਾ ਕਰਨ ਦੇ ਲਈ ਅਜਿਹੇ ਧਾਰਮਿਕ ਪ੍ਰੋਗਰਾਮ ਕਰਵਾਉਣੇ ਲਾਜ਼ਮੀ ਹਨ।ਇਸ ਵਿੱਚ ਸਮੂਹ ਸਟਾਫ ਪ੍ਰੋ. ਕੁਲਵੀਰ ਸਿੰਘ, ਪ੍ਰੋ. ਕੰਵਰਜੀਤ ਸਿੰਘ, ਪ੍ਰੋ. ਮਨਦੀਪ ਗੌੜ, ਪ੍ਰੋ. ਰਿੰਪੀ ਰਾਣੀ, ਪ੍ਰੋ. ਕਮਲਜੀਤ, ਪ੍ਰੋ. ਮਗਨਪ੍ਰੀਤ, ਪ੍ਰੋ. ਹਰਜਿੰਦਰਪਾਲ, ਪ੍ਰੋ. ਬੇਅੰਤ ਸਿੰਘ, ਪ੍ਰੋ. ਰਾਜਪਾਲ ਸਿੰਘ, ਪ੍ਰੋ. ਜਗਮਿੰਦਰ ਕੌਰ, ਪ੍ਰੋ. ਸੁਖਦੀਪ ਸਿੰਘ, ਪ੍ਰੋ. ਅਜੇ ਕੁਮਾਰ ਆਦਿ ਹਾਜ਼ਰ ਸਨ। ਪਾਠ ਦੀ ਸਮਾਪਤੀ ਸਮੇਂ ਇੰਜਨੀਅਰਿੰਗ ਕਾਲਜ ਦੇ ਪ੍ਰਿੰਸੀਪਲ ਅਤੇ ਸਟਾਫ, ਆਈਟੀਆਈ ਦੇ ਪ੍ਰਿੰਸੀਪਲ, ਵੈਟਰਨਰੀ ਕਾਲਜ ਦੇ ਸਟਾਫ਼, ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਅਤੇ ਅਧਿਆਪਕਾਂ ਤੋਂ ਇਲਾਵਾ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸੁਰਜੀਤ ਸਿੰਘ ਫੂਲ, ਸਾਬਕਾ ਪ੍ਰਿੰਸੀਪਲ ਜਸਵੀਰ ਸਿੰਘ ਸੰਧੂ, ਕਾਮਰੇਡ ਅਮਰੀਕ, ਮਿੱਠੂ ਵੈਦ, ਪੁਰਸ਼ੋਤਮ ਮਹਿਰਾਜ , ਬਿਕਰ ਸਿੰਘ, ਤੇਜਪਾਲ ਸਿੰਘ ਸਿੱਧੂ ਨੇ ਵੀ ਆਪਣੀ ਹਾਜ਼ਰੀ ਲਗਵਾਈ।

## 73ਵੀਂ ਐਥਲੈਟਿਕ ਮੀਟ ਦੀ ਸ਼ਾਨਦਾਰ ਸ਼ੁਰੂਆਤ



**ਖੰਨਾ ((ਸੁਖਵਿੰਦਰ ਸਿੰਘ ਭਾਦਲਾ)**-ਏ ਐਸ ਕਾਲਜ ਖੰਨਾ ਦੀ ਦੋ-ਰੋਜ਼ਾ 73ਵੀਂ ਸਾਲਾਨਾ ਐਥਲੈਟਿਕ ਮੀਟ ਕਾਲਜ ਦੇ ਮਦਨ ਗੋਪਾਲ ਚੋਪੜਾ ਸਟੇਡੀਅਮ ਵਿਖੇ ਆਯੋਜਿਤ ਕੀਤੀ ਗਈ।ਵਿਦਿਆਰਥੀਆਂ ਅਤੇ ਖੇਡ ਪ੍ਰੇਮੀਆਂ ਨੇ ਇਸ ਸ਼ਾਨਦਾਰ ਖੇਡ ਸਮਾਗਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕੈਬਨਿਟ ਮੰਤਰੀ, ਪੰਜਾਬ ਸਰਕਾਰ ਤਰੁਣਪ੍ਰੀਤ ਸਿੰਘ ਸੌਂਧ ਸਮਾਰੋਹ ਦੇ ਮੁੱਖ ਮਹਿਮਾਨ ਸਨ ਜਦੋਂ ਕਿ ਅਨਿਲ ਅਗਰਵਾਲ (ਐਮ ਡੀ, ਦਸ਼ਮੇਸ਼ ਕਾਸਟਿੰਗਜ਼) ਅਤੇ ਐਨ ਆਰ ਆਈ ਗੁਰਿੰਦਰ ਮਾਂਗਟ ਵਿਸ਼ੇਸ਼ ਮਹਿਮਾਨ ਰਹੇ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਾਲਜ ਪ੍ਰਿੰਸੀਪਲ ਡਾ. ਕੇ.ਕੇ. ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਪ੍ਰੋਗਰਾਮ ਦੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਬਾਰੇ ਜਾਣ-ਪਛਾਣ ਭਾਸ਼ਣ ਦਿੱਤਾ ਅਤੇ ਸਟੇਜ ਤੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਦੇ ਬੀਏ ਭਾਗ ਪਹਿਲਾ ਦੇ ਵਿਦਿਆਰਥੀ ਗੁਰਸਾਹਿਬ ਸਿੰਘ ਨੇ ਵਿਭਾਗ ਦੇ ਹੋਰ ਖਿਡਾਰੀਆਂ ਨਾਲ ਮਿਲ ਕੇ ਪਵਿੱਤਰ ਮਸ਼ਾਲ ਜਗਾਉਣ ਦੀ ਰਸਮ ਨਿਭਾਈ।ਕਾਲਜ ਦੇ ਐਨਸੀਸੀ ਕੈਡਿਟਾਂ, ਐਨ ਐਸ ਐਸ ਵਲੰਟੀਅਰਾਂ ਅਤੇ ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਦੇ ਵਿਦਿਆਰਥੀਆਂ ਨੇ ਮਾਰਚ ਪਾਸਟ ਕੀਤਾ ਅਤੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਸਲਾਮੀ ਦਿੱਤੀ।

## ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦੀ ਮੀਟਿੰਗ 28 ਨੂੰ



**ਸੰਗਰੂਰ (ਪ੍ਰਵੀਨ ਸਿੰਘ)**-ਵੱਖ-ਵੱਖ ਸਰਕਾਰੀ, ਅਰਧ ਸਰਕਾਰੀ ਵਿਭਾਗਾਂ, ਜੁਡੀਸਰੀ ਅਤੇ ਬੈਂਕਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ ਜੋ ਕਿ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਸਮਰਪਿਤ ਹੈ ਦੇ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਨੇ ਇੱਥੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਬਜ਼ੁਰਗਾਂ ਦੀ ਭਲਾਈ ਲਈ ਕੰਮ ਕੀਤੇ ਜਾਂਦੇ ਹਨ , ਸਮੇਂ ਸਮੇਂ ਤੇ ਬਜ਼ੁਰਗਾਂ ਦੀ ਨਰੋਈ ਸਿਹਤ ਲਈ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਏ ਜਾਂਦੇ ਹਨ ਅਤੇ ਲੋੜਵੰਦਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ ਦੀ ਮਹੀਨਾਵਾਰ ਮੀਟਿੰਗ ਮਿਤੀ 28 ਫਰਵਰੀ ਦਿਨ ਸ਼ਨੀਵਾਰ ਨੂੰ ਸਵੇਰੇ 10-30 ਵਜੇ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਸੰਗਰੂਰ ਵਿਖੇ ਹੋਵੇਗੀ।ਇਸ ਮੌਕੇ ਚੇਅਰਮੈਨ ਰਵਿੰਦਰ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ, ਜਸਬੀਰ ਸਿੰਘ ਖਾਲਸਾ, ਕਰਨੈਲ ਸਿੰਘ ਸੇਖੋਂ, ਰਜਿੰਦਰ ਸਿੰਘ ਚੰਗਾਲ, ਡਾ:ਮਨਮੋਹਨ ਸਿੰਘ, ਕਿਸ਼ੋਰੀ ਲਾਲ, ਜਰਨਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਨਰਲ ਤਿਲਕ ਸਤੀਜਾ, ਮਹੇਸ਼ ਜੌਹਰ, ਰਾਜ ਕੁਮਾਰ ਬਾਂਸਲ, ਸੁਰਿਦਰ ਪਾਲ ਗਰਗ,ਅਸ਼ੋਕ ਕੁਮਾਰ ਡੱਲਾ, ਅਸ਼ੋਕ ਸ਼ਰਮਾ, ਹਰਚਰਨ ਸਿੰਘ ਅਤੇ ਸ਼ਿਵ ਕੁਮਾਰ ਅੰਬਾਲਵੀ ਆਦਿ ਮੌਜੂਦ ਸਨ।

## ਝੋਨੇ ਦੀ ਸਿੱਧੀ ਬਿਜਾਈ ਵਾਲੇ ਕਿਸਾਨਾਂ ਨੂੰ ਦਸਤਾਵੇਜ਼ ਜਮ੍ਹਾਂ ਕਰਾਉਣ ਦੀ ਅਪੀਲ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਖੇਤੀਬਾੜੀ ਅਫਸਰ ਡਾ. ਹਰਪ੍ਰੀਤਪਾਲ ਕੌਰ ਨੇ ਦੱਸਿਆ ਕਿ ਜਿਨ੍ਹਾਂ ਕਿਸਾਨਾਂ ਨੇ ਸਾਲ 2025-26 ਦੌਰਾਨ ਡੀ.ਐਸ.ਆਰ (ਝੋਨੇ ਦੀ ਸਿੱਧੀ ਬਿਜਾਈ) ਅਤੇ ਬੀ.ਟੀ ਕਾਟਨ ਬੀਜ ਦੀ ਸਬਸਿਡੀ ਲਈ ਅਪਲਾਈ ਕੀਤਾ ਸੀ। ਉਨਾਂ ਕਿਸਾਨਾਂ ਵੱਲੋਂ ਆਪਣੇ ਲੋੜੀਂਦੇ ਦਸਤਾਵੇਜ਼ ਸੰਬੰਧਤ ਦਫਤਰ ਬਲਾਕ ਖੇਤੀਬਾੜੀ ਅਫਸਰ ਵਿਖੇ ਜਮ੍ਹਾਂ ਨਹੀਂ ਕਰਾਏ ਗਏ, ਜਿਸ ਕਾਰਨ ਉਹਨਾਂ ਕਿਸਾਨਾਂ ਨੂੰ ਸਬਸਿਡੀ ਜਾਰੀ ਨਹੀਂ ਕੀਤੀ ਜਾ ਸਕੀ। ਉਨ੍ਹਾਂ ਇਨ੍ਹਾਂ ਜ਼ਿਲੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਲੋੜੀਂਦੇ ਦਸਤਾਵੇਜ਼ (ਪੈਨ ਕਾਰਡ/ਵੋਟਰ ਕਾਰਡ, ਅਧਾਰ ਕਾਰਡ ਤੇ ਬੈਂਕ ਖਾਤੇ/ਕੈਂਸਲ ਚੈਕ ਦੀ ਕਾਪੀ ਆਪਣੇ-ਆਪਣੇ ਸਬੰਧਤ ਦਫਤਰ ਬਲਾਕ ਖੇਤੀਬਾੜੀ ਅਫਸਰ/ਸਰਕਲ ਦਫਤਰ ਵਿਖੇ 27 ਫਰਵਰੀ ਤੱਕ ਜਮ੍ਹਾਂ ਕਰਾਉਣ ਤਾਂ ਜੁ ਇਨ੍ਹਾਂ ਕਿਸਾਨਾਂ ਨੂੰ ਇਹ ਸਬਸਿਡੀ ਦੀ ਅਦਾਇਗੀ ਕੀਤੀ ਜਾ ਸਕੇ।ਜਿਨ੍ਹਾਂ ਕਿਸਾਨਾਂ ਵੱਲੋਂ ਪਹਿਲਾ ਹੀ ਬਲਾਕ ਦਫਤਰਾਂ ਵਿੱਚ ਦਸਤਾਵੇਜ਼ ਜਮ੍ਹਾਂ ਕਰਾਏ ਜਾ ਚੁੱਕੇ ਹਨ, ਉਨ੍ਹਾਂ ਕਿਸਾਨਾਂ ਵੱਲੋਂ ਦੁਬਾਰਾ ਦਸਤਾਵੇਜ਼ ਜਮ੍ਹਾਂ ਨਾ ਕਰਾਏ ਜਾਣ।

# ਸੰਗਰੂਰ ਨਗਰ ਕੌਂਸਲ ਵੱਲੋਂ ਅਦਾਲਤ ਨੂੰ ਗੁੰਮਰਾਹ ਕਰਨ ਦਾ ਵੱਡਾ ਖੁਲਾਸਾ

### ਅਧਿਕਾਰੀਆਂ ਨੇ ਫੋਟੋਆਂ ਖਿਚਵਾਉਣ ਲਈ ਕੀਤੀ ਕਾਸਮੈਟਿਕ ਸਫਾਈ



**ਸੰਗਰੂਰ (ਪ੍ਰਵੀਨ ਸਿੰਘ)**-ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵਿੱਚ ਸੰਗਰੂਰ ਦੀ ਸਫ਼ਾਈ ਵਿਵਸਥਾ ਨੂੰ ਲੈ ਕੇ ਚੱਲ ਰਹੇ ਕੇਸ ਵਿੱਚ ਪਟੀਸ਼ਨਰਾਂ ਐਡਵੋਕੇਟ ਕਮਲ ਆਨੰਦ, ਜਤਿੰਦਰ ਕਾਲੜਾ, ਪਰਵੀਨ ਬਾਂਸਲ, ਰੋਸ਼ਨ ਗਰਗ, ਅਤੇ ਹੋਰ ਸਾਥੀ ਐਡਵੋਕੇਟ ਭਗਵੰਤ ਸਿੰਘ, ਦਲੀਪ ਮਿਸ਼ਰਾ ਤੇ ਅਤੁਲ ਕੁਮਾਰ ਨੇ ਨਗਰ ਕੌਂਸਲ ਵਿਰੁੱਧ ਧਮਾਕੇਦਾਰ ਸਬੂਤ ਪੇਸ਼ ਕੀਤੇ ਹਨ।ਪਟੀਸ਼ਨਰਾਂ ਅਨੁਸਾਰ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਵੱਲੋਂ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਵਾਬ ਸੱਚਾਈ ਤੋਂ ਕੋਹਾਂ ਦੂਰ ਅਤੇ ਗੁੰਮਰਾਹਕੁੰਨ ਹੈ।ਪਟੀਸ਼ਨਰਾਂ ਨੇ ਪ੍ਰਦੂਸ਼ਣ ਬੋਰਡ ਦੀ 9 ਫਰਵਰੀ 2026 ਦੀ ਜਾਂਚ ਰਿਪੋਰਟ ਦਾ ਹਵਾਲਾ ਦਿੰਦਿਆਂ ਹੇਠ ਲਿਖੇ ਖੁਲਾਸੇ ਕੀਤੇ ਕਿ ?ਫੇਲ੍ਹ ਕੰਪੋਜ਼ਿਟ ਪਿੱਟ ਨੇ ਦਾਅਵਾ ਕੀਤਾ ਸੀ ਕਿ 50 ਪਿੱਟ ਚਾਲੂ ਹਨ, ਜਦਕਿ ਬੋਰਡ ਦੀ ਰਿਪੋਰਟ ਮੁਤਾਬਕ 71 ਵਿੱਚੋਂ ਇੱਕ ਵੀ ਪਿੱਟ ਚਾਲੂ ਨਹੀਂ ਮਿਲਿਆ।ਨਗਰ ਕੌਂਸਲ ਨੇ ਕੂੜਾ ਸਾੜਨ ਤੋਂ ਇਨਕਾਰ ਕੀਤਾ ਸੀ, ਪਰ ਬੋਰਡ ਦੀ ਟੀਮ ਨੂੰ ਉਭਾਵਾਲ ਰੋਡ ਲੈਂਡਫਿਲ ਸਾਈਟ ਅਤੇ ਨਵੀਂ ਅਨਾਜ ਮੰਡੀ ਦੇ ਪਿੱਛੇ ਕੂੜੇ ਨੂੰ ਅੱਗ ਲੱਗੀ ਮਿਲੀ। ਲੈਂਡਫਿਲ ਸਾਈਟ 'ਤੇ 20 ਫੁੱਟ ਉੱਚੇ ਕੂੜੇ ਦੇ ਢੇਰ ਹਨ। ਉੱਥੇ ਕੂੜਾ ਤੋਲਣ ਲਈ ਕੋਈ ਕੰਡਾ ਨਹੀਂ ਹੈ ਤੇ ਜ਼ਹਿਰੀਲੇ ਪਾਣੀ ਦੇ ਪ੍ਰਬੰਧਨ ਦਾ ਕੋਈ ਇੰਤਜ਼ਾਮ ਨਹੀਂ ਹੈ। ਨਗਰ ਕੌਂਸਲ 'ਤੇ ਲੱਗਾ 84 ਲੱਖ ਰੁਪਏ ਦਾ ਵਾਤਾਵਰਣ ਜੁਰਮਾਨਾ ਅਜੇ ਤੱਕ ਬਕਾਇਆ ਹੈ।

ਨਗਰ ਕੌਂਸਲ ਦੇ ਅਧਿਕਾਰੀਆਂ ਨੇ ਅਦਾਲਤ ਵਿੱਚ ਝੂਠਾ ਹਲਫ਼ਨਾਮਾ ਦਾਇਰ ਕਰਕੇ ਨਾ ਸਿਰਫ਼ ਮਾਣਯੋਗ ਟ੍ਰਿਬਿਊਨਲ ਨੂੰ ਗੁੰਮਰਾਹ ਕੀਤਾ ਹੈ, ਬਲਕਿ ਸੰਗਰੂਰ ਦੇ ਨਾਗਰਿਕਾਂ ਦੀ ਸਿਹਤ ਨਾਲ ਅਪਰਾਧਿਕ ਖਿਲਵਾੜ ਵੀ ਕੀਤਾ ਹੈ। ਜਿਸ ਸ਼ਹਿਰ ਨੂੰ 'ਮਾਡਲ ਸਿਟੀ' ਕਿਹਾ ਜਾਂਦਾ ਸੀ, ਅੱਜ ਉੱਥੋਂ ਦੇ ਅਫ਼ਸਰਾਂ ਦੀ ਨਿਕੰਮੀ ਕਾਰਗੁਜ਼ਾਰੀ ਕਾਰਨ ਉਹ ਕੂੜੇ ਦੇ ਢੇਰਾਂ ਵਿੱਚ ਦਬਿਆ ਹੋਇਆ ਹੈ।ਜੇਕਰ ਕਾਰਜਸਾਧਕ ਅਫ਼ਸਰ ਆਪਣੇ ਦਫ਼ਤਰ ਦੇ ਮੂਹਰਿਓਂ ਕੂੜਾ ਨਹੀਂ ਚੁੱਕਵਾ ਸਕਦੇ, ਤਾਂ ਉਨ੍ਹਾਂ ਨੂੰ ਕੁਰਸੀ 'ਤੇ ਬੈਠਣ ਦਾ ਕੋਈ ਨੈਤਿਕ ਹੱਕ ਨਹੀਂ ਹੈ।

## 'ਮੇਰੀ ਰਸੋਈ' ਤਹਿਤ 40 ਲੱਖ ਪਰਵਾਰਾਂ ਨੂੰ ਮਿਲੇਗਾ ਮੁਫ਼ਤ ਰਾਸ਼ਨ : ਹੈਪੀ ਗਰਗ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**



ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਲੋਕ ਭਲਾਈ ਦੇ ਖੇਤਰ ਵਿੱਚ ਇੱਕ ਹੋਰ ਇਤਿਹਾਸਕ ਕਦਮ ਚੁੱਕਦਿਆਂ 'ਮੇਰੀ ਰਸੋਈ' ਯੋਜਨਾ ਦਾ ਐਲਾਨ ਕੀਤਾ ਗਿਆ ਹੈ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗਰਗ ਨੇ ਸਰਕਾਰ ਦੇ ਇਸ ਫ਼ੈਸਲੇ ਦਾ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਇਸ ਯੋਜਨਾ ਤਹਿਤ ਸੂਬੇ ਦੇ 40 ਲੱਖ ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਮੁਹੱਈਆ ਕਰਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਹੈਪੀ ਗਰਗ ਨੇ ਅੱਗੇ ਕਿਹਾ ਕਿ 'ਮੇਰੀ ਰਸੋਈ' ਯੋਜਨਾ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਪੁਲਾਂਘ ਹੈ।ਉਨ੍ਹਾਂ ਦੱਸਿਆ ਕਿ ਇਹ ਰਾਸ਼ਨ ਕਿੱਟਾਂ ਤਿਮਾਹੀ ਆਧਾਰ 'ਤੇ ਦਿੱਤੀਆਂ ਜਾਣਗੀਆਂ, ਜੋ ਗਰੀਬ ਤੇ ਮੱਧ ਵਰਗੀ ਪਰਵਾਰਾਂ ਦੇ ਰਸੋਈ ਖਰਚੇ ਨੂੰ ਘਟਾਉਣ ਤੇ ਉਨ੍ਹਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਸਹਾਈ ਸਾਬਤ ਹੋਣਗੀਆਂ।ਇਹ ਪਹਿਲ ਸਿੱਧੇ ਤੌਰ 'ਤੇ ਸੂਬੇ ਦੇ ਲੱਖਾਂ ਪਰਵਾਰਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਵੇਗੀ।

## ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਦੋ ਕਾਬੂ

**ਸੰਗਰੂਰ (ਪ੍ਰਵੀਨ ਸਿੰਘ)**-ਐਸ.ਐਸ.ਪੀ. ਸਰਤਾਜ ਸਿੰਘ ਚਾਹਲ (ਆਈ.ਪੀ.ਐਸ) ਨੇ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 17 ਫਰਵਰੀ ਤੋਂ 23 ਫਰਵਰੀ ਤੱਕ ਡਰੱਗ ਦੇ ਦੋ ਮੁਕੱਦਮੇ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 07 ਗ੍ਰਾਮ ਹੈਰੋਇਨ/ਚਿੱਟਾ ਤੇ 200 ਨਸ਼ੀਲੇ ਟੀਕੇ ਬਰਾਮਦ ਕਰਾਏ ਗਏ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਦੇ ਖ਼ਿਲਾਫ਼ ਆਬਕਾਰੀ ਐਕਟ ਤਹਿਤ ਇਕ ਮੁਕੱਦਮਾ ਦਰਜ ਕਰਕੇ ਇਕ ਮੁਲਜ਼ਮ ਕਾਬੂ ਕਰਕੇ 16 ਬੋਤਲਾਂ ਸ਼ਰਾਬ ਠੇਕਾ ਦੇਸੀ ਹਰਿਆਣਾ ਬਰਾਮਦ ਕਰਵਾਈ ਗਈ। ਆਰਮਜ਼ ਐਕਟ ਤਹਿਤ ਇਕ ਮੁਕੱਦਮਾ ਦਰਜ ਕਰਕੇ ਦੋ ਮੁਲਜ਼ਮ ਕਾਬੂ ਕਰਨ ਦੇ ਨਾਲ ਨਾਲ 315 ਬੋਰ ਦੇਸੀ ਪਿਸਤੌਲ ਸਮੇਤ ਤਿੰਨ ਕਾਰਤੂਸ ਬਰਾਮਦ ਕੀਤੇ ਗਏ ਹਨ।ਨਸ਼ੇ ਦੀ ਦਲਦਲ ਵਿੱਚ ਫਸੇ 23 ਵਿਅਕਤੀਆਂ ਨੂੰ ਦਵਾਈ ਦਵਾਈ ਗਈ।ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 155 ਟਰੈਫ਼ਿਕ ਚਲਾਨ ਕੀਤੇ ਗਏ ਹਨ।ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 262 ਵਿਅਕਤੀਆਂ ਵਿਰੁੱਧ 172 ਬੀਐਲਐਸਐਸ ਤਹਿਤ ਕਾਰਵਾਈ ਕੀਤੀ ਗਈ ਤੇ 08 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਇਸ ਤੋਂ ਇਲਾਵਾ ਆਮ ਪਬਲਿਕ ਦੇ ਵੱਖ-ਵੱਖ ਸਥਾਨਾਂ 'ਤੇ ਗੁੰਮ ਹੋਏ ਵੱਖ ਵੱਖ 20 ਮੋਬਾਈਲ ਟੈਕਨੀਕਲ ਤਰੀਕੇ ਨਾਲ ਲੱਭ ਕੇ ਉਕਤ ਮੋਬਾਈਲਾਂ ਦੇ ਅਸਲ ਮਾਲਕਾ ਦੇ ਸਪੁਰਦ ਕੀਤੇ ਗਏ ਹਨ।ਪਬਲਿਕ ਵੱਲੋਂ ਪੁਲਸ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਜਾ ਰਹੀ ਹੈ।ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੁ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ।ਨਸ਼ੇ ਦਾ ਧੰਦਾ ਕਰਨ ਵਾਲੇ ਤੇ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।


**YES BANK** Yes Bank Ltd., B-XX/2427/928 Gf-Ff Gobind Nagar Main Ferozepur Road. Ludhiana

**ਰੂਲ-8 (1) ਕਬਜ਼ਾ ਨੋਟਿਸ**

ਖਾਤਾ ਨੰ. :- ਐੱਮ ਆਈ ਸੀ 007101163686

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 1. ਸ੍ਰੀ ਅਜੇ ਪਾਲ ਸਿੰਘ ਪੁੱਤਰ ਸ੍ਰੀ ਕੁੰਦਨ ਲਾਲ ਵਾਸੀ ਪਿੰਡ ਕੂਕਾ ਸੂਹਾ, ਮਕੂਪੁਰ, ਤਹਿਸੀਲ ਬਲਾਚੌਰ, ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ-144525 (ਕਰਜ਼ਦਾਰ ਤੇ ਰਹਿਣਕਾਰ) 2. ਸ਼੍ਰੀਮਤੀ ਸਤਿਆ ਦੇਵੀ ਪਤਨੀ ਸ੍ਰੀ ਕੁੰਦਨ ਲਾਲ ਵਾਸੀ ਪਿੰਡ ਕੂਕਾ ਸੂਹਾ, ਮਕੂਪੁਰ, ਤਹਿਸੀਲ ਬਲਾਚੌਰ, ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ-144525 (ਸਹਿ-ਕਰਜ਼ਦਾਰ ਅਤੇ ਗਰੰਟਰ) ਨੂੰ 14 ਮਈ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ ਤੇ 13.11.2025 ਦੇ ਡਿਮਾਂਡ ਨੋਟਿਸ 'ਚ ਦਰਸਾਈ ਰਕਮ 24.02.26 ਤੋਂ 50,74,745.27/- (ਪੰਜਾਹ ਲੱਖ ਚੁਹੱਤਰ ਹਜ਼ਾਰ ਸੱਤ ਸੌ ਪੰਤਾਲੀ ਰੁਪਏ ਅਤੇ ਸਤਾਈ ਪੈਸੇ ਕੇਵਲ) ਕ੍ਰਮਵਾਰ 13 ਨਵੰਬਰ 2025 ਨੂੰ ਸਮੇਤ 06.04.2024 ਤੋਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਕਿਹਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 24.02.2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 13 ਨਵੰਬਰ 2025 ਨੂੰ 50,74,745.27/- (ਪੰਜਾਹ ਲੱਖ ਚੁਹੱਤਰ ਹਜ਼ਾਰ ਸੱਤ ਸੌ ਪੰਤਾਲੀ ਰੁਪਏ ਅਤੇ ਸਤਾਈ ਪੈਸੇ ਕੇਵਲ) ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਹਿਣਕਾਰ |
|---|---|
| ਜਾਇਦਾਦ ਰਕਬਾ 13/108, ਵਿੱਚੋਂ 3 ਕਨਾਲ ਖਾਤਾ ਨੰ. 121/136 ਤੋਂ 138, ਖਸਰਾ ਨੰ. 92/2 ਮਿੰਨ (0-17), 92/2 ਮਿੰਨ (1-10), 92/1 (0-13) ਜਮ੍ਹਾਂਬੰਦੀ ਸਾਲ 2016-17 ਅਨੁਸਾਰ ਵਾਕਿਆ ਰਕਬਾ ਪਿੰਡ ਕੂਕਰ ਸੂਹਾ, ਤਹਿਸੀਲ ਬਲਾਚੌਰ ਅਤੇ ਜ਼ਿਲ੍ਹਾ ਨਵਾਂਸ਼ਹਿਰ ਅਤੇ ਜਾਇਦਾਦ ਰਕਬਾ 19/60 ਵਿੱਚੋਂ 3 ਕਨਾਲ ਵੱਧ ਤੋਂ ਵੱਧ 0-19 ਮਰਲਾ ਖੱਤਾ ਨੰ. 121/136 ਤੋਂ 138 ਖਸਰਾ ਨੰ. 92/2 ਮਿੰਨ (0-17), 92/2 ਮਿੰਨ (1-10), 92/1 (0-13) ਜਮ੍ਹਾਂਬੰਦੀ ਸਾਲ 2016-17 ਅਨੁਸਾਰ ਵਾਕਿਆ ਰਕਬਾ ਪਿੰਡ ਕੂਕਰ ਸੂਹਾ, ਤਹਿਸੀਲ ਬਲਾਚੌਰ ਅਤੇ ਜ਼ਿਲ੍ਹਾ ਨਵਾਂਸ਼ਹਿਰ | ਸ੍ਰੀ ਅਜੇ ਪਾਲ ਸਿੰਘ ਪੁੱਤਰ ਸ੍ਰੀ ਕੁੰਦਨ ਲਾਲ |

ਮਿਤੀ : 26.02.2026, ਸਥਾਨ : ਬਲਾਚੌਰ ਸਹੀ/-(ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਟਿਡ


## ਮੁੰਦਰੀ ਚੋਰੀ ਮਾਮਲੇ 'ਚ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) ਥਾਣਾ ਕੋਟਭਾਈ ਪੁਲਸ ਨੇ ਇੱਕ ਮੁੰਦਰੀ ਚੋਰੀ ਦੇ ਮਾਮਲੇ ਵਿੱਚ ਤਿੰਨ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਹੈ।ਪੁਲਸ ਪਾਸ ਦਰਜ ਆਪਣੀ ਸ਼ਿਕਾਇਤ ਵਿੱਚ ਗੀਨਾ ਦੇਵੀ ਪੁੱਤਰੀ ਸ਼ੰਕਰ ਦਾਸ ਵਾਸੀ ਪਰਾਗਪੁਰ ਖਾਰੀਆ ਜ਼ਿਲ੍ਹਾ ਕਾਂਗੜਾ ਨੇ ਦੱਸਿਆ ਕਿ ਉਹ ਫ਼ਤਿਹ ਗਲੋਬਲ ਸਕੂਲ ਪਿੰਡ ਮੱਲਣ ਵਿਖੇ ਬਤੌਰ ਪ੍ਰਿੰਸੀਪਲ ਨੌਕਰੀ ਕਰਦੀ ਹੈ।23 ਫਰਵਰੀ ਨੂੰ ਉਹ ਆਪਣੇ ਦਫ਼ਤਰ ਦੇ ਤਾਲੇ ਲਾ ਕੇ ਆਪਣੀ ਰਿਹਾਇਸ਼ 'ਤੇ ਚਲੀ ਗਈ ਤਾਂ ਕਰੀਬ 1:30 ਵਜੇ ਉਸ ਨੂੰ ਆਪਣੇ ਦਫਤਰ ਵਿੱਚੋਂ ਅਚਾਨਕ ਆਵਾਜ਼ ਸੁਣਾਈ ਦਿੱਤੀ, ਜਦੋਂ ਉਸ ਨੇ ਜਾ ਕੇ ਦੇਖਿਆ ਤਾਂ ਤਿੰਨ ਅਣਪਛਾਤੇ ਵਿਅਕਤੀ ਜਿਨ੍ਹਾਂ ਦੇ ਮੂੰਹ ਬੰਨ੍ਹੇ ਹੋਏ ਸਨ, ਦਫ਼ਤਰ ਵਿੱਚ ਫਰੋਲਾ ਫਰਾਲੀ ਕਰ ਰਹੇ ਸਨ ਤੇ ਉਸ ਵੱਲੋਂ ਰੌਲਾ ਪਾਉਣ ਤੇ ਉਕਤਾਨ ਤਿੰਨੋਂ ਵਿਅਕਤੀ ਮੌਕੇ ਤੋਂ ਫਰਾਰ ਹੋ ਗਏ।

ਜਦੋਂ ਉਸ ਨੇ ਸਵੇਰੇ ਦਫ਼ਤਰ ਜਾ ਕੇ ਪੜਤਾਲ ਕੀਤੀ ਤਾਂ ਦਫ਼ਤਰ ਵਿੱਚੋਂ ਉਸਦੀ ਸਿਲਵਰ ਦੀ ਇੱਕ ਮੁੰਦਰੀ, ਜਿਸ ਦੀ ਕੀਮਤ ਕਰੀਬ 1800 ਰੁਪਏ ਸੀ ਚੋਰੀ ਹੋ ਗਈ ਸੀ।ਉਕਤ ਮਾਮਲੇ ਵਿੱਚ ਥਾਣਾ ਕੋਟਭਾਈ ਪੁਲਸ ਨੇ ਤਿੰਨ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕੰਪਨੀਆਂ ਵੱਲੋਂ ਐਗਰੀਮੈਂਟ ਕਰਕੇ ਆਲੂ ਚੁੱਕਣ ਤੋਂ ਮੁਕਰਨਾ ਕਿਸਾਨਾਂ ਨਾਲ ਧੱਕਾ : ਆਤਮਾ ਸਿੰਘ, ਕੁਲਵੰਤ ਸਿੰਘ ਫੌਜੀ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਫੌਜੀ, ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਦੱਸਿਆ ਕਿ ਆਲੂ ਕਾਸ਼ਤਕਾਰਾਂ ਨਾਲ ਕੰਪਨੀਆਂ ਵੱਲੋਂ ਜੋ ਐਗਰੀਮੈਂਟ ਕੀਤੇ ਸੀ ਕੰਪਨੀਆਂ ਹੁਣ ਆਲੂ ਖਰੀਦਣ ਤੋਂ ਭੱਜ ਰਹੀਆਂ ਹਨ, ਕਿਉਂਕਿ ਅਲੱਗ ਅਲੱਗ ਕੰਪਨੀਆਂ ਵੱਲੋਂ ਆਲੂ ਕਾਸ਼ਤਕਾਰਾਂ ਨੂੰ 30 ਤੋਂ 35 ਰੁਪਏ ਕਿਲੋ ਬੀਜ ਦੇ ਕੇ ਤੇ ਆਲੂ ਦੀ ਖਰੀਦ ਲਈ ਜੋ 10 ਤੋਂ 12 ਰੁਪਏ ਦੇ ਐਗਰੀਮੈਂਟ ਕੀਤੇ ਹੋਏ ਨੇ, ਉਸ ਤੋਂ ਕੰਪਨੀਆਂ ਭੱਜ ਚੁੱਕੀਆਂ ਹਨ, ਕਿਉਂਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਖੇਤੀ ਸੈਕਟਰ ਲਈ ਕੋਈ ਨੀਤੀ ਪੌਲਸੀ ਨਾ ਹੋਣ ਕਾਰਨ ਕੰਪਨੀਆਂ ਵੱਲੋਂ ਆਲੂ ਕਾਸ਼ਤਕਾਰਾਂ ਦੀ ਲੁੱਟ ਕੀਤੀ ਜਾ ਰਹੀ ਹੈ। ਆਲੂ ਦੀ ਮੰਦੀ ਹੋਣ ਕਾਰਨ ਕਿਉਂਕਿ ਐਗਰੀਮੈਂਟ ਤੋਂ ਭੱਜਣ ਲਈ ਸੈਂਪਲ ਫੇਲ੍ਹ ਕੀਤੇ ਜਾ ਰਹੇ ਹਨ ਆਨਾ-ਬਹਾਨੀ ਕਰਕੇ ਕੰਪਨੀਆਂ ਭੱਜ ਰਹੀਆਂ ਹਨ, ਪਰ ਪੰਜਾਬ ਦੇ ਖੇਤੀਬਾੜੀ ਮੰਤਰੀ ਅਤੇ ਮੁੱਖ ਮੰਤਰੀ, ਖੇਤੀਬਾੜੀ ਡਾਇਰੈਕਟਰ ਪੰਜਾਬ ਸਰਕਾਰ ਚੁੱਪ ਧਾਰੀ ਬੈਠੀ ਹੈ ਤੇ ਕਿਸਾਨਾਂ ਦੀ ਲੁੱਟ ਹੋ ਰਹੀ ਹੈ ਜਦੋਂ ਵੀ ਕਿਸੇ ਸੀਜਨ ਆਲੂ ਦਾ ਰੇਟ ਵਿੱਚ ਤੇਜ਼ੀ ਹੁੰਦੀ ਹੈ ਤਾਂ ਕੰਪਨੀਆਂ ਵੱਲੋਂ ਜੋ ਐਗਰੀਮੈਂਟ ਕੀਤਾ ਹੁੰਦਾ ਸੀ, ਉਹ ਰੇਟ 'ਤੇ ਹੀ ਖਰੀਦਿਆ ਜਾਂਦਾ ਸੀ।ਆਗੂਆਂ ਦਾ ਕਹਿਣਾ ਹੈ ਜਿਹੜੀਆਂ ਸਰਕਾਰਾਂ ਕਹਿੰਦੀਆਂ ਨੇ ਰਵਾਇਤੀ ਫਸਲਾਂ ਨੂੰ ਛੱਡ ਕੇ ਬਪਿਨਤਾ ਵੱਲ ਅਤੇ ਫਸਲੀ ਚੱਕਰ ਛੱਡ ਕੇ ਡਾਵਰਸੀਕੇਸ਼ਨ ਵੱਲ ਆਣਾ ਚਾਹੀਦਾ ਹੈ। ਸਰਕਾਰਾਂ ਡਿਵਰਸੀਕੇਸ਼ਨ ਫਸਲਾਂ ਦੀ ਵਿਭਿੰਨਤਾ ਲਈ ਹਜ਼ਾਰਾਂ ਰੁਪਏ ਖਰਚ ਕਰਦੀਆਂ ਜੋ ਸਾਰਾ ਕੁਝ ਵਿਅਰਥ ਹੈ ਕਿਸਾਨ ਖੁਦ ਹੀ ਏਨਾ ਸਮਝਦਾਰ ਹੈ ਉਸ ਨੂੰ ਪਾਣੀ ਦੀ ਵੀ ਚਿੰਤਾ ਹੈ ਤੇ ਡਾਵਰਸੀਕੇਸ਼ਨ ਵੱਲ ਵੀ ਵਧਦਾ ਹੈ, ਪਰ ਉਸ ਦੀ ਬਾਂਹ ਫੜਨ ਵਾਲਾ ਕੋਈ ਨਹੀਂ ਹੈ। ਇਸ ਸਾਲ ਪਹਿਲਾਂ ਝੋਨੇ ਵਿੱਚ 15 ਤੋਂ 20 ਹਜਾਰ ਪਰ ਏਕੜ ਦਾ ਘਾਟਾ ਪਿਆ ਤੇ ਗੰਨੇ ਕਾਸ਼ਤਕਾਰਾਂ ਦਾ ਇੱਕ ਏਕੜ ਮਗਰ 75 ਤੇ 100 ਕੁਇੰਟਲ ਵਜ਼ਨ ਘਟਣ ਕਾਰਨ ਵੱਡਾ ਨੁਕਸਾਨ ਤੇ ਆਲੂ ਤੇ ਜੋ ਕਿਸਾਨ ਨੇ ਪ੍ਰਤੀ ਏਕੜ ਖਰਚਾ ਕੀਤਾ ਹੈ ਉਸ ਦਾ ਖਰਚਾ ਵੀ ਪੂਰਾ ਨਹੀਂ ਹੋ ਰਿਹਾ, ਪਰ ਸਰਕਾਰਾਂ ਕੁੰਭ ਕਰਨੀ ਨੀਂਦ ਸੁੱਤੀਆਂ ਪਈਆਂ ਹਨ ਸਰਕਾਰਾਂ ਕਿਸ ਲਈ ਬਣਾਈਆਂ ਜਾਂਦੀਆਂ ਹਨ ਸਰਕਾਰਾਂ ਦਾ ਮੁੱਢਲਾ ਫਰਜ਼ ਕੀ ਹੁੰਦਾ ਹੈ। ਸਰਕਾਰਾਂ ਦੀ ਚੁੱਪ ਦੇਖ ਕੇ ਇਹ ਸਾਫ਼ ਨਜ਼ਰ ਆਉਂਦਾ ਹੈ। ਕਿਤੇ ਨਾ ਕਿਤੇ ਖੇਤੀ ਸੈਕਟਰ ਨੂੰ ਬਰਬਾਦ ਕਰਨਾ ਸਰਕਾਰਾਂ ਦਾ ਪਹਿਲਾ ਟੀਚਾ ਤੇ ਮਨੋਰਥ ਹੈ।

# ਕੈਨੇਡਾ ਤੋਂ ਮੈਂਬਰ ਪਾਰਲੀਮੈਂਟ ਅਮਨਪ੍ਰੀਤ ਸਿੰਘ ਗਿੱਲ, ਸੁਖਮਣ ਗਿੱਲ ਦਾ ਸਨਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)**



ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤੀ ਦੇ ਕੌਮੀ ਡੈਲੀਗੇਟ ਦਵਿੰਦਰ ਸਿੰਘ ਰਣੀਆਂ ਵੱਲੋਂ ਮੋਗਾ ਜ਼ਿਲ੍ਹੇ ਨਾਲ ਸਬੰਧਤ ਕੈਨੇਡਾ ਦੇ ਕੈਲਗਰੀ ਤੋਂ ਮੈਂਬਰ ਪਾਰਲੀਮੈਂਟ ਅਮਨਪ੍ਰੀਤ ਸਿੰਘ ਗਿੱਲ ਤੇ ਐਬਟਸਫੋਰਡ ਲੈਂਗਲੇ ਬੀ.ਸੀ ਤੋਂ ਮੈਂਬਰ ਪਾਰਲੀਮੈਂਟ ਸੁਖਮਣ ਗਿੱਲ ਲਈ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।

ਸੀਨੀਅਰ ਅਕਾਲੀ ਆਗੂ ਤੇ ਸਾਬਕਾ ਚੇਅਰਮੈਨ ਪੰਜਾਬ ਸਰਕਾਰ ਬਰਜਿੰਦਰ ਸਿੰਘ ਮੱਖਣ ਬਰਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੈਂਬਰ ਪਾਰਲੀਮੈਂਟ ਅਮਨਪ੍ਰੀਤ ਸਿੰਘ ਗਿੱਲ ਅਤੇ ਮੈਂਬਰ ਪਾਰਲੀਮੈਂਟ ਸੁਖਮਣ ਗਿੱਲ ਦੇ ਪਿਤਾ ਅਵਤਾਰ ਸਿੰਘ ਰਾਜਾ ਗਿੱਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਰਜਿੰਦਰ ਸਿੰਘ ਮੱਖਣ ਬਰਾੜ ਤੇ ਦਵਿੰਦਰ ਸਿੰਘ ਰਣੀਆਂ ਨੇ ਕਿਹਾ ਕਿ ਮੋਗਾ ਜ਼ਿਲ੍ਹੇ ਨੂੰ ਇਹ ਵੱਡਾ ਮਾਣ ਮਿਲਿਆ ਹੈ ਕਿ ਜ਼ਿਲ੍ਹੇ ਨਾਲ ਸਬੰਧਤ ਕੈਨੇਡਾ ਦੀ ਸਰਕਾਰ ਵਿੱਚ ਤਿੰਨ ਮੈਂਬਰ ਪਾਰਲੀਮੈਂਟ ਬਣੇ ਹਨ, ਜੋ ਸਾਡੇ ਲਈ ਵੱਡੇ ਮਾਣ ਵਾਲੀ ਗੱਲ ਹੈ ਤੇ ਇਹ ਮਾਣ ਵੀ ਪੰਜਾਬੀਆਂ ਦੇ ਹਿੱਸੇ ਹੀ ਆਇਆ ਹੈ ਕਿ ਪੰਜਾਬੀ ਪੂਰੇ ਵਿਸ਼ਵ ਦੇ ਦੇਸਾਂ ਵਿੱਚ ਉੱਚੇ ਤੇ ਸਨਮਾਨਯੋਗ ਅਹੁਦਿਆਂ ਤੇ ਬਿਰਾਜਮਾਨ ਹਨ ਅਤੇ ਹਰੇਕ ਖੇਤਰ ਵਿੱਚ ਮੱਲਾਂ ਮਾਰੀਆਂ ਹਨ ਤੇ ਪੰਜਾਬੀ ਜਗਤ 'ਤੇ ਪੂਰਾ ਸੰਸਾਰ ਮਾਣ ਕਰਦਾ ਹੈ।

ਮੈਂਬਰ ਪਾਰਲੀਮੈਂਟ ਕੈਨੇਡਾ ਅਮਨਪ੍ਰੀਤ ਸਿੰਘ ਗਿੱਲ ਤੇ ਸੁਖਮਣ ਗਿੱਲ ਦੇ ਪਿਤਾ ਅਵਤਾਰ ਸਿੰਘ ਰਾਜਾ ਨੇ ਕਿਹਾ ਕਿ ਕੈਨੇਡਾ ਦੀ ਧਰਤੀ 'ਤੇ ਵਸਦੇ ਪੰਜਾਬੀ ਵੀ ਕਈ ਮੁਸ਼ਕਲਾਂ ਦੇ ਸ਼ਿਕਾਰ ਹਨ, ਪਰ ਉਹ ਬਤੌਰ ਮੈਂਬਰ ਪਾਰਲੀਮੈਂਟ ਹੁੰਦਿਆਂ ਪੰਜਾਬੀ ਭਾਈਚਾਰੇ ਲਈ ਇੱਕ ਸਾਂਝੇ ਮੰਚ 'ਤੇ ਖੜੇ ਹੋ ਕੇ ਕੰਮ ਕਰਨਗੇ।

## ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਾਇਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਛਾਪਾ ਵਿਖੇ ਅੱਖਾਂ ਦਾ ਚੌਥਾ ਮੁਫ਼ਤ ਚੈੱਕਅਪ, ਅਪ੍ਰੇਸ਼ਨ ਕੈਂਪ ਲਾਇਆ ਗਿਆ।ਕੈਂਪ ਦੌਰਾਨ ਡਾ. ਗੁਰਪਾਲ ਸਿੰਘ ਰਾਏਕੋਟ ਨੇ ਸਹਿਯੋਗੀ ਟੀਮ ਸਮੇਤ ਲਗਭਗ 250 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ।ਉਪਰੰਤ ਲੋੜਵੰਦ 49 ਮਰੀਜ਼ਾਂ ਨੂੰ ਲੈਂਜ਼ ਪਾਉਣ ਲਈ ਰੈਫਰ ਕੀਤਾ।ਮਰੀਜ਼ਾਂ ਨੂੰ ਮੁਫ਼ਤ ਐਨਕਾਂ ਵੀ ਵੰਡੀਆਂ ਗਈਆਂ।ਇਸ ਸਮਾਜ ਸੇਵੀ ਕਾਰਜ 'ਚ ਐਨ.ਆਰ.ਆਈ. ਵੀਰਾਂ, ਨਗਰ ਪੰਚਾਇਤ, ਸਮੂਹ ਕਿਸਾਨ ਜਥੇਬੰਦੀਆਂ, ਸਫ਼ਾਈ ਸੇਵਾ ਕਲੱਬ ਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਤਨ-ਮਨ-ਧਨ ਨਾਲ ਯੋਗਦਾਨ ਪਾਇਆ ਗਿਆ।


**YES BANK** Yes Bank Ltd., B-XX/2427/928 Gf-Ff Gobind Nagar Main Ferozepur Road. Ludhiana

**ਰੂਲ-8 (1) ਕਬਜ਼ਾ ਨੋਟਿਸ**

ਖਾਤਾ ਨੰ. : MIC007101563500.

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਗੁਰਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਪਤਾ : ਡਾਕਖਾਨਾ ਫਤਿਹਗੜ੍ਹ ਪੰਜਤੂਰ ਸਿਲੇਵਿੰਗ, ਫਿਰੋਜ਼ਪੁਰ ਪੰਜਾਬ ਪਿੰਨ ਕੋਡ 142043 ("ਕਰਜ਼ਦਾਰ ਤੇ ਰਹਿਣਕਾਰ"), 2. ਸਤਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਪਤਾ : ਪਤਾ : ਡਾਕਖਾਨਾ ਫਤਿਹਗੜ੍ਹ ਪੰਜਤੂਰ ਸਿਲੇਵਿੰਗ, ਫਿਰੋਜ਼ਪੁਰ ਪੰਜਾਬ ਪਿੰਨ ਕੋਡ 142043 ("ਸਹਿ-ਕਰਜ਼ਦਾਰ"), 3. ਬਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪਤਾ : ਡਾਕਖਾਨਾ ਫਤਿਹਗੜ੍ਹ ਪੰਜਤੂਰ ਸਿਲੇਵਿੰਗ, ਫਿਰੋਜ਼ਪੁਰ ਪੰਜਾਬ ਪਿੰਨ ਕੋਡ 142043 ("ਸਹਿ-ਕਰਜ਼ਦਾਰ"), 4 ਅਮਰਜੀਤ ਕੌਰ ਪਤਨੀ ਗੁਰਨਾਮ ਸਿੰਘ ਪਤਾ : ਡਾਕਖਾਨਾ ਫਤਿਹਗੜ੍ਹ ਪੰਜਤੂਰ ਸਿਲੇਵਿੰਗ, ਫਿਰੋਜ਼ਪੁਰ ਪੰਜਾਬ ਪਿੰਨ ਕੋਡ 142043 ("ਸਹਿ-ਕਰਜ਼ਦਾਰ") ਨੂੰ 31 ਅਕਤੂਬਰ 2025 ਨੂੰ ਨੋਟਿਸ ਜਾਰੀ ਕੀਤਾ ਸੀ ਤੇ 31.10.2025 ਦੇ ਡਿਮਾਂਡ ਨੋਟਿਸ ਦਰਸਾਈ ਰਕਮ 29,61,983.47/- (ਉਨੱਤੀ ਲੱਖ ਇਕਾਹਠ ਹਜ਼ਾਰ ਨੌ ਸੌ ਤਰਿਆਸੀ ਰੁਪਏ ਤੇ ਸੰਤਾਲੀ ਪੈਸੇ ਕੇਵਲ) 23.02.2026 ਤੋਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਕਿਹਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 23.02.2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 31 ਅਕਤੂਬਰ 2025 ਨੂੰ ਬਕਾਇਆ ਰਕਮ 29,61,983.47/- (ਉਨੱਤੀ ਲੱਖ ਇਕਾਹਠ ਹਜ਼ਾਰ ਨੌ ਸੌ ਤਰਿਆਸੀ ਰੁਪਏ ਤੇ ਸੰਤਾਲੀ ਪੈਸੇ ਕੇਵਲ) ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|
| ਸਮੁੱਚਾ ਗੈਰ ਖੇਤੀਬਾੜੀ ਜਾਇਦਾਦ ਦਾ ਹਿੱਸਾ, ਰਕਬਾ 1 ਕਨਾਲ 13 ਮਰਲਾ ਖੇਵਟ #202, ਖਤੌਨੀ #279, ਖਸਰਾ #7, ਜਮ੍ਹਾਂਬੰਦੀ ਸਾਲ 2018-19 ਅਨੁਸਾਰ ਪਤਾ : ਪਿੰਡ ਸਿਲੇਵਿੰਗ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਪੰਜਾਬ | ਉੱਤਰ : ਲੰਬਰਦਾਰ<br>ਦੱਖਣ : ਵਸਨ<br>ਪੂਰਬ : ਜੀਤ ਸਿੰਘ<br>ਪੱਛਮ : ਸੜਕ | ਗੁਰਨਾਮ ਸਿੰਘ ਪੁੱਤਰ ਦਰਸ਼ਨ ਸਿੰਘ |

ਮਿਤੀ : 26.02.26, ਸਥਾਨ : ਫਿਰੋਜ਼ਪੁਰ ਸਹੀ/-(ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ


# ਟ੍ਰਾਈਡੈਂਟ ਸਮੂਹ ਵੱਲੋਂ ਵਿਕਸਤ ਭਾਰਤ ਮਿਸ਼ਨ ਤਹਿਤ ਸਰਵ-ਭਾਰਤੀ ਭਰਤੀ ਮੁਹਿੰਮ ਦੀ ਸ਼ੁਰੂਆਤ

**ਬਰਨਾਲਾ (ਰਾਜਿੰਦਰ ਬਰਾੜ)**

ਟ੍ਰਾਈਡੈਂਟ ਲਿਮਿਟੇਡ ਜੋ ਕਿ ਟ੍ਰਾਈਡੈਂਟ ਸਮੂਹ ਦੀ ਪ੍ਰਮੁੱਖ ਕੰਪਨੀ ਹੈ ਅਤੇ ਭਾਰਤ ਦੇ ਮੋਹਰੀ ਕਾਰੋਬਾਰੀ ਸਮੂਹਾਂ ਵਿੱਚੋਂ ਇੱਕ ਹੈ, ਨੇ ਆਪਣੇ ਉਤਪਾਦਨ ਸੰਚਾਲਨਾਂ ਲਈ 3,000 ਤੋਂ ਵੱਧ ਕਰਮਯੋਗੀਆਂ ਦੀ ਭਰਤੀ ਲਈ ਵੱਡੇ ਪੱਧਰ 'ਤੇ ਨਿਯੁਕਤੀ ਮੁਹਿੰਮ ਦਾ ਐਲਾਨ ਕੀਤਾ ਹੈ। ਇਹ ਭਰਤੀ ਮੁਹਿੰਮ ਕਪੜਾ ਉਤਪਾਦਨ ਖੇਤਰ ਵਿੱਚ ਹੁਨਰ ਵਿਕਾਸ ਨੂੰ ਮਜ਼ਬੂਤ ਕਰਨ ਅਤੇ ਰੋਜ਼ਗਾਰ ਸ੍ਰਿਜਨ ਨੂੰ ਵਧਾਉਣ ਦੇ ਰਾਸ਼ਟਰੀ ਏਜੰਡੇ ਨਾਲ ਚਲਾਈ ਜਾ ਰਹੀ ਹੈ।ਇਸ ਐਲਾਨ ਬਾਰੇ ਟਿੱਪਣੀ ਕਰਦੇ ਹੋਏ, ਟ੍ਰਾਈਡੈਂਟ ਗਰੁੱਪ ਦੀ ਸਮੂਹ ਮੁੱਖ ਮਨੁੱਖੀ ਸਰੋਤ ਅਧਿਕਾਰੀ ਪੂਜਾ ਬੀ. ਲੂਥਰਾ ਨੇ ਕਿਹਾ, ਟ੍ਰਾਈਡੈਂਟ ਵਿੱਚ ਅਸੀਂ ਪੂਰੀ ਤਰ੍ਹਾਂ ਵਿਸ਼ਵਾਸ ਕਰਦੇ ਹਾਂ ਕਿ ਪ੍ਰਤਿਭਾ ਭਾਰਤ ਦੇ ਉਤਪਾਦਨ ਪਰਿਵਰਤਨ ਦੀ ਬੁਨਿਆਦ ਹੈ। ਇਸ ਵੱਡੇ ਪੱਧਰ ਦੀ ਨਿਯੁਕਤੀ ਪਹਿਲ ਰਾਹੀਂ ਅਸੀਂ ਆਪਣੀ ਕਰਮਚਾਰੀ ਸ਼ਕਤੀ ਨੂੰ ਮਜ਼ਬੂਤ ਕਰ ਰਹੇ ਹਾਂ ਅਤੇ ਨਾਲ ਹੀ ਇੱਕ ਮਜ਼ਬੂਤ ਅਤੇ ਭਵਿੱਖ-ਤਿਆਰ ਉਤਪਾਦਨ ਪਰਿਸਥਿਤਕੀ ਤੰਤਰ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨੂੰ ਸਮਰਥਨ ਦੇ ਰਹੇ ਹਾਂ। ਕਾਰੋਬਾਰੀ ਵਿਸਥਾਰ ਤੋਂ ਇਲਾਵਾ, ਸਾਡਾ ਧਿਆਨ ਲੰਬੇ ਸਮੇਂ ਵਾਲੀਆਂ ਰੁਜ਼ਗਾਰ ਸੰਭਾਵਨਾਵਾਂ ਨੂੰ ਪ੍ਰੋਤਸਾਹਿਤ ਕਰਨ, ਸਮੁਦਾਇਕ ਸਸ਼ਕਤੀਕਰਨ ਅਤੇ ਭਾਰਤ ਨੂੰ ਵਿਸ਼ਵ ਪੱਧਰੀ ਉਤਪਾਦਨ ਨੇਤ੍ਰਿਤਵ ਵੱਲ ਅੱਗੇ ਵਧਾਉਣ ਤੇ ਕੇਂਦ੍ਰਿਤ ਹੈ। ਇਸ ਪਹਿਲ ਦੇ ਤਹਿਤ, ਸੰਚਾਲਕ, ਬੁਣਕਾਰ, ਸਿਲਾਈ ਕਰਮਚਾਰੀ, ਮੁਰੰਮਤਕਾਰ, ਬਿਜਲੀ ਮਿਸਤਰੀ ਅਤੇ ਹੋਰ ਤਕਨੀਕੀ ਅਤੇ ਕਾਰਜਕਾਰੀ ਅਹੁਦਿਆਂ ਲਈ ਅਰਜ਼ੀਆਂ ਮੰਗੀਆਂ ਜਾ ਰਹੀਆਂ ਹਨ। ਚੋਣ ਉਮੀਦਵਾਰਾਂ ਦੀ ਯੋਗਤਾ ਅਤੇ ਸੰਬੰਧਿਤ ਉਦਯੋਗੀ ਤਜਰਬੇ ਦੇ ਆਧਾਰ 'ਤੇ ਕੀਤੀ ਜਾਵੇਗੀ। ਟ੍ਰਾਈਡੈਂਟ ਨੇ ਵੱਖ-ਵੱਖ ਹੁਨਰ ਪੱਧਰਾਂ ਅਤੇ ਤਜਰਬੇ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਸੰਰਚਿਤ ਵੇਤਨ ਢਾਂਚਾ ਤਿਆਰ ਕੀਤਾ ਹੈ। ਤਿੰਨ ਸਾਲ ਤੱਕ ਦੇ ਤਜਰਬੇ ਵਾਲੇ ਪੇਸ਼ੇਵਰਾਂ ਨੂੰ ਮਹੀਨਾਵਾਰ ?25,000, ਤਿੰਨ ਤੋਂ ਪੰਜ ਸਾਲ ਤੱਕ ਦੇ ਤਜਰਬੇ ਵਾਲਿਆਂ ਨੂੰ ?36,000 ਪ੍ਰਤੀ ਮਹੀਨਾ, ਅਤੇ ਪੰਜ ਤੋਂ ਸੱਤ ਸਾਲ ਤੱਕ ਦੇ ਉੱਚ ਪੱਧਰੀ ਤਜਰਬੇ ਵਾਲਿਆਂ ਨੂੰ ?50,000 ਪ੍ਰਤੀ ਮਹੀਨਾ ਦਿੱਤੇ ਜਾਣਗੇ।ਮੁਕਾਬਲੇ ਯੋਗ ਤਨਖਾਹ ਤੋਂ ਇਲਾਵਾ, ਕਰਮਚਾਰੀਆਂ ਨੂੰ ਪ੍ਰਦਰਸ਼ਨ-ਆਧਾਰਿਤ ਪ੍ਰੋਤਸਾਹਨ ਰਕਮ, ਵੇਰੀਏਬਲ ਪੇ, ਸੰਰਚਿਤ ਸਿੱਖਿਆ ਅਤੇ ਵਿਕਾਸ ਕਾਰਜਕ੍ਰਮ, ਮੁਫ਼ਤ ਹੋਸਟਲ ਰਹਾਇਸ਼, ਰਿਆਯਤੀ ਭੋਜਨ, ਖੇਡ ਅਤੇ ਕਸਰਤ ਘਰ ਦੀਆਂ ਸਹੂਲਤਾਂ, ਚਿਕਿਤਸਾ ਸਹਾਇਤਾ, ਭਵਿੱਖ ਨਿਧਿ ਅਤੇ ਕਰਮਚਾਰੀ ਰਾਜ ਬੀਮਾ ਕਵਰੇਜ, ਨਾਲ ਹੀ ਸਮੇਂ-ਸਮੇਂ 'ਤੇ ਸਨਮਾਨ ਅਤੇ ਇਨਾਮਾਂ ਦੇ ਲਾਭ ਪ੍ਰਾਪਤ ਹੋਣਗੇ।

## ਭਾਜਪਾ ਨੇ ਕਾਂਗਰਸ ਵਿਰੁੱਧ ਰੋਸ ਪ੍ਰਦਰਸ਼ਨ ਕਰਕੇ ਕੀਤੀ ਨਾਅਰੇਬਾਜ਼ੀ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਜਪਾ ਦੀ ਜ਼ਿਲ੍ਹਾ ਇਕਾਈ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਤੇ ਜ਼ਿਲ੍ਹਾ ਯੂਥ ਪ੍ਰਧਾਨ ਮਨਵੀਰ ਰੰਗਾ ਦੀ ਅਗਵਾਈ ਹੇਠ ਸਥਾਨਕ ਬੱਤੀਆਂ ਵਾਲਾ ਚੌਕ ਵਿਖੇ ਏ.ਆਈ. ਸੰਮੇਲਨ ਦੀ ਆਲੋਚਨਾ ਕਰਨ 'ਤੇ ਕਾਂਗਰਸ ਪਾਰਟੀ ਦਾ ਵਿਰੋਧ ਕਰਦਿਆਂ ਸ੍ਰੀ ਰਾਹੁਲ ਗਾਂਧੀ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕੀਤੀ ਗਈ।ਗੌਰਵ ਕੱਕੜ, ਮਨਵੀਰ ਰੰਗਾ ਤੇ ਮੈਡਮ ਸੁਨੀਤਾ ਗਰਗ ਆਦਿ ਨੇ ਕਿਹਾ ਕਿ ਦੇਸ਼ ਗਲੋਬਲ ਏ.ਆਈ. ਸੰਮੇਲਨ ਰਾਹੀਂ ਵਿਸ਼ਵ ਪੱਧਰ 'ਤੇ ਮਾਣ ਖੱਟ ਰਿਹਾ ਹੈ, ਪਰ ਕਾਂਗਰਸੀ ਆਪਣੀਆਂ ਮਾੜੀਆਂ ਹਰਕਤਾਂ ਨਾਲ ਦੇਸ਼ ਦਾ ਅਕਸ ਵਿਗਾੜ ਰਹੇ ਹਨ।ਰਾਹੁਲ ਗਾਂਧੀ ਦੇ ਇਹ ਕਾਰਕੁਨ ਸਿਰਫ਼ ਮੰਦੀ ਦਾ ਨਹੀਂ, ਸਗੋਂ ਸਿੱਧੇ ਤੌਰ 'ਤੇ ਹਿੰਦੁਸਤਾਨ ਦੀ ਤਰੱਕੀ ਦਾ ਵਿਰੋਧ ਕਰਕੇ ਆਪਣੀ ਦੇਸ਼-ਵਿਰੋਧੀ ਮਾਨਸਿਕਤਾ ਸਾਬਤ ਕਰ ਰਹੇ ਹਨ।


**YES BANK** Yes Bank Ltd., B-XX/2427/928 Gf-Ff Gobind Nagar Main Ferozepur Road. Ludhiana

**ਰੂਲ-8 (1) ਕਬਜ਼ਾ ਨੋਟਿਸ**

ਅਕਾਊਂਟ ਨੰ. ਏ ਐੱਫ ਐਚ 002301602818

SARFA/LINKAGE/0001003010003204421

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਗੁਰਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ (ਕਰਜ਼ਦਾਰ ਅਤੇ/ਜਾਂ ਰਹਿਣਕਾਰ) ਪਤਾ : ਮਕਾਨ #2283 ਪਿੰਡ ਅਗਵਾੜ ਗੁਜਰਾਂ ਵਾਰਡ #3 ਜਗਰਾਓਂ ਜ਼ਿਲ੍ਹਾ ਲੁਧਿਆਣਾ-142026 ਸੁਰਿੰਦਰ ਕੌਰ ਪਤਨੀ ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ) ਪਤਾ : ਮਕਾਨ #2283 ਪਿੰਡ ਅਗਵਾੜ ਗੁਜਰਾਂ ਵਾਰਡ #3 ਜਗਰਾਓਂ ਜ਼ਿਲ੍ਹਾ ਲੁਧਿਆਣਾ-142026 ਨੂੰ 9 ਦਸੰਬਰ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਉਕਤ ਨੋਟਿਸ 'ਚ ਦਰਸਾਈ ਰਕਮ 30,30,146.61/- (ਤੀਹ ਲੱਖ ਤੀਹ ਹਜ਼ਾਰ ਇੱਕ ਸੌ ਛਿਆਲੀ ਰੁਪਏ ਤੇ ਇਕਾਹਟ ਪੈਸੇ ਕੇਵਲ) 04.12.2025 ਨੂੰ ਸਮੇਤ 23.02.2026 ਤੋਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਕਿਹਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 23.02.2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 04.12.2025 ਨੂੰ ਬਕਾਇਆ ਰਕਮ 30,30,146.61/- (ਤੀਹ ਲੱਖ ਤੀਹ ਹਜ਼ਾਰ ਇੱਕ ਸੌ ਛਿਆਲੀ ਰੁਪਏ ਤੇ ਇਕਾਹਟ ਪੈਸੇ ਕੇਵਲ) ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|
| "ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ 0 ਕਨਾਲ-4-3/4 ਮਰਲਾ (142.5 ਵਰਗ ਗਜ਼) ਖਸਰਾ #943,945, ਖਾਤਾ #1650/1748 ਜਮ੍ਹਾਂਬੰਦੀ ਸਾਲ 2009-2010 ਅਨੁਸਾਰ ਪਤਾ : ਪਿੰਡ ਅਗਵਾੜ ਗੁਜਰਾਂ, ਤਹਿਸੀਲ ਜਗਰਾਓਂ, ਜ਼ਿਲ੍ਹਾ ਲੁਧਿਆਣਾ" | ਪੂਰਬ : ਪਲਾਟ ਵਰੁਣ ਗੋਇਲ, ਪੱਛਮ : ਪ੍ਰੀਤਮ ਕੌਰ, ਉੱਤਰ ਗਲੀ, ਦੱਖਣ : ਹਰੀ ਓਮ ਵਰਮਾ | ਗੁਰਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ |

ਮਿਤੀ : 26.02.26, ਸਥਾਨ : ਲੁਧਿਆਣਾ ਸਹੀ/-(ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ


# ਹੱਕੀ ਮੰਗਾਂ ਸੰਬੰਧੀ ਨਗਰ ਨਿਗਮ ਦੇ ਦਫ਼ਤਰੀ ਕਾਮਿਆਂ ਨੇ ਮੇਅਰ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੋਗਾ ਨਗਰ ਨਿਗਮ ਦੀ ਦਫ਼ਤਰ ਕ੍ਰਮਚਾਰੀ ਯੂਨੀਅਨ ਨੇ ਮੋਗਾ ਨਗਰ ਨਿਗਮ ਦੇ ਮੇਅਰ ਪ੍ਰਵੀਨ ਸ਼ਰਮਾ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ।ਯੂਨੀਅਨ ਪ੍ਰਧਾਨ ਸੁਮਨ ਖੈਰਲੀਆ, ਰਾਕੇਸ਼ ਧੁੰਨਾ, ਪ੍ਰਧਾਨ ਸੁਖਪਾਲ ਸੌਂਦਾ, ਚੇਅਰਮੈਨ ਗੁਰਪ੍ਰੀਤ ਸਿੰਘ, ਡਿਪਟੀ ਚੇਅਰਮੈਨ ਵਰਿੰਦਰ ਸਿੰਘ ਬਰਾੜ, ਸੀਨੀਅਰ ਮੀਤ ਪ੍ਰਧਾਨ ਰੋਹਿਤ ਸ਼ਰਮਾ, ਮੀਤ ਪ੍ਰਧਾਨ ਕਿਰਨਦੀਪ ਸਿੰਘ ਬਿੱਲਾ, ਦਫ਼ਤਰ ਸਕੱਤਰ ਗੁਰਪ੍ਰੀਤ ਸਿੰਘ, ਕੈਸ਼ੀਅਰ ਵਿਜੇ ਕੁਮਾਰ, ਪ੍ਰੈਸ ਸਕੱਤਰ ਮਨੋਜ ਕੁਮਾਰ, ਸ਼ਮਿੰਦਰ ਸਿੰਘ ਨੇ ਦੱਸਿਆ ਕਿ ਹਾਲ ਹੀ ਵਿੱਚ ਵਿਧਾਇਕ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਸੀ, ਜਿਸ ਵਿੱਚ ਯੂਨੀਅਨ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਚਰਚਾ ਕੀਤੀ ਗਈ।ਉਨ੍ਹਾਂ ਕਿਹਾ ਕਿ ਨਗਰ ਨਿਗਮ ਮੋਗਾ 'ਚ ਮੁਲਾਜ਼ਮਾਂ ਦੀ ਘਾਟ ਕਾਰਨ ਦਫ਼ਤਰੀ ਕੰਮ ਵਿੱਚ ਮੁਸ਼ਕਲ ਆ ਰਹੀ ਹੈ।ਇਸ ਲਈ ਮੁਲਜ਼ਮਾਂ ਦੀ ਘਾਟ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇ, ਦਫ਼ਤਰੀ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੰਜ ਕਲਰਕ ਨਿਯੁਕਤ ਕੀਤੇ ਗਏ ਹਨ।ਨੌਕਰਾਂ ਦੀ ਭਰਤੀ ਕੀਤੀ ਜਾਵੇ, ਲੰਮੇ ਸਮੇਂ ਤੋਂ ਠੇਕੇ 'ਤੇ ਕੰਮ ਕਰ ਰਹੇ ਸੀਵਰਮੈਨਾਂ ਨੂੰ ਰੈਗੂਲਰ ਕੀਤਾ ਜਾਵੇ, ਸੀਵਰਮੈਨਾਂ ਦੀਆਂ ਬਾਕੀ 14 ਅਸਾਮੀਆਂ ਲਈ ਨਵੀਂ ਭਰਤੀ ਕੀਤੀ ਜਾਵੇ, ਨਗਰ ਨਿਗਮ ਵਿੱਚ ਡਾਟਾ ਐਂਟਰੀ ਅਪ੍ਰੇਟਰ ਨੌਕਰ ਜੋ ਆਊਟਸੋਰਸਿੰਗ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਠੇਕੇ 'ਤੇ ਰੱਖਿਆ ਜਾਵੇ।


**FEDBANK FINANCIAL SERVICES LTD.**

Having corporate office at Unit No.1101, 11th Floor, Cignus, Plot No. 71A, Powai, Paspoli, Mumbai, Maharashtra – 400 087

**ਡਿਮਾਂਡ ਨੋਟਿਸ**

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ('ਦਾ ਐਕਟ') ਐਂਡ ਦਾ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ('ਦਾ ਰੂਲਜ਼') ਦੀਆਂ ਵਿਵਸਥਾਵਾਂ ਤਹਿਤ**

ਫੈੱਡ ਬੈਂਕ ਫਾਇਨੈਂਸ਼ੀਅਲ ਸਰਵਿਸਜ਼ ਲਿਮਟਿਡ (ਫੈੱਡਫਿਨਾ) ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਨਿਮਨਹਸਤਾਖਰੀ ਨੇ ਐਕਟ ਦੇ ਸੈਕਸ਼ਨ 13 (12), ਨਾਲ ਰੂਲ 3 ਪੜ੍ਹਿਆ ਜਾਵੇ ਅਤੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕਰਕੇ ਹੇਠਾਂ ਦਿੱਤੇ ਕਰਜ਼ਦਾਰਾਂ ਨੂੰ ਸੰਬੰਧਤ ਨੋਟਿਸ ਵਿੱਚ ਦਰਸਾਈ ਰਕਮ, ਦੱਸਿਆ ਨੋਟਿਸ ਪ੍ਰਾਪਤ ਹੋਣ ਤੋਂ 60 ਦਿਨਾਂ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ। ਨਿਮਨਹਸਤਾਖਰੀ ਦਾ ਜਾਇਜ਼ ਵਿਸ਼ਵਾਸ ਹੈ ਕਿ ਕਰਜ਼ਦਾਰ ਡਿਮਾਂਡ ਨੋਟਿਸ ਨੂੰ ਨਜ਼ਰ-ਅੰਦਾਜ਼ ਕਰ ਰਹੇ ਹਨ, ਇਸ ਲਈ ਨੋਟਿਸ ਨੂੰ ਨਿਯਮਾਂ ਅਨੁਸਾਰ ਪ੍ਰਕਾਸ਼ਤ ਕੀਤਾ ਜਾਂਦਾ ਹੈ। ਡਿਮਾਂਡ ਨੋਟਿਸ ਵਿਚਲਾ ਸਾਰ ਹੇਠਾਂ ਅਨੁਸਾਰ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਜਿਵੇਂ ਕਿ ਜਾਇਦਾਦ ਹੋਲਡਰ ਕੇਸ | ਸਕਿਉਰਡ ਐੱਸਟਸ/ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ ਅੰਡਰ ਸੈਕਸ਼ਨ 13 (2) ਅਤੇ ਕੁੱਲ ਬਕਾਇਆ |
|---|---|---|
| Loan Account NO. - FEDCHGLAP0497613<br>1. ਪਰਮਿੰਦਰ ਕੌਰ (ਕਰਜ਼ਦਾਰ)<br>2. ਸ਼ਰਨਬੀਰ ਸਿੰਘ (ਸਹਿ-ਕਰਜ਼ਦਾਰ)<br>3. ਕੁਲਦੀਪ ਕੌਰ (ਸਹਿ-ਕਰਜ਼ਦਾਰ)<br>4. ਕੈਪਟਨ ਮੋਬਾਈਲ ਰਿਪੇਅਰ (ਸਹਿ-ਕਰਜ਼ਦਾਰ) | ਰਹਿਣ ਕੀਤੀ ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ, ਰਕਬਾ 8/265 ਹਿੱਸਾ ਜ਼ਮੀਨ ਰਕਬਾ 6-20/30 ਮਰਲਾ (200 ਵਰਗ ਗਜ਼) ਖੇਵਟ/ਖਤੌਨੀ ਨੰ. 747/1191 ਤਹਿਤ ਖਸਰਾ ਨੰ. 91/2 (2-17), 96/3/2 (8-2) ਕਿੱਤਾ 2 ਰਕਬਾ 10 ਕਨਾਲ 19, ਹੱਦਬਸਤ ਨੰ. 51 ਪਟਿਆਲਾ, ਰਾਜਪੁਰਾ-140401, ਪੰਜਾਬ, ਹੱਦਬੰਦੀ, ਪੂਰਬ : ਖਾਲੀ ਪਲਾਟ, ਪੱਛਮ : ਸੇਲਰ ਬਾਊਂਡਰੀ ਸਾਈਡ 200 ਵਰਗ ਗਜ਼, ਉੱਤਰ : ਸੜਕ ਪਾਸਾ 30 ਫੁੱਟ ਸਾਈਡ 40 ਫੁੱਟ, ਦੱਖਣ : ਸੇਲਰ ਬਾਊਂਡਰੀ ਪਾਸਾ 40 ਫੁੱਟ | ਮਿਤੀ : 05.02.2026<br>ਰੁਪਏ 2389684 (ਤੇਈ ਲੱਖ ਉਨਾਨਵੇਂ ਹਜ਼ਾਰ ਛੇ ਸੌ ਚੁਰਾਸੀ ਰੁਪਏ ਕੇਵਲ) 05/02/2026 ਨੂੰ ਕਰਜ਼ਾ ਖਾਤਾ ਨੰ. ਐੱਫ ਈ ਡੀ ਸੀ ਐੱਚ ਜੀ ਐੱਲ ਏ ਪੀ 0497613<br>ਐੱਨ ਪੀ ਏ ਮਿਤੀ : 04.02.2026 |

ਕਰਜ਼ਦਾਰਾਂ ਨੂੰ ਇਸ ਦੁਆਰਾ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਡਿਮਾਂਡ ਨੋਟਿਸਾਂ ਦੀ ਪਾਲਣਾ ਕਰਨ ਅਤੇ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜ, ਲਾਗਤਾਂ ਅਤੇ ਖਰਚਿਆਂ ਦੇ ਨਾਲ ਇਸ ਵਿੱਚ ਅਤੇ ਇੱਥੇ ਉੱਪਰ ਦੱਸੀ ਗਈ ਮੰਗ ਰਕਮ ਦਾ ਭੁਗਤਾਨ ਕਰਨ।ਕਰਜ਼ਦਾਰ ਇਹ ਨੋਟ ਕਰਨ ਕਿ ਫੈੱਡਫਿਨਾ ਇੱਕ ਸੁਰੱਖਿਅਤ ਲੈਣਦਾਰ ਹੈ ਅਤੇ ਉਧਾਰ ਲੈਣ ਵਾਲਿਆਂ ਦੁਆਰਾ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਅਚੱਲ ਜਾਇਦਾਦ/ਸੰਪਤੀਆਂ ਦੇ ਵਿਰੁੱਧ ਇੱਕ ਸੁਰੱਖਿਅਤ ਕਰਜ਼ਾ ਹੈ, ਜੋ ਉਧਾਰ ਲੈਣ ਵਾਲਿਆਂ ਦੁਆਰਾ ਗਿਰਵੀ ਰੱਖੀ ਗਈ ਸੁਰੱਖਿਅਤ ਸੰਪਤੀ ਹੈ।ਜੇਕਰ ਉਧਾਰ ਲੈਣ ਵਾਲੇ ਨਿਰਧਾਰਤ ਸਮੇਂ ਦੇ ਅੰਦਰ ਆਪਣੀਆਂ ਦੇਣਦਾਰੀਆਂ ਨੂੰ ਪੂਰੀ ਤਰ੍ਹਾਂ ਨਿਭਾਉਣ ਵਿੱਚ ਅਸਫਲ ਰਹਿੰਦੇ ਹਨ, ਤਾਂ ਫੈੱਡਫਿਨਾ ਐਕਟ ਦੀ ਧਾਰਾ 13(4) ਦੇ ਤਹਿਤ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਸਾਰੇ ਅਧਿਕਾਰਾਂ ਦੀ ਵਰਤੋਂ ਕਰਨ ਦਾ ਹੱਕਦਾਰ ਹੋਵੇਗਾ, ਜਿਸ ਵਿੱਚ ਸ਼ਾਮਲ ਹੈ ਪਰ ਸੀਮਿਤ ਨਹੀਂ ਹੈ।ਉਹ ਵਿਕਰੀ ਦੁਆਰਾ ਤਬਾਦਲਾ ਕਰ ਸਕਦਾ ਹੈ ਜਾਂ ਐਕਟ ਦੇ ਅਧੀਨ ਉਪਲੱਬਧ ਕਿਸੇ ਹੋਰ ਉਪਾਅ ਦੀ ਵਰਤੋਂ ਕਰਕੇ ਰਕਮਾਂ ਵਸੂਲ ਸਕਦਾ ਹੈ।ਫੈੱਡਫਿਨਾ ਨੂੰ ਵਿਕਰੀ ਜਾਂ ਟ੍ਰਾਂਸਫਰ ਦੇ ਅਧਿਕਾਰ ਨੂੰ ਲਾਗੂ ਕਰਨ ਤੋਂ ਪਹਿਲਾਂ ਸੁਰੱਖਿਅਤ ਸੰਪਤੀਆਂ ਨੂੰ ਜਬਤ ਅਤੇ/ਜਾਂ ਸੀਲ ਕਰਨ ਦਾ ਅਧਿਕਾਰ ਹੈ।ਸੁਰੱਖਿਅਤ ਸੰਪਤੀਆਂ (ਆਂ) ਦੀ ਵਿਕਰੀ ਤੋਂ ਬਾਅਦ, ਫੈੱਡਫਿਨਾ ਨੂੰ ਬਕਾਇਆ ਵਸੂਲਣ ਲਈ ਵੱਖਰੀ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਦਾ ਵੀ ਅਧਿਕਾਰ ਹੈ, ਜੇਕਰ ਗਿਰਵੀਨਾਮੇ ਵਾਲੀਆਂ ਜਾਇਦਾਦਾਂ ਦਾ ਮੁੱਲ ਫੈੱਡਫਿਨਾ ਨੂੰ ਦੇਣਯੋਗ ਬਕਾਏ ਨੂੰ ਕਵਰ ਕਰਨ ਲਈ ਨਾਕਾਫ਼ੀ ਹੈ ਤਾਂ ਫੈੱਡਫਿਨਾ ਨੂੰ ਕਿਸੇ ਵੀ ਹੋਰ ਕਾਨੂੰਨ ਦੇ ਤਹਿਤ ਉਪਲਬਧ ਹੋਰ ਸਾਰੇ ਉਪਾਵਾਂ ਨੂੰ ਵਰਤਣ ਲਈ ਸੁਤੰਤਰ ਹੈ।

ਕਰਜ਼ਦਾਰ ਦਾ ਧਿਆਨ ਐਕਟ ਦੀ ਧਾਰਾ 13(8) ਵੱਲ ਦਿਵਾਇਆ ਜਾਂਦਾ ਹੈ, ਉਪਲੱਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ ਅਤੇ ਐਕਟ ਦੀ ਧਾਰਾ 13(13) ਵੱਲ, ਜਿਸ ਦੇ ਤਹਿਤ ਕਰਜ਼ਦਾਰ ਨੂੰ ਸੁਰੱਖਿਅਤ ਸੰਪਤੀ ਦਾ ਨਿਪਟਾਰਾ ਕਰਨ ਜਾਂ ਉਨ੍ਹਾਂ ਨਾਲ ਨਜਿੱਠਣ ਜਾਂ ਵਿਕਰੀ, ਲੀਜ਼ ਜਾਂ ਕਿਸੇ ਵੀ ਸੁਰੱਖਿਅਤ ਸੰਪਤੀ (ਕਰਤਾਵਾਂ) ਨੂੰ ਟ੍ਰਾਂਸਫਰ ਕਰਨ ਤੋਂ ਮਨਾਹੀ ਕੀਤੀ ਜਾਂਦੀ ਹੈ, ਬਿਨਾਂ ਫੈੱਡਫਿਨਾ ਦੀ ਪਹਿਲੀ ਲਿਖਤੀ ਸਹਿਮਤੀ ਦੇ ਅਤੇ ਉਪਰੋਕਤ ਦੀ ਪਾਲਣਾ ਨਾ ਕਰਨਾ ਉਕਤ ਐਕਟ ਦੀ ਧਾਰਾ 29 ਦੇ ਤਹਿਤ ਸਜ਼ਾਯੋਗ ਅਪਰਾਧ ਹੈ। ਡਿਮਾਂਡ ਨੋਟਿਸ ਦੀ ਕਾਪੀ ਨਿਮਨ ਹਸਤਾਖਰੀ ਕੋਲ ਉਪਲਬਧ ਹੈ ਅਤੇ ਕਰਜ਼ਦਾਰ ਜੇਕਰ ਉਹ ਚਾਹੁੰਦੇ ਹਨ, ਤਾਂ ਆਮ ਦਫਤਰੀ ਸਮੇਂ ਦੌਰਾਨ ਕਿਸੇ ਵੀ ਕੰਮਕਾਜੀ ਦਿਨ ਇਹ ਕਾਪੀ ਨਿਮਨਹਸਤਾਖਰੀ ਕੋਲੋਂ ਲੈ ਸਕਦੇ ਹਨ।

ਸਥਾਨ : ਪਟਿਆਲਾ, ਰਾਜਪੁਰਾ
ਮਿਤੀ : 26.02.2026

ਸਹੀ/-
ਅਧਿਕਾਰਤ ਅਫਸਰ
ਫੈੱਡਬੈਂਕ ਫਾਇਨੈਂਸ਼ੀਅਲ ਸਰਵਿਸਜ਼ ਲਿਮਟਿਡ

26 Feb Page 8.qxd 2/25/2026 10:14 PM Page 1



# ਰਿਸ਼ਵਤ ਦੀ ਮੰਗ ਕਰਨ ਵਾਲਾ ਸਰਪੰਚ ਕਾਬੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪੰਜਾਬ ਸਰਕਾਰ ਵੱਲੋਂ ਅਪਨਾਈ ਗਈ ਜ਼ੀਰੋ ਟਾਲਰੈਂਸ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਪਿੰਡ ਦੇਵੀਨਗਰ (ਅਭਰਾਵਨ) ਜ਼ਿਲ੍ਹਾ ਐੱਸ ਏ ਐੱਸ ਨਗਰ ਦੇ ਸਰਪੰਚ ਗੁਰਚਰਨ ਸਿੰਘ ਨੂੰ 50000 ਰੁਪਏ ਰਿਸ਼ਵਤ ਦੀ ਮੰਗ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਮੁੱਖ ਮੰਤਰੀ ਦੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਸ਼ਿਕਾਇਤ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਜ਼ਿਲ੍ਹਾ ਐੱਸ ਏ ਐੱਸ ਨਗਰ ਦੇ ਪਿੰਡ ਦੇਵੀਨਗਰ (ਅਭਰਾਵਨ) ਦੇ ਸਰਪੰਚ ਗੁਰਚਰਨ ਸਿੰਘ ਨੇ ਸ਼ਿਕਾਇਤਕਰਤਾ ਦਾ ਟਰੈਕਟਰ, ਜੋ ਪੁਲਸ ਕੋਲ ਜ਼ਬਤ ਸੀ, ਨੂੰ ਥਾਣਾ ਬਨੂੜ ਤੋਂ ਛੁਡਾਉਣ ਬਦਲੇ 100000 ਰੁਪਏ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਦੀ ਵਾਰ-ਵਾਰ ਬੇਨਤੀ 'ਤੇ ਦੋਸ਼ੀ ਸਰਪੰਚ ਨਾਲ ਸੌਦਾ 50000 ਰੁਪਏ ਵਿੱਚ ਤੈਅ ਹੋਇਆ। ਸ਼ਿਕਾਇਤਕਰਤਾ ਨੇ ਰਿਸ਼ਵਤ ਸਬੰਧੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਇਸ ਸਬੰਧੀ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ ਐਸਏਐਸ ਨਗਰ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਹੋਲਾ ਮਹੱਲਾ ਦੌਰਾਨ ਸ਼ਰਧਾਲੂਆਂ ਲਈ ਬਣ ਰਹੀ ਟਰਾਲੀ ਸਿਟੀ ਇੱਕ ਨਿਵੇਕਲਾ ਉਪਰਾਲਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹੋਲਾ ਮਹੱਲਾ ਦੌਰਾਨ ਦੇਸ਼ ਵਿਦੇਸ਼ ਤੋਂ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਰਹੀਆਂ ਲੱਖਾਂ ਸੰਗਤਾਂ ਲਈ ਦੇ ਟਰੈਕਟਰ-ਟਰਾਲੀਆਂ ਦੇ ਠਹਿਰਾਓ ਲਈ ਇਸ ਵਾਰ ਸਰਕਾਰ ਨੇ ਟਰਾਲੀ ਸਿਟੀ ਦੀ ਵਿਸੇਸ਼ ਵਿਵਸਥਾ ਕੀਤੀ ਹੈ। ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਵਿਧਾਇਕ ਅਨੰਦਪੁਰ ਸਾਹਿਬ ਮੇਲਾ ਪ੍ਰਬੰਧਾਂ ਤੇ ਨਿਰੰਤਰ ਨਜ਼ਰ ਰੱਖ ਰਹੇ ਹਨ। ਡਿਪਟੀ ਕਮਿਸ਼ਨਰ ਰੂਪਨਗਰ ਸ੍ਰੀ ਅਦਿੱਤਿਆ ਡੇਚਲਵਾਲ ਵੱਲੋਂ ਅਧਿਕਾਰੀਆਂ ਨੂੰ ਹੋਲਾ ਮਹੱਲਾ ਦੌਰਾਨ ਸੇਵਾ ਦੀ ਭਾਵਨਾ ਨਾਲ ਡਿਊਟੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸੀਨੀਅਰ ਪੁਲਿਸ ਕਪਤਾਨ ਮਨਿੰਦਰ ਸਿੰਘ ਵੱਲੋਂ ਮੇਲਾ ਖੇਤਰ ਦੇ ਹਰ ਸੈਕਟਰ ਵਿੱਚ ਸੁਰੱਖਿਆਂ ਨੂੰ ਯਕੀਨੀ ਬਣਾਉਣ ਲਈ ਪੁਲਸ ਕਰਮਚਾਰੀ ਤੈਨਾਤ ਕੀਤੇ ਗਏ ਹਨ, ਜਿੱਥੇ ਸਮੁੱਚੇ ਮੇਲਾ ਖੇਤਰ ਨੂੰ ਸਾਫ ਸਫਾਈ ਨਾਲ ਲਿਸ਼ਕਾਇਆ ਜਾ ਰਿਹਾ ਹੈ ਅਤੇ ਹਰ ਕੋਨੇ ਤੱਕ ਰੋਸ਼ਨੀ ਦਾ ਪ੍ਰਬੰਧ ਕੀਤਾ ਗਿਆ ਹੈ। ਸੈਕਟਰਾਂ ਵਿਚ ਮੇਲਾ ਖੇਤਰ ਨੂੰ ਵੰਡ ਕੇ ਹਰ ਸੈਕਟਰ ਵਿੱਚ ਐਮਬੂਲੈਂਸ, ਸਿਹਤ ਸੇਵਾਵਾਂ, ਪੀਣ ਵਾਲਾ ਪਾਣੀ, ਪਖਾਨੇ ਆਦਿ ਦੀ ਵਿਵਸਥਾ ਕੀਤੀ ਗਈ ਹੈ। ਢੁਕਵੀਆਂ ਥਾਵਾਂ ਤੇ ਵੱਡੀਆ ਐਲ.ਈ.ਡੀ ਸਕਰੀਨ ਲਗਾ ਕੇ ਮੇਲਾ ਖੇਤਰ ਅਤੇ ਆਲੇ ਦੁਆਲੇ ਦੇ ਹੋਰ ਧਾਰਮਿਕ ਅਸਥਾਨਾਂ ਦੀ ਜਾਣਕਾਰੀ ਸ਼ਰਧਾਲੂਆਂ ਨੂੰ ਦੇਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਸੀ.ਸੀ.ਟੀ.ਵੀ ਕੈਮਰੇ ਸਮੁੱਚੇ ਮੇਲਾ ਖੇਤਰ ਤੇ ਨਜ਼ਰ ਰੱਖਣਗੇ। ਦੋ ਥਾਵਾਂ ਤੇ ਟਰਾਲੀ ਸਿਟੀ ਬਣਾਈ ਜਾ ਰਹੀ ਹੈ, ਸਾਢੇ ਪੰਜ ਏਕੜ ਵਿਚ ਝਿੰਜੜੀ ਅਤੇ ਚਰਨ ਗੰਗਾ ਖੱਡ ਵਿੱਚ ਟਰਾਲੀ ਸਿਟੀ ਬਣਾਈ ਜਾ ਰਹੀ ਹੈ।

# ਸਕੂਲੀ ਵਾਹਨਾਂ ਦੀ ਚੈਕਿੰਗ, ਦੋ ਸਕੂਲੀ ਬੱਸਾਂ ਦੇ ਕੱਟੇ ਚਲਾਨ

**ਨਵਾਂਸ਼ਹਿਰ, (ਮਨੋਜ ਲਾਡੀ)**- ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾ ਤਹਿਤ ਤੇ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰੋਗਰਾਮ ਅਫਸਰ



ਜਗਰੂਪ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਵਲੋਂ ਟੀਮ ਦੇ ਸਹਿਯੋਗ ਨਾਲ ਸਾਂਝੇ ਤੌਰ ਤੇ ਸੇਫ ਸਕੂਲ ਵਾਹਨ ਪਾਲਿਸੀ ਨੂੰ ਲਾਗੂ ਕਰਨ ਦੀ ਪੁਰਜੋਰ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦੇ ਤਹਿਤ ਨਵਾਂ ਸ਼ਹਿਰ ਜਿਲ੍ਹੇ ਵਿੱਚ 25 ਫਰਵਰੀ ਨੂੰ ਸਕੂਲੀ ਵਾਹਨਾ ਦੀ ਚੈਕਿੰਗ ਕੀਤੀ ਗਈ ਤੇ ਸਕੂਲੀ ਬਸਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪੋਲੀਸੀ ਦੀਆਂ ਸ਼ਰਤਾਂ ਬਾਰੇ ਜਾਣੂੰ ਕਰਵਾਇਆ ਗਿਆ। ਚੈਕਿੰਗ ਦੌਰਾਨ ਕੈਂਬਰਿਜ਼ ਪਬਲਿਕ ਸਕੂਲ, ਡੇਰਿਕ ਇੰਟਰਨੈਸ਼ਨਲ ਪਬਲਿਕ ਸਕੂਲ, ਗੁਰੂ ਰਾਮ ਦਾਸ ਇੰਟਰਨੈਸ਼ਨਲ ਪਬਲਿਕ ਸਕੂਲ, ਸ਼ਿਵ ਚੰਦ ਪਬਲਿਕ ਸਕੂਲ ਸਕਾਲਰ ਪਬਲਿਕ ਸਕੂਲ ਅਤੇ ਐਮ ਆਰ ਇੰਟਰਨੈਸ਼ਨਲ ਪਬਲਿਕ ਸਕੂਲ ਪਨਾਮ ਦੀਆਂ ਬੱਸਾਂ ਵੀ ਸ਼ਾਮਲ ਸਨ। ਇਸ ਮੁਹਿੰਮ ਦੌਰਾਨ ਤਕਰੀਬਨ 6 ਸਕੂਲਾਂ ਦੀਆਂ ਕੁੱਲ 12 ਸਕੂਲੀ ਬੱਸਾਂ ਦੇ ਦਸਤਾਵੇਜ ਚੈੱਕ ਕੀਤੇ ਗਏ ਤੇ ਸੇਫ ਸਕੂਲ ਵਾਹਨ ਪਾਲਸੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ 2 ਸਕੂਲੀ ਬੱਸਾਂ ਦੇ ਚਲਾਨ (ਲੇਡੀ ਅਟੈਂਡੈਂਟ ਨਾ ਹੋਣ ਕਾਰਨ ਅਤੇ ਬੱਸ ਵਿੱਚ ਫਸਟ ਐਡ ਬਾਕਸ ਨਾ ਹੋਣ ਕਾਰਨ) ਕੀਤੇ ਗਏ।ਇਸ ਮੌਕੇ ਟੀਮ ਵਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਵਾਹਨਾਂ ਤੇ ਬਣਦੀ ਕਾਨੂੰਨੀ ਕਾਰਵਾਈ ਹੋਣੀ ਯਕੀਨੀ ਬਣਾਈ ਜਾਵੇਗੀ।

# ਆਰ ਬੀ ਯੂ 'ਚ ਕਾਨੂੰਨੀ ਨਿਰਪੱਖਤਾ ਤੇ ਪਾਰਦਰਸ਼ਤਾ 'ਤੇ ਮਾਹਰ ਸੰਬੋਧਨ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ਼ ਲਾਅ ਵਿਖੇ 'ਕੁਦਰਤੀ ਨਿਆਂ-ਨਿਰਪੱਖ ਪ੍ਰਕਿਰਿਆ ਦਾ ਅਧਾਰ' ਵਿਸ਼ੇ 'ਤੇ ਇੱਕ ਮਾਹਰ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਕਾਨੂੰਨੀ ਪ੍ਰਣਾਲੀ ਵਿੱਚ ਨਿਰਪੱਖਤਾ ਨੂੰ ਆਧਾਰ ਬਣਾਉਣ ਵਾਲੇ ਬੁਨਿਆਦੀ ਸਿਧਾਂਤਾਂ ਬਾਰੇ ਗਹਿਰਾਈ ਨਾਲ ਸਮਝ ਪ੍ਰਦਾਨ ਕਰਨਾ ਸੀ। ਡੀਨ, ਸਕੂਲ ਆਫ਼ ਲਾਅ, ਪ੍ਰੋ. (ਡਾ.) ਅਖਿਲੇਸ਼ ਰਣੌਤ ਨੇ ਵਿਸ਼ੇਸ਼ ਬੁਲਾਰੇ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. (ਡਾ.) ਸੰਜੇ ਕੁਮਾਰ ਨੇ ਵੀ ਇਸ ਮੌਕੇ 'ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਇਸ ਵਿਸ਼ੇ ਨਾਲ ਸਰਗਰਮੀ ਨਾਲ ਜੁੜਨ ਲਈ ਉਤਸ਼ਾਹਿਤ ਕੀਤਾ।

# ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ ਮਨਾਇਆ



**ਬੰਗਾ (ਅਵਤਾਰ ਕਲੇਰ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਚੱਲ ਰਹੀ ਸੰਸਥਾ ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ ਵਿਖੇ ਪ੍ਰਿੰ. ਡਾ.ਰਣਜੀਤ ਸਿੰਘ ਦੀ ਅਗਵਾਈ ਕੋਆਰਡੀਨੇਟਰ ਡਾ. ਗੁਲਬਹਾਰ ਸਿੰਘ ਅਤੇ ਡਾ. ਕੁਲਦੀਪ ਕੌਰ ਦੀ ਦੇਖ ਰੇਖ ਅਧੀਨ ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੇ ਮਾਤ-ਭਾਸ਼ਾ ਸਬੰਧੀ ਭਾਸ਼ਣ, ਕਵਿਤਾ, ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਜੈ ਹੋ ਰੰਗਮੰਚ ਨਿਹਾਲ ਸਿੰਘ ਵਾਲਾ ਮੋਗਾ ਦੇ ਨਿਰਦੇਸ਼ਕ ਸੁਖਦੇਵ ਲੱਧੜ ਅਤੇ ਅਸ਼ਵਨੀ ਵਲੋਂ ਨਸ਼ਿਆਂ ਜਿਹੀਆਂ ਭੈੜੀਆਂ ਅਲਾਮਤਾਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਕੁਰੀਤੀਆਂ ਤੇ ਵਿਅੰਗ ਕਰਦਾ ਨੁੱਕੜ ਨਾਟਕ ਸੁਲਗਦੀ ਧਰਤੀ ਪੇਸ਼ ਕੀਤਾ ਗਿਆ। ਡਾ. ਗੁਲਬਹਾਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਾਤ ਭਾਸ਼ਾ ਦੇ ਇਤਿਹਾਸਿਕ ਪਿਛੋਕੜ ਨਾਲ ਜਾਣੂ ਕਰਵਾਉਂਦਿਆਂ ਮਾਤ ਭਾਸ਼ਾ ਨਾਲ ਜੁੜੇ ਰਹਿਣ ਦੀ ਸੇਧ ਦਿੱਤੀ। ਇਸ ਮੌਕੇ ਕਾਲਜ ਪ੍ਰਿੰ. ਡਾ. ਰਣਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਾਤ-ਭਾਸ਼ਾ ਨਾਲ ਜੁੜੇ ਰਹਿਣ ਦੀ ਅਹਿਮੀਅਤ ਸਮਝਾਈ ਅਤੇ ਆਪਣੇ ਰੋਜ਼ਾਨਾ ਦੇ ਕੰਮਕਾਜ਼ ਨੂੰ ਆਪਣੀ ਮਾਤ-ਭਾਸ਼ਾ ਪੰਜਾਬੀ ਵਿੱਚ ਕਰਨ ਨੂੰ ਤਰਜੀਹ ਦਿੱਤੀ। ਸਟੇਜ ਸਕੱਤਰ ਦੀ ਭੂਮਿਕਾ ਡਾ. ਕੁਲਦੀਪ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਸ਼ਾਮਲ ਸਨ।

# ਹੋਲੇ ਮਹੱਲੇ ਮੌਕੇ ਗੁਰਦੁਆਰਾ ਸਾਹਿਬਾਨ ਦੀ ਅਦਭੁਤ ਸਜਾਵਟ

## ਸੰਗਤਾਂ ਵੱਲੋਂ ਯਾਦਗਾਰੀ ਪਲ ਕੈਮਰੇ ਵਿੱਚ ਕੈਦ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਖਾਲਸੇ ਦੇ ਕੌਮੀ ਤਿਉਹਾਰ ਹੋਲੇ ਮਹੱਲੇ ਨੂੰ ਲੈ ਕੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਰੌਣਕਾਂ ਦਿਨੋਂ ਦਿਨ ਵਧਦੀਆਂ ਜਾ ਰਹੀਆਂ ਹਨ। 27 ਫਰਵਰੀ ਤੋਂ 4 ਮਾਰਚ ਤੱਕ ਮਨਾਏ ਜਾ ਰਹੇ ਇਸ ਪਾਵਨ ਤਿਉਹਾਰ ਤੋਂ ਪਹਿਲਾਂ ਹੀ ਸੰਗਤਾਂ ਦਾ ਆਉਣਾ ਜਾਰੀ ਹੈ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਸਮੇਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਖੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੱਥਾ ਟੇਕ ਰਹੇ ਹਨ। ਸ਼ਹਿਰ ਦੀਆਂ ਗਲੀਆਂ ਅਤੇ ਗੁਰੂ ਘਰਾਂ ਦੇ ਆਲੇ ਦੁਆਲੇ ਧਾਰਮਿਕ ਜੋਸ਼ ਅਤੇ ਚੜ੍ਹਦੀ ਕਲਾ ਦਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਗੁਰਦੁਆਰਾ ਸਾਹਿਬਾਨ ਨੂੰ ਬਹੁਤ ਹੀ ਖੂਬਸੂਰਤ ਅਤੇ ਮਨਮੋਹਕ ਢੰਗ ਨਾਲ ਸਜਾਇਆ ਗਿਆ ਹੈ। ਰੰਗ-ਬਿਰੰਗੀ ਰੌਸ਼ਨੀ, ਸੁੰਦਰ ਫੁੱਲਾਂ ਦੀ ਸਜਾਵਟ ਅਤੇ ਵਿਸ਼ੇਸ਼ ਲਾਈਟਿੰਗ ਨਾਲ ਗੁਰੂ ਘਰਾਂ ਦੀ ਸ਼ੋਭਾ ਹੋਰ ਵਧ ਗਈ ਹੈ। ਰਾਤ ਸਮੇਂ ਜਦੋਂ ਰੌਸ਼ਨੀ ਦੀ ਚਮਕ ਨਾਲ ਪੂਰਾ ਇਲਾਕਾ ਰੌਸ਼ਨ ਹੋ ਜਾਂਦਾ ਹੈ ਤਾਂ ਇਹ ਦ੍ਰਿਸ਼ ਦੂਰੋਂ ਹੀ ਸੰਗਤਾਂ ਨੂੰ ਆਪਣੇ ਵੱਲ ਖਿੱਚਦਾ ਹੈ। ਗੁਰੂ ਘਰਾਂ ਦੀ ਇਹ ਅਦਭੁਤ ਸਜਾਵਟ ਸੰਗਤਾਂ ਦੇ ਮਨ ਵਿੱਚ ਵਿਸ਼ੇਸ਼ ਆਨੰਦ ਅਤੇ ਸ਼ਰਧਾ ਦਾ ਭਾਵ ਪੈਦਾ ਕਰ ਰਹੀ ਹੈ।ਇਸ ਪਵਿੱਤਰ ਅਤੇ ਸਜੇ-ਸਵਾਰੇ ਮਾਹੌਲ ਵਿੱਚ ਸੰਗਤਾਂ ਆਪਣੇ ਯਾਦਗਾਰੀ ਪਲਾਂ ਨੂੰ ਕੈਮਰੇ ਵਿੱਚ ਕੈਦ ਕਰਦੀਆਂ ਨਜ਼ਰ ਆ ਰਹੀਆਂ ਹਨ। ਖਾਸ ਕਰਕੇ ਨੌਜਵਾਨ ਅਤੇ ਪਰਿਵਾਰ ਗੁਰੂ ਘਰਾਂ ਦੇ ਦਰਸ਼ਨ ਕਰਕੇ ਸੈਲਫੀਆਂ ਅਤੇ ਤਸਵੀਰਾਂ ਲੈ ਰਹੇ ਹਨ ਤਾਂ ਜੋ ਹੋਲੇ ਮਹੱਲੇ ਦੇ ਇਹ ਸੁਹਣੇ ਪਲ ਸਦਾ ਲਈ ਸੰਭਾਲ ਸਕਣ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 'ਚ 71 ਹਜ਼ਾਰ ਤੋਂ ਵੱਧ ਪਰਵਾਰ ਹੋਏ ਰਜਿਸਟਰਡ : ਆਸ਼ਿਕਾ ਜੈਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਦਾ ਲੋਕ ਵੱਧ ਤੋਂ ਵੱਧ ਲਾਭ ਲੈਂਦੇ ਹੋਏ ਆਪਣੀ ਰਜਿਸਟਰੇਸ਼ਨ ਕਰਵਾਉਣ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਹੁਣ ਤੱਕ ਕੁੱਲ 71,187 ਕਾਰਡ ਬਣਾਏ ਗਏ ਹਨ, ਜਿਨ੍ਹਾਂ ਵਿੱਚੋਂ 45,425 ਕਾਮਨ ਸਰਵਿਸ ਸੈਂਟਰਾਂ ਰਾਹੀਂ ਅਤੇ 20,144 ਸੇਵਾ ਕੇਂਦਰ ਕੈਂਪਾਂ ਰਾਹੀਂ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਦੇ ਪਹਿਲੇ ਦਿਨ ਤੋਂ ਹੀ ਲਾਭਪਾਤਰੀਆਂ ਨੂੰ ਕੈਸ਼ਲੈਸ ਇਲਾਜ ਦੀ ਸਹੂਲਤ ਮਿਲੇਗੀ। ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਵਿੱਚ ਹੀ ਨਹੀਂ ਸਗੋਂ ਸੂਬੇ ਭਰ ਦੇ ਨਿੱਜੀ ਹਸਪਤਾਲਾਂ ਵਿੱਚ ਵੀ ਲਾਗੂ ਹੈ। ਜਿਗਰ, ਗੁਰਦੇ, ਕੈਂਸਰ ਅਤੇ ਵੱਖ-ਵੱਖ ਸਰਜਰੀਆਂ ਸਮੇਤ ਗੰਭੀਰ ਬਿਮਾਰੀਆਂ ਦਾ ਇਲਾਜ ਇਸ ਯੋਜਨਾ ਦੇ ਅਧੀਨ ਆਉਂਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਲਾਭਪਾਤਰੀਆਂ ਕੋਲ ਪਹਿਲਾਂ ਹੀ 5 ਲੱਖ ਰੁਪਏ ਦਾ ਆਯੁਸ਼ਮਾਨ ਕਾਰਡ ਹੈ, ਉਹ ਇੱਕ ਸਧਾਰਨ ਈ-ਕੇ .ਵਾਈ. ਸੀ ਪ੍ਰਕਿਰਿਆ ਰਾਹੀਂ ਇਸ ਨੂੰ 10 ਲੱਖ ਰੁਪਏ ਦੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਵਿੱਚ ਅਪਗ੍ਰੇਡ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਿਰੰਤਰ ਯਤਨਾਂ ਸਦਕਾ, ਹੁਸ਼ਿਆਰਪੁਰ ਜ਼ਿਲ੍ਹਾ ਰਜਿਸਟ੍ਰੇਸ਼ਨ ਦਰ ਦੇ ਮਾਮਲੇ ਵਿੱਚ ਪੰਜਾਬ ਵਿੱਚ ਤੀਜੇ ਸਥਾਨ 'ਤੇ ਪਹੁੰਚ ਗਿਆ ਹੈ।



# ਐੱਨ ਡੀ ਪੀ ਐੱਸ ਐਕਟ ਤਹਿਤ 117 ਮਾਮਲੇ ਦਰਜ, 146 ਗ੍ਰਿਫ਼ਤਾਰ

**ਹੁਸ਼ਿਆਰਪੁਰ, (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ ਅਧਿਕਾਰੀਆਂ ਨੂੰ ਸਾਰੇ ਯੋਗ ਵਿਅਕਤੀਆਂ ਨੂੰ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਅਤੇ ਕੰਮਾਂ ਵਿੱਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੱਤਾ। ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਵਿੱਚ ਵੱਖ-ਵੱਖ ਵਿਭਾਗਾਂ ਦੀ ਮੀਟਿੰਗ ਦੀ ਅਗਵਾਈ ਕਰਦੇ ਹੋਏ ਉਨ੍ਹਾਂ ਵਿਭਾਗ ਮੁਖੀਆਂ ਤੋਂ ਉਨ੍ਹਾਂ ਦੇ ਕੰਮ-ਕਾਜ ਦੀ ਜਾਣਕਾਰੀ ਵੀ ਹਾਸਲ ਕੀਤੀ। ਇਸ ਦੌਰਾਨ ਐਨਕਾਰਡ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਵੱਲੋਂ ਜਨਵਰੀ 2026 ਵਿੱਚ ਐੱਨ ਡੀ ਪੀ ਐੱਸ ਅਧੀਨ 117 ਮਾਮਲੇ ਦਰਜ ਕੀਤੇ ਗਏ ਅਤੇ 146 ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ। ਇਸੇ ਤਰ੍ਹਾਂ ਪੁਲਸ ਵੱਲੋਂ ਜ਼ਿਲ੍ਹੇ ਵਿੱਚ ਨਸ਼ਾ ਜਾਗਰੂਕਤਾ ਸਬੰਧੀ 134 ਮੀਟਿੰਗਾਂ ਕੀਤੀਆਂ ਗਈਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਨਸ਼ੇ ਦੇ ਖਾਤਮੇ ਲਈ ਸਾਰੇ ਵਿਭਾਗ ਇਕਜੁੱਟਤਾ ਨਾਲ ਕੰਮ ਕਰਨ, ਤਾਂ ਜੋ ਸਮਾਜ ਵਿੱਚ ਫੈਲੇ ਇਸ ਜ਼ਹਿਰ ਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਸਕੂਲ ਸਿੱਖਿਆ ਵਿਭਾਗ, ਸਿਹਤ, ਡਰੱਗ ਕੰਟਰੋਲਰ, ਆਬਕਾਰੀ ਤੇ ਕਰ, ਪੁਲਿਸ ਵਿਭਾਗ ਤੋਂ ਇਲਾਵਾ ਹੋਰ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਪੱਧਰ 'ਤੇ ਨਸ਼ੇ ਨੂੰ ਰੋਕਣ ਸਬੰਧੀ ਹਰ ਜ਼ਰੂਰੀ ਕਾਰਵਾਈ ਅਮਲ ਵਿੱਚ ਲਿਆਉਣ।




# ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਤਾਵਰਣ ਕਮੇਟੀ ਦੀ ਕੀਤੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)** ਜ਼ਿਲ੍ਹਾ ਵਾਤਾਵਰਣ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਹੋਏ। ਮੀਟਿੰਗ ਵਿੱਚ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਬਲਬੀਰ ਰਾਜ ਸਿੰਘ ਵੀ ਹਾਜ਼ਰ ਸਨ।ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਨਗਰ ਕੌਂਸਲਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨੂੰ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਕਰਨ ਸਬੰਧੀ ਜਾਗਰੂਕ ਕਰਨ ਅਤੇ ਲੋਕਾਂ ਦੇ ਘਰ-ਘਰ ਤੋਂ ਕੂੜਾ ਇਕੱਠਾ ਕਰਨ ਨੂੰ ਯਕੀਨੀ ਬਣਾਉਣ। ਇਸ ਤੋਂ ਇਲਾਵਾ ਲੋਕਾਂ ਨੂੰ ਵੱਖੋ-ਵੱਖ ਡਸਟਬਿਨ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਗਿੱਲਾ ਕੂੜਾ ਅਤੇ ਸੁੱਕਾ ਕੂੜਾ ਵੱਖੋ-ਵੱਖ ਰੱਖ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਵੱਛ ਭਾਰਤ ਮਿਸ਼ਨ ਦੀਆਂ ਹਦਾਇਤਾਂ ਤੋਂ ਵੀ ਜਾਣੂ ਕਰਵਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਕੱਠਾ ਕੀਤੇ ਗਏ ਕੂੜੇ ਨੂੰ ਕੰਪੋਸਟ ਪਿੱਟਸ ਵਿੱਚ ਪਾ ਕੇ ਖਾਦ ਤਿਆਰ ਕਰਨ ਅਤੇ ਜ਼ਿਲ੍ਹੇ ਅੰਦਰ ਹੋਣ ਵਾਲੇ ਵੱਖ-ਵੱਖ ਸਮਾਗਮਾਂ ਦੌਰਾਨ ਸਟਾਲ ਲਗਾ ਕੇ ਖਾਦ ਦੀ ਵੰਡ ਨੂੰ ਯਕੀਨੀ ਬਣਾਉਣ।



# ਪਲੇਸਮੈਂਟ ਕੈਂਪ ਅੱਜ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐਸ.ਏ.ਐਸ ਨਗਰ ਵੱਲੋਂ ਮਿਤੀ 26 ਫ਼ਰਵਰੀ, ਦਿਨ ਵੀਰਵਾਰ ਨੂੰ ਪਲੇਸਮੈਂਟ ਕੈਂਪ ਕਮ ਰਜਿਸਟ੍ਰੇਸ਼ਨ ਕੈਂਪ ਦਾ ਆਯੋਜਨ ਓਰੀਅਨ ਐਜੂਕੇਸ਼ਨਲ ਸੋਸਾਇਟੀ, ਐੱਚ ਡੀ ਐਫ ਸੀ ਬੈਂਕ ਹਾਊਸ-ਪਹਿਲੀ ਮੰਜ਼ਿਲ, ਟਾਵਰ ਨੰ.2, ਪਲਾਟ ਨੰ.1-15, ਸੈਕਟਰ 101, ਅਲਫਾ ਆਈ ਟੀ ਸਿਟੀ, ਐਸ ਏ ਐਸ ਨਗਰ ਵਿਖੇ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 11:00 ਵਜੇ ਤੋਂ ਦੁਪਹਿਰ 02.00 ਵਜੇ ਤੱਕ ਹੋਵੇਗਾ।

# ਨਗਰ ਕੌਂਸਲ ਦੀ ਤਹਿਬਜ਼ਾਰੀ 76 ਲੱਖ 30 ਹਜ਼ਾਰ 'ਚ ਹੋਈ ਮੁਕੰਮਲ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਏ ਕਲਾਸ ਨਗਰ ਕੌਂਸਲ ਦੀ ਤਹਿਬਜ਼ਾਰੀ ਦੀ ਬੋਲੀ 76 ਲੱਖ 30 ਹਜ਼ਾਰ ਰੁਪਏ ਵਿੱਚ ਮੁਕੰਮਲ ਹੋਈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਦੱਸਿਆ ਕਿ ਇਸ ਵਾਰ ਤਹਿਬਜ਼ਾਰੀ ਫੀਸ ਦੀ ਕੁੱਲ ਬੋਲੀ 76 ਲੱਖ 30 ਹਜ਼ਾਰ ਰੁਪਏ ਰਹੀ। ਇਸ ਵਿੱਚ ਠੇਕੇਦਾਰ ਕੁਲਵੰਤ ਸਿੰਘ ਵੱਲੋਂ 40 ਲੱਖ 5 ਹਜ਼ਾਰ ਰੁਪਏ ਤੇ ਅਸ਼ੋਕ ਕੁਮਾਰ ਵੱਲੋਂ 36 ਲੱਖ 25 ਹਜ਼ਾਰ ਰੁਪਏ ਦੀ ਬੋਲੀ ਲਗਾਈ ਗਈ, ਜਿਸ ਨੂੰ ਸਰਬ-ਸੰਮਤੀ ਨਾਲ ਮਨਜ਼ੂਰੀ ਪ੍ਰਦਾਨ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਰਕਮ ਨਾਲ ਨਗਰ ਕੌਂਸਲ ਨੂੰ ਹੋਲੇ ਮਹੱਲੇ ਦੌਰਾਨ ਵੱਖ-ਵੱਖ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਨਿਭਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਕਾਰਜ ਸਾਧਕ ਅਫ਼ਸਰ ਗੁਰਦੀਪ ਸਿੰਘ, ਟੈਕਸ ਇੰਸਪੈਕਟਰ ਗੁਰਦੇਵ ਸਿੰਘ ਬਹਿਲੂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਨੁਮਾਇੰਦਗੀ ਕਰਦਿਆਂ ਪ੍ਰਿਅੰਕਾ ਸ਼ਰਮਾ ਜੇ.ਈ. ਵੀ ਮੌਜੂਦ ਰਹੇ।ਨਗਰ ਕੌਂਸਲ ਪ੍ਰਧਾਨ ਨੇ ਹੋਰ ਦੱਸਿਆ ਕਿ ਸ਼ਹਿਰ ਦੀ ਸੁਰੱਖਿਆ ਅਤੇ ਨਿਗਰਾਨੀ ਨੂੰ ਮਜ਼ਬੂਤ ਕਰਨ ਲਈ ਮੁੱਖ ਪੁਆਇੰਟਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਕਰੀਬ 33 ਫ਼ੀਸਦੀ ਕੰਮ ਪੂਰਾ ਹੋ ਚੁੱਕਾ ਹੈ। ਇਨ੍ਹਾਂ ਕੈਮਰਿਆਂ ਦਾ ਕੰਟਰੋਲ ਰੂਮ ਪੁਲਿਸ ਸਟੇਸ਼ਨ ਸ੍ਰੀ ਅਨੰਦਪੁਰ ਸਾਹਿਬ ਵਿੱਚ ਸਥਾਪਿਤ ਕੀਤਾ ਗਿਆ ਹੈ, ਜਿੱਥੋਂ ਸ਼ਹਿਰ ਵਿੱਚ ਹੋ ਰਹੀ ਹਰ ਗਤੀਵਿਧੀ 'ਤੇ ਨਜ਼ਰ ਰੱਖੀ ਜਾਵੇਗੀ।



# ਸੰਤ ਦਰਸ਼ਨ ਦਾਸ ਦੇ ਬਰਸੀ ਸਮਾਗਮ ਸ਼ਰਧਾ-ਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਬ੍ਰਹਮਲੀਨ 108 ਸੰਤ ਬਾਬਾ ਦਰਸ਼ਨ ਦਾਸ ਜੀ ਦੇ 34ਵੇਂ ਸਲਾਨਾ ਬਰਸੀ ਸਮਾਗਮ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ। ਜਿਸ ਵਿੱਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਅਤੇ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੇ ਮਹਾਨ ਸੰਤ ਮਹਾਂਪੁਰਸ਼ਾਂ ਤੇ ਕੀਰਤਨੀ ਜਥਿਆਂ ਨੇ ਕੀਰਤਨ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੇ ਜਨਰਲ ਸਕੱਤਰ,ਸੰਤ ਸਰਵਣ ਦਾਸ ਸਲੇਮਤਾਵਰੀ ਸੀਨੀ.ਮੀਤ ਪ੍ਰਧਾਨ,ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਬਲਵੰਤ ਸਿੰਘ ਡਿੰਗਰੀਆਂ ਮੀਤ ਪ੍ਰਧਾਨ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਜਸਵੰਤ ਸਿੰਘ ਰਾਵਲਪਿੰਡੀ, ਸੰਤ ਰਮੇਸ਼ ਦਾਸ ਕੱਲਰਾਂ ਸ਼ੇਰਪੁਰ ਢਕੌਂ, ਸੰਤ ਕੁਲਦੀਪ ਦਾਸ ਬਸੀ ਮਰੂਫ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਰਜੇਸ਼ ਦਾਸ ਬਜਵਾੜਾ,ਸੰਤ ਸੰਤੋਖ ਦਾਸ ਭਾਰਟਾ ਅਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ। ਇਸ ਮੌਕੇ ਸੰਤ ਪਰਮਜੀਤ ਦਾਸ ਵੱਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨਤ ਕੀਤਾ ਗਿਆ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।



# ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬੀ ਸਾਹਿਤ ਸਭਾ ਬਲਾਚੌਰ ਵਲੋਂ ਜ਼ਿਲ੍ਹਾ ਭਰ ਦੀਆਂ ਸਾਹਿਤ ਸਭਾਵਾਂ ਦੇ ਸਹਿਯੋਗ ਨਾਲ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਲੇਖਕ ਮਹਿੰਦਰ ਸਿੰਘ ਦੁਸਾਂਝ, ਬਾਬਾ ਦਲਜੀਤ ਸਿੰਘ ਸ਼ਿਕਾਗੋ ਵਾਲੇ,ਪ੍ਰੋ ਇਕਬਾਲ ਸਿੰਘ ਚੀਮਾ, ਸੰਧੂ ਵਰਿਆਣਵੀ ਅਤੇ ਸਭਾ ਪ੍ਰਧਾਨ ਦੀਦਾਰ ਸਿੰਘ ਸ਼ੇਤਰਾ ਕੌਲਗੜ੍ਹ ਵਾਲੇ ਸੁਸ਼ੋਭਿਤ ਸਨ।ਇਸ ਮੌਕੇ ਵਖ ਵਖ ਬੁਲਾਰਿਆਂ ਨੇ ਮਾਂ ਬੋਲੀ ਨੂੰ ਦਰਪੇਸ਼ ਸਮਸਿਆਵਾਂ, ਸਰਕਾਰਾਂ ਦੀ ਇਸ ਵਿਸ਼ੇ ਸਬੰਧੀ ਜਾਂਦੀ ਰਹੀ ਗੈਰ ਜਿੰਮੇਵਾਰਾਨਾ ਪਹੁੰਚ ਨੂੰ ਆਪਣੇ ਵਿਚਾਰਾਂ ਦਾ ਧੁਰਾ ਬਣਾ ਕੇ ਮਾਂ ਬੋਲੀ ਬਾਰੇ ਪੰਜਾਬੀ ਚਿੰਤਕਾਂ ਵਲੋਂ ਨਿਭਾਈ ਜਾਣ ਵਾਲੀ ਅਹਿਮ ਭੂਮਿਕਾ ਦੀ ਗਲ ਕੀਤੀ।ਇਸ ਵੇਲੇ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਬਾਬਾ ਦਲਜੀਤ ਸਿੰਘ ਸ਼ਿਕਾਗੋ ਵਾਲਿਆਂ ਨੇ ਕਿਹਾ ਕਿ ਜਦੋਂ ਤੱਕ ਲੋਕ ਨਹੀਂ ਜਾਗਦੇ ਮਸਲੇ ਦਾ ਹੱਲ ਨਹੀਂ ਹੋ ਸਕਦਾ। ਉਹਨਾਂ ਮੰਗ ਕੀਤੀ ਕਿ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਮਾਂ ਬੋਲੀ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਕੀਤੇ ਜਾਣ ਦੀ ਲੋੜ ਹੈ। ਪ੍ਰੋ ਸੰਧੂ ਵਰਿਆਣਵੀ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਵਲੋਂ ਕੀਤੇ ਜਾ ਰਹੇ ਯਤਨਾਂ ਤੇ ਚਾਨਣਾ ਪਾਇਆ।ਇਸ ਮੌਕੇ ਸਭਾ ਦੇ ਮੀਤ ਪ੍ਰਧਾਨ ਗੁਰਨੇਕ ਸਿੰਘ ਸ਼ੇਰ, ਅਮਰੀਕ ਸਿੰਘ ਰਾਏ ਬੇਗਮਪੁਰੀ,ਹਰੀ ਕ੍ਰਿਸ਼ਨ ਪਟਵਾਰੀ,ਕੇਵਲ ਕ੍ਰਿਸ਼ਨ ਕਿਸ਼ਨਪੁਰੀ ਚੰਡੀਗੜ੍ਹ, ਕਸ਼ਮੀਰ ਸਿੰਘ ਢਿਲੋਂ,ਮੋਹਣ ਲਾਲ ਰਾਹੀ ਚੰਡੀਗੜ੍ਹ, ਨਰੇਸ਼ ਧੌਲ ਬਲਾਚੌਰ, ਮਾਸਟਰ ਹਰਿੰਦਰ ਸਿੰਘ ਨਵਾਂ ਸ਼ਹਿਰ ਲੰਗੜੋਆ ਵਾਲੇ, ਨਰਿੰਦਰ ਭੂੰਬਲਾ ਬਲਾਚੌਰ, ਰਵਿੰਦਰ ਸਿੰਘ ਮੱਲ੍ਹਾ ਬੇਦੀਆਂ, ਡਾਕਟਰ ਗੁਰਮੀਤ ਸਿੰਘ ਸਰਾਂ ਮਜਾਰਾ ਕਲਾਂ, ਹਰਭਜਨ ਸਿੰਘ ਹੀਰ, ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ, ਪ੍ਰਧਾਨ ਸਾਹਿਤ ਸਭਾ ਔੜ,ਨੂਰ ਕਮਲ ਲਿਖਾਰੀ ਸਭਾ ਜਗਤਪੁਰ, ਆਜ਼ਾਦ, ਅਮਰਜੀਤ ਸਿੰਘ ਸ੍ਰੀ ਗੁਰੂ ਅਮਰਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ, ਜਸਵਿੰਦਰ ਸਿੰਘ ਨਵਾਂਸ਼ਹਿਰ,ਦੀਪ ਜਗਤਪੁਰੀ, ਜਸਵਿੰਦਰ ਸਿੰਘ ਅਤੇ ਮੰਚ ਸੰਚਾਲਨ ਕਰਦਿਆਂ ਸਭਾ ਦੇ ਸੀਨੀਅਰ ਸਕੱਤਰ ਹਰਦੀਪ ਸਿੰਘ ਕਲਮ ਗਹੂੰਣ ਨੇ ਮਾਂ ਬੋਲੀ ਦਾ ਮਨੁੱਖੀ ਜੀਵਨ ਵਿੱਚ ਮਹੱਤਵ ਤੇ ਚਾਨਣਾ ਪਾਉਂਦਿਆਂ ਆਪਣੇ ਗੀਤਾਂ ਕਵਿਤਾਵਾਂ ਰਾਹੀਂ ਮਾਹੌਲ ਨੂੰ ਸਾਹਿਤਕ ਰੰਗਤ ਬਖਸ਼ੀ। ਕਹਾਣੀ ਕਾਰ ਜੋਗੇ ਭੰਗਲ,ਦੀਪ ਕਲੇਰ,ਕਾਲਮ ਨਵੀਸ ਤੇ ਲੇਖਕ ਗੁਰਜਿੰਦਰ ਸਿੰਘ ਸਾਹਦੜਾ ਦੇਸ ਰਾਜ ਬਾਲੀ ਪ੍ਰਧਾਨ ਪੰਜਾਬ ਸਾਹਿਤ ਸਭਾ ਨਵਾਂਸ਼ਹਿਰ,ਮੁਬਾਰਕ ਪੁਰ, ਦਵਿੰਦਰ ਸਕੋਹਪੁਰੀ



# ਸਰਕਾਰੀ ਪ੍ਰਾਇਮਰੀ ਸਕੂਲ 'ਚ ਮਦਰ ਵਰਕਸ਼ਾਪ



**ਬਲਾਚੌਰ (ਜਸਵਿੰਦਰ ਬੈਂਸ)**- ਪ੍ਰਾਇਮਰੀ ਸਕੂਲ ਗਹੂੰਣ ਬਲਾਕ ਬਲਾਚੌਰ-1 ਦੇ ਵਿਚ ਮਦਰ ਵਰਕਸ਼ਾਪ ਕਰਵਾਈ ਗਈ। ਇਸ ਮਦਰ ਵਰਕਸ਼ਾਪ ਵਿੱਚ ਸਕੂਲ ਮੁਖੀ ਮੈਡਮ ਨੀਸ਼ਾ, ਪ੍ਰੀ ਪ੍ਰਾਇਮਰੀ ਅਧਿਆਪਕਾ ਮੀਨੂੰ ਕਟਾਰੀਆ ਤੇ ਪ੍ਰਥਮ ਕੋਆਰਡੀਨੇਟਰ ਮੰਜੂ ਅਤੇ ਬੱਚਿਆਂ ਦੀਆਂ ਮਾਵਾਂ ਨੇ ਹਿੱਸਾ ਲਿਆ। ਸਕੂਲ ਮੁਖੀ ਨਿਸ਼ਾ ਰਾਣੀ ਨੇ ਦੱਸਿਆ ਕਿ ਇਹ ਵਰਕਸ਼ਾਪ ਮਾਪਿਆਂ ਲਈ ਆਯੋਜਿਤ ਕੀਤੀ ਜਾਣ ਵਾਲੀ ਇਕ ਸਿਖਲਾਈ ਪ੍ਰਕਿਰਿਆ ਹੈ ਜਿਸ 'ਚ ਮਾਪਿਆਂ ਦੇ ਨਾਲ ਬੱਚਿਆਂ ਦੇ ਮਨੋਵਿਗਿਆਨ ਅਤੇ ਭਾਵਨਾਤਮਕ ਵਿਕਾਸ ਬਾਰੇ ਚਰਚਾ ਕਰਨਾ, ਸਿੱਖਿਆ ਸਬੰਧੀ ਮਾਪਿਆਂ ਨੂੰ ਜਾਗਰੂਕ ਕਰਨਾ, ਬੱਚਿਆਂ ਦੇ ਸਿਹਤ ਅਤੇ ਪੋਸ਼ਣ ਬਾਰੇ ਚਰਚਾ ਕਰਨਾ, ਹੈਂਡਮੈਡ ਮਟੀਰੀਅਲ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਤੇ ਅਧਿਆਪਕ ਤੇ ਮਾਪਿਆਂ ਵਿੱਚ ਤਾਲਮੇਲ ਬਣਾਉਣਾ ਹੈ। ਇਸ ਮੌਕੇ ਬੱਚਿਆਂ ਦੀਆਂ ਮਾਵਾਂ ਵਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ, ਗਤੀਵਿਧੀਆਂ ਵਿੱਚ ਜੇਤੂ ਰਹੀਆਂ ਮਾਵਾਂ ਨੂੰ ਸਨਮਾਨਤ ਵੀ ਕੀਤਾ ਗਿਆ। ਮੈਡਮ ਵੀਨਾ ਰਾਣੀ ਅਤੇ ਮੀਨੂੰ ਕਟਾਰੀਆ ਨੇ ਬੱਚਿਆਂ ਦੀਆਂ ਮਾਵਾਂ ਨੂੰ ਬੱਚਿਆਂ ਦੇ ਭੋਜਨ ਸਬੰਧੀ ਜਾਣਕਾਰੀ ਦਿੱਤੀ ਅਤੇ ਬੱਚਿਆਂ ਨੂੰ ਫਾਸਟ ਫੂਡ ਤੋਂ ਦੂਰ ਰੱਖ ਕੇ ਸੰਤੁਲਿਤ ਭੋਜਨ ਦੇਣ ਲਈ ਪ੍ਰੇਰਿਆ।

# ਸਾਲਾਨਾ ਖੇਡ ਦਿਵਸ ਸੰਪੰਨ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਅਕਾਦਮਿਕ, ਖੇਡਾਂ ਅਤੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਵਿੱਚ ਆਪਣੀਆਂ ਪ੍ਰਾਪਤੀਆਂ ਲਈ ਜਾਣਿਆ ਜਾਂਦਾ ਹੈ ਤੇ ਕਾਲਜ ਪ੍ਰਸ਼ਾਸਨ ਆਪਣੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਮੁੱਚੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡਦਾ। ਇਸ ਨੂੰ ਬਰਕਰਾਰ ਰੱਖਦੇ ਹੋਏ, ਕਾਲਜ ਦੇ ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਨੇ ਆਪਣੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਲਈ ਸਾਲਾਨਾ ਖੇਡ ਦਿਵਸ ਦਾ ਆਯੋਜਨ ਕੀਤਾ। ਇਸ ਸਮਾਗਮ ਦੇ ਮੁੱਖ ਮਹਿਮਾਨ ਓਲੰਪੀਅਨ, ਰਾਜਨੇਤਾ ਤੇ ਵਿਧਾਇਕ ਪ੍ਰਗਟ ਸਿੰਘ ਸਨ। ਕਾਲਜ ਦੇ ਪ੍ਰਿੰਸੀਪਲ ਨੇ ਡੀਨ ਸਪੋਰਟਸ ਦੇ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਇਸ ਸਮਾਗਮ ਦੀ ਸ਼ੁਰੂਆਤ ਆਰਟਸ ਐਵੇਂਜਰਸ ਅਤੇ ਸਾਇੰਸ ਸਮੈਸ਼ਰਾਂ ਵਿਚਕਾਰ ਵਾਲੀਬਾਲ ਮੈਚ ਨਾਲ ਹੋਈ। ਸਮਾਗਮਾਂ ਦੀ ਲੜੀ ਵਿੱਚ, ਵਾਲੀਬਾਲ, 800 ਮੀਟਰ ਦੌੜ ਸ਼ਾਟ-ਪੁੱਟ ਅਤੇ ਲੰਬੀ ਛਾਲ ਦਾ ਮੁਕਾਬਲਾ ਮੁੰਡਿਆਂ ਨੇ ਕੀਤਾ ਜਦੋਂ ਕਿ ਕੁੜੀਆਂ ਨੇ ਫਨ ਐਂਡ ਫਿਟਨੈਸ ਦੌੜ, ਰੱਸਾਕਸ਼ੀ, ਸ਼ਾਟ-ਪੁੱਟ ਅਤੇ ਤਿੰਨ ਲੱਤਾਂ ਵਾਲੀ ਦੌੜ ਵਿੱਚ ਹਿੱਸਾ ਲਿਆ। ਡਾ. ਸਿਮਰਨਜੀਤ ਸਿੰਘ ਬੈਂਸ, ਡੀਨ ਸਪੋਰਟਸ ਨੇ ਕਿਹਾ ਕਿ ਸਰੀਰਕ ਸਿੱਖਿਆ ਤੇ ਖੇਡ ਵਿਭਾਗ ਦੁਆਰਾ ਯੋਜਨਾਬੱਧ ਅਤੇ ਚਲਾਇਆ ਗਿਆ । ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੌਰਾਨ, ਵਾਲੀਬਾਲ ਲੜਕਿਆਂ ਵਿੱਚ ਆਰਟਸ ਐਵੇਂਜਰਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਕੰਪਿਊਟਰ ਕਰੂਸੇਡਰਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਕਾਮਰਸ ਚੈਂਪੀਅਨ ਤੀਜੇ ਸਥਾਨ 'ਤੇ ਰਹੇ। 800 ਮੀਟਰ ਮੁੰਡਿਆਂ ਦੀ ਦੌੜ ਵਿੱਚ ਸੁਖਜਿੰਦਰ ਸਿੰਘ, ਅਨੰਦ ਸ਼ਰਮਾ, ਚੰਦਨ ਜੱਸਲ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਲੰਬੀ ਛਾਲ ਲੜਕਿਆਂ ਵਿੱਚ ਅਵਿਨਾਸ਼, ਨਈਮ ਅਬਾਸ ਅਤੇ ਨਿਰਭੈ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਸ਼ਾਟ ਪੁੱਟ ਲੜਕਿਆਂ ਵਿੱਚ ਸਾਹਿਲਪ੍ਰੀਤ, ਤਰੁਨਪ੍ਰੀਤ, ਤਰਨਪ੍ਰੀਤ ਨੂੰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਹੋਇਆ। ਫਨ ਅਤੇ ਫਿਟਨੈਸ ਵਰਗੇ ਔਰਤਾਂ ਦੇ ਮੁਕਾਬਲਿਆਂ ਵਿੱਚ ਸਾਇੰਸ ਸਮੈਸ਼ਰਜ਼ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਆਰਟਸ ਅਵੈਂਜਰਜ਼ ਨੇ ਦੂਜਾ ਅਤੇ ਕਾਮਰਸ ਚੈਂਪੀਅਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਸ਼ਾਟ ਪੁੱਟ ਵਿੱਚ ਅੰਮ੍ਰਿਤ ਕੌਰ, ਮਨਰੂਪ ਕੌਰ, ਹਰਕੀਰਤ ਕੌਰ ਨੂੰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਹੋਇਆ। ਰੱਸਾਕਸ਼ੀ ਵਿੱਚ ਆਰਟਸ ਅਵੈਂਜਰਜ਼ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਕੰਪਿਊਟਰ ਕਰੂਸੇਡਰ ਨੇ ਦੂਜਾ ਅਤੇ ਕਾਮਰਸ ਚੈਂਪੀਅਨਜ਼ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਤਿੰਨ ਲੱਤੀ ਰੇਸ ਦੇ ਮੁਕਾਬਲਿਆਂ ਵਿੱਚ ਆਸ਼ੀਆਨਾ, ਪਲਕ ਬੀ.ਕਾਮ ਸਮੈਸਟਰ ਦੂਜਾ ਨੇ ਪਹਿਲਾ ਸਥਾਨ ਰਮਨਦੀਪ, ਗੁਰਲੀਨ ਬੀ.ਐਸ.ਸੀ. ਮੈਡੀਕਲ ਸਮੈਸਟਰ ਦੂਜਾ ਨੇ ਦੂਜਾ ਸਥਾਨ ਅਤੇ ਸਿਮਰਨ, ਅੰਜਲੀ ਬੀਪੀਟੀ ਤੀਜਾ ਸਾਲ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬਾਅਦ ਵਿੱਚ, ਅਧਿਆਪਨ ਅਤੇ ਗੈਰ-ਅਧਿਆਪਨ ਸਟਾਫ ਲਈ ਰੱਸਾਕਸ਼ੀ ਅਤੇ ਨਿੰਬੂ ਦੌੜ ਦਾ ਵੀ ਆਯੋਜਨ ਕੀਤਾ ਗਿਆ ਜਿਸ ਵਿੱਚ ਅਧਿਆਪਨ ਸਟਾਫ ਨੇ ਰੱਸਾਕਸ਼ੀ ਵਿੱਚ ਅਤੇ ਨਿੰਬੂ ਦੌੜ ਵਿੱਚ ਪ੍ਰੋ. ਲਿਵਪ੍ਰੀਤ ਪ੍ਰੋ. ਕਿਰਨ ਅਤੇ ਵਿਸ਼ਾਲੀ ਅਤੇ .ਪ੍ਰੋ. ਨਵਜੋਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਤ ਵਿੱਚ, ਡਾ. ਬੈਂਸ ਨੇ ਧੰਨਵਾਦ ਕੀਤਾ ਅਤੇ ਸਾਰੇ ਅਧਿਆਪਨ ਅਤੇ ਗੈਰ-ਅਧਿਆਪਨ ਸਟਾਫ ਦੇ ਸੁਹਿਰਦ ਯਤਨਾਂ ਦਾ ਸਨਮਾਨ ਕੀਤਾ।



# ਕੈਥ-ਲੈਬ ਸਥਾਪਿਤ ਕਰਨ ਦਾ ਪ੍ਰਸਤਾਵ ਵਿਚਾਰਧੀਨ : ਸਿਹਤ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦਸਿਆ ਕਿ ਸੋਨੀਪਤ ਦੇ ਜ਼ਿਲ੍ਹਾ ਹਸਪਤਾਲ ਵਿੱਚ ਡਿਜੀਟਲ ਐਕਸ-ਰੇ ਮਸ਼ੀਨ, ਏਡਵਾਂਸਡ ਲਾਇਫ ਸਪੋਰਟਸ ਐਂਬੂਲੈਂਸ ਅਤੇ ਐਮਆਰਆਈ ਸਕੈਨ ਸੇਵਾਵਾਂ ਜਲਦੀ ਹੀ ਉਪਲਬਧ ਕਰਾਈਆਂ ਜਾਣਗੀਆਂ। ਸੋਨੀਪਤ ਜਿਲ੍ਹਾ ਵਿੱਚ ਕਾਰਡਇਏਕ ਕੈਥੇਟਰਾਈਜੇਸ਼ਨ ਲੈਬ (ਕੈਥ-ਲੈਬ) ਸਥਾਪਿਤ ਕਰਨ ਦਾ ਪ੍ਰਸਤਾਵ ਵੀ ਵਿਚਾਰਧੀਨ ਹੈ। ਸਿਹਤ ਮੰਤਰੀ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਹਿੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸੀ।ਆਰਤੀ ਸਿੰਘ ਰਾਓ ਨੇ ਦਸਿਆ ਕਿ ਫਿਲਹਾਲ ਸੋਨੀਪਤ ਵਿੱਚ 200 ਬਿਸਤਰੇ ਦਾ ਜਿਲ੍ਹਾ ਸਿਵਲ ਹਸਪਤਾਲ ਕੌਮੀ ਰਾਜਮਾਰਗ (ਐਨਐਚ-44) ਦੇ ਕੋਲ ਸਥਾਪਿਤ ਹੈ।

# ਪ ਸ ਸ ਫ ਵੱਲੋਂ ਅੱਜ ਕੌਮੀ ਮੰਗ ਦਿਵਸ ਮਨਾਉਣ ਦਾ ਐਲਾਨ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਚੰਡੀਗੜ੍ਹ ਦੀ ਆਨਲਾਈਨ ਮੀਟਿੰਗ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਨੂੰ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਚਲਾਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਵਿਰਦੀ ਨੇ ਦੱਸਿਆ ਕਿ 23 ਤੋਂ 26 ਜਨਵਰੀ ਤੱਕ ਸ਼ਿਰਡੀ(ਮਹਾਂ ਰਾਸ਼ਟਰ)ਵਿਖੇ ਹੋਈ 18ਵੀਂ ਕੌਮੀ ਕਾਨਫਰੰਸ ਵਲੋਂ 26 ਫਰਵਰੀ ਨੂੰ ਕੌਮੀ ਮੰਗ ਦਿਵਸ ਮਨਾਉਣ ਦੇ ਕੀਤੇ ਗਏ ਐਲਾਨ ਅਨੁਸਾਰ ਪ ਸ ਸ ਫ ਵਲੋਂ ਵੀ ਪੂਰੇ ਪੰਜਾਬ ਵਿੱਚ ਕੌਮੀ ਮੰਗ ਦਿਵਸ ਮਨਾਉਣ ਦਾ ਐਲਾਨ ਕੀਤਾ ਗਿਆ ਤੇ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ। ਕੌਮੀ ਮੰਗ ਦਿਵਸ ਮਨਾਉਣ ਸਮੇਂ ਰਾਜਾਂ ਦੇ ਮੁੱਖ ਸਕੱਤਰਾਂ ਨੂੰ ਭੇਜੇ ਜਾਣ ਵਾਲੇ ਮੰਗ ਪੱਤਰ ਦੀਆਂ ਮੰਗਾਂ ਦਾ ਜ਼ਿਕਰ ਕਰਦੇ ਹੋਏ ਦੱਸਿਆ ਕਿ ਵੱਖ ਵੱਖ ਸਕੀਮਾਂ ਅਧੀਨ ਵੱਖ ਵੱਖ ਵਿਭਾਗਾਂ ਵਿੱਚ ਸਮੂਹ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਸਮੂਹ ਵਿਭਾਗਾਂ ਵਿੱਚ ਖਾਲੀ ਪੋਸਟਾਂ ਨੂੰ ਪੂਰੇ ਪੂਰੇ ਗ੍ਰੇਡਾਂ ਤੇ ਤੁਰੰਤ ਭਰਨ ਲਈ, ਫਾਈਨਾਂਸ ਬਿੱਲ 2025 ਵਿੱਚ ਪੈਨਸ਼ਨ ਅਧਿਨਿਯਮ ਨੂੰ ਰੱਦ ਕਰਨ,ਪੀ ਐੱਫ ਆਰ ਡੀ ਏ ਬਿੱਲ ਰੱਦ ਕਰਨ,ਐੱਨ ਪੀ ਐੱਸ/ਯੂ ਪੀ ਐੱਸ ਨੂੰ ਤੁਰੰਤ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ,ਚਾਰ ਕਿਰਤ ਕੋਡਾਂ ਨੂੰ ਰੱਦ ਕਰਨ, ਅੱਠਵਾਂ ਪੇ ਕਮਿਸ਼ਨ ਨੂੰ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਇੱਕ ਸਾਰ ਲਾਗੂ ਕਰਨ,ਵੱਖ ਵੱਖ ਰਾਜਾਂ ਵਿੱਚ ਡੀ ਏ/ਡੀ ਆਰ ਦੀ ਕਿਸ਼ਤਾਂ ਦਾ ਬਕਾਇਆ ਤੁਰੰਤ ਦੇਣ, ਸੰਵਿਧਾਨ ਦੀ ਧਾਰਾ 310,311(2)(ਏ,ਬੀ,ਸੀ) ਨੂੰ ਰੱਦ ਕਰਨ, ਨਵੀਂ ਸਿੱਖਿਆ ਨੀਤੀ 2020 ਤੇ ਟੈੱਟ ਪਾਸ ਕਰਨ ਦੀ ਜ਼ਬਰੀ ਠੋਸੀ ਸ਼ਰਤ ਨੂੰ ਰੱਦ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਕੈਸ਼ ਲੈਸ ਹੈਲਥ ਸਕੀਮ ਲਾਗੂ ਕਰਨ, ਸੰਵਿਧਾਨ ਅਨੁਸਾਰ ਧਰਮ ਨਿਰਪੱਖਤਾ ਬਣਾ ਕੇ ਰੱਖਣ ਅਤੇ ਫਿਰਕਾਪ੍ਰਸਤੀ ਦੇ ਵਿਰੁੱਧ ਸੰਘਰਸ਼ ਕਰਨੇ ਆਦਿ ਮੰਗਾਂ ਦੇ ਮੰਗ ਪੱਤਰ ਰਾਜਾਂ ਦੇ ਮੁੱਖ ਸਕੱਤਰਾਂ ਨੂੰ ਭੇਜੇ ਜਾਣਗੇ ਅਤੇ ਕੌਮੀ ਮੰਗ ਦਿਵਸ ਮਨਾਇਆ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਚਾਹਲ, ਗੁਰਦੀਪ ਸਿੰਘ ਬਾਜਵਾ, ਬੁਬਿੰਦਰ ਸਿੰਘ, ਕੁਲਦੀਪ ਸਿੰਘ ਪੁਰੋਵਾਲ, ਗੁਰਵਿੰਦਰ ਸਿੰਘ ਚੰਡੀਗੜ੍ਹ,ਹਰਨੇਕ ਸਿੰਘ ਬਠਿੰਡਾ, ਵੀਰ ਇੰਦਰਜੀਤ ਸਿੰਘ ਪੁਰੀ,ਗੁਰਦੇਵ ਸਿੰਘ ਸਿੱਧੂ ,ਮਾਲਵਿੰਦਰ ਸਿੰਘ ਸੰਗਰੂਰ, ਅਨਿਲ ਕੁਮਾਰ ਬਰਨਾਲਾ, ਸੁਭਾਸ਼ ਪਠਾਨਕੋਟ, ਨਿਰਮੋਲਕ ਸਿੰਘ ਹੀਰਾ, ਕੁਲਦੀਪ ਸਿੰਘ ਵਾਲੀਆ, ਨਰਿੰਦਰ ਸਿੰਘ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਰੰਗੀਲਪੁਰ, ਜਸਵਿੰਦਰ ਪਾਲ ਰੋਪੜ,ਕਿਸ਼ੋਰ ਚੰਦ ਗਾਜ,ਸਿਮਰਨਜੀਤ ਸਿੰਘ ਬਰਾੜ, ਬਲਵਿੰਦਰ ਸਿੰਘ ਭੁੱਟੋ, ਬਲਜਿੰਦਰ ਸਿੰਘ ਤਾਰਨਤਾਰਨ,ਰਾਣੋ ਖੇੜੀ ਗਿੱਲਾ, ਬਿਮਲਾ ਰਾਣੀ ਫਾਜਿਲਕਾ,, ਕਮਲਜੀਤ ਕੌਰ ਹੁਸ਼ਿਆਰਪੁਰ ਆਦਿ ਸਾਥੀ ਸ਼ਾਮਲ ਹੋਏ।



# ਜਗਦੇਵ ਸਿੰਘ ਪੱਪਾ ਬਾਬੇ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭੁੰਗਰਨੀ ਦੇ ਉੱਘੇ ਸਮਾਜ ਸੇਵਕ, ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਜਨਰਲ ਸਕੱਤਰ, ਸਾਬਕਾ ਪੰਚ ਦੇ ਛੋਟੇ ਭਰਾ ਜਗਦੇਵ ਸਿੰਘ ਪੱਪਾ ਬਾਬੇ ਦਾ ਬੀਤੀ ਦਿਨੀ ਦਿਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਸਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਸੀਨੀਅਰ ਜਗਤਾਰ ਸਿੰਘ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜਗਦੇਵ ਸਿੰਘ ਪੱਪਾ ਬਾਬੇ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਗੁਰਦੁਆਰਾ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਅਸਥਾਨ ਤੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਕਰਵਾਏ ਗਏ। ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਜਸਵਿੰਦਰ ਸਿੰਘ ਜੰਡਿਆਲਾ, ਭਾਈ ਸਤਨਾਮ ਸਿੰਘ ਅਰਸ਼ੀ ਫਗਵਾੜਾ, ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ ਆਦਿ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਸਰਧਾਂਜਲੀ ਸਮਾਗਮ ਦੌਰਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬਾਦਲ ਚੱਬੇਵਾਲ, ਐਡਵੋਕੇਟ ਰਣਜੀਤ ਕੁਮਾਰ ਸੀਨੀਅਰ ਆਗੂ ਕਾਂਗਰਸ ਪਾਰਟੀ, ਭੁਪਿੰਦਰ ਸਿੰਘ ਦਿਹਾਣਾ, ਜਥੇਦਾਰ ਜਸਵੀਰ ਸਿੰਘ ਜੱਲੋਵਾਲ, ਗੁਰਮੇਲ ਸਿੰਘ ਮੈਲਡੇ ਮੁੱਖ ਸਲਾਹਕਾਰ ਪੰਜਾਬ ਪੈਨਸ਼ਨ ਯੂਨੀਅਨ, ਬਲਵਿੰਦਰ ਸਿੰਘ ਭਾਮ ਪ੍ਰਧਾਨ ਵਿਸ਼ਵ ਦੋਆਬਾ ਰਾਜਪੂਤ ਸਭਾ, ਲੰਬਰਦਾਰ ਸੁਰਿੰਦਰ ਸਿੰਘ, ਕ੍ਰਿਪਾਲ ਸਿੰਘ ਜੋਹਲ, ਹਰਿੰਦਰ ਸਿੰਘ ਚੀਮਾ, ਪ੍ਰਦੀਪ ਕੁਮਾਰ ਜਲੰਧਰ, ਜਥੇਦਾਰ ਸੁਰਜੀਤ ਸਿੰਘ ਮਸੂਤਾ, ਨੰਬਰਦਾਰ ਸਰਜਿੰਦਰ ਸਿੰਘ ਕਿੰਗ ਦਿਹਾਣਾ, ਜਗਤਾਰ ਸਿੰਘ ਭੁੰਗਰਨੀ ਸੀਨੀਅਰ ਪੱਤਰਕਾਰ, ਮਨਜੀਤ ਸਿੰਘ ਸੋਨੂੰ, ਕਮਲਜੀਤ ਕੌਰ, ਦੀਦਾਰ ਸਿੰਘ, ਲਾਡੀ ਭੁੰਗਰਨੀ, ਜਸਵੀਰ ਕੌਰ ਇੰਗਲੈਂਡ, ਸੁਖਵਿੰਦਰ ਸਿੰਘ ਲੱਕੀ ਇੰਗਲੈਂਡ, ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਪੱਪੀ ਪਰਮਾਰ ਫਗਵਾੜਾ, ਵਰਿੰਦਰ ਸਿੰਘ ਭਿੰਡਰ ਬੱਡਲਾ, ਧਨਵੰਤ ਸਿੰਘ ਬੋਲਾ, ਅਵਤਾਰ ਸਿੰਘ, ਸਰਪੰਚ ਬਲਵਿੰਦਰ ਕੁਮਾਰ ਬਘਾਣਾ, ਨੰਬਰਦਾਰ ਸੁਖਚੈਨ ਸਿੰਘ ਸਾਬਕਾ ਸਰਪੰਚ ਬਘਾਣਾ, ਮਹਿੰਦਰ ਸਿੰਘ ਸਾਬਕਾ ਸਰਪੰਚ ਮੁੱਖਲਿਆਣਾ, ਹਰਜਿੰਦਰ ਸਿੰਘ ਮੁੱਖਲਿਆਣਾ, ਸਤਪਾਲ ਸਿੰਘ ਭੁੰਗਰਨੀ, ਗੁਰਪ੍ਰੀਤ ਸਿੰਘ ਗੋਪੀ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਜਗਦੇਵ ਸਿੰਘ ਪੱਪਾ ਬਾਬੇ ਨੂੰ ਵੱਖ ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆ।



# ਲੋਕਤੰਤਰ 'ਚ ਸਾਰਿਆਂ ਨੂੰ ਪ੍ਰਦਰਸ਼ਨ ਕਰਨ ਦਾ ਅਧਿਕਾਰ, ਪਰ ਸਦਨ ਦੀ ਮਰਿਆਦਾ ਵੀ ਜਰੂਰੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਲੋਕਤੰਤਰ ਵਿੱਚ ਹਰੇਕ ਵਿਅਕਤੀ ਨੂੰ ਪ੍ਰਦਰਸ਼ਨ ਕਰਨ ਜਾਂ ਸਰਕਾਰ ਦੇ ਖਿਲਾਫ ਆਪਣੀ ਗੱਲ ਰੱਖਣ ਦਾ ਅਧਿਕਾਰ ਹੈ, ਪਰ ਵਿਰੋਧੀ ਧਿਰ ਵੱਲੋਂ ਸਦਨ ਦੇ ਮੁੱਖ ਦਰਵਾਜੇ 'ਤੇ ਪ੍ਰਦਰਸ਼ਨ ਕਰਨਾ ਸਹੀ ਨਹੀਂ। ਉਨ੍ਹਾਂ ਨੂੰ ਸਦਨ ਦੀ ਮਰਿਆਦਾ ਦਾ ਧਿਆਨ ਰੱਖਣਾ ਚਾਹੀਦਾ ਹੈ।

ਮੁੱਖ ਮੰਤਰੀ ਹਰਿਆਣਾ ਵਿਧਾਨਸਭਾ ਵਿੱਚ ਬਜਟ ਸੈਸ਼ਨ ਦੌਰਾਨ ਵਿਰੋਧੀ ਧਿਰ ਵੱਲੋਂ ਕੀਤੇ ਗਏ ਪ੍ਰਦਰਸ਼ਨ 'ਤੇ ਸਦਨ ਵਿੱਚ ਆਪਣੀ ਪ੍ਰਤੀਕ੍ਰਿਆ ਦੇ ਰਹੇ ਸਨ।ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਕਿਸੇ ਨੂੰ ਆਪਣੀ ਗੱਲ ਕਹਿਣ ਲਈ ਸਥਾਨ ਦੀ ਜਰੂਰਤ ਹੈ, ਤਾਂ ਸੈਕਟਰ-25, ਚੰਡੀਗੜ੍ਹ ਵਿੱਚ ਪ੍ਰਦਰਸ਼ਨ ਤਹਿਤ ਸਥਾਨ ਰਾਖਵਾਂ ਕੀਤਾ ਗਿਆ ਹੈ। ਉੱਥੇ ਜਾ ਕੇ ਪ੍ਰਦਰਸ਼ਨ ਕੀਤਾ ਜਾ ਸਕਦਾ ਹੈ।

26 Feb Page 9.qxd 2/25/2026 10:13 PM Page 1



## ਬਜ਼ੁਰਗਾਂ ਦੀ ਭਲਾਈ ਲਈ 7.86 ਕਰੋੜ ਦੀ ਅਲਾਟਮੈਂਟ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬਜ਼ੁਰਗ ਨਾਗਰਿਕਾਂ ਨੂੰ ਸਮਾਜ ਦੀ ਅਨਮੋਲ ਧਰੋਹਰ ਮੰਨਦਿਆਂ ਉਨ੍ਹਾਂ ਦੀ ਸੁਰੱਖਿਆ, ਸਿਹਤ ਅਤੇ ਸਮਾਜਿਕ ਭਲਾਈ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ।ਇਸ ਦਿਸ਼ਾ ਵਿੱਚ ਸੂਬਾ ਪੱਧਰੀ ਮੁਹਿੰਮ ਸਾਡੇ ਬਜ਼ੁਰਗ ਸਾਡਾ ਮਾਣ ਤਹਿਤ ਲਗਾਏ ਗਏ ਸਿਹਤ ਚੈਕਅੱਪ ਕੈਂਪਾਂ ਦੌਰਾਨ 16,000 ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਰਜਿਸਟਰਡ ਕਰਕੇ ਉਨ੍ਹਾਂ ਨੂੰ ਸਰਕਾਰੀ ਭਲਾਈ ਸਹੂਲਤਾਂ ਨਾਲ ਜੋੜਿਆ ਗਿਆ ਹੈ।ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੀਨੀਅਰ ਸਿਟੀਜਨ ਐਕਸ਼ਨ ਪਲਾਨ ਅਧੀਨ ਵਿੱਤੀ ਸਾਲ 2025-26 ਦੌਰਾਨ ਬਜ਼ੁਰਗਾਂ ਲਈ ਲਗਾਏ ਜਾਣ ਵਾਲੇ ਸਿਹਤ ਚੈਕਅੱਪ ਕੈਂਪਾਂ ਅਤੇ ਹੋਰ ਸੰਬੰਧਿਤ



ਗਤੀਵਿਧੀਆਂ ਲਈ 7.86 ਕਰੋੜ ਦਾ ਬਜਟ ਉਪਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ 4543 ਬਜ਼ੁਰਗਾਂ ਦਾ ਜਨਰਲ ਹੈਲਥ ਚੈਕਅੱਪ, 2071 ਦਾ ਆਰਥੋਪੈਡਿਕ ਮੁਆਇਨਾ, 3705 ਦੀਆਂ ਅੱਖਾਂ ਦੀ ਜਾਂਚ, 1129 ਨੇ ਯੋਗਾ ਸੈਸ਼ਨਾਂ ਵਿੱਚ ਭਾਗ, 1489 ਨੇ ਹੋਮਿਓਪੈਥਿਕ ਇਲਾਜ ਅਤੇ 2054 ਨੇ ਆਯੁਰਵੇਦਿਕ ਸੇਵਾਵਾਂ, ਸਹਾਇਕ ਉਪਕਰਣ ਅਤੇ ਹੋਰ ਸਹੂਲਤਾਂ ਦਾ ਲਾਭ ਲਿਆ।ਉਨ੍ਹਾਂ ਹੋਰ ਦੱਸਿਆ ਕਿ ਅਲੀਮਕੋ ਸਕੀਮ ਤਹਿਤ 243 ਬਜ਼ੁਰਗ ਨਾਗਰਿਕ ਰਜਿਸਟਰਡ ਹੋਏ, ਜਿਨ੍ਹਾਂ ਵਿੱਚੋਂ 89 ਨੂੰ ਵੀਲ੍ਹਚੇਅਰ, ਐਨਕਾਂ ਅਤੇ ਸੁਣਨ ਯੰਤਰ ਪ੍ਰਦਾਨ ਕੀਤੇ ਗਏ।

## ਅੰਦਰੂਨੀ ਸ਼ਿਕਾਇਤ ਕਮੇਟੀ ਵੱਲੋਂ ਔਰਤਾਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਸੈਮੀਨਾਰ



**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਸਟੀਟਿਊਟ ਆਵਰ ਮੈਨੇਜਮੈਂਟ ਐਂਡ ਟੈਕਨੋਲੋਜੀ, ਗੋਰਾਇਆ ਦੀ ਅੰਦਰੂਨੀ ਸ਼ਿਕਾਇਤ ਕਮੇਟੀ ਨੇ ਲਿੰਗ ਸੰਵੇਦਨਸ਼ੀਲਤਾ, ਮਹਿਲਾ ਸਸ਼ਕਤੀਕਰਨ ਤੇ ਔਰਤਾਂ ਦੇ ਅਧਿਕਾਰਾਂ ਅਤੇ ਕਾਰਜ ਸਥਾਨ ਦੇ ਸਨਮਾਨ ਬਾਰੇ ਜਾਗਰੂਕਤਾ ਪ੍ਰਤੀ ਆਪਣੀ ਚੱਲ ਰਹੀ ਵਚਨਬੱਧਤਾ ਦੇ ਹਿੱਸੇ ਵਜੋਂ ਇੱਕ ਗਿਆਨਵਾਨ ਮਹਿਮਾਨ ਭਾਸ਼ਣ ਦਾ ਆਯੋਜਨ ਕੀਤਾ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਔਰਤਾਂ ਦੀ ਸੁਰੱਖਿਆ, ਕਾਨੂੰਨੀ ਪ੍ਰਬੰਧਾਂ ਅਤੇ ਇੱਕ ਸਤਿਕਾਰਯੋਗ ਤੇ ਸਮਾਵੇਸ਼ੀ ਵਾਤਾਵਰਣ ਬਣਾਉਣ ਦੇ ਮਹੱਤਵ ਨਾਲ ਜੁੜੇ ਮੁੱਦਿਆਂ ਬਾਰੇ ਜਾਗਰੂਕ ਕਰਨਾ ਸੀ। ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਰਸਮੀ ਸਵਾਗਤ ਸਮਾਰੋਹ ਨਾਲ ਹੋਈ। ਆਪਣੇ ਸੰਬੋਧਨ ਦੌਰਾਨ ਡਾ. ਗਿੱਲ ਨੇ ਕੰਮ ਵਾਲੀ ਥਾਂ 'ਤੇ ਔਰਤਾਂ ਦੇ ਜਿਨਸੀ ਸ਼ੋਸ਼ਣ (ਰੋਕਥਾਮ, ਮਨਾਹੀ ਅਤੇ ਨਿਵਾਰਣ) ਐਕਟ, 2013 ਦੇ ਉਪਬੰਧਾਂ ਬਾਰੇ ਵਿਸਤਾਰ ਨਾਲ ਦੱਸਿਆ, ਜਿਸ ਨਾਲ ਵਿਦਿਆਰਥੀਆਂ ਨੂੰ ਜਿਨਸੀ ਸ਼ੋਸ਼ਣ, ਸ਼ਿਕਾਇਤ ਵਿਧੀ ਅਤੇ ਐਕਟ ਅਧੀਨ ਸੰਸਥਾਵਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਸਪੱਸ਼ਟ ਸਮਝ ਮਿਲਦੀ ਹੈ। ਵਿਦਿਆਰਥੀਆਂ ਨੂੰ ਕਾਨੂੰਨ ਦੀ ਵਿਹਾਰਕ ਵਰਤੋਂ ਅਤੇ ਦੁਰਵਿਵਹਾਰ ਦੇ ਗੰਭੀਰ ਨਤੀਜਿਆਂ ਨੂੰ ਸਮਝਣ ਵਿੱਚ ਮਦਦ ਕਰਨ ਲਈ ਲਾਈਵ ਕੇਸਾਂ ਬਾਰੇ ਵੀ ਚਰਚਾ ਕੀਤੀ ਗਈ। ਅਸਲ ਜੀਵਨ ਦੀਆਂ ਉਦਾਹਰਣਾਂ ਰਾਹੀਂ, ਉਸਨੇ ਪੇਸ਼ੇਵਰ ਵਾਤਾਵਰਣ ਵਿੱਚ ਨੈਤਿਕ ਵਿਵਹਾਰ, ਆਪਸੀ ਸਤਿਕਾਰ ਅਤੇ ਜਵਾਬਦੇਹੀ ਦੇ ਮਹੱਤਵ ਨੂੰ ਉਜਾਗਰ ਕੀਤਾ।

## ਐੱਸ ਡੀ ਐੱਮ ਨੇ ਚਾਰਜ ਸੰਭਾਲਿਆ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਪ੍ਰਦੀਪ ਸਿੰਘ ਬੈਂਸ ਨੇ ਸ੍ਰੀ ਚਮਕੌਰ ਸਾਹਿਬ ਵਿਖੇ ਬਤੌਰ ਉਪ ਮੰਡਲ ਮੈਜਿਸਟ੍ਰੇਟ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾ ਉਹ ਉਪ ਮੰਡਲ ਪਾਇਲ ਵਿਖੇ ਬਤੌਰ ਐੱਸ ਡੀ ਐੱਮ ਤੈਨਾਤ ਸਨ। ਅਹੁਦਾ ਸੰਭਾਲਣ ਉਪਰੰਤ ਵਿਸ਼ੇਸ਼ ਗੱਲਬਾਤ ਦੌਰਾਨ ਸ੍ਰੀ ਬੈਂਸ ਨੇ ਕਿਹਾ ਕਿ ਲੋੜਵੰਦ



ਲੋਕਾਂ ਤੱਕ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣਾ ਉਨ੍ਹਾਂ ਦੀ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾਂ ਨੂੰ ਹਰ ਪਰਵਾਰ ਤੱਕ ਪਹੁੰਚਾਇਆ ਜਾਵੇਗਾ। ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਤੇ ਵਿਕਾਸ ਦੇ ਚੱਲ ਰਹੇ ਕੰਮਾਂ ਵਿੱਚ ਪੂਰੀ ਪਾਰਦਰਸ਼ਤਾ ਲਿਆਦੀ ਜਾਵੇਗੀ।

## ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਮੌਤ

**ਫਿਲੌਰ (ਨਿਰਮਲ)**- ਰੇਲਵੇ ਪੁਲਸ ਚੌਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਪ੍ਰੇਮ ਨਾਥ ਨੇ ਦੱਸਿਆ ਕਿ ਫਿਲੌਰ ਗੋਰਾਇਆ ਵਿਚਕਾਰ ਇੱਕ 35-40 ਸਾਲਾਂ ਵਿਅਕਤੀ ਦੀ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਮੌਤ ਹੋ ਗਈ। ਲਾਸ਼ ਦੀ ਪਹਿਚਾਣ ਨਹੀਂ ਹੋ ਸਕੀ। ਮ੍ਰਿਤਕ ਸਿਰੋ ਮੋਨਾ ਦਾੜ੍ਹੀ ਮੁੱਛਾਂ ਕਤਰਾਵੀਆਂ ਮ੍ਰਿਤਕ ਦੀ ਲਾਸ਼ ਪਹਿਚਾਣ ਵਾਸਤੇ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸਦੇ ਵਾਰਸਾਂ ਦਾ ਪਤਾ ਲਗਾਉਣ ਦੇ ਯਤਨ ਕੀਤੇ ਜਾ ਰਹੇ ਹਨ। ਮ੍ਰਿਤਕ ਨੇ ਅਸਮਾਨੀ ਰੰਗ ਦੀ ਜੈਕਟ, ਟੀ ਸ਼ਰਟ ਗੋਲਗਲਾ ਰੰਗ ਕਾਲਾ ਚਿੱਟਾ ਤੇ ਲਾਲ ਕਾਲੇ ਰੰਗ ਦੇ ਬੂਟ ਪਾਏ ਹੋਏ ਹਨ।

## ਧਨਾਲ ਖੁਰਦ ਤੋਂ ਉਦੋਪੁਰ ਬਰਸਾਲ ਤੱਕ ਨਵੀਂ ਸੜਕ ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉੱਭੀ)**- ਹਲਕਾ ਕੈਂਟ ਦੀ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਵੱਲੋਂ ਪਿੰਡ ਧਨਾਲ ਖੁਰਦ ਤੋਂ ਉਦੋਪੁਰ ਬਰਸਾਲ ਤੱਕ ਬਣਨ ਵਾਲੀ ਨਵੀਂ ਸੜਕ ਦਾ ਉਦਘਾਟਨ ਕੀਤਾ ਗਿਆ।ਇਸ ਸੜਕ ਦੀ ਕੁੱਲ ਲਾਗਤ 23 ਲੱਖ 53 ਹਜ਼ਾਰ ਰੁਪਏ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀਆਂ ਵਧੀਆ ਸੁਵਿਧਾਵਾਂ ਪ੍ਰਾਪਤ ਹੋਣਗੀਆਂ ਅਤੇ ਪਿੰਡਾਂ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।ਇਸ ਮੌਕੇ ਰਾਜਵਿੰਦਰ ਕੌਰ ਥਿਆੜਾ ਨੇ ਕਿਹਾ ਕਿ ਹਲਕਾ ਕੈਂਟ ਵਿੱਚ



ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੜਕਾਂ ਅਤੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਨਾਲ ਇਲਾਕੇ ਦੀ ਤਰੱਕੀ ਨੂੰ ਹੋਰ ਗਤੀ ਮਿਲੇਗੀ।ਇਸ ਮੌਕੇ ਪੀਡਬਲਿਊਡੀ ਵਿਭਾਗ ਦੇ ਜੇ ਈ ਤਰਲੋਕ ਸਿੰਘ, ਧਨਾਲ ਖੁਰਦ ਅਤੇ ਬਰਸਾਲ ਪਿੰਡ ਦੇ ਸਰਪੰਚ, ਪੰਚਾਇਤ ਮੈਂਬਰ, ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਕਲਾ ਪ੍ਰੀਸ਼ਦ ਨੇ ਸੰਵਾਦ ਸਮਾਰੋਹ ਕਰਵਾਇਆ

**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਵਲੋਂ ਪੰਜਾਬ ਦੀ ਨਵ ਸਿਰਜਣਾ ਪ੍ਰਾਜੈਕਟ ਅਧੀਨ ਆਰੰਭ ਕੀਤੀ ਗੋਸ਼ਟੀ ਲੜੀ ਤਹਿਤ ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਨਾਵਲਕਾਰ ਧਰਮਪਾਲ ਸਾਹਿਲ ਨਾਲ ਸਿਰਜਣਾ ਤੇ ਸੰਵਾਦ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਕਲਾ ਪ੍ਰੀਸ਼ਦ ਵੱਲੋਂ ਕਰਵਾਏ ਜਾ ਰਹੇ ਅਜਿਹੇ ਸੰਵਾਦ ਸਮਾਰੋਹ ਪੰਜਾਬੀ ਭਾਸ਼ਾ ਅਤੇ ਸਾਹਿਤ ਦੀ ਪ੍ਰਫੁੱਲਤਾ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਉਨ੍ਹਾਂ ਕਲਾ ਪਰਿਸ਼ਦ ਨੂੰ ਅਜਿਹੇ ਸਮਾਰੋਹਾਂ ਦੇ ਆਯੋਜਨ ਲਈ ਹਰ ਸਹਿਯੋਗ ਦਾ ਭਰੋਸਾ ਦਿੱਤਾ। ਕਾਲਜ ਦੇ ਬੀਏ ਭਾਗ ਦੂਜਾ ਦੇ ਵਿਦਿਆਰਥੀ ਹਰਵੀਰ ਮਾਨ ਨੇ ਪੰਜਾਬੀ ਭਾਸ਼ਾ ਦੀ ਮੌਜੂਦਾ ਸਥਿਤੀ ਬਾਰੇ ਵਿਚਾਰ ਰੱਖੇ। ਇਹ ਸੰਵਾਦ ਲੜੀ ਪੰਜਾਬੀ ਲੇਖਕ, ਪਾਠਕ ਅਤੇ ਆਲੋਚਕ ਲਈ ਸਾਂਝੇ ਮੰਚ ਨੂੰ ਮੁਹੱਈਆ ਕਰਵਾ ਰਹੀ ਹੈ ਜਿਸ ਨਾਲ ਸੰਵਾਦ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਹੋ ਰਹੀਆਂ ਹਨ। ਇਸ ਮੌਕੇ ਸ਼੍ਰੋਮਣੀ ਬਾਲ ਸਾਹਿਤ ਲੇਖਕ ਬਲਜਿੰਦਰ ਮਾਨ, ਪ੍ਰਿੰਸੀਪਲ ਭੁਪਿੰਦਰ ਸਿੰਘ, ਪ੍ਰੋ ਬਲਵੀਰ ਕੌਰ, ਪ੍ਰੋ ਮਨਦੀਪ ਕੁਮਾਰ ਨੇ ਨਾਵਲਕਾਰ ਧਰਮਪਾਲ ਸਾਹਿਲ ਤੋਂ ਲੇਖਕ ਅਤੇ ਸਮਾਜ, ਨਾਵਲਾਂ ਦੇ ਪਾਤਰਾਂ, ਭਾਸ਼ਾ ਅਤੇ ਲੇਖਕ ਦੀ ਵਿਚਾਰਧਾਰਾ ਬਾਰੇ ਸਵਾਲ ਪੁੱਛੇ ਜਿਨ੍ਹਾਂ ਦੇ ਜਵਾਬ ਵਿੱਚ ਡਾ. ਸਾਹਿਲ ਨੇ ਕਿਹਾ ਕਿ ਨਾਵਲਕਾਰ ਦੀ ਕਥਾ ਦ੍ਰਿਸ਼ਟੀ ਸਾਫ ਤੇ ਸਮਾਜ ਨੂੰ ਚੰਗੀ ਦਿਸ਼ਾ ਵੱਲ ਲਿਜਾਉਣ ਵਾਲੀ ਹੋਣੀ ਚਾਹੀਦੀ ਹੈ। ਉਨ੍ਹਾਂ ਸਾਹਿਤ ਤੇ ਕਲਾ ਦੇ ਮਾਨਵੀ ਜ਼ਿੰਦਗੀ ਨਾਲ ਸਬੰਧਾਂ ਬਾਰੇ ਵੀ ਗੰਭੀਰ ਵਿਚਾਰ ਰੱਖੇ। ਇਸ ਮੌਕੇ ਪ੍ਰਬੰਧਕਾਂ ਵਲੋਂ ਸਾਹਿਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਰੋਹ ਮੌਕੇ ਪ੍ਰਿੰ ਸੁਰਜੀਤ ਸਿੰਘ, ਜਗਜੀਤ ਸਿੰਘ ਗਣੇਸ਼ਪੁਰ, ਪ੍ਰੋ ਸਰਵਣ ਸਿੰਘ, ਜਸਵਿੰਦਰ ਸਿੰਘ ਜੱਸੀ, ਪਰਮਜੀਤ ਸਿੰਘ ਬੈਂਸ, ਪ੍ਰਿੰ ਰੁਪਿੰਦਰਜੋਤ ਸਿੰਘ, ਡਾ ਪ੍ਰਭਜੋਤ ਕੌਰ, ਪ੍ਰੋ ਜਸਦੀਪ ਕੌਰ, ਪ੍ਰੋ ਅਸ਼ੋਕ ਕੁਮਾਰ ਆਦਿ ਸਮੇਤ ਵਿਦਿਆਰਥੀ ਹਾਜ਼ਰ ਸਨ।



## ਐੱਸ ਅਸ਼ੋਕ ਭੌਰਾ ਦੀ ਪੁਸਤਕ ਪੰਜਾਬ ਚੇਤਕ ਮੰਚ ਵੱਲੋਂ ਲੋਕ ਅਰਪਣ

**ਜਲੰਧਰ, ਫਗਵਾੜਾ, (ਰਾਜੇਸ਼ ਥਾਪਾ, ਡਾ. ਰਮਨ, ਜਸਵਿੰਦਰ ਢੱਡਾ)**- ਪ੍ਰਸਿੱਧ ਅੰਤਰਰਾਸ਼ਟਰੀ ਪੱਤਰਕਾਰ ਤੇ ਲੇਖਕ ਸ੍ਰੀ ਐੱਸ ਅਸ਼ੋਕ ਭੌਰਾ ਦੀ ਪੁਸਤਕ ਪੰਜਾਬੀ ਰੂਟਸ ਅਮੈਰੀਕਨ ਡਰੀਮਜ਼ ਦਾ ਰਿਲੀਜ਼ ਸਮਾਰੋਹ ਪੰਜਾਬ ਚੇਤਨਾ ਮੰਚ ਵੱਲੋਂ ਜਲੰਧਰ ਵਿਖੇ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਪੱਤਰਕਾਰ ਤੇ ਸਾਹਿਤਕਾਰ ਸਤਨਾਮ ਸਿੰਘ ਮਾਣਕ, ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਲਖਵਿੰਦਰ ਸਿੰਘ ਜੌਹਲ, ਕਹਾਣੀਕਾਰ ਵਰਿਆਮ ਸਿੰਘ ਸੰਧੂ ਤੇ ਲੇਖਕ ਅਸ਼ੋਕ ਭੌਰਾ ਸ਼ਾਮਲ ਸਨ। ਸਮਾਰੋਹ ਵਿੱਚ ਮੈਂਬਰ ਪਾਰਲੀਮੈਂਟ, ਚੰਡੀਗੜ੍ਹ ਮਨੀਸ਼ ਤਿਵਾੜੀ ਮੁੱਖ ਮਹਿਮਾਨ ਵਜੋਂ ਹਾਜ਼ਰ ਸਨ। ਸਮਾਰੋਹ ਵਿੱਚ ਸ੍ਰੀ ਦੀਪਕ ਬਾਲੀ, ਬਹਾਦਰ ਸਿੰਘ, ਅਮੋਲਕ ਸਿੰਘ ਗਾਖਲ ਅਤੇ ਹੋਰ ਪ੍ਰਮੁੱਖ ਮਹਿਮਾਨ ਵੀ ਸ਼ਾਮਲ ਸਨ। ਪੰਜਾਬ ਚੇਤਨਾ ਮੰਚ ਵੱਲੋਂ ਅਸ਼ੋਕ ਭੌਰਾ ਦਾ ਉਹਨਾਂ ਦੀਆਂ ਸਾਹਿਤਕ ਤੇ ਪੱਤਰਕਾਰੀ ਖੇਤਰ 'ਚ ਪ੍ਰਾਪਤੀਆਂ ਲਈ ਸਨਮਾਨ ਕੀਤਾ ਗਿਆ। ਕਮਲੇਸ਼ ਸੰਧੂ ਵੱਲੋਂ ਮਾਣ ਪੱਤਰ ਪੜ੍ਹਿਆ ਗਿਆ ਤੇ ਸਟੇਜ ਸੰਚਾਲਨ ਗੁਰਮੀਤ ਸਿੰਘ ਪਲਾਹੀ ਨੇ ਬਾਖੂਬੀ ਕੀਤਾ। ਭੌਰਾ ਨੇ ਪੁਸਤਕ ਬਾਰੇ ਕਿਹਾ ਕਿ ਇਹ ਕਿਤਾਬ ਪੰਜਾਬੀਆਂ ਦੀਆਂ ਵਿਸ਼ਵ ਪੱਧਰੀ ਪ੍ਰਾਪਤੀਆਂ ਦਾ ਵਿਸ਼ਾਲ ਦਸਤਾਵੇਜ਼ ਹੈ ਅਤੇ 50 ਪ੍ਰਮੁੱਖ ਪੰਜਾਬੀਆਂ ਦੇ ਉੱਚੇ ਅਹੁਦਿਆਂ ਅਤੇ ਉਪਲਬਧੀਆਂ ਦਾ ਜ਼ਿਕਰ ਕਰਦੀ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਸਿਰਫ਼ ਸੰਗ੍ਰਹਿ ਨਹੀਂ, ਸਗੋਂ ਪੰਜਾਬੀ ਕੌਮ ਦੇ ਮਾਣਯੋਗ ਇਤਿਹਾਸ ਦੀ ਇੱਕ ਮਹੱਤਵਪੂਰਨ ਕੜੀ ਹੈ, ਜੋ ਕੇਂਦਰ ਸਰਕਾਰ ਅਤੇ ਸੰਬੰਧਿਤ ਵਿਭਾਗਾਂ ਵੱਲੋਂ ਇੱਕ ਪ੍ਰਮਾਣਿਕ ਰੈਫਰੈਂਸ ਵਜੋਂ ਵਰਤੀ ਜਾ ਸਕਦੀ ਹੈ। ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਇਹ ਪੁਸਤਕ ਨਵੀਂ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ ਅਤੇ ਮਿਹਨਤ, ਲਗਨ ਅਤੇ ਇਮਾਨਦਾਰੀ ਦੀ ਤਾਕਤ ਨੂੰ ਰੌਸ਼ਨ ਕਰਦੀ ਹੈ। ਮੈਂਬਰ ਪਾਰਲੀਮੈਂਟ ਮਨੀਸ਼ ਤਿਵਾੜੀ ਨੇ ਆਪਣੇ ਸੰਬੋਧਨ ਵਿੱਚ ਪੁਸਤਕ ਤੋਂ ਪ੍ਰੇਰਿਤ ਹੋ ਕੇ ਪੰਜਾਬ ਦੀ ਤਰੱਕੀ ਤੇ ਸਮਾਜਿਕ ਜਾਗਰੂਕਤਾ ਬਾਰੇ ਸਵਾਲ ਉਠਾਏ। ਕਹਾਣੀਕਾਰ ਵਰਿਆਮ ਸੰਧੂ ਨੇ ਯੁਵਕਾਂ ਨੂੰ ਆਪਣੇ ਸੱਭਿਆਚਾਰ, ਭਾਸ਼ਾ ਅਤੇ ਮੂਲ ਸਿੱਖ ਸੰਦੇਸ਼ਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਮੋਲਕ ਸਿੰਘ ਗਾਖਲ ਯੂ.ਐੱਸ.ਏ., ਐੱਸ. ਪੀ. ਸਿੰਘ ਓਬਰਾਏ, ਬਹਾਦਰ ਸਿੰਘ ਯੂ.ਐੱਸ.ਏ., ਸ਼ਿੰਗਾਰਾ ਸਿੰਘ, ਕਰਨੈਲ ਸਿੰਘ, ਨੱਥਾ ਸਿੰਘ ਗਾਖਲ ਅਤੇ ਹੋਰ ਕਈ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਰੋਹ ਵਿੱਚ ਭਾਰੀ ਗਿਣਤੀ ਵਿੱਚ ਸਾਹਿਤ, ਕਲਾ ਅਤੇ ਪੱਤਰਕਾਰਤਾ ਦੇ ਪ੍ਰਸਿੱਧ ਵਿਅਕਤੀ ਹਾਜ਼ਰ ਸਨ।



## ਹੁਣ ਕੰਗਣਾ ਪੁਲ ਤੋਂ ਪਹਿਲਾਂ ਬੱਸ ਰੋਕਣ 'ਤੇ ਪਾਬੰਦੀ

**ਬਲਾਚੌਰ (ਜਸਵਿੰਦਰ ਬੈਂਸ)**- ਦਫਤਰ ਜਨਰਲ ਮੈਨੇਜਰ ਪੰਜਾਬ ਰੋਡਵੇਜ਼, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਡਿਪੂ ਦੇ ਸਮੂਹ ਡਰਾਈਵਰ ਅਤੇ ਕੰਡਕਟਰ ਸਟਾਫ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਡਿਊਟੀ ਇੰਸਪੈਕਟਰ ਮਨਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਚੰਡੀਗੜ੍ਹ ਤੋਂ ਜਲੰਧਰ ਸਾਈਡ ਵੱਲ ਜਾਣ ਵਾਲੀਆਂ ਬੱਸਾਂ ਬਲਾਚੌਰ ਵਿਖੇ ਕੰਗਣਾ ਪੁੱਲ ਤੋਂ ਪਹਿਲਾਂ ਹੀ ਰੁਕ ਜਾਂਦੀਆਂ ਹਨ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਹੈ। ਕਿਸੇ ਵੀ ਬੱਸ ਨੂੰ ਬਲਾਚੌਰ ਬੱਸ ਸਟੈਂਡ ਦੇ ਕੰਗਣਾ ਪੁੱਲ ਤੋਂ ਪਿੱਛੇ ਨਹੀਂ ਰੋਕਿਆ ਜਾਵੇਗਾ। ਸਵਾਰੀਆਂ ਨੂੰ ਚੜ੍ਹਾਉਣ ਜਾਂ ਉਤਾਰਨ ਦਾ ਕੰਮ ਸਿਰਫ਼ ਕੰਗਣਾ ਪੁੱਲ ਤੋਂ ਅੱਗੇ ਜਾ ਕੇ ਹੀ ਕੀਤਾ ਜਾਵੇਗਾ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਹਨਾਂ ਹੁਕਮਾਂ ਦੀ ਇੰਨ-ਬਿੰਨ੍ਹ ਪਾਲਣਾ ਕਰਨੀ ਲਾਜ਼ਮੀ ਹੈ ਅਤੇ ਅਣਗਹਿਲੀ ਕਰਨ ਵਾਲੇ ਸਟਾਫ ਵਿਰੁੱਧ ਬਣਦੀ ਕਾਰਵਾਈ ਕੀਤੀ ਜਾ ਸਕਦੀ ਹੈ।



## ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ ਵਿਧਾਇਕ ਨੇ 5 ਲੱਖ ਦਾ ਚੈੱਕ ਦਿੱਤਾ



**ਦਸੂਹਾ (ਕਰਨੈਲ ਮਾਂਗਟ)**- ਵਿਧਾਨ ਸਭਾ ਦਸੂਹਾ ਦੇ ਪਿੰਡ ਇਲਾਵਲਈਸਾ ਦੀ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ 5 ਲੱਖ ਦਾ ਚੈੱਕ ਦਿੱਤਾ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਚਾਇਤਾਂ ਨਾਲ ਕੀਤੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਤੇ ਸਨਮਾਨ ਰਾਸ਼ੀ ਦੀ ਪਾਰਦਰਸ਼ੀ ਵਰਤੋਂ ਨਾਲ ਪਿੰਡਾਂ 'ਚ ਬੁਨਿਆਦੀ ਸਹੂਲਤਾਂ ਦਾ ਵਿਸਥਾਰ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪਿੰਡ ਦੇ ਸਮੁੱਚੇ ਵਿਕਾਸ ਲਈ ਵਿਸ਼ੇਸ਼ ਸਨਮਾਨ ਭੱਤਾ ਮਿਲੇਗਾ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨਵਦੀਪ ਰਿੰਪਾ, ਚੇਅਰਮੈਨ ਕੇਪੀ ਸੰਧੂ, ਸੰਮਤੀ ਮੈਂਬਰ ਗੁਰਦੀਪ ਸਿੰਘ ਸੋਨੂੰ, ਸੰਤੋਖ ਤੋਖੀ, ਸੋਨੂੰ ਮੁਲਤਾਨੀ, ਸਰਪੰਚ ਗੁਰਬਚਨ ਕੌਰ, ਬਾਬਾ ਦੀਪ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ, ਸਵਰਨ ਸਿੰਘ, ਸਰਪੰਚ ਲਵਦੀਪ ਸਿੰਘ ਕੋਟਲਾ, ਸੁਲੱਖਣ ਸਿੰਘ, ਗੁਰਦੀਪ ਸਿੰਘ, ਬਲਜੀਤ ਕੌਰ,ਜਸਵੀਰ ਕੌਰ, ਨਿਰਮਲ ਸਿੰਘ ਆਦਿ ਹਾਜ਼ਰ ਸਨ।

## ਨਿੱਜੀ ਫਾਇਦੇ ਲਈ ਪੰਜਾਬ ਦਾ ਨੁਕਸਾਨ ਕਰਨ ਵਾਲਿਆਂ ਨੂੰ ਬਖਸ਼ਾਂਗਾ ਨਹੀਂ : ਕੰਗ

**ਬਲਾਚੌਰ (ਜਸਵਿੰਦਰ ਬੈਂਸ)** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਅਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਵੱਲੋਂ ਮਾਈਨਿੰਗ ਦੇ ਮੁੱਦੇ 'ਤੇ ਆਪਣੀ ਹੀ ਪਾਰਟੀ ਜਾਂ ਪ੍ਰਸ਼ਾਸਨ ਦੇ ਕੁੱਝ ਲੋਕਾਂ ਵਿਰੁੱਧ ਦਿੱਤੇ ਗਏ ਬਿਆਨ ਨੇ ਸਿਆਸੀ ਹਲਕਿਆਂ ਵਿੱਚ ਹਲਚਲ ਪੈਦਾ ਕਰ ਦਿੱਤੀ ਹੈ। ਸ੍ਰੀ ਅਨੰਦਪੁਰ ਸਾਹਿਬ ਹਲਕੇ ਦਾ ਨਾਂਅ ਲੈ ਕੇ ਕੰਗ ਨੇ ਸਪੱਸ਼ਟ ਕੀਤਾ ਹੈ ਕਿ ਉਹ ਨਜਾਇਜ਼ ਮਾਈਨਿੰਗ ਦੇ ਖ਼ਿਲਾਫ਼ ਸਖ਼ਤ ਰੁਖ਼ ਅਖਤਿਆਰ ਕਰ ਚੁੱਕੇ ਹਨ।ਐਮ.ਪੀ. ਕੰਗ ਨੇ ਵੱਡਾ ਖੁਲਾਸਾ ਕਰਦਿਆਂ ਕਿਹਾ, ਮਾਈਨਿੰਗ ਵਾਲਿਆਂ ਨਾਲ ਸਾਡੇ ਕੁੱਝ ਲੋਕ ਵੀ ਰਲੇ ਹੋਏ ਹਨ। ਉਨ੍ਹਾਂ ਇਲਜ਼ਾਮ ਲਾਇਆ ਕਿ ਇਹ ਲੋਕ ਨਿੱਜੀ ਫਾਇਦੇ ਲਈ ਪੰਜਾਬ ਦਾ ਨੁਕਸਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਨਜਾਇਜ਼ ਮਾਈਨਿੰਗ ਦੇ ਸਖ਼ਤ ਖ਼ਿਲਾਫ਼ ਹਨ, ਪਰ ਕੁੱਝ ਲੋਕ ਸਰਕਾਰ ਦੇ ਅਕਸ ਨੂੰ ਢਾਹ ਲਾ ਰਹੇ ਹਨ।ਕੰਗ ਨੇ ਚਿਤਾਵਨੀ ਦਿੱਤੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਇਨ੍ਹਾਂ ਵਿਅਕਤੀਆਂ ਦੇ ਨਾਂਅ ਜਨਤਕ ਕਰਨਗੇ ਜੋ ਮਾਈਨਿੰਗ ਮਾਫ਼ੀਆ ਨੂੰ ਸ਼ਹਿ ਦੇ ਰਹੇ ਹਨ। ਸੰਸਦ ਮੈਂਬਰ ਦੇ ਇਸ ਬਿਆਨ ਤੋਂ ਬਾਅਦ ਹੁਣ ਇਹ ਚਰਚਾ ਛਿੜ ਗਈ ਹੈ ਕਿ ਉਹ ਕੁੱਝ ਲੋਕ ਕੌਣ ਹਨ ਕੀ ਉਹ ਸਥਾਨਕ ਆਗੂ ਹਨ ਜਾਂ ਪ੍ਰਸ਼ਾਸਨਿਕ ਅਧਿਕਾਰੀ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਮਾਈਨਿੰਗ ਇੱਕ ਗੰਭੀਰ ਮੁੱਦਾ ਰਿਹਾ ਹੈ ਤੇ ਕੰਗ ਦੇ ਇਸ ਤੇਵਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਹੁਣ ਮਾਫ਼ੀਆ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

## ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਜੀ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਵਿਜੈ ਧੀਰ ਜੀ



ਤੇ ਸ.ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿੱਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿੱਚ ਅੰਤਰਰਾਸਟੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ। ਇਹ ਸਮਾਰੋਹ ਯੂਥ ਵੈਲਫੇਅਰ ਵਿਭਾਗ, ਵਿਦਿਆਰਥੀ ਕਲਿਆਣ ਵਿਭਾਗ ਦੇ ਸਹਿਯੋਗ ਨਾਲ ਅਤੇ ਆਈ ਕਯੂ ਏ ਸੀ ਦੇ ਅਧੀਨ ਆਯੋਜਿਤ ਕੀਤਾ ਗਿਆ।ਇਸ ਸਮਾਗਮ ਦਾ ਉਦਘਾਟਨ ਯੂਨੀਵਰਸਿਟੀ ਦੇ ਮਾਣਯੋਗ ਵਾਈਸ ਚਾਂਸਲਰ ਡਾ. ਵਿਜੈ ਧੀਰ ਨੇ ਮੁੱਖ ਮਹਿਮਾਨ ਵਜੋਂ ਕੀਤਾ। ਮਿਸ ਸ਼ਾਈਨਾ ਪਰਮਾਰ, ਡਿਪਟੀ ਡਾਇਰੈਕਟਰ ਯੂਥ ਵੈਲਫੇਅਰ, ਨੇ ਇਸ ਸਮਾਗਮ ਦੀ ਸੰਯੋਜਕ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ।ਅਕਾਦਮਿਕ ਸੈਸ਼ਨ ਦੌਰਾਨ ਵੱਖ-ਵੱਖ ਭਾਸ਼ਾਵਾਂ ਦੀ ਮਹੱਤਤਾ 'ਤੇ ਵਿਸ਼ੇਸ਼ ਵਿਆਖਿਆਨ ਆਯੋਜਿਤ ਕੀਤੇ ਗਏ। ਡਾ. ਸਮ੍ਰਿਤੀ ਠਾਕੁਰ ਨੇ ਅੰਗਰੇਜ਼ੀ ਵਿੱਚ ਵਿਆਖਿਆਨ ਦਿੰਦਿਆਂ ਬਹੁਭਾਸ਼ੀਕਤਾ ਦੀ ਵਿਸ਼ਵ ਪੱਧਰੀ ਮਹੱਤਤਾ 'ਤੇ ਚਾਨਣ ਪਾਇਆ। ਸਮਾਗਮ ਵਿਚ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਜਪਨੀਤ, ਜਸਲੀਨ, ਹਰਦੀਪ, ਕਾਜਲ, ਸ਼ੈਫਾਲੀ ਤੇ ਗੌਰਵ ਵੱਲੋਂ ਮਾਤ ਭਾਸ਼ਾਵਾਂ ਨੂੰ ਸਮਰਪਿਤ ਕਵਿਤਾ ਪਾਠ ਪੇਸ਼ ਕੀਤੇ ਗਏ।ਇਸ ਮੌਕੇ 'ਤੇ ਯੂਨੀਵਰਸਿਟੀ ਦੇ ਸਾਰੇ ਅਧਿਆਪਕ ਅਤੇ ਸਟਾਫ ਮੈਂਬਰ ਹਾਜ਼ਰ ਸਨ। ਮਿਸ ਸ਼ਾਈਨਾ ਪਰਮਾਰ ਵੱਲੋਂ ਸਾਰੇ ਮਹਿਮਾਨਾਂ, ਭਾਗੀਦਾਰਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਆਪਣੀ ਮਾਤ ਭਾਸ਼ਾ ਦੇ ਸੰਰਕਸ਼ਣ ਅਤੇ ਪ੍ਰਚਾਰ ਲਈ ਹਮੇਸ਼ਾ ਅੱਗੇ ਰਹਿਣ ਦੀ ਅਪੀਲ ਕੀਤੀ।ਇਹ ਸਮਾਰੋਹ ਭਾਸ਼ਾਈ ਵਿਵਿਧਤਾ ਦੀ ਮਹੱਤਤਾ ਤੇ ਮਾਤ ਭਾਸ਼ਾਵਾਂ ਦੀ ਰੱਖਿਆ ਪ੍ਰਤੀ ਸਾਂਝੀ ਜ਼ਿੰਮੇਵਾਰੀ ਦਾ ਸੰਦੇਸ਼ ਦੇਣ ਵਿੱਚ ਸਫਲ ਰਿਹਾ।

## ਅਜੇਪਾਲ ਵਾਲਮੀਕੀ ਵਾਈਸ ਚੇਅਰਮੈਨ ਨਿਯੁਕਤ

**ਪੋਜੇਵਾਲ (ਰਾਮ ਲਾਲ)**- ਪੰਜਾਬ ਸਰਕਾਰ ਵੱਲੋਂ ਦਲਿਤ ਅਤੇ ਪਛੜੇ ਵਰਗਾਂ ਦੀ ਭਲਾਈ ਨੂੰ ਮੁੱਖ ਰੱਖਦਿਆਂ ਇੱਕ ਅਹਿਮ



ਨਿਯੁਕਤੀ ਕੀਤੀ ਗਈ ਹੈ, ਜਿਸ ਤਹਿਤ ਅਜੇਪਾਲ ਵਾਲਮੀਕੀ ਨੂੰ ਪੰਜਾਬ ਰਾਜ ਸਮਾਜ ਭਲਾਈ ਦਲਿਤ ਵਿਕਾਸ ਬੋਰਡ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਨਵੀਂ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਅਜੇਪਾਲ ਵਾਲਮੀਕੀ ਵਿਸ਼ੇਸ਼ ਤੌਰ 'ਤੇ ਅੰਮ੍ਰਿਤਸਰ ਵਿਖੇ ਸਥਿਤ ਇਤਿਹਾਸਕ ਭਗਵਾਨ ਵਾਲਮੀਕਿ ਤੀਰਥ ਸਥਾਨ ਵਿਖੇ ਨਤਮਸਤਕ ਹੋਏ।ਅਜੇਪਾਲ ਵਾਲਮੀਕੀ ਨੇ ਪਵਿੱਤਰ ਮੰਦਿਰ ਵਿੱਚ ਮੱਥਾ ਟੇਕ ਕੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਬਲਾਚੌਰ ਇਲਾਕੇ ਦੇ ਪ੍ਰਮੁੱਖ ਆਗੂ ਆਮ ਆਦਮੀ ਪਾਰਟੀ ਦੇ ਬਲੋਕ ਪ੍ਰਧਾਨ ਸੁਰਿੰਦਰ ਭੱਟੀ ਅਤੇ ਸੋਹਣ ਭੱਟੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਬਲਾਚੌਰ ਤੋਂ ਆਏ ਆਗੂਆਂ ਸੁਰਿੰਦਰ ਭੱਟੀ , ਸਰੀਤਾ ਭੱਟੀ,ਵਿੱਕੀ ਪਾਲ ਪਦਮ, ਸੂਰਜਪਾਲ ਵਾਲਮੀਕੀ, ਸ੍ਰੀ ਰਵੀ ਪਾਲ ਵਾਲਮੀਕੀ, ਸੰਤੋਸ਼ ਭੱਟੀ ਅਤੇ ਸੋਹਣ ਭੱਟੀ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਿਯੁਕਤੀ ਨਾਲ ਬਲਾਚੌਰ ਇਲਾਕੇ ਅਤੇ ਸਮੁੱਚੇ ਦਲਿਤ ਸਮਾਜ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਅਜੇਪਾਲ ਵਾਲਮੀਕੀ ਦੀ ਅਗਵਾਈ ਵਿੱਚ ਸਮਾਜਿਕ ਨਿਆਂ ਅਤੇ ਵਿਕਾਸ ਦੇ ਕਾਰਜਾਂ ਨੂੰ ਨਵੀਂ ਗਤੀ ਮਿਲੇਗੀ।

## ਭਾਰਤੀ ਕਿਸਾਨ ਯੂਨੀਅਨ ਦੀ ਮੀਟਿੰਗ 2 ਨੂੰ

**ਫਿਲੌਰ, (ਨਿਰਮਲ)**- ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਅਮਰੀਕ ਸਿੰਘ ਵਲੋਂ 2 ਮਾਰਚ ਨੂੰ ਮਹੀਨਾਵਾਰ ਮੀਟਿੰਗ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਕੀਤੀ ਜਾਵੇਗੀ ਅਤੇ ਸਾਰੇ ਕਿਸਾਨ ਜਿਨ੍ਹਾਂ ਦੇ ਕਾਰਡ ਬਣੇ ਹਨ ਉਨ੍ਹਾਂ ਸਾਰੇ ਕਿਸਾਨਾਂ ਦਾ ਮੀਟਿੰਗ ਵਿੱਚ ਸ਼ਾਮਲ ਹੋਣਾ ਜ਼ਰੂਰੀ ਹੈ। ਜੇ ਕੋਈ ਮੀਟਿੰਗ ਵਿੱਚ ਸ਼ਾਮਿਲ ਨਹੀਂ ਹੁੰਦਾ ਤਾ ਉਸਦੇ ਕਾਰਡ ਰੱਦ ਕਰ ਦਿੱਤੇ ਜਾਣਗੇ। ਮੀਟਿੰਗ 10.30 ਵਜੇ ਗੁਰਦੁਆਰਾ ਬਾਉਲੀ ਸਾਹਿਬ ਫਿਲੌਰ ਵਿਖੇ ਹੋਵੇਗੀ।

## ਕੰਧਾਲਾ ਜੱਟਾਂ ਵਿਖੇ ਬਾਬਾ ਮਹਿੰਦਰ ਦਾਸ ਦੀ ਬਰਸੀ ਮਨਾਈ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾਂ ਵਿਖੇ ਡੇਰਾ ਬਾਬਾ ਨਰਾਇਣ ਦਾਸ ਜੀ ਦੇ ਅਸਥਾਨ ਤੇ ਗੱਦੀ ਨਸ਼ੀਨ ਬਾਬਾ ਭਜਨ ਦਾਸ ਜੀ ਦੀ ਦੇਖ ਰੇਖ ਹੇਠ ਬਾਬਾ ਮਹਿੰਦਰ ਦਾਸ ਜੀ ਦੀ ਚੌਥੀ ਬਰਸੀ ਸੰਤ



ਬਾਬਾ ਨਰਾਇਣ ਦਾਸ ਵੈਲਫੇਅਰ ਸੁਸਾਇਟੀ ਅਤੇ ਨਗਰ ਨਿਵਾਸੀਆਂ ਸੰਗਤਾਂ ਦੇ ਸਹਿਯੋਗ ਨਾਲ ਸਰਧਾ ਪੂਰਬਕ ਮਨਾਈ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਪਾਠ ਦੇ ਭੋਗ ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਬੀਬੀ ਮਨਪ੍ਰੀਤ ਕੌਰ ,ਛੋਟੀਆਂ ਲੜਕੀਆਂ ਦੇ ਜਥਿਆਂ ਵਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾ ਨਿਹਾਲ ਕੀਤਾ ਤੇ ਗਿਆਨੀ ਸੋਹਣ ਸਿੰਘ ਵਲੋਂ ਵੀ ਬਾਬਾ ਜੀ ਦੇ ਮਹਿਮਾ ਦਾ ਗੁਣਗਾਨ ਕੀਤਾ ਗਿਆ। ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ।ਇਸ ਮੌਕੇ ਬਾਬਾ ਭਜਨ ਦਾਸ, ਸਾਬਕ ਸਰਪੰਚ ਜੋਗਿੰਦਰ ਸਿਘ ਹੀਰ, ਦੀਪਾ ਕਰਤਾਰਪੁਰ, ਗੁਰਦੇਵ ਸਿੰਘ, ਗਿਆਨੀ ਤੇਜਪਾਲ ਸਿੰਘ, ਕੁਲਦੀਪ ਸਿੰਘ, ਮੰਗੂ ਰਾਮ, ਅਮਰਜੀਤ ਸਿੰਘ, ਗੌਰੀ, ਆਦਿ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਬੱਬਰ ਅਕਾਲੀ ਲਹਿਰ ਦੇ ਯੋਧੇ ਰਾਹ ਦਸੇਰੇ ਬਣੇ ਰਹਿਣਗੇ : ਤਲਵਿੰਦਰ ਹੀਰ

**ਮਾਹਿਲਪੁਰ (ਸ਼ਫ਼ਰੀ)**- ਸੰਵਿਧਾਨਕ ਦਾਇਰੇ ਵਿੱਚ ਰਹਿ ਕੇ ਜ਼ਾਲਮ ਸਰਕਾਰਾਂ ਵਿਰੁੱਧ ਕੀਤੇ ਜਲਸੇ ਜਲੂਸਾਂ ਤੇ ਰੋਸ ਪ੍ਰਦਰਸ਼ਨਾਂ ਦਾ ਜਦੋਂ ਅੰਨੀਆਂ ਬੋਲੀਆਂ ਸਰਕਾਰਾਂ ਤੇ ਕੋਈ ਅਸਰ ਨਹੀਂ ਹੁੰਦਾ ਤਾਂ ਸਮੇਂ ਸਮੇਂ ਤੇ ਸਿਰਲੱਥ ਯੋਧੇ ਵੱਖ ਵੱਖ ਲਹਿਰਾਂ ਰਾਹੀਂ ਦੇਸ਼ ਨੂੰ ਬਚਾਉਣ ਖ਼ਾਤਰ ਸਿਰ ਤਲੀ ਤੇ ਧਰ ਮੈਦਾਨ 'ਚ ਨਿੱਤਰ ਪੈਂਦੇ ਨੇ।ਸਮੇਂ ਦੇ ਹਾਲਾਤਾਂ,ਜ਼ਾਲਮ ਅੰਗਰੇਜ਼ ਸਰਕਾਰ ਦੇ ਜ਼ੁਲਮ ਤੇ ਉਸ ਵਕਤ ਦੀਆਂ ਲਹਿਰਾਂ ਚੋਂ ਉਪਜੀ ਬੱਬਰ ਅਕਾਲੀ ਲਹਿਰ ਨੇ ਦੋ ਸਾਲ ਅੰਗਰੇਜ਼ ਸਰਕਾਰ ਤੇ ਉਸ ਦੇ ਝੋਲੀਚੁੱਕਾਂ ਦੇ ਨੱਕ ਵਿੱਚ ਦਮ ਕਰ ਛੱਡਿਐ। ਬੱਬਰ ਕਰਮ ਸਿੰਘ ਦਾ ਪਿਛੋਕੜ ਗ਼ਦਰ ਲਹਿਰ ਨਾਲ ਜੁੜਦਾ ਹੋਣ ਕਰਕੇ ਉਹ ਪ੍ਰਚਾਰ ਤੇ ਅਖ਼ਬਾਰ ਦੀ ਅਹਿਮੀਅਤ ਤੇ ਵਿਸ਼ੇਸ਼ ਧਿਆਨ ਦਿੰਦੇ ਸਨ ਤਾਂ ਜੋ ਦੇਸ਼ ਦੇ ਵੱਧ ਤੋਂ ਵੱਧ ਲੋਕਾਂ ਨੂੰ ਆਜ਼ਾਦੀ ਖ਼ਾਤਰ ਜੂਝਣ ਲਈ ਜਾਗਰੂਕ ਕੀਤਾ ਜਾ ਸਕੇ। ਦੋਆਬੇ ਦੀ ਧਰਤੀ ਨੂੰ ਬੱਬਰ ਅਕਾਲੀ ਲਹਿਰ ਦੀਆਂ ਬੇਮਿਸਾਲ ਸਰਗਰਮੀਆਂ ਕਾਰਜ ਖੇਤਰ ਹੋਣ ਦਾ ਸੁਭਾਗ ਪ੍ਰਾਪਤ ਹੋਇਆ।ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵਲੋਂ ਆਪਣੇਂ ਇਨ੍ਹਾਂ ਮਹਾਨ ਕੌਮੀ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਭੇਟ ਕਰਨ ਲਈ ਇਸ ਪੂਰੇ ਵਰ੍ਹੇ ਨੂੰ ਇਨ੍ਹਾਂ ਦੀ ਪਵਿੱਤਰ ਯਾਦ ਤੇ ਮਹਾਨ ਕੁਰਬਾਨੀ ਨੂੰ ਸਮਰਪਿਤ ਕੀਤਾ ਹੈ ਜਿਸ ਤਹਿਤ ਇਨ੍ਹਾਂ ਮਹਾਨ ਸ਼ਹੀਦਾਂ ਦੇ ਜੱਦੀ ਪਿੰਡਾਂ ਤੇ ਇਨ੍ਹਾਂ ਦੀਆਂ ਸਰਗਰਮੀਆਂ ਦਾ ਕੇਂਦਰ ਰਹੇ ਇਲਾਕਿਆਂ ਵਿੱਚ ਹਰ ਪਿੰਡ ਵਿੱਚ ਸ਼ਰਧਾਂਜਲੀ ਸਮਾਗਮ ਕਰਾਉਣ ਦਾ ਤਹੱਈਆ ਕੀਤਾ ਗਿਆ ਹੈ।ਜਿਸ ਸਬੰਧ ਵਿੱਚ ਇੱਕ ਮੀਟਿੰਗ 27 ਫਰਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਰੱਖੀ ਗਈ ਹੈ।ਸਾਰੇ ਇਨਸਾਫ਼ਪਸੰਦ,ਦੇਸ਼ ਦੇ ਦਰਦੀ ਜੁਝਾਰੂ ਲੋਕਾਂ ਨੂੰ ਸ਼ਾਮਲ ਹੋਣ ਲਈ ਸਨਿਮਰ ਬੇਨਤੀ ਹੈ ਉਥੋਂ ਹੀ ਬੱਬਰ ਅਕਾਲੀਆਂ ਨੂੰ ਸਮਰਪਿਤ ਪੂਰਾ ਵਰ੍ਹਾ ਚੱਲਣ ਵਾਲੇ ਯਾਦਗਾਰੀ ਸਮਾਗਮਾਂ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ।



## ਮੁੱਖ ਮੰਤਰੀ ਨੇ ਸਦਨ ਵਿੱਚ ਸ਼ਾਲੀਨਤਾ ਦੀ ਕੀਤੀ ਅਪੀਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਧਾਨਸਭਾ ਲੋਕਤੰਤਰ ਦਾ ਸਰਵੋਚ ਮੰਚ ਹੈ, ਜਿੱਥੇ ਸਾਰੇ ਚੁਣੇ ਹੋਏ ਪ੍ਰਤੀਨਿਧੀਆਂ ਦਾ ਸਨਮਾਨ ਹੋਣਾ ਚਾਹੀਦਾ ਹੈ ਅਤੇ ਸਦਨ ਦੀ ਗਰਿਮਾ ਹਰ ਹਾਲ ਵਿੱਚ ਬਣਾਏ ਰੱਖੀ ਜਾਣੀ ਚਾਹੀਦੀ ਹੈ।ਮੁੱਖ ਮੰਤਰੀ ਵਿਧਾਨਸਭਾ ਦੇ ਬਜਟ ਸੈਸ਼ਨ ਦੇ ਬਾਅਦ ਪੱਤਰਕਾਰਾਂ ਨਾਲ ਗਲਬਾਤ ਕਰ ਰਹੇ ਸਨ। ਵਿਧਾਨਸਭਾ ਵਿੱਚ ਆਚਰਣ ਨਾਲ ਸਬੰਧਿਤ ਪੁੱਛੇ ਗਏ ਇੱਕ ਸੁਆਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਵਿਧਾਇਕਾਂ ਨੂੰ ਅਪੀਲ ਕੀਤੀ ਕਿ ਸਦਨ ਵਿੱਚ ਸ਼ਾਲੀਨਤਾ ਰੱਖਣ। ਉਨ੍ਹਾਂ ਨੇ ਕਿਹਾ ਕਿ ਟਿੱਪਣੀ ਅਜਿਹੀ ਹੋਵੇ ਜਿਸ ਨਾਲ ਕਿਸੇ ਦੀ ਭਾਵਨਾਵਾਂ ਆਹਤ ਨਾ ਹੋਣ। ਸਾਰੇ ਜਨਪ੍ਰਤੀਨਿਧੀ ਜਨਤਾ ਵੱਲੋਂ ਚੁਣੇ ਗਏ ਹਨ ਤੇ ਸਾਰਿਆਂ ਦਾ ਸਨਮਾਨ ਜ਼ਰੂਰੀ ਹੈ।

## ਅਜੈ ਕੁਮਾਰ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਬਸਪਾ ਛੇੜੇਗੀ ਵੱਡਾ ਸੰਘਰਸ਼ : ਬਸਪਾ ਆਗੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਬਹੁਜਨ ਸਮਾਜ ਪਾਰਟੀ ਪੰਜਾਬ ਦੇ ਇੰਚਾਰਜ ਚੌਧਰੀ ਗੁਰਨਾਮ ਸਿੰਘ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ਼ ਸਕੱਤਰ ਪੰਜਾਬ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਸਮੁੱਚੀ ਲੀਡਰਸ਼ਿਪ ਮ੍ਰਿਤਕ ਅਜੈ ਕੁਮਾਰ ਦੇ ਕਤਲ ਮਾਮਲੇ 'ਚ ਨਾਮਜ਼ਦ ਰਹਿੰਦੇ ਦੋਸ਼ੀ ਗ੍ਰਿਫਤਾਰ ਨਾ ਕਰਨ ਦੀ ਸਖਤ ਆਲੋਚਨਾ ਕਰਦਿਆਂ ਪਰਵਾਰ ਨੂੰ ਇਨਸਾਫ ਲਈ ਐਸ ਐਸ ਪੀ ਦਫਤਰ ਹੁਸ਼ਿਆਰਪੁਰ ਵਿਖੇ ਪਹੁੰਚੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਸਪਾ ਆਗੂਆਂ ਨੇ ਦੋਸ਼ ਲਾਇਆ ਕਿ ਕਰੀਬ ਦੋ ਮਹੀਨੇ ਤੋਂ ਉੱਪਰ ਸਮਾਂ ਹੋ ਚੁੱਕਿਆ ਹੈ ਅਜੈ ਕੁਮਾਰ ਦਾ ਕਤਲ ਹੋਏ ਨੂੰ ਜਿਸਦਾ ਮੁਕੱਦਮਾ ਨੰਬਰ 273/2025 ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਦਰਜ ਹੈ। ਉਨ੍ਹਾਂ ਦੱਸਿਆ ਕਿ ਕਤਲ ਤੋਂ ਬਾਅਦ ਕੁਝ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਸੀ ਅਤੇ ਦੋਸ਼ੀਆਂ ਦੀ ਗ੍ਰਿਫਤਾਰੀ ਤੋਂ ਬਾਅਦ ਅਣਪਛਾਤੇ ਦੋਸ਼ੀਆਂ ਨੂੰ ਵੀ ਇਸ ਮੁਕੱਦਮੇ ਵਿਚ ਨਾਮਜ਼ਦ ਕਰ ਦਿੱਤਾ ਗਿਆ ਸੀ, ਪਰ ਥਾਣਾ ਮਾਡਲ ਟਾਊਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਸਬੰਧਤ ਦੋਸ਼ੀ ਅੱਜ ਵੀ ਪੁਲਸ ਦੀ ਗ੍ਰਿਫਤ ਤੋਂ ਬਾਹਰ ਹਨ। ਬਹੁਜਨ ਸਮਾਜ ਪਾਰਟੀ ਆਗੂਆਂ ਨੇ ਪੁਲਸ ਮੁਖੀ ਹੁਸ਼ਿਆਰਪੁਰ ਤੋਂ ਮੰਗ ਕੀਤੀ ਕਿ ਕਤਲ ਕੇਸ 'ਚ ਨਾਮਜ਼ਦ ਬਾਕੀ ਦੋਸ਼ੀਆਂ ਨੂੰ ਵੀ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇ। ਬਸਪਾ ਵੱਲੋਂ ਕਾਤਲਾਂ ਦੀ ਗ੍ਰਿਫਤਾਰੀ ਲਈ ਵੱਡੇ ਸੰਘਰਸ਼ ਦੀ ਚੇਤਾਵਨੀ ਦਿੰਦਿਆਂ ਕਿਹਾ ਜੇਕਰ ਕਤਲ ਵਿੱਚ ਨਾਮਜ਼ਦ ਬਾਕੀ ਰਹਿੰਦੇ ਦੋਸ਼ੀ ਜਲਦ ਗ੍ਰਿਫਤਾਰ ਨਾ ਕੀਤੇ ਗਏ ਤਾਂ ਮ੍ਰਿਤਕ ਅਜੈ ਕੁਮਾਰ ਦੇ ਪਰਵਾਰਕ ਮੈਂਬਰਾਂ ਨੂੰ ਇਨਸਾਫ ਦਿਵਾਉਣ ਲਈ ਬਹੁਜਨ ਸਮਾਜ ਪਾਰਟੀ ਵੱਡਾ ਸੰਘਰਸ਼ ਉਲੀਕ ਸਕਦੀ ਹੈ।ਇਸ ਮੌਕੇ ਸੁਖਦੇਵ ਬਿੱਟਾ ਸਕੱਤਰ ਪੰਜਾਬ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਮਾਸਟਰ ਅੰਮ੍ਰਿਤ ਲਾਲ ਸੰਧੂ, ਮੋਹਣ ਲਾਲ ਸਾਬਕਾ ਪ੍ਰਧਾਨ ਬਾਮਸੇਫ, ਓਮ ਲਾਲ ਸੰਧੂ, ਰਾਮਜੀ ਦਾਸ, ਦਿਨੇਸ਼ ਪੱਪੂ ਜਿਲਾ ਸਕੱਤਰ, ਸੁਰਜੀਤ ਮਹਿਮੀ ਪ੍ਰਧਾਨ ਵਿਧਾਨ ਸਭਾ ਹੁਸ਼ਿਆਰਪੁਰ ਵੀ ਹਾਜ਼ਰ ਸਨ।

## 5 ਦਿਨਾ ਐਚ ਆਈ ਵੀ ਸਕ੍ਰੀਨਿੰਗ ਮੁਹਿੰਮ ਸਫਲਤਾਪੂਰਵਕ ਸੰਪੰਨ

**ਮਹਿਤਪੁਰ (ਰਾਜਾ)** ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਡਾ. ਰਘੂ ਪ੍ਰੀਆ ਦੀ ਰਹਿਨੁਮਾਈ ਹੇਠ, ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਪ੍ਰਬੰਧਿਤ ਕਰਕੇ ਪੀ ਐਚ ਸੀ ਮਹਿਤਪੁਰ ਵਿਖੇ ਓ ਓ ਏ ਟੀ ਸੈਂਟਰ ਵਿੱਚ ਰਜਿਸਟਰ ਮਰੀਜ਼ਾਂ ਲਈ 5 ਦਿਨਾਂ ਦੀ ਵਿਸ਼ੇਸ਼ ਐਚ ਆਈ ਵੀ ਸਕ੍ਰੀਨਿੰਗ ਮੁਹਿੰਮ ਸਫਲਤਾਪੂਰਵਕ ਅਮਲ ਵਿੱਚ ਲਿਆਂਦੀ ਗਈ। ਇਸ ਮੁਹਿੰਮ ਦੌਰਾਨ ਓ ਓ ਏ ਟੀ ਸੈਂਟਰ ਨਾਲ ਜੁੜੇ ਮਰੀਜ਼ਾਂ ਦੀ ਲਗਾਤਾਰ 5 ਦਿਨ ਤੱਕ ਐਚ ਆਈ ਵੀ ਜਾਂਚ ਕੀਤੀ ਗਈ।ਕੁੱਲ 400 ਤੋਂ ਵੱਧ ਮਰੀਜ਼ਾਂ ਦੀ ਸਕ੍ਰੀਨਿੰਗ ਕੀਤੀ ਗਈ, ਜੋ ਕਿ ਇਕ ਮਹੱਤਵਪੂਰਨ ਉਪਲਬਧੀ ਹੈ।ਇਸ ਕਾਰਜ ਵਿੱਚ ਮੈਡੀਕਲ ਅਫਸਰ ਡਾ. ਪੁਨੀਤ, ਫਾਰਮੇਸੀ ਅਫਸਰ ਹਰਪ੍ਰੀਤ, ਕਾਊਂਸਲਰ ਹਰਪ੍ਰੀਤ ਕੁਮਾਰ (ਆਈ ਸੀ ਟੀ ਸੀ ਨਕੋਦਰ) ਅਤੇ ਲੈਬ ਟੈਕਨੀਸ਼ੀਅਨ ਗਗਨਪ੍ਰੀਤ ਕੌਰ ਨੇ ਅਹਿਮ ਭੂਮਿਕਾ ਨਿਭਾਈ। ਟੀਮ ਵੱਲੋਂ ਮਰੀਜ਼ਾਂ ਨੂੰ ਐਚ ਆਈ ਵੀ ਸੰਬੰਧੀ ਜਾਗਰੂਕਤਾ ਪ੍ਰਦਾਨ ਕੀਤੀ ਗਈ।



## ਰੋਟਰੀ ਆਈ ਬੈਂਕ ਵੱਲੋਂ ਕੈਪਟਨ ਦਰਸ਼ਨ ਸਿੰਘ ਦਾ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟੇਸ਼ਨ ਸੁਸਾਇਟੀ ਨੂੰ ਕੈਪਟਨ ਦਰਸ਼ਨ ਸਿੰਘ ਪਿੰਡ ਚੱਕ ਰਾਜੂ ਸਿੰਘ ਨੇ ਆਪਣੇ ਸਰੀਰ ਦਾਨ ਕਰਨ ਦੀ ਵਸੀਅਤ ਤਿਆਰ ਕਰਕੇ ਸੌਂਪੀ। ਸੰਸਥਾ ਦੇ ਬਾਡੀ ਡੋਨੇਸ਼ਨ ਕਮੇਟੀ ਦੇ ਚੇਅਰਮੈਨ ਡਾ. ਤਰਸੇਮ ਸਿੰਘ ਨੇ ਸਰੀਰ ਦਾਨ ਕਰਨ ਦੇ ਫਾਰਮ ਭਰਨ 'ਤੇ ਪਿੰਡ ਦੇ ਸਰਪੰਚ ਸ਼੍ਰੀਮਤੀ ਸ਼ੀਲਾ ਰਾਣੀ ਤੇ ਨੰਬਰਦਾਰ ਮਨਜੀਤ ਸਿੰਘ ਦਾਰਾ ਦੀ ਹਾਜ਼ਰੀ ਵਿੱਚ ਕੈਪਟਨ ਦਰਸ਼ਨ ਸਿੰਘ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਸਵਰਨ ਚੰਦ ਢੰਡਾ ਅਤੇ ਪ੍ਰੇਮ ਸਿੰਘ ਵੀ ਮੌਜੂਦ ਹਨ।



## ਐੱਸ ਡੀ ਐੱਮ ਨੇ ਅਹੁਦਾ ਸੰਭਾਲਿਆ

**ਆਦਮਪੁਰ, (ਪਰਮਜੀਤ ਸਿੰਘ)**- ਸਬ-ਡਿਵੀਜ਼ਨ ਆਦਮਪੁਰ ਦਾ ਐਸ.ਡੀ.ਐਮ. ਲਾਲ ਵਿਸ਼ਵਾਸ ਬੈਂਸ ਨੇ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਦੱਸਿਆ ਕਿ ਸਬ -ਡਵੀਜ਼ਨ ਆਦਮਪੁਰ ਹਮੇਸ਼ਾ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ, ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਾਨੂੰਨ ਅਨੁਸਾਰ ਪਾਰਦਰਸ਼ੀ ਤਰੀਕੇ ਨਾਲ ਕੀਤੇ ਜਾਣਗੇ। ਉਨ੍ਹਾਂ ਸਮੂਹ ਹਲਕੇ ਦੇ ਲੋਕਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਾਰੀਆਂ ਸਕੀਮਾਂ ਨੂੰ ਪੂਰੀ ਤਰ੍ਹਾਂ ਨਾਲ ਲੋਕਾਂ ਤੱਕ ਸਭਾ ਹਲਕਾ ਨਿਭਾ ਚੁੱਕੇ ਹਨ। ਪਹੁੰਚਾਉਣਾ ਮੇਰਾ ਮੁੱਢਲਾ ਕੰਮ ਹੋਵੇਗਾ ਤੇ ਆਪਣੇ ਪ੍ਰਸ਼ਾਸਨ ਤੋਂ ਵੀ ਆਸ ਕਰਦੇ ਹਾਂ ਕਿ ਲੋਕਾਂ ਨੂੰ ਕਿਸੇ ਵੀ ਕੰਮ ਲਈ ਖੱਜਲ ਨਹੀਂ ਹੋਣਾ ਪਵੇਗਾ। ਸਰਕਾਰ ਨੇ ਭ੍ਰਿਸ਼ਟਾਚਾਰ ਖਿਲਾਫ ਜ਼ੀਰੋ ਟੌਲਰੈਂਸ ਨੀਤੀ ਨੂੰ ਪੂਰੀ ਤਰਾਂ ਨਾਲ ਲਾਗੂ ਕੀਤਾ।



## ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਆਗਮਨ ਪੁਰਬ 'ਤੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਗੁਰਦੁਆਰਾ ਟਾਹਲੀ ਸਾਹਿਬ ਪਾਤਸ਼ਾਹੀ ਛੇਵੀਂ ਗੋਂਦਪੁਰ ਵਿਖੇ ਗੁਰੂ ਹਰਗੋਬਿੰਦ ਸਾਹਿਬ ਦੇ ਆਗਮਨ ਦੇ ਦਿਨ



ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਤੇ ਐਨ ਆਰ ਆਈ ਦੇ ਸਹਿਯੋਗ ਨਾਲ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਨੇ ਸੰਗਤਾਂ ਨੂੰ ਕੀਰਤਨ ਨਿਹਾਲ ਕੀਤਾ। ਦਰਬਾਰ ਏ ਖਾਲਸਾ ਦੇ ਮੁਖੀ ਭਾਈ ਹਰਜਿੰਦਰ ਸਿੰਘ ਮਾਝੀ ਨੇ ਗੁਰਦੁਆਰਾ ਟਾਹਲੀ ਸਾਹਿਬ ਤੇ ਗੁਰੂ ਹਰਗੋਬਿੰਦ ਸਾਹਿਬ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਉਪਰੰਤ ਢਾਡੀ ਭਾਈ ਜਤਿੰਦਰ ਸਿੰਘ ਨੂਰਪੁਰੀ ਦੇ ਜਥੇ ਨੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਜੀਵਨ ਤੇ ਚਾਨਣਾ ਪਾਉਂਦਿਆਂ ਢਾਡੀ ਵਾਰਾ ਰਾਹੀਂ ਨਿਹਾਲ ਕੀਤਾ।ਇਸ ਸਮਾਗਮ ਵਿੱਚ ਸੰਤ ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਜਿਹਨਾਂ ਨੂੰ ਐਨ ਆਰ ਆਈ ਵੀਰਾ ਨੇ ਗੜ੍ਹਸ਼ੰਕਰ ਤੋਂ ਸ੍ਰੀ ਆਨੰਦਪੁਰ ਦੀ ਸੜਕ ਵਾਸਤੇ 2 ਲੱਖ ਰੁਪਏ ਤੇ ਸੰਗਤਾਂ ਨੇ ਸੜਕ ਵਾਸਤੇ ਬੇਅੰਤ ਮਾਇਆ ਨਾਲ ਸੰਤ ਬਾਬਾ ਸਤਨਾਮ ਸਿੰਘ ਦਾ ਸਨਮਾਨ ਕੀਤਾ। ਇਸ ਸਮੇਂ ਡਾਕਟਰ ਜੰਗ ਬਹਾਦਰ ਸਿੰਘ ਮੈਂਬਰ ਅਜੈਕਟਿਵ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ, ਹਰਬੰਸ ਸਿੰਘ ਸਰਹਾਲਾ, ਲਖਵਿੰਦਰ ਸਿੰਘ ਰਾਣਾ, ਇਕਬਾਲ ਸਿੰਘ ਖੇੜਾ ਹਾਜ਼ਰ ਸਨ। ਇਸ ਪ੍ਰੋਗਰਾਮ ਨੂੰ ਜਸਪਾਲ ਸਿੰਘ, ਗੁਰਮੇਲ ਸਿੰਘ ਬਿੱਲਾ ਅਮਰੀਕਾ, ਬਲਵਿੰਦਰ ਸਿੰਘ ਸਰਪੰਚ, ਦਵਿੰਦਰ ਸਿੰਘ ਨੰਬਰਦਾਰ, ਭੁਪਿੰਦਰ ਸਿੰਘ ਭਿੰਦਾ, ਨਰਿੰਦਰ ਸਿੰਘ ਨਿੰਦਾ, ਬਲਕਾਰ ਸਿੰਘ ਹੈਰੀ, ਕੁਲਵੰਤ ਸਿੰਘ ਗੁਰਦੁਆਰਾ ਪ੍ਰਧਾਨ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਹਰਬੰਸ ਸਿੰਘ ਸਰਹਾਲਾ ਨੇ ਕੀਤੀ। ਅੰਤ ਗੁਰਮੇਲ ਸਿੰਘ ਬਿੱਲਾ, ਜਸਪਾਲ ਸਿੰਘ ਅਮਰੀਕਾ ਅਤੇ ਕੁਲਵੰਤ ਸਿੰਘ ਪ੍ਰਧਾਨ ਨੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਜੰਗ ਬਹਾਦਰ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ, ਭਾਈ ਸੁਖਦੇਵ ਸਿੰਘ ਨਡਾਲੋ, ਸੋਹਣ ਸਿੰਘ ਦਾਦੂਵਾਲ, ਗ੍ਰੰਥੀ ਹਰਵਿੰਦਰ ਸਿੰਘ ਹੀਰਾ ਸਰਹਾਲਾ ਖੁਰਦ ਅਤੇ ਹੋਰ ਸਨਮਾਨਯੋਗ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

## ਸਹਿਜਦੀਪ ਸਿੰਘ ਨਮਿਤ ਅੰਤਮ ਅਰਦਾਸ



**ਫਗਵਾੜਾ, (ਜਸਵਿੰਦਰ ਢੱਡਾ)**- ਕਾਕਾ ਸਹਿਜਦੀਪ ਸਿੰਘ (5) ਪੁੱਤਰ ਅੰਤਰਪ੍ਰੀਤ ਸਿੰਘ ਦਾ ਬੀਤੇ ਦਿਨੀਂ ਕਿਸੇ ਸੰਖੇਪ ਬਿਮਾਰੀ ਕਾਰਨ ਦਿਹਾਂਤ ਹੋ ਗਿਆ ਸੀ ਜਿਸ ਦੀ ਆਤਮਾ ਦੀ ਸ਼ਾਂਤੀ ਲਈ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਫਗਵਾੜਾ ਦੇ ਨਜਦੀਨ ਪਿੰਡ ਦੌਲਤਪੁਰ ਦੇ ਗੁਰਦੁਆਰਾ ਸਾਹਿਬ ਕੀਤੀ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਦੀਵਾਨ ਸਜਾਏ ਗਏ ਜਿਸ ਰਾਗੀ ਜੱਥੇ ਤੋਂ ਇਲਾਵਾ ਗਿਆਨੀ ਲਖਵਿੰਦਰ ਸਿੰਘ ਨਿਮਾਣਾ ਨੇ ਗੁਰਬਾਣੀ ਤੇ ਇਤਿਹਾਸ ਦੀ ਕਥਾ ਵਿਚਾਰ ਕਰਕੇ ਪੰਜ ਸਾਲਾਂ ਮਾਸੂਮ ਬੱਚੇ ਸਹਿਜਦੀਪ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ। ਸਮਾਗਮ ਦੇ ਅਖੀਰ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਗੁਰੂ ਘਰ ਦੇ ਹੈੱਡ ਗ੍ਰੰਥੀ ਵੱਲੋਂ ਸਹਿਜਦੀਪ ਸਿੰਘ ਦੀ ਆਤਮਾ ਦੀ ਸ਼ਾਂਤੀ ਲਈ ਅੰਤਿਮ ਅਰਦਾਸ ਕਰ ਸੰਗਤਾਂ ਨੂੰ ਹੁਕਮਨਾਮਾ ਸਾਹਿਬ ਸਰਵਣ ਕਰਵਾਇਆ। ਇਸ ਮੌਕੇ ਭਾਰੀ ਗਿਣਤੀ ਵਿੱਚ ਸਾਕ ਸਬੰਧੀਆਂ ਅਤੇ ਸੰਗਤਾਂ ਵੱਲੋਂ ਜਿੱਥੇ ਬੱਚੇ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਉੱਥੇ ਹੀ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

## ਮੁਫ਼ਤ ਮੈਡੀਕਲ ਕੈਂਪ ਲਗਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਿੱਧ ਯੋਗੀ ਟਰੱਸਟ ਖਾਨਪੁਰ ਵੱਲੋਂ ਡਾਕਟਰ ਜਸਵੰਤ ਸਿੰਘ ਥਿੰਦ ਐੱਸ ਐੱਮ ਓ ਸਿਵਲ ਹਸਪਤਾਲ ਮਾਹਿਲਪੁਰ ਦੇ ਭਰਪੂਰ ਸਹਿਯੋਗ ਸਦਕਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਡੇਰਾ ਸ਼ੇਰਪੁਰ ਕੱਲਰਾਂ ਦੇ ਗੱਦੀ ਨਸ਼ੀਨ 108 ਸੰਤ ਰਮੇਸ਼ ਦਾਸ ਅਤੇ ਡਾਕਟਰ ਰਾਜਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਨੇ ਕੀਤਾ। ਇਸ ਮੌਕੇ ਡਾਕਟਰੀ ਟੀਮ ਵਿੱਚ ਸ਼ਾਮਿਲ ਡਾਕਟਰ ਪ੍ਰਭ ਹੀਰ, ਹਰਜਿੰਦਰ ਕੁਮਾਰੀ, ਕ੍ਰਿਸ਼ਨ ਚੰਦ ਸ਼ਾਮਿਲ ਸਨ। 108 ਸੰਤ ਰਮੇਸ਼ ਦਾਸ ਜੀ ਤੇ ਡਾਕਟਰ ਰਾਜ ਕੁਮਾਰ ਚੱਬੇਵਾਲ ਵੱਲੋਂ ਧਾਰਮਿਕ ਅਤੇ ਹੋਰ ਅਸਥਾਨਾਂ ਤੇ ਸਿੱਧ ਯੋਗੀ ਟਰੱਸਟ ਖਾਨਪੁਰ ਵੱਲੋਂ ਲਗਾਏ ਜਾ ਰਹੇ ਮੁਫ਼ਤ ਮੈਡੀਕਲ ਕੈਂਪਾਂ ਦੀ ਸਰਾਹਨਾ ਕੀਤੀ।



## ਸੜਕ ਸੁਰੱਖਿਆ ਲਈ ਰਿਫਲੈਕਟਰ ਬੋਰਡ ਲਾਏ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਟ੍ਰੈਫ਼ਿਕ ਪੁਲਸ ਵੱਲੋਂ ਰਸ਼ਪਾਲ ਸਿੰਘ ਪਾਲੀ ਨੰਬਰਦਾਰ ਤੇ ਹਰਜਿੰਦਰ ਸਿੰਘ ਸਰਪੰਚ ਚਠੇ ਨਾਗਟੇ ਦੇ ਸਹਿਯੋਗ ਨਾਲ ਸੰਗਰੂਰ ਕੈਂਚੀਆਂ ਸੁਨਾਮ ਰੋਡ ਡਿਵਾਈਡਰ 'ਤੇ ਸੜਕ ਸੁਰੱਖਿਆ ਲਈ ਰਿਫਲੈਕਟਰ ਬੋਰਡ ਲਾਏ ਗਏ। ਟ੍ਰੈਫਿਕ ਇੰਚਾਰਜ ਸੁਨਾਮ ਨੇ ਕਿਹਾ ਕਿ ਇੱਥੇ ਕਈ ਵਾਰ ਰਾਤ ਨੂੰ ਹਨੇਰੇ ਸਮੇਂ ਕੁਝ ਦਿਖਾਈ ਨਹੀਂ ਦਿੰਦਾ ਸੀ ਤਾਂ ਕਰਕੇ ਇੱਥੇ ਐਕਸੀਡੈਂਟ ਹੁੰਦੇ ਰਹਿੰਦੇ ਸਨ। ਇਸ ਨੂੰ ਦੇਖਦੇ ਹੋਏ ਅਸੀਂ ਇਹ ਰਿਫਲੈਕਟਰ ਬੋਰਡ ਲਾਏ ਹਨ, ਜਿਸ ਨਾਲ ਸਾਹਮਣੇ ਆਉਣ ਵਹੀਕਲ ਨੂੰ ਡਿਵਾਈਡਰ ਬਾਰੇ ਪਤਾ ਚੱਲ ਸਕੇਗਾ।

## ਪ੍ਰੋ. ਅਸ਼ੋਕ ਕਪੂਰ ਦੀ ਕਿਤਾਬ ਲੋਕ ਅਰਪਣ



**ਲੁਧਿਆਣਾ (ਸਤੀਸ਼ ਸਚਦੇਵਾ)**-ਐਸਸੀਡੀ ਸਰਕਾਰੀ ਕਾਲਜ ਨੇ ਪ੍ਰੋਫੈਸਰ ਅਸ਼ੋਕ ਕਪੂਰ ਦੁਆਰਾ ਲਿਖੀ ਗਈ ਕਵਿਤਾਵਾਂ ਦਾ ਇੱਕ ਬਹੁਤ ਹੀ ਡੂੰਘਾ ਸੰਗ੍ਰਹਿ 'ਸੈਲੀਜ਼ ਆਫ਼ ਸਰਰੀਅਲ ਸ਼ੇਡਜ਼' ਰਿਲੀਜ਼ ਕੀਤੀ। ਪ੍ਰੋਫੈਸਰ ਕਪੂਰ ਜੋ 1960 ਦੇ ਦਹਾਕੇ ਦੇ ਸ਼ੁਰੂ ਵਿੱਚ ਇੱਕ ਸਾਬਕਾ ਵਿਦਿਆਰਥੀ ਸੀ, ਹੁਣ ਅੱਸੀ ਦੇ ਦਹਾਕੇ ਵਿੱਚ ਹੈ।ਪ੍ਰੋਫੈਸਰ ਕਪੂਰ ਨੇ ਆਪਣੇ ਤਤਕਾਲੀ ਸਹਿਪਾਠੀਆਂ ਦੇ ਨਾਲ-ਨਾਲ ਕਾਲਜ ਦੇ ਆਪਣੇ ਵਿਦਿਆਰਥੀਆਂ ਨੂੰ ਵੀ ਸੱਦਾ ਦਿੱਤਾ, ਜਿੱਥੇ ਉਹ 30 ਸਾਲਾਂ ਤੱਕ ਪੜ੍ਹਾਉਂਦੇ ਰਹੇ।ਪ੍ਰਿੰਸੀਪਲ ਗੁਰਸ਼ਰਨਜੀਤ ਸਿੰਘ ਸੰਧੂ ਨੇ ਕਿਤਾਬ ਜਾਰੀ ਕਰਦੇ ਹੋਏ ਕਿਹਾ ਕਿ ਕਾਲਜ ਨੂੰ ਹਮੇਸ਼ਾ ਪ੍ਰੋਫੈਸਰ ਕਪੂਰ ਵਰਗੇ ਸਾਬਕਾ ਵਿਦਿਆਰਥੀ ਅਧਿਆਪਕਾਂ ਤੋਂ ਪ੍ਰੇਰਨਾ ਦੀ ਲੋੜ ਹੁੰਦੀ ਹੈ।ਇਸ ਮੌਕੇ ਸਾਬਕਾ ਵਿਦਿਆਰਥੀ ਪ੍ਰੋ. ਸਾਗਰ ਚੰਦ ਜੈਨ, ਹਰੀਸ਼ ਕੌੜਾ, ਮੰਜੂਲਾ ਜੈਨ, ਪ੍ਰੋਫੈਸਰ ਰਾਜਿੰਦਰ ਜੈਨ, ਨਵਦੀਪ ਸਿੰਘ, ਓ.ਪੀ. ਵਰਮਾ, ਮਨਪ੍ਰੀਤ ਸਿੰਘ, ਪ੍ਰੋਫੈਸਰ ਵਿਜੇ ਅਸਧੀਰ ਅਤੇ ਸਾਬਕਾ ਵਿਦਿਆਰਥੀ ਐਸੋਸੀਏਸ਼ਨ ਦੇ ਸੰਗਠਨ ਸਕੱਤਰ ਬ੍ਰਿਜ ਭੂਸ਼ਣ ਗੋਇਲ ਮੌਜੂਦ ਸਨ।ਪੀਜੀ ਅੰਗਰੇਜ਼ੀ ਵਿਭਾਗ ਦੇ ਮੁਖੀ ਪ੍ਰੋ. ਸ਼੍ਰੀਮਤੀ ਅਮਿਤਾ ਥੰਮਨ ਅਤੇ ਹੋਰ ਅਧਿਆਪਕ ਜਿਵੇਂ ਕਿ ਪ੍ਰੋਫੈਸਰ ਹਰਮੀਤ ਕੌਰ, ਪ੍ਰੋਫੈਸਰ ਪ੍ਰੀਤੀ ਖੰਨਾ, ਪ੍ਰੋਫੈਸਰ ਗੁਰਜੀਤ, ਪ੍ਰੋਫੈਸਰ ਅਤਿੰਦਰ ਪਾਂਡੇ, ਪ੍ਰੋਫੈਸਰ ਸੂਰਜ ਕੁਮਾਰ, ਪ੍ਰੋਫੈਸਰ ਸਾਰਿਕਾ ਤੇ ਪ੍ਰੋਫੈਸਰ ਗੀਤਾਂਜਲੀ ਪਬਰੇਜਾ ਵੀ ਸੰਖੇਪ ਸਮਾਰੋਹ ਵਿੱਚ ਸ਼ਾਮਲ ਹੋਏ।ਡਾ. ਸਤੀਸ਼ ਕੇ ਕਪੂਰ, ਬ੍ਰਿਟਿਸ਼ ਕੌਂਸਲ ਦੇ ਸਾਬਕਾ ਸਕਾਲਰ, ਜਿਨ੍ਹਾਂ ਨੇ ਕਿਤਾਬ ਦਾ ਪ੍ਰਸ਼ੰਸਾ ਪੰਨਾ ਲਿਖਿਆ ਹੈ, ਨੇ ਕਿਹਾ, 'ਪ੍ਰੋਫੈਸਰ ਕਪੂਰ ਦੀ ਕਵਿਤਾ ਊਰਜਾ ਨਾਲ ਭਰਪੂਰ ਹੈ, ਉਨ੍ਹਾਂ ਦੇ ਸ਼ਬਦ ਨੱਚਦੇ ਹਨ, ਉੱਚਾਈਆਂ 'ਤੇ ਉੱਡਦੇ ਹਨ ਅਤੇ ਅੰਦਰੂਨੀ ਜਾਗਰਣ ਦੇ ਸੱਦੇ ਨਾਲ ਸਾਨੂੰ ਕੁਦਰਤ ਨਾਲ ਨਾਲ ਜੋੜਦੇ ਹਨ।'

## ਮੈਡੀਕਲ ਕਾਲਜ 'ਚ ਮਿਲੇਗਾ ਕੈਸ਼ਲੈੱਸ ਇਲਾਜ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਜਨਤਕ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਕੰਸਟੀਚਿਊਟ ਕਾਲਜ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਨੇ ਕਰਮਚਾਰੀ ਰਾਜ ਬੀਮਾ ਨਿਗਮ ਨਾਲ ਇੱਕ ਅਹਿਮ ਸਮਝੌਤੇ 'ਤੇ ਹਸਤਾਖਰ ਕੀਤੇ।ਇਸ ਸਮਝੌਤੇ ਤੋਂ ਬਾਅਦ ਹੁਣ ਲਾਭਪਾਤਰੀਆਂ ਨੂੰ ਹਸਪਤਾਲ ਵਿੱਚ ਸੁਪਰ-ਸਪੈਸ਼ਲਿਟੀ ਮੈਡੀਕਲ ਸੇਵਾਵਾਂ ਪੂਰੀ ਤਰ੍ਹਾਂ ਕੈਸ਼ਲੈੱਸ (ਨਕਦੀ ਰਹਿਤ) ਮੁਹੱਈਆ ਕਰਾਈਆਂ ਜਾਣਗੀਆਂ।ਇਹ ਸਮਝੌਤਾ ਬੀ.ਐਫ.ਯੂ.ਐਚ.ਐਸ. ਦੇ ਵਾਈਸ ਚਾਂਸਲਰ ਦਫ਼ਤਰ ਵਿਖੇ ਰਸਮੀ ਤੌਰ 'ਤੇ ਨੇਪਰੇ ਚੜ੍ਹਿਆ।ਇਸ ਮੌਕੇ ਖੇਤਰੀ ਦਫ਼ਤਰ ਚੰਡੀਗੜ੍ਹ ਦੇ ਡਾਇਰੈਕਟਰ ਸ਼੍ਰੀ ਪੰਕਜ ਵੋਹਰਾ ਤੇ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ. ਸੰਜੇ ਗੁਪਤਾ ਨੇ ਦਸਤਾਵੇਜ਼ਾਂ 'ਤੇ ਹਸਤਾਖਰ ਕੀਤੇ।

## ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਤਹਿਤ ਸੰਪੂਰਨਤਾ ਅਭਿਆਨ 2.0 ਦੀ ਸ਼ੁਰੂਆਤ



**ਸੰਗਰੂਰ (ਪ੍ਰਵੀਨ ਸਿੰਘ)**-ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਤਹਿਤ ਨੀਤੀ ਆਯੋਗ, ਭਾਰਤ ਸਰਕਾਰ ਤੇ ਸੂਬਾ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੰਪੂਰਨਤਾ ਅਭਿਆਨ 2.0 ਦੀ ਸ਼ੁਰੂਆਤ ਡਿਪਟੀ ਕਮਿਸ਼ਨਰ, ਸ਼੍ਰੀ ਰਾਹੁਲ ਚਾਬਾ ਵੱਲੋਂ ਕੀਤੀ ਗਈ।ਇਹ ਅਭਿਆਨ ਐਸਪੀਰੇਸ਼ਨਲ ਬਲਾਕ ਧੂਰੀ ਵਿੱਚ ਤਿੰਨ ਮਹੀਨਿਆਂ ਤੱਕ ਚਲਾਇਆ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਨਿਰਧਾਰਤ ਕਾਰਗੁਜ਼ਾਰੀ ਸੰਕੇਤਕਾਂ ਦੀ ਸੌ ਫ਼ੀਸਦੀ ਪ੍ਰਾਪਤੀ ਯਕੀਨੀ ਬਣਾਉਣਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੰਪੂਰਨਤਾ ਅਭਿਆਨ 2.0 ਤਹਿਤ ਸਿਹਤ, ਪੋਸ਼ਣ, ਸਿੱਖਿਆ, ਬੁਨਿਆਦੀ ਸਹੂਲਤਾਂ ਤੇ ਪਸ਼ੂ ਪਾਲਣ ਨਾਲ ਸੰਬੰਧਤ ਅਹਿਮ ਸੰਕੇਤਕਾਂ ਵਿੱਚ ਸੁਧਾਰ ਲਿਆਉਣ ਲਈ ਵਿਭਾਗੀ ਸਹਿਯੋਗ ਨਾਲ ਵਿਸ਼ੇਸ਼ ਕਾਰਵਾਈ ਯੋਜਨਾ ਤਿਆਰ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਕੇਤਕ ਦੀ ਨਿਰੰਤਰ ਮੋਨੀਟਰਿੰਗ ਕੀਤੀ ਜਾਵੇਗੀ ਤੇ ਨਿਰਧਾਰਤ ਟੀਚਿਆਂ ਦੀ ਸਮੇਂ-ਬੱਧ ਪ੍ਰਾਪਤੀ ਲਈ ਜ਼ਮੀਨੀ ਪੱਧਰ 'ਤੇ ਦੌਰੇ ਵੀ ਕੀਤੇ ਜਾਣਗੇ।ਸ਼੍ਰੀ ਰਾਹੁਲ ਚਾਬਾ ਨੇ ਕਿਹਾ ਕਿ ਐਸਪੀਰੇਸ਼ਨਲ ਬਲਾਕ ਧੂਰੀ ਵਿੱਚ ਚੱਲਣ ਵਾਲਾ ਇਹ ਅਭਿਆਨ ਸਰਕਾਰੀ ਸੇਵਾਵਾਂ ਦੀ ਸੰਪੂਰਨ ਪਹੁੰਚ ਯਕੀਨੀ ਬਣਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਨਿਰਧਾਰਤ ਸੰਕੇਤਕਾਂ ਦੀ ਸਹੀ ਰਿਪੋਰਟ ਹਾਸਲ ਕਰਨ ਲਈ ਪੂਰਾ ਯਤਨ ਕਰਨ ਦੀ ਅਪੀਲ ਕੀਤੀ।ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਸੰਪੂਰਨਤਾ ਅਭਿਆਨ 2.0 ਦੇ ਸਫਲ ਹੋਣ ਨਾਲ ਧੂਰੀ ਬਲਾਕ ਵਿੱਚ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਹੋਰ ਗਤੀ ਮਿਲੇਗੀ ਅਤੇ ਆਮ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲੇਗਾ।

## ਨਰੇਗਾ ਹੱਕਾਂ ਲਈ ਸੰਘਰਸ਼ ਕਰਨ ਦਾ ਫੈਸਲਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸੁਖਨਾ ਅਬਲੂ ਵਿਖੇ ਇੱਕ ਜਨਤਕ ਮੀਟਿੰਗ ਕੀਤੀ ਗਈ, ਜਿਸ ਨੂੰ ਕਾਮਰੇਡ ਜਗਰੂਪ ਸਿੰਘ, ਕਾਮਰੇਡ ਬੋਹੜ ਸਿੰਘ ਸੁਖਨਾ ਨੇ ਸੰਬੋਧਨ ਕੀਤਾ।ਕੇਂਦਰ ਤੇ ਸੂਬਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਅਮਲ ਵਿਰੁੱਧ ਮਜ਼ਦੂਰਾਂ ਕਿਸਾਨਾਂ ਵੱਲੋਂ ਲੜੇ ਜਾ ਰਹੇ ਘੋਲਾਂ ਦਾ ਜ਼ਿਕਰ ਕੀਤਾ।ਹਮਲਿਆਂ ਵਿਰੁੱਧ ਆਵਾਜ਼ ਉਠਾਈ।ਨਰੇਗਾ ਕਾਮਿਆਂ ਨੂੰ ਕੰਮ ਤੋਂ ਵਾਂਝੇ ਰੱਖਣ ਦੀ ਨੀਤੀ ਵਿਰੁੱਧ ਜਾਣਕਾਰੀ ਦਿੱਤੀ ਗਈ।ਨਰੇਗਾ ਦੀ ਥਾਂ ਜੀ ਰਾਮ ਜੀ ਦੀ ਨਾਮ ਬਦਲੀ ਦੇ ਨਾਲ ਕਾਮਿਆਂ ਦਾ ਕੰਮ ਦਿਹਾੜੀ ਸਮਾਂ 12 ਘੰਟੇ ਕਰਨ ਦੀ ਜਾਣਕਾਰੀ ਨੇ ਨਰੇਗਾ ਕਾਮਿਆਂ ਵਿੱਚ ਭਾਰੀ ਵਿਰੋਧ ਜਾਗਿਆ ਹੈ।ਨਰੇਗਾ ਕਾਮਿਆਂ ਤੋਂ ਰਾਇ ਲੈਣ ਲਈ ਹੱਥ ਖੜ੍ਹੇ ਕਰਵਾਏ ਗਏ ਤਾਂ ਸਭ ਕਾਮਿਆਂ ਨੇ ਨਰੇਗਾ ਹੱਕਾਂ ਨੂੰ ਬਚਾਉਣ ਲਈ ਸੰਘਰਸ਼ ਕਰਨ ਦਾ ਫੈਸਲਾ ਲਿਆ।6 ਮਾਰਚ ਨੂੰ ਕੰਮ ਦੀ ਪ੍ਰਾਪਤੀ ਤੇ ਬੇਰੁਜ਼ਗਾਰੀ ਭੱਤੇ ਦੀ ਪ੍ਰਾਪਤੀ ਲਈ, ਨਰੇਗਾ ਹੱਕਾਂ ਦੀ ਬਹਾਲੀ ਲਈ, ਜੀ ਰਾਮ ਜੀ ਵਿੱਚ 12 ਘੰਟੇ ਦਿਹਾੜੀ ਸਮਾਂ ਕਰਨ ਵਿਰੁੱਧ ਡਿਪਟੀ ਕਮਿਸ਼ਨਰ ਦਫਤਰ ਅੱਗੇ ਧਰਨਾ ਦੇਣ ਦਾ ਫੈਸਲਾ ਲਿਆ।ਇਸ ਵਿੱਚ ਸਾਰੇ ਪਿੰਡਾਂ ਵਿੱਚ ਨਰੇਗਾ ਮੀਟਿੰਗਾਂ ਲਾ ਕੇ, ਵੱਡੇ ਜਲਸੇ ਕਰਕੇ, ਮਹਿਮ ਭਖਾਉਣ ਦਾ ਫੈਸਲਾ ਵੀ ਲਿਆ।ਅੰਤ ਵਿੱਚ ਗੁਰਦੀਪ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਧਰਨੇ ਦੀ ਤਿਆਰੀ ਕਰਨ ਅਤੇ ਧਰਨੇ 'ਚ ਪੁੱਜਣ ਦੀ ਅਪੀਲ ਕੀਤੀ।

## ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਦਾ ਨਤੀਜਾ ਸ਼ਾਨਦਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਦਾ ਜੀਐੱਨਐੱਮ (2023-26) ਦੂਜੇ ਸਾਲ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਸੰਦੀਪ ਕੌਰ ਸਪੁੱਤਰੀ ਮੇਜਾ ਸਿੰਘ ਨੇ ਪਹਿਲੇ ਦਰਜੇ, ਕੋਮਲਪ੍ਰੀਤ ਕੌਰ ਸਪੁੱਤਰੀ ਜਸਵੀਰ ਸਿੰਘ ਨੇ ਦੂਜੇ ਦਰਜੇ ਤੇ ਸੁਨਾਮੀ ਅਸਤਰ ਸਪੁੱਤਰੀ ਹਰਨੂਰ ਮਸੀਹ ਨੇ ਤੀਜੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਕਾਲਜ ਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ) ਵੱਲੋਂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਗਿਆ ਕਿ ਇਸ ਸ਼ਾਨਦਾਰ ਨਤੀਜੇ ਲਈ ਵਿਦਿਆਰਥੀ ਤੇ ਅਧਿਆਪਕ ਦੋਵੇਂ ਵਧਾਈ ਦੇ ਪਾਤਰ ਹਨ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਪੜ੍ਹਾਈ ਮਨੁੱਖ ਦਾ ਤੀਸਰਾ ਨੇਤਰ ਹੈ। ਪੜ੍ਹਾਈ ਦੁਨੀਆਂ ਵਿਚ ਅਗਾਂਹ ਵੱਧਣ ਤੇ ਗਿਆਨਵਾਨ ਬਣਾ ਕੇ ਜ਼ਿੰਦਗੀ ਵਿੱਚ ਅੱਗੇ ਵੱਧਣ ਦੇ ਕਾਬਲ ਬਣਾਉਂਦੀ ਹੈ। ਅੱਜ ਦੇ ਮੋਡਰਨ ਯੁੱਗ ਵਿਚ ਪੜ੍ਹਾਈ ਹੀ ਮਨੁੱਖ ਦੀ ਸੱਚੀ ਦੋਸਤ ਹੈ। ਉਨ੍ਹਾਂ ਵੱਲੋਂ ਸਮੇਂ-ਸਮੇਂ ਤੇ ਸਿੱਖਿਆ ਦੇ ਮਿਆਰ ਨੂੰ ਉੱਪਰ ਚੁੱਕਣ ਲਈ ਉਪਰਾਲੇ ਕੀਤੇ ਜਾਂਦੇ ਹਨ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿਚ ਆਪਣੀ ਇਕ ਵੱਖਰੀ ਪਛਾਣ ਕਾਇਮ ਕੀਤੀ ਹੈ। ਪ੍ਰਿੰਸੀਪਲ ਸੁਖਦੀਪ ਕੌਰ ਵੱਲੋਂ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਗਿਆ ਕਿ ਇਹ ਸਟਾਫ ਅਤੇ ਬੱਚਿਆਂ ਦੀ ਸਖਤ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਵੱਲੋਂ ਸਟਾਫ ਤੇ ਵਿਦਿਆਰਥੀਆਂ ਨੂੰ ਅੱਗੇ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

## ਪਤੀ-ਪਤਨੀ ਦੀ ਕੁੱਟਮਾਰ ਕਰਕੇ ਮਿਰਚਾਂ ਦੀ ਫਸਲ ਵਾਹੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਅਧੀਨ ਆਉਂਦੇ ਪਿੰਡ ਹਬੀਬ ਵਾਲਾ ਵਿਖੇ ਪਤੀ-ਪਤਨੀ ਦੀ ਕੁੱਟਮਾਰ ਕਰਕੇ ਮਿਰਚਾਂ ਦੀ ਫਸਲ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 6 ਬਾਏ ਨੇਮ ਲੋਕਾਂ ਤੇ 7 ਅਣਪਛਾਤਿਆਂ ਖਿਲਾਫ 115 (2), 329 (3), 333, 191 (3), 190, 351 (2) ਬੀ ਐੱਨ ਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਵੀਰਪਾਲ ਕੌਰ ਪਤਨੀ ਪੂਰਨ ਸਿੰਘ ਵਾਸੀ ਹਬੀਬ ਵਾਲਾ ਨੇ ਦੱਸਿਆ ਕਿ 14 ਫਰਵਰੀ 2026 ਨੂੰ ਰਾਤ ਸਮੇਂ ਰੋਟੀ ਪਾਣੀ ਖਾ ਕੇ ਪਏ ਸਨ ਤਾਂ ਬਾਹਰੋਂ ਦੋਸ਼ੀਆਨ ਅਮਰ ਸਿੰਘ ਪੁੱਤਰ ਬਿਸ਼ਨ ਸਿੰਘ, ਕਰਮ ਸਿੰਘ ਪੁੱਤਰ ਅਮਰ ਸਿੰਘ, ਕਾਲਾ ਸਿੰਘ ਪੁੱਤਰ ਅਮਰ ਸਿੰਘ, ਸੁਰਜੀਤੋ ਬਾਈ ਪਤਨੀ ਅਮਰ ਸਿੰਘ, ਰਾਜਵਿੰਦਰ ਕੌਰ ਪਤਨੀ ਕਰਮ ਸਿੰਘ ਵਾਸੀਅਨ ਹਬੀਬ ਵਾਲਾ, ਅਕਾਸ਼ ਪੁੱਤਰ ਮਹਿੰਦਰ ਸਿੰਘ ਵਾਸੀ ਹਬੀਬ ਵਾਲਾ ਤੇ 7 ਅਣਪਛਾਤੇ ਵਿਅਕਤੀਆਂ ਨੇ ਦਰਵਾਜ਼ਾ ਖੜਕਾਇਆ। ਵੀਰਪਾਲ ਕੌਰ ਨੇ ਦੱਸਿਆ ਕਿ ਜਦ ਉਸ ਨੇ ਦਰਵਾਜ਼ਾ ਖੋਲ੍ਹਿਆ ਤਾਂ ਦੋਸ਼ੀਆਨ ਉਸ ਦੇ ਤੇ ਉਸ ਦੇ ਪਤੀ ਦੇ ਗਲ ਪੈ ਗਏ ਤੇ ਸੱਟਾਂ ਮਾਰੀਆਂ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੇ ਉਨ੍ਹਾਂ ਦੀ ਫਸਲ ਮਿਰਚਾਂ ਦਾ ਨੁਕਸਾਨ ਹਲ ਨਾਲ ਵਾਹੀ ਕਰਕੇ ਕੀਤਾ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# 1.20 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਨਿਰਮਾਣ ਸ਼ੁਰੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਨੂੰ ਜਾਣ ਵਾਲੀ ਸੜਕ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਰਵਾਈ। ਇਸ ਮੌਕੇ ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਰਾਠੌਰ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਸਾਬਕਾ ਚੇਅਰਮੈਨ ਸੋਹਣ ਲਾਲ ਸ਼ੇਰਪੁਰੀ, ਨਗਿੰਦਰਪਾਲ ਮੱਕੜ, ਅਮਨਦੀਪ ਸਿੰਘ ਤਨੇਜਾ, ਨੀਰਜ ਕੁਮਾਰ, ਜਸਵੀਰ ਸਿੰਘ (ਸਾਰੇ ਕੌਂਸਲਰ), ਆੜ੍ਹਤੀ ਬਲਵਿੰਦਰ ਸਿੰਘ ਮਾਨ, ਨਿਰੰਜਨ ਨੂਰ, ਰਣਜੀਤ ਸਿੰਘ ਜੀਤੀ, ਪਰਵੀਨ ਮੱਕੜ, ਨਿਰਮਲ ਸਿੰਘ, ਕੇਵਲ ਸਿੰਘ ਕੱਦੋਂ ਵੀ ਮੌਜੂਦ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਵੱਡੀ ਮੰਗ ਸੀ ਕਿ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਧਰਤੀ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਲਈ ਰੋਜ਼ਾਨਾ ਹੀ ਦੇਸ਼ਾਂ-ਵਿਦੇਸ਼ਾਂ ਤੋਂ ਸ਼ਰਧਾਲੂ ਆਉਂਦੇ ਹਨ ਪਰ ਸੜਕ ਦੀ ਖਸਤਾ ਹਾਲਤ ਦੀ ਮੁਰੰਮਤ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕ ਨਿਰਮਾਣ ਵਿਭਾਗ ਵਲੋਂ ਇਸ ਸਬੰਧੀ 1 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਚਰਨ ਕੰਵਲ ਚੌਂਕ ਤੋਂ ਗੁਰੂ ਘਰ ਨੂੰ ਜਾਂਦੀ ਸੜਕ 'ਤੇ ਇੰਟਰਲਾਕ ਟਾਈਲ ਲਗਾਉਣ ਦਾ ਟੈਂਡਰ ਪਾਸ ਕਰ ਇਸ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਇਤਿਹਾਸਕ ਸ਼ਹਿਰ ਦੀ ਦਿੱਖ ਨੂੰ ਸੁੰਦਰ ਬਣਾਉਣ ਲਈ ਵਿਧਾਇਕ ਦਿਆਲਪੁਰਾ ਦੀ ਅਗਵਾਈ ਹੇਠ ਸਮੂਹ ਕੌਂਸਲਰ ਤਨਦੇਹੀ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ, ਗੁਰਨਾਮ ਸਿੰਘ ਖਾਲਸਾ ਵਲੋਂ ਵਿਧਾਇਕ ਦਿਆਲਪੁਰਾ ਅਤੇ ਪ੍ਰਧਾਨ ਮੋਹਿਤ ਕੁੰਦਰਾ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

## ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਵੱਲੋਂ 6 ਕਰੋੜ ਦੇ ਵਿਕਾਸ ਕਾਰਜ ਸ਼ੁਰੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਅਜੀਤਪਾਲ ਸਿੰਘ ਕੋਹਲੀ ਤੇ ਕੁੰਦਨ ਗੋਗੀਆ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਵਿੱਚ ਕਰੀਬ 6 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਾਏ ਗਏ।ਇਹ ਕੰਮ ਵਾਰਡ ਨੰਬਰ 58 ਮਾਡਲ ਟਾਊਨ ਤੋਂ ਸ਼ੁਰੂ ਕਰਾਏ ਗਏ।ਵਿਧਾਇਕ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਅਤੇ ਵਿਕਾਸ ਕੇਂਦਰਤ ਸੋਚ ਦੇ ਤਹਿਤ ਅਮਲ ਵਿੱਚ ਲਿਆਂਦੇ ਗਏ ਹਨ।ਕੋਹਲੀ ਨੇ ਕਿਹਾ ਕਿ ਵਿਕਾਸ ਕਾਰਜਾਂ ਤਹਿਤ ਕੈਪੀਟਲ ਥੀਏਟਰ ਤੋਂ ਕੋਹਲੀ ਟਰਾਂਸਪੋਰਟ, ਸਰਹਿੰਦੀ ਗੇਟ, ਟੀ.ਬੀ. ਹਸਪਤਾਲ ਰੋਡ, ਸੀ.ਆਈ.ਏ ਸਟਾਫ ਤੋਂ ਸਦਰ ਬਜ਼ਾਰ, ਮਾਡਲ ਟਾਊਨ, ਮਜੀਠੀਆ ਇਨਕਲੇਵ, ਡੀ.ਐਲ.ਐਫ ਕਲੋਨੀ ਦੀ ਮੇਨ ਰੋਡ, ਹੀਰਾ ਬਾਗ, ਰਣਜੀਤ ਨਗਰ ਤੇ ਆਦਰਸ਼ ਨਗਰ ਸਮੇਤ ਕਈ ਪ੍ਰਮੁੱਖ ਇਲਾਕਿਆਂ ਵਿੱਚ ਸੜਕਾਂ ਦੀ ਨਵੀਂ ਬਣਤ, ਰੀਕਾਰਪੇਟਿੰਗ, ਇੰਟਰਲਾਕਿੰਗ ਟਾਈਲਾਂ, ਡਰੇਨੇਜ ਸੁਧਾਰ ਅਤੇ ਆਵਾਜਾਈ ਸੁਵਿਧਾਵਾਂ ਵਿੱਚ ਵਾਧਾ



ਕੀਤਾ ਗਿਆ ਹੈ।ਇਨ੍ਹਾਂ ਕਾਰਜਾਂ ਨਾਲ ਨਾ ਸਿਰਫ ਟ੍ਰੈਫਿਕ ਪ੍ਰਬੰਧਨ ਸੁਧਰੇਗਾ, ਸਗੋਂ ਇਲਾਕੇ ਦੀ ਸੂਰਤ ਵੀ ਨਿਖਰੇਗੀ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਤਿਹਾਸਕ ਵਿਕਾਸ ਦੀ ਲਹਿਰ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹਰ ਹਿੱਸੇ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਰਨਾ ਉਨ੍ਹਾਂ ਦੀ ਪਹਿਲ ਹੈ ਤੇ ਲੋਕਾਂ ਨਾਲ ਕੀਤੇ ਵਾਅਦੇ ਲਗਾਤਾਰ ਪੂਰੇ ਕੀਤੇ ਜਾ ਰਹੇ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਨਵੇਂ ਪ੍ਰੋਜੈਕਟਾਂ ਦੀ ਘੋਸ਼ਣਾ ਕੀਤੀ ਜਾਵੇਗੀ ਤਾਂ ਜੁ ਸ਼ਹਿਰ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਸਕੇ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸਾਰੇ ਵਿਕਾਸ ਕਾਰਜ ਮਿਆਰੀ ਤਰੀਕੇ ਨਾਲ ਅਤੇ ਸਮੇਂ ਸਿਰ ਮੁਕੰਮਲ ਕਰਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਰਹਿਨੁਮਾਈ ਹੇਠ ਨਗਰ ਨਿਗਮ ਸ਼ਹਿਰ ਦੀ ਸਫ਼ਾਈ, ਸੜਕਾਂ ਦੀ ਮੁਰੰਮਤ ਤੇ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਿਕਾਸ ਦੇ ਨਾਲ-ਨਾਲ ਹਰੇ-ਭਰੇ ਤੇ ਸੁੰਦਰ ਸ਼ਹਿਰ ਦੀ ਦ੍ਰਿਸ਼ਟੀ ਨੂੰ ਵੀ ਸਾਕਾਰ ਕੀਤਾ ਜਾ ਰਿਹਾ ਹੈ।

## ਨਜਾਇਜ਼ ਸ਼ਰਾਬ ਸਣੇ ਇਕ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸਵਾ 9 ਬੋਤਲਾਂ ਨਜਾਇਜ ਸ਼ਰਾਬ ਦੇਸੀ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਲਖਮੀਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਮੇਜ ਸਿੰਘ ਉਰਫ ਗੇਜਾ ਪੁੱਤਰ ਗੁਰਦੇਵ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਨਜਾਇਜ਼ ਸ਼ਰਾਬ ਕੱਢਣ ਤੇ ਵੇਚਣ ਦਾ ਆਦੀ ਹੈ, ਜੋ ਹੁਣ ਵੀ ਬਾਹਮਣੀ ਰੋਡ ਜਲਾਲਾਬਾਦ ਵਿਖੇ ਵੇਚਣ ਲਈ ਆ ਰਿਹਾ ਹੈ, ਇਹ ਇਤਲਾਹ ਠੋਸ ਤੇ ਭਰੋਸੇਯੋਗ ਹੋਣ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਗੁਰਮੇਜ ਸਿੰਘ ਉਰਫ ਗੇਜਾ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕੀਤਾ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਪੁਲਸ ਨੇ ਮੁਕੱਦਮਾ ਦਰਜ ਕੀਤਾ ਹੈ।

## ਪੈਨਸ਼ਨਰਾਂ ਦੀਆਂ ਸਮੱਸਿਆਵਾਂ 'ਤੇ ਚਰਚਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰਿਟਾਇਰਡ ਟੀਚਰਜ਼ ਐਂਡ ਅਦਰਜ਼ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਰੋਜ਼ਪੁਰ ਸ਼ਹਿਰ ਦੀ ਮਾਸਿਕ ਮੀਟਿੰਗ ਚੁੰਗੀ ਖਾਨਾ ਰੋਡ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਸੰਪੰਨ ਹੋਈ। ਇਸ ਮੀਟਿੰਗ ਦੀ ਅਗਵਾਈ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ 'ਚ ਸੇਵਾਮੁਕਤ ਅਧਿਆਪਕਾਂ ਤੇ ਹੋਰ ਵਿਭਾਗਾਂ ਦੇ ਪੈਨਸ਼ਨਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਮੁੱਖ ਤੌਰ 'ਤੇ ਪੈਨਸ਼ਨਰਾਂ ਨੂੰ ਦਰਪੇਸ਼ ਮੌਜੂਦਾ ਮੁਸ਼ਕਲਾਂ ਤੇ ਮੰਗਾਂ ਬਾਰੇ ਡੂੰਘਾਈ ਨਾਲ ਚਰਚਾ ਕੀਤੀ ਗਈ।

ਜਨਰਲ ਸਕੱਤਰ ਰਮੇਸ਼ ਗਰੋਵਰ ਨੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਪੈਨਸ਼ਨ ਨਾਲ ਸਬੰਧਤ ਰੁਕਾਵਟਾਂ ਤੇ ਮੈਡੀਕਲ ਭੱਤਿਆਂ ਵਰਗੇ ਅਹਿਮ ਮੁੱਦਿਆਂ 'ਤੇ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਹਮੇਸ਼ਾ ਪੈਨਸ਼ਨਰਾਂ ਦੇ ਹੱਕਾਂ ਲਈ ਵਚਨਬੱਧ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਨ੍ਹਾਂ ਮਸਲਿਆਂ ਦੇ ਹੱਲ ਲਈ ਯਤਨ ਜਾਰੀ ਰੱਖੇਗੀ। ਫਰਵਰੀ ਮਹੀਨੇ ਵਿੱਚ ਆਉਣ ਵਾਲੇ ਜਨਮ ਦਿਨ ਵਾਲੇ ਮੈਂਬਰਾਂ ਲਈ ਵਿਸ਼ੇਸ਼ ਵਧਾਈ ਪ੍ਰੋਗਰਾਮ ਰੱਖਿਆ ਗਿਆ। ਜਨਰਲ ਸਕੱਤਰ ਰਮੇਸ਼ ਗਰੋਵਰ ਤੇ ਹੋਰ ਆਗੂਆਂ ਨੇ ਉਨ੍ਹਾਂ ਸਾਰੇ ਮੈਂਬਰਾਂ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ, ਜਿਨ੍ਹਾਂ ਦਾ ਜਨਮ ਦਿਨ ਫਰਵਰੀ 2026 ਵਿੱਚ ਆਉਂਦਾ ਹੈ। ਇਸ ਮੌਕੇ ਹਾਜ਼ਰ ਮੈਂਬਰਾਂ ਨੇ ਐਸੋਸੀਏਸ਼ਨ ਦੀਆਂ ਗਤੀਵਿਧੀਆਂ 'ਤੇ ਸੰਤੁਸ਼ਟੀ ਪ੍ਰਗਟਾਈ ਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਅਹਿਦ ਲਿਆ।

## ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਵਚਨਬੱਧ : ਜਤਿੰਦਰ ਸਿੰਘ ਸ਼ੰਟੀ



**ਰਾਜਪੁਰਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰਾਜ ਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਮਨੁੱਖੀ ਅਧਿਕਾਰ ਕਮਿਸ਼ਨ ਦੇ ਦਰਵਾਜੇ ਹਰ ਸਮੇਂ ਖੁੱਲ੍ਹੇ ਹਨ।ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਰਾਜਪੁਰਾ ਵਿਖੇ ਹਿਊਮਨ ਰਾਈਟਸ ਵਾਚ ਸੰਸਥਾ (ਰਜਿ) ਪੰਜਾਬ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਪੁਰੀ ਦੀ ਅਗਵਾਈ ਹੇਠਲੀ ਸੰਸਥਾ ਦੇ ਰਾਜਪੁਰਾ ਯੂਨਿਟ ਵੱਲੋਂ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਲਗਾਏ ਜਨ ਸੰਮੇਲਨ ਮੌਕੇ ਸ਼ਿਰਕਤ ਕਰ ਰਹੇ ਸਨ। ਇਸ ਮੌਕੇ ਸੰਸਥਾ ਦੇ ਰਾਜਪੁਰਾ ਯੂਨਿਟ ਦੇ ਪ੍ਰਧਾਨ ਹਰਪ੍ਰੀਤ ਸਿੰਘ ਚੋਜੀ ਤੇ ਸੀਨੀਅਰ ਮੀਤ ਪ੍ਰਧਾਨ ਸ਼ਿਵ ਕੁਮਾਰ ਭੂਰਾ ਨੇ ਸ਼੍ਰੀ ਸ਼ੰਟੀ ਦਾ ਸਵਾਗਤ ਕੀਤਾ। ਸ਼ੰਟੀ ਨੇ ਏ.ਡੀ.ਸੀ ਸ਼ਹਿਰੀ ਵਿਕਾਸ ਡਾ. ਇਸਮਤ ਵਿਜੇ ਸਿੰਘ, ਐਸ.ਡੀ.ਐਮ. ਨਮਨ ਮਾਰਕੰਨ, ਐਸ.ਪੀ ਸਵਰਨਜੀਤ ਕੌਰ, ਡੀ.ਐਸ.ਪੀ. ਰਾਜਪੁਰਾ ਮਨਜੀਤ ਸਿੰਘ, ਥਾਣਾ ਸਦਰ ਮੁਖੀ ਸਮੇਤ ਹੋਰ ਦੀ ਮੌਜੂਦਗੀ ਵਿਚ ਸਿਹਤ ਵਿਭਾਗ, ਨਗਰ ਕੌਂਸਲ, ਬਿਜਲੀ, ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਮਨੁੱਖੀ ਅਧਿਕਾਰਾਂ ਨੂੰ ਹੋਰ ਬਿਹਤਰ ਬਣਾਉਣ ਲਈ ਸੁਝਾਅ ਵੀ ਲਏ।ਇਸ ਮੌਕੇ ਉਨ੍ਹਾਂ ਨੇ ਪ੍ਰਾਪਤ ਸ਼ਿਕਾਇਤਾਂ ਦੇ ਤੁਰੰਤ ਹੱਲ ਲਈ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ।

## ਹਰਬਲ ਉਤਪਾਦ ਤਿਆਰੀ ਸੰਬੰਧੀ ਤਿੰਨ ਰੋਜ਼ਾ ਵਰਕਸ਼ਾਪ

**ਦੋਰਾਹਾ (ਹਰਮਿੰਦਰ ਸੇਠ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਸੰਸਥਾ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਦੇ ਹੋਮ ਸਾਇੰਸ ਵਿਭਾਗ ਵੱਲੋਂ 20 ਫਰਵਰੀ ਤੋਂ 23 ਫਰਵਰੀ ਤੱਕ ਲਗਾਤਾਰ ਤਿੰਨ ਵਰਕਸ਼ਾਪਾਂ ਦਾ ਸਫ਼ਲ ਆਯੋਜਨ ਕੀਤਾ ਗਿਆ।ਇਨ੍ਹਾਂ ਵਰਕਸ਼ਾਪਾਂ ਵਿੱਚ ਵਿਦਿਆਰਥੀਆਂ ਨੂੰ ਹਰਬਲ ਮਾਊਥ ਫ੍ਰੈਸ਼ਨਰ, ਹਰਬਲ ਵਾਲਾਂ ਦਾ ਤੇਲ ਤੇ ਹਰਬਲ ਸਾਬਣ ਤਿਆਰ ਕਰਨ ਦੀ ਪ੍ਰਯੋਗਾਤਮਕ ਟ੍ਰੇਨਿੰਗ ਦਿੱਤੀ ਗਈ।



ਪਹਿਲੀ ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਆਂਵਲਾ, ਚੁਕੰਦਰ ਤੇ ਰਸੋਈ ਵਿੱਚ ਵਰਤੇ ਜਾਣ ਵਾਲੇ ਮਸਾਲਿਆਂ ਦੀ ਮਦਦ ਨਾਲ ਹਰਬਲ ਮਾਊਥ ਫ੍ਰੈਸ਼ਨਰ ਤਿਆਰ ਕਰਨਾ ਸਿਖਾਇਆ ਗਿਆ।ਇਸ ਵਿੱਚ ਮੂੰਹ ਦੀ ਸਿਹਤ ਲਈ ਲਾਭਦਾਇਕ ਤੇ ਰਸਾਇਣ-ਰਹਿਤ ਤੱਤਾਂ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।ਦੂਜੀ ਵਰਕਸ਼ਾਪ 'ਚ ਹਰਬਲ ਵਾਲਾਂ ਦਾ ਤੇਲ ਬਣਾਉਣ ਦੀ ਪ੍ਰਕਿਰਿਆ ਦਿਖਾਈ ਗਈ।ਨਾਰੀਅਲ ਦੇ ਤੇਲ ਨੂੰ ਬੇਸ ਵਜੋਂ ਵਰਤਦੇ ਹੋਏ ਲਗਭਗ 15 ਜੜੀ-ਬੂਟੀਆਂ ਜਿਵੇਂ ਭ੍ਰਿੰਗਰਾਜ, ਕੜੀ ਪੱਤਾ, ਮੇਥੀ ਦਾਣੇ, ਕਲੌਂਜੀ, ਨਿੰਮ ਪੱਤੇ, ਆਂਵਲਾ, ਰੋਜ਼ਮੇਰੀ ਪੱਤੇ, ਗੁੜਹਲ ਪੱਤੇ ਤੇ ਗੁੜਹਲ ਦੇ ਫੁੱਲ ਆਦਿ ਮਿਲਾ ਕੇ ਤਿਆਰ ਕੀਤਾ ਗਿਆ।ਇਸ ਸੈਸ਼ਨ ਵਿੱਚ ਪ੍ਰੰਪਰਾਗਤ ਜੜੀ-ਬੂਟੀਆਂ ਵਾਲੀ ਦੇਖਭਾਲ ਦੇ ਫਾਇਦਿਆਂ ਬਾਰੇ ਵੀ ਦੱਸਿਆ ਗਿਆ।ਤੀਜੀ ਵਰਕਸ਼ਾਪ ਵਿੱਚ ਵਿਦਿਆਰਥੀਆਂ ਨੇ ਰਸਾਇਣ-ਰਹਿਤ ਹਰਬਲ ਸਾਬਣ ਤਿਆਰ ਕੀਤਾ।ਇਸ ਲਈ ਕੁਦਰਤੀ ਸਾਬਣ ਬੇਸ ਦੇ ਨਾਲ ਐਲੋਵੇਰਾ, ਹਲਦੀ, ਚੰਦਨ ਪਾਊਡਰ, ਮੁਲਤਾਨੀ ਮਿੱਟੀ, ਚੌਲਾਂ ਦਾ ਆਟਾ, ਮਸੂਰ ਦਾਲ ਪਾਊਡਰ, ਗਲਿਸਰੀਨ, ਸ਼ਹਿਦ, ਨਾਰੀਅਲ ਤੇਲ, ਅਰੰਡੀ ਦਾ ਤੇਲ, ਚੁਕੰਦਰ ਅਤੇ ਨਿੰਮ ਦੇ ਪੱਤੇ ਵਰਗੀਆਂ ਕੁਦਰਤੀ ਵਸਤਾਂ ਵਰਤੀਆਂ ਗਈਆਂ।ਇਸ ਉਪਰਾਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਪਾਰਕ ਉਤਪਾਦਾਂ ਵਿੱਚ ਮੌਜੂਦ ਹਾਨੀਕਾਰਕ ਰਸਾਇਣਾਂ ਬਾਰੇ ਜਾਗਰੂਕ ਕਰਨਾ ਤੇ ਘਰੇਲੂ ਤੌਰ 'ਤੇ ਸੁਰੱਖਿਅਤ ਹਰਬਲ ਵਿਕਲਪ ਤਿਆਰ ਕਰਨ ਲਈ ਪ੍ਰੇਰਤ ਕਰਨਾ ਸੀ।ਵਰਕਸ਼ਾਪਾਂ ਰਾਹੀਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ ਕਿ ਇਹ ਉਤਪਾਦ ਘਰੇਲੂ ਉਦਯੋਗ ਤੇ ਉਦਯਮਿਤਾ ਦੇ ਮੌਕੇ ਵਜੋਂ ਵੀ ਵਿਕਸਤ ਕੀਤੇ ਜਾ ਸਕਦੇ ਹਨ।ਵਿਭਾਗ ਦੇ ਮੁਖੀ ਪ੍ਰੋਫੈਸਰ ਨੀਰੂ ਗਰਗ ਨੇ ਟਿਕਾਊ ਜੀਵਨ-ਸ਼ੈਲੀ, ਆਤਮ ਨਿਰਭਰਤਾ ਤੇ ਪ੍ਰੰਪਰਾਗਤ ਜੜੀ-ਬੂਟੀ ਗਿਆਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

## ਏਕਮਜੋਤ ਕੌਰ ਨੇ ਸਫਲਤਾ ਦੇ ਝੰਡੇ ਗੱਡੇ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਹਾਲ ਹੀ ਵਿੱਚ ਐਲਾਨੇ ਗਏ ਜੇ ਈ ਈ ਮੇਨ ਦੇ ਨਤੀਜਿਆਂ ਵਿੱਚ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੰਗਾ ਇੰਟਰਨੈਸ਼ਨਲ ਸਕੂਲ ਦੀ ਹੋਣਹਾਰ ਵਿਦਿਆਰਥਣ ਏਕਮਜੋਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਰਾਸ਼ਟਰੀ ਪੱਧਰ ਦੀ ਇਸ ਪ੍ਰਤੀਯੋਗਤਾ ਪ੍ਰੀਖਿਆ ਵਿੱਚ 99.7 ਫੀਸਦੀ ਅੰਕ ਪ੍ਰਾਪਤ ਕਰਨਾ ਉਸ ਦੀ ਲਗਾਤਾਰ ਮਿਹਨਤ, ਅਟੱਲ ਹੌਸਲੇ ਅਤੇ ਦ੍ਰਿੜ੍ਹ ਨਿਸ਼ਚੇ ਦਾ ਸਪੱਸ਼ਟ ਪ੍ਰਮਾਣ ਹੈ। ਇਹ ਸਫਲਤਾ ਸਕੂਲ ਦੇ ਉੱਚ-ਸਤ੍ਹਰੀ ਸਿੱਖਿਆ ਮਾਪਦੰਡਾਂ ਅਤੇ ਅਨੁਭਵੀ ਅਧਿਆਪਕਾਂ ਦੀ ਰਹਿਨੁਮਾਈ ਨੂੰ ਵੀ ਦਰਸਾਉਂਦੀ ਹੈ।ਸਕੂਲ ਦੇ ਚੇਅਰਮੈਨ ਗੁਰਲਾਡ ਸਿੰਘ ਕਾਹਲੋਂ ਅਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਰੀਨਾ ਚੀਮਾ ਨੇ ਏਕਮਜੋਤ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਦੀ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ।ਏਕਮਜੋਤ ਕੌਰ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਪ੍ਰਬੰਧਨ ਨੂੰ ਦਿੱਤਾ ਅਤੇ ਕਿਹਾ ਕਿ ਸਹੀ ਮਾਰਗਦਰਸ਼ਨ ਅਤੇ ਨਿਰੰਤਰ ਅਭਿਆਸ ਨਾਲ ਹਰ ਮਕਸਦ ਨੂੰ ਪੂਰਾ ਕੀਤਾ ਜਾ ਸਕਦਾ ਹੈ।

## ਬਰਸਟ ਨੇ ਹਲਕਾ ਵਾਸੀਆਂ ਨਾਲ ਕੀਤੀ ਮੁਲਾਕਾਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਅਤੇ ਖੁਸ਼ਹਾਲ ਬਣਾਉਣ ਲਈ ਜੰਗੀ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ।ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅਮਲ ਵਿੱਚ ਲਿਆਉਣ ਲਈ ਸਰਕਾਰ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਲੋਕ ਭਲਾਈ ਅਤੇ ਸੂਬੇ ਦੀ ਤਰੱਕੀ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਵਿਖੇ ਆਯੋਜਿਤ ਮੀਟਿੰਗਾਂ ਦੌਰਾਨ ਕੀਤਾ ਗਿਆ।ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਦੇ ਪਿੰਡ ਫਤਿਹਗੜ੍ਹ ਛੰਨਾਂ ਅਤੇ ਕਾਦਰਾਬਾਦ ਵਿਖੇ ਪਿੰਡ ਵਾਸੀਆਂ ਅਤੇ ਪਾਰਟੀ ਵਲੰਟੀਅਰਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਦਾ ਹਾਲ-ਚਾਲ ਜਾਣਿਆ ਅਤੇ ਹਲਕੇ ਤੇ ਪਿੰਡਾਂ ਵਿੱਚ ਹੋ ਰਹੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਇਸਦੇ ਨਾਲ ਹੀ ਪਿੰਡਾਂ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਪਾਰਟੀ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਘਰ-ਘਰ ਜਾ ਕੇ ਜਾਣਕਾਰੀ ਦੇਣ ਅਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾ ਕੇ ਰੱਖਣ। ਇਸ ਦੌਰਾਨ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਰਾਣਾ ਵਿਰਕ ਬਲਾਕ ਸੰਮਤੀ ਮੈਂਬਰ, ਜਸਪਾਲ ਸਿੰਘ ਬੀਬੀਪੁਰ, ਕੁਲਦੀਪ ਸਿੰਘ ਗਿੱਲ ਫਤਿਹਗੜ੍ਹ ਛੰਨਾ, ਨਾਇਬ ਸਿੰਘ ਸਾਬਕਾ ਸਰਪੰਚ ਕਾਦਰਾਬਾਦ, ਕੁਲਬੀਰ ਸਿੰਘ ਨਮਾਦਾ, ਮਨਦੀਪ ਸਿੰਘ ਕਾਦਰਾਬਾਦ, ਅਮਰਜੀਤ ਸਿੰਘ, ਸਰਬਜੀਤ ਸਿੰਘ, ਚਰਨ ਸਿੰਘ ਫੌਜੀ, ਡਾ. ਰਣਧੀਰ ਸਿੰਘ, ਗੁਰਮੇਲ ਸਿੰਘ ਮੈਂਬਰ, ਸੰਤੋਖ ਸਿੰਘ, ਦਰਸ਼ਨ ਸਿੰਘ, ਜਤਿੰਦਰ ਪਾਲ ਸਿੰਘ, ਸੁਖਵਿੰਦਰ ਸਿੰਘ, ਗੁਲਾਬ ਸਿੰਘ ਮੈਂਬਰ, ਸੰਦੀਪ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਪ੍ਰਵੀਨ ਕੁਮਾਰ ਸਿੰਗਲਾ ਨੇ ਸਹਾਇਕ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-2025 ਬੈਚ ਦੇ ਪੀ.ਸੀ.ਐੱਸ. ਅਧਿਕਾਰੀ ਸ਼੍ਰੀ ਪ੍ਰਵੀਨ ਕੁਮਾਰ ਸਿੰਗਲਾ ਨੇ ਸਹਾਇਕ ਕਮਿਸ਼ਨਰ (ਜਨਰਲ) ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਅਧਿਕ ਸਹਾਇਕ ਕਮਿਸ਼ਨਰ ਲੁਧਿਆਣਾ ਵਜੋਂ ਤਾਇਨਾਤ ਸਨ।ਇਸ ਮੌਕੇ ਸ਼੍ਰੀ ਸਿੰਗਲਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨਾਲ ਮਿਲ ਕੇ ਸਰਕਾਰ ਦੀਆਂ ਨੀਤੀਆਂ ਤੇ ਲੋਕ-ਪੱਖੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।ਉਨ੍ਹਾਂ ਭਰੋਸਾ ਦਿਵਾਇਆ ਕਿ ਆਮ ਜਨਤਾ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਪਾਰਦਰਸ਼ੀ ਤੇ ਸਮਾਂਬੱਧ ਢੰਗ ਨਾਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕੀਤੇ ਜਾਣ ਵਾਲੇ ਕੰਮਾਂ ਦਾ ਆਮ ਲੋਕਾਂ ਵਿੱਚ ਵੱਧ ਤੋਂ ਵੱਧ ਪ੍ਰਚਾਰ ਕਰਵਾਇਆ ਜਾਵੇਗਾ ਤਾਂ ਜੋ ਯੋਗ ਲਾਭਪਾਤਰੀ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਣ।

## ਪੰਜਾਬ ਬਚਾਓ ਹਲਕਾ ਨਾਭਾ ਰੈਲੀ ਸੰਬੰਧੀ ਮੀਟਿੰਗ 2 ਨੂੰ



**ਨਾਭਾ (ਵਰਿੰਦਰ ਵਰਮਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰੇ ਪੰਜਾਬ ਵਿੱਚ ਪੰਜਾਬ ਬਚਾਓ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਹਲਕਾ ਨਾਭਾ ਵਿੱਚ ਚਾਰ ਅਪ੍ਰੈਲ ਨੂੰ ਹੋਣ ਵਾਲੀ ਪੰਜਾਬ ਬਚਾਓ ਰੈਲੀ ਸਬੰਧੀ ਮੰਗਲਵਾਰ ਨੂੰ ਇੱਕ ਬੈਠਕ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਅਤੇ ਹਲਕਾ ਇੰਚਾਰਜ ਨਾਭਾ ਸਰਦਾਰ ਮੱਖਣ ਸਿੰਘ ਲਾਲਕਾ ਦੀ ਅਗਵਾਈ ਵਿੱਚ ਕੀਤੀ ਗਈ।ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਇਸ ਮੌਕੇ ਵਰਕਰਾਂ ਅਤੇ ਲੀਡਰ ਸਾਹਿਬਾਨਾਂ ਵੱਲੋਂ ਕੁਝ ਮਤੇ ਪਾਸ ਕੀਤੇ ਗਏ ਹਨ।ਜਿਸ ਦੇ ਸਬੰਧ ਵਿੱਚ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਇੱਕ ਵਿਸ਼ੇਸ਼ ਮੀਟਿੰਗ 2 ਮਾਰਚ ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਵਿਖੇ ਬੁਲਾਈ ਗਈ ਹੈ। ਮੀਟਿੰਗ ਵਿੱਚ ਮਾਨ ਇੰਦਰ ਸਿੰਘ ਮਾਨੀ, ਬਲਤੇਜ ਸਿੰਘ ਖੋਖ, ਗੁਰਸੇਵਕ ਸਿੰਘ ਗੋਲੂ, ਗੁਰਦਿਆਲ ਇੰਦਰ ਸਿੰਘ ਬਿੱਲੂ, ਅਮਰੀਕ ਸਿੰਘ ਬੂਹੀ, ਜੋਗੀ ਨਾਨੋਕੀ, ਸੁਰਿੰਦਰ ਸਿੰਘ ਜਿੰਦਲਪੁਰ, ਮੋਹਨ ਸਿੰਘ ਰਾਮਗੜ੍ਹ, ਲਖਵਿੰਦਰ ਸਿੰਘ ਕਵੇਲੀ, ਮੇਜਰ ਸਿੰਘ ਸਕੋਹਾ, ਕਰਮ ਸਿੰਘ ਮਾਂਗੇਵਾਲ, ਦਲਵੀਰ ਸਿੰਘ ਬੂਹੀ, ਨਰਿੰਦਰ ਸਿੰਘ ਮੈਂਹਸ, ਬਬਲੂ ਚੌਹਾਨ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ, ਗੁਰਜੰਟ ਸਿੰਘ ਬਿਰੜਵਾਲ, ਰਣਜੀਤ ਸਿੰਘ ਘੁੰਡਰ, ਗੁਰਪ੍ਰੀਤ ਸਿੰਘ ਟੋਡਰਵਾਲ ਆਦਿ ਮੌਜੂਦ ਸਨ।

## ਸਾਹਿਤ ਸਭਾ ਮਾਛੀਵਾੜਾ ਦੀ ਮੀਟਿੰਗ ਵਿਚ ਦਲਜੀਤ ਦੀ ਕਹਾਣੀ ਬਾਰੇ ਚਰਚਾ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਕਹਾਣੀ ਵਿਧਾ ਵਿਚ ਚਰਚਿਤ ਨਾਂ ਰੱਖਣ ਵਾਲੇ ਐਡਵੋਕੇਟ ਦਲਜੀਤ ਸ਼ਾਹੀ ਦੀ ਕਹਾਣੀ 'ਵਾਇਰਸ ਸਾਲ ਦਾ ਪਤਾ ਨਹੀਂ' ਉੱਤੇ ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਬੈਠਕ ਵਿਚ ਵਿਸਥਾਰ ਨਾਲ ਚਰਚਾ ਹੋਈ। ਕੋਵਿਡ ਸਮੇਂ ਦੀ ਤ੍ਰਾਸਦੀ, ਸਮਾਜਿਕ ਵਿਵਸਥਾ ਅਤੇ ਰਾਜਨੀਤਿਕ ਪ੍ਰਪੰਚ ਨੂੰ ਬਿਆਨ ਕਰਦੀ ਇਸ ਕਹਾਣੀ 'ਤੇ ਗ਼ਜ਼ਲਗੋ ਐੱਸ ਨਸੀਮ, ਨਿਰੰਜਨ ਸੂਖਮ ਅਤੇ ਗੁਰਭਗਤ ਗਿੱਲ ਨੇ ਨਿੱਠ ਕੇ ਚਰਚਾ ਅਤੇ ਬਹਿਸ ਕੀਤੀ।ਸਭਾ ਦੇ ਪ੍ਰਧਾਨ ਐੱਸ ਨਸੀਮ ਦੀ ਪ੍ਰਧਾਨਗੀ ਵਿੱਚ ਸਰਕਾਰੀ ਸਕੂਲ ਮਾਛੀਵਾੜਾ ਵਿੱਚ ਹੋਈ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਨਛੱਤਰ ਸਿੰਘ ਗਿੱਲ ਨੇ ਕਵਿਤਾ ਸੁਣਾਈ ਅਤੇ ਕਸ਼ਮੀਰ ਸਿੰਘ ਨੇ ਆਪਣਾ ਗੀਤ 'ਹੀਰ ਮਿਲਾ ਦੇ ਗੁਰੂ ਗੋਰਖਾ' ਸੁਣਾਇਆ, ਦੋਵਾਂ ਰਚਨਾਵਾਂ ਨੂੰ ਦਾਦ ਮਿਲੀ।ਇਸ ਉਪਰੰਤ ਮਲਕੀਤ ਸਿੰਘ ਨੇ ਆਪਣੀ ਗ਼ਜ਼ਲ 'ਮਹਿਕ ਤੇਰੀ ਹੋਂਦ ਨੇ ਐਸੀ ਖਿੰਡਾਈ ਰਾਤ ਭਰ, ਨਾ ਜਮਾਨੇ ਦੀ ਖਬਰ ਨਾ ਨੀਂਦ ਆਈ ਰਾਤ ਭਰ ਸੁਣਾਈ।ਇਸ ਤੋਂ ਬਾਅਦ ਸ਼ਾਇਰ ਨਿਰੰਜਨ ਸੂਖਮ ਤੇ ਐਸ ਨਸੀਮ ਨੇ ਹਾਜ਼ਰੀ ਲਵਾਈ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹਾਜ਼ਰ ਸਾਹਿਤਕਾਰ ਗੁਰ ਭਗਤ ਸਿੰਘ ਗਿੱਲ, ਦਲਜੀਤ ਸਿੰਘ ਸ਼ਾਹੀ ਆਦਿ ਸਹਿਤਕਾਰਾਂ ਨੇ ਭਾਗ ਲਿਆ।ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ ਵਿੱਚ ਪ੍ਰਧਾਨ ਐਸ ਨਸੀਮ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਮੈਡਮ ਕ੍ਰਿਤਿਕਾ ਗੋਇਲ ਨੇ ਐੱਸ ਡੀ ਐੱਮ ਵਜੋਂ ਸੰਭਾਲਿਆ ਅਹੁਦਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-2023 ਬੈਚ ਦੀ ਆਈ ਏ ਐੱਸ ਅਧਿਕਾਰੀ ਮੈਡਮ ਕ੍ਰਿਤਿਕਾ ਗੋਇਲ ਨੇ ਮੰਗਲਵਾਰ ਸਬ-ਡਿਵੀਜ਼ਨ ਮਹਿਲ ਕਲਾਂ ਦੇ ਨਵੇਂ ਐਸ.ਡੀ.ਐਮ. ਵਜੋਂ ਆਪਣਾ ਅਹੁਦਾ ਸੰਭਾਲਿਆ।ਇਸ ਤੋਂ ਪਹਿਲਾਂ ਉਹ ਬਤੌਰ ਐਸ.ਡੀ.ਐੱਮ. ਬਲਾਚੌਰ (ਜ਼ਿਲ੍ਹਾ ਨਵਾਂ ਸ਼ਹਿਰ) ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਪੰਜਾਬ ਸਰਕਾਰ ਵਲੋਂ ਮਹਿਲ ਕਲਾਂ ਵਿਖੇ ਤਾਇਨਾਤ ਐਸ.ਡੀ.ਐਮ. ਬੇਅੰਤ ਸਿੰਘ ਸਿੱਧੂ ਦੀ ਬਦਲੀ ਹੋਣ ਉਪਰੰਤ ਮੈਡਮ ਗੋਇਲ ਦੀ ਨਿਯੁਕਤੀ ਕੀਤੀ ਹੈ। ਜ਼ਿਕਰਯੋਗ ਹੈ, ਕਿ ਉਨ੍ਹਾਂ ਦੇ ਪਤੀ 2023 ਬੈਚ ਦਾ ਆਈ.ਏ.ਐੱਸ. ਆਯੁਸ਼ ਗੋਇਲ ਪਹਿਲਾਂ ਹੀ ਸਤੰਬਰ 2025 ਤੋਂ ਜ਼ਿਲ੍ਹੇ ਦੀ ਸਬ-ਡਿਵੀਜ਼ਨ ਤਪਾ ਵਿਖੇ ਬਤੌਰ ਐਸ.ਡੀ.ਐੱਮ. ਸੇਵਾਵਾਂ ਨਿਭਾ ਰਹੇ ਹਨ। ਮੈਡਮ ਕ੍ਰਿਤਿਕਾ ਗੋਇਲ ਦੇ ਐਸ.ਡੀ.ਐਮ. ਮਹਿਲ ਕਲਾਂ ਲੱਗਣ ਤੋਂ ਬਾਅਦ ਆਈ.ਏ.ਐੱਸ.ਪਤੀ-ਪਤਨੀ ਦੀ ਜੋੜੀ ਇੱਕੋ ਜ਼ਿਲ੍ਹੇ ਵਿੱਚ ਪ੍ਰਸ਼ਾਸਨਿਕ ਕਮਾਨ ਸੰਭਾਲੇਗੀ। ਅੱਜ ਮਹਿਲ ਕਲਾਂ ਵਿਖੇ ਅਹੁਦਾ ਸੰਭਾਲਣ ਉਪਰੰਤ ਮੈਡਮ ਕ੍ਰਿਤਿਕਾ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਸੁਪਰਡੈਂਟ ਹਰਵਿੰਦਰ ਸਿੰਘ ਕੁਤਬਾ, ਰੀਡਰ ਗੁਰਮੀਤ ਕੌਰ ਖਿਆਲੀ, ਮਨਜੀਤ ਸਿੰਘ ਭੈਣੀ, ਕਰਮਜੀਤ ਸਿੰਘ ਅਤੇ ਗੋਪਾਲ ਸੰਗਰੂਰ ਦੀ ਅਗਵਾਈ ਹੇਠ ਸਟਾਫ ਨੇ ਮੈਡਮ ਗੋਇਲ ਨੂੰ ਗੁਲਦਸਤੇ ਭੇਟ ਕਰਕੇ ਜੀ ਆਇਆਂ ਨੂੰ ਆਖਿਆ।

## ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆ ਬਣੀ ਗੰਭੀਰ



**ਮਾਨਸਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆ ਇੱਕ ਗੰਭੀਰ ਸਮੱਸਿਆ ਬਣੀ ਹੋਈ ਹੈ।ਟ੍ਰੈਫਿਕ ਜਾਮ ਦੀ ਸਮੱਸਿਆ ਦਾ ਮੁੱਖ ਕਾਰਨ ਜਨਸੰਖਿਆ 'ਚ ਵਾਧਾ, ਦੋ ਪਹੀਆ ਤੇ ਚੌਪਹੀਆ ਵਾਹਨਾਂ ਦੀ ਗਿਣਤੀ 'ਚ ਹੋ ਰਿਹਾ ਲਗਾਤਾਰ ਵਾਧਾ, ਮੂਲ ਢਾਂਚੇ ਦੀ ਕਮੀ, ਟ੍ਰੈਫਿਕ ਨਿਯਮਾਂ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਨਾ, ਲੋਕਾਂ 'ਚ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦੀ ਘਾਟ, ਸੜਕਾਂ ਦਾ ਮਾੜਾ ਹਾਲ ਤੇ ਗ਼ੈਰ ਯੋਜਨਾਬੱਧ ਵਿਕਾਸ ਆਦਿ ਸ਼ਾਮਲ ਹਨ।ਇਸ ਤੋਂ ਇਲਾਵਾ ਰੇਹੜੀਆਂ, ਫੜ੍ਹੀਆਂ ਸੜਕਾਂ ਉੱਤੇ ਖੜ੍ਹੇ ਕਰਨਾ, ਦੁਕਾਨਦਾਰਾਂ ਵੱਲੋਂ ਸੜਕਾਂ ਉੱਤੇ ਸਾਮਾਨ ਖਿਲਾਰਨਾ ਤੇ ਪਾਰਕਿੰਗ ਦੀ ਘਾਟ ਸਦਕਾ ਗੱਡੀਆਂ ਦੀ ਪਾਰਕਿੰਗ ਵੀ ਸੜਕਾਂ ਉੱਤੇ ਭੀੜ ਦਾ ਕਾਰਨ ਹਨ।ਹੁਣ ਤਕ ਟ੍ਰੈਫਿਕ ਨਿਯਮਾਂ ਪ੍ਰਤੀ ਆਮ ਲੋਕਾਂ 'ਚ ਜਾਗਰੂਕਤਾ ਪੈਦਾ ਕਰਨ ਦੀ ਘਾਟ ਰਹੀ ਹੈ।ਮਾਣਯੋਗ ਅਦਾਲਤਾਂ ਵੱਲੋਂ ਸਮੇ ਸਮੇ 'ਤੇ ਜਨਤਕ ਥਾਵਾਂ ਜਿਵੇਂ ਸੜਕਾਂ ਤੇ ਬਾਜ਼ਾਰਾਂ 'ਚ ਰੇਹੜੀਆਂ, ਫੜ੍ਹੀਆਂ ਤੇ ਕਿਸੇ ਵੀ ਤਰ੍ਹਾਂ ਦੇ ਨਾਜਾਇਜ਼ ਕਬਜ਼ੇ ਨੂੰ ਹਟਾਉਣ ਦੀ ਹਦਾਇਤ ਕੀਤੀ ਗਈ ਹੈ।ਜਿਸ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ ਅਤੇ ਚੌਕਾਂ 'ਚ ਸੇਵਾ ਨਿਭਾ ਰਹੇ ਪੁਲਿਸ ਮੁਲਾਜ਼ਮਾਂ ਨੂੰ ਆਧੁਨਿਕ ਸਿਖਲਾਈ ਦੇ ਕੇ ਟ੍ਰੈਫਿਕ ਜਾਮ ਨੂੰ ਕਾਫ਼ੀ ਹੱਦ ਤਕ ਕਾਬੂ ਕੀਤਾ ਜਾ ਸਕਦਾ ਹੈ।

## ਪੀਰ ਬਾਬਾ ਮੋਹਕਮਦੀਨ ਦੀ ਦਰਗਾਹ 'ਤੇ ਸੰਗਤਾਂ ਨੇ ਟੇਕਿਆ ਮੱਥਾ



**ਜਗਰਾਉਂ (ਅਮਿਤ ਖੰਨਾ)**-ਪੀਰ ਬਾਬਾ ਮੋਹਕਮਦੀਨ ਦੀ ਦਰਗਾਹ 'ਤੇ ਮੰਗਲਵਾਰ ਵਿਸ਼ਵ ਪ੍ਰਸਿੱਧ ਮੇਲਾ ਰੋਸ਼ਨੀ ਦੀ ਪਹਿਲੀ ਚੌਕੀ 'ਤੇ ਪੁੱਜੀਆਂ ਹਜਾਰਾਂ ਸੰਗਤਾਂ ਨੇ ਪੀਰ ਬਾਬਾ ਮੋਹਕਮਦੀਨ ਜੀ ਦੀ ਦਰਗਾਹ 'ਤੇ ਮੱਥਾ ਟੇਕਿਆ। ਮੇਲੇ ਦੀ ਪਹਿਲੀ ਚੌਕੀ ਵਾਲੇ ਦਿਨ ਪੀਰ ਬਾਬਾ ਮੋਹਕਮਦੀਨ ਦੀ ਦਰਗਾਹ 'ਤੇ ਤਿੰਨ ਰੋਜ਼ਾ ਮੇਲੇ ਦੀ ਰਸਮ ਗੱਦੀ ਨਸ਼ੀਨ ਸੂਫੀ ਨੂਰਦੀਨ ਨਕਸ਼ਬੰਦੀ ਤੇ ਫਜਲਦੀਨ ਜੀ ਵੱਲੋਂ ਝੰਡੇ 'ਤੇ ਚਾਦਰ ਚੜ੍ਹਾ ਕੇ ਸ਼ੁਰੂ ਕੀਤੀ ਗਈ।ਇਸ ਮੌਕੇ ਵਿਧਾਇਕਾ ਸਰਵਜੀਤ ਕੌਰ ਮਾਣੂਕੇ, ਸਾਬਕਾ ਵਿਧਾਇਕ ਐਸ ਆਰ ਕਲੇਰ, ਕਮਲਜੀਤ ਸਿੰਘ ਮਲਾ, ਰਾਜਾ ਵਰਮਾ, ਚਿਸਤੀ, ਬਬਲੂ, ਹਰਮਨ ਆਦਿ ਹਾਜਰ ਸਨ।

## ਅਧਿਐਨ ਨੂੰ ਏ ਆਈ ਦੀ ਮਦਦ ਨਾਲ ਵਿਸ਼ਵ ਪੱਧਰ 'ਤੇ ਲੈ ਕੇ ਜਾਣ ਦਾ ਹੁਣ ਚੰਗਾ ਮੌਕਾ : ਡਾ. ਜਗਦੀਪ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਵਿਖੇ ਸਥਾਪਿਤ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰਦਰਸ਼ਨੀ ਅਤੇ ਵਿਸ਼ੇਸ਼ ਭਾਸ਼ਣ ਲੜੀ ਹੋ ਰਹੀ ਹੈ। ਚਿੱਤਰਕਾਰ ਸ੍. ਤ੍ਰਿਲੋਕ ਸਿੰਘ ਦੇ ਗੁਰੂ ਤੇਗ ਬਹਾਦਰ ਜੀ ਨਾਲ ਸੰਬੰਧਿਤ ਚਿੱਤਰਾਂ ਦੀ ਇਸ ਪ੍ਰਦਰਸ਼ਨੀ ਦਾ ਉਦਘਾਟਨ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ।ਡਾ. ਜਗਦੀਪ ਸਿੰਘ ਨੇ ਇਸ ਮੌਕੇ ਕਿਹਾ ਕਿ ਇਸ ਸਮਾਗਮ ਲੜੀ ਵਿਚ ਇਤਿਹਾਸ, ਕਲਾ, ਸਾਹਿਤ ਅਤੇ ਧਰਮ ਅਧਿਐਨ ਦੀਆਂ ਅੰਤਰ-ਦ੍ਰਿਸ਼ਟੀਆਂ ਖੋਜ ਲਈ ਮੁੱਲਵਾਨ ਹਨ। ਉਨ੍ਹਾਂ ਸ੍. ਤ੍ਰਿਲੋਕ ਸਿੰਘ ਦੀ ਚਿੱਤਰਕਾਰੀ ਬਾਰੇ ਗੱਲ ਕਰਦਿਆਂ ਕਿਹਾ ਕਿ ਚਿੱਤਰਕਾਰੀ ਇਤਿਹਾਸ ਅਤੇ ਗੁਰਬਾਣੀ ਦੀ ਵਿਆਖਿਆ ਨੂੰ ਸਮਝਾਉਣ ਦਾ ਖੂਬਸੂਰਤ ਢੰਗ ਹੈ, ਜੋ ਦੇਖਣ ਵਾਲੇ ਦੇ ਜ਼ਿਹਨ ਵਿੱਚ ਸਮਾ ਜਾਂਦਾ ਹੈ। ਅਜੋਕੇ ਏ.ਆਈ. ਦੇ ਯੁੱਗ ਦੀਆਂ ਚੁਣੌਤੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਅਕਾਦਮਿਕ ਲੋੜਾਂ ਦੇ ਤਹਿਤ ਹੋਏ ਅਧਿਐਨ ਨੂੰ ਇਸ ਤਕਨੀਕ ਰਾਹੀਂ ਵਿਸ਼ਵ ਪੱਧਰ 'ਤੇ ਲੈ ਕੇ ਜਾਣ ਦਾ ਚੰਗਾ ਮੌਕਾ ਹੈ। ਇਸ ਸਮਾਗਮ ਦੇ ਵਿਸ਼ੇਸ਼ ਬੁਲਾਰੇ ਸ੍. ਜੋਤਿੰਦਰ ਸਿੰਘ ਨੇ ਸ੍. ਤ੍ਰਿਲੋਕ ਸਿੰਘ (ਚਿੱਤਰਕਾਰ) ਦੇ ਜੀਵਨ ਅਤੇ ਅਕਾਦਮਿਕ ਪ੍ਰਾਪਤੀਆਂ ਬਾਰੇ ਦਸਿਆ। ਇਸ ਉਪਰੰਤ ਸ੍. ਤ੍ਰਿਲੋਕ ਸਿੰਘ ਦੇ ਜਵਾਈ ਡਾ. ਤਾਰਾ ਸਿੰਘ ਵੱਲੋਂ ਸ੍. ਤ੍ਰਿਲੋਕ ਸਿੰਘ ਦੇ ਜੀਵਨ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕੀਤਾ। ਚੇਅਰ ਦੇ ਇੰਚਾਰਜ ਡਾ. ਗੁਰਮੀਤ ਸਿੰਘ ਸਿੱਧੂ ਨੇ ਇਸ ਵਿਸ਼ੇਸ਼ ਸਮਾਗਮ ਦੀ ਜਾਣਕਾਰੀ ਦਿੰਦਿਆ ਕਿਹਾ ਹੈ ਕਿ ਸ੍. ਤ੍ਰਿਲੋਕ ਸਿੰਘ ਦੀ ਚਿੱਤਰਕਾਰੀ ਸਾਡੇ ਕੋਲ ਇਕ ਵਿਰਾਸਤੀ ਖਜਾਨਾ ਹੈ ਜੋ ਸਿੱਖ ਅਧਿਐਨ ਅਤੇ ਫਾਈਨ ਆਰਟਸ ਦੇ ਖੋਜਾਰਥੀਆਂ ਅਤੇ ਵਿਦਵਾਨਾਂ ਲਈ ਖੋਜ ਦੇ ਪੱਖ ਤੋਂ ਸੇਧ ਹਾਸਲ ਕਰਨ ਲਈ ਲਾਭਦਾਇਕ ਹੈ।ਡਾ. ਤੇਜਿੰਦਰ ਕੌਰ ਧਾਲੀਵਾਲ, ਮੁਖੀ, ਧਰਮ ਅਧਿਐਨ ਵਿਭਾਗ ਵਲੋਂ ਸਾਰਿਆਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਗਿਆ ਅਤੇ ਡਾ. ਪ੍ਰਦੀਪ ਕੌਰ, ਰਿਸਰਚ ਐਸੋਸੀਏਟ, ਗੁਰੂ ਗੋਬਿੰਦ ਸਿੰਘ ਚੇਅਰ ਵਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਅਹਿਮ ਮੁੱਦਿਆਂ ਨੂੰ ਲੈ ਕੇ ਮੀਟਿੰਗ

ਚੋਹਲਾ ਸਾਹਿਬ (ਰਮਨ ਚੱਢਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਬਾਬਾ ਕਾਹਨ ਸਿੰਘ ਜੀ ਦੇ ਸਥਾਨਾਂ ਤੇ ਪਿੰਡ ਪਿੱਦੀ ਵਿਖੇ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਫਤਿਹ ਸਿੰਘ ਪਿੱਦੀ, ਜਰਨੈਲ ਸਿੰਘ ਨੂਰਦੀ ਨੇ ਕਿਹਾ ਕਿ ਜਥੇਬੰਦੀ ਭਾਰਤ ਅਮਰੀਕਾ ਵਪਾਰ ਸਮਝੌਤੇ ਦੀ ਨਿਖੇਧੀ ਕਰਦੀ ਹੈ।ਉਨ੍ਹਾਂ ਕਿਹਾ ਕਿ ਇਹ ਸਮਝੌਤਾ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ, ਛੋਟੇ ਉਦਯੋਗਪਤੀਆਂ ਲਈ ਮੌਤ ਦਾ ਵਰੰਟ ਹੈ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਨਾਲ ਕਿਸਾਨੀ ਕਿੱਤੇ ਨਾਲ ਰਲਦੇ ਸਾਰੇ ਕਿੱਤੇ ਖਤਮ ਹੋ ਜਾਣਗੇ।ਕਿਸਾਨੀ ਤਾਂ ਪਹਿਲਾਂ ਹੀ ਘਾਟੇ ਦਾ ਧੰਦਾ ਬਣਦੀ ਜਾ ਰਹੀ ਹੈ।ਕਿਸਾਨ ਖੁਦਕੁਸ਼ੀਆਂ ਕਰਨ ਲਈ ਮਜਬੂਰ ਹੋ ਰਹੇ ਹਨ।ਇਸ ਸਮਝੌਤੇ ਨਾਲ ਕਿਸਾਨ ਤਬਾਹ ਹੋ ਜਾਣਗੇ ।ਉਨ੍ਹਾਂ ਕਿਹਾ ਪਹਿਲਾਂ ਇੱਕ ਈਸਟ ਇੰਡੀਆ ਕੰਪਨੀ ਭਾਰਤ ਆਈ ਸੀ ਤੇ ਸਾਰੇ ਭਾਰਤ 'ਤੇ ਰਾਜ ਕਰਕੇ ਭਾਰਤ ਵਿੱਚੋਂ ਵੱਡੇ ਖਣਿਜ ਪਦਾਰਥ ਲੁੱਟ ਕੇ ਭਾਰਤ ਨੂੰ ਕੰਗਾਲ ਬਣਾ ਕੇ ਚਲੀ ਗਈ।ਇਸੇ ਤਰ੍ਹਾਂ ਹੀ ਫਿਰ ਭਾਰਤ ਅਮਰੀਕਾ ਨਾਲ ਇਹ ਸਮਝੌਤਾ ਕਰਕੇ ਬਹੁਤ ਵੱਡੀ ਗਲਤੀ ਕਰ ਰਿਹਾ ਹੈ।ਅੱਗੇ ਕਿਸਾਨ ਆਗੂ ਹਰਬਿੰਦਰਜੀਤ ਸਿੰਘ ਕੰਗ, ਬੀਬੀ ਰਣਜੀਤ ਕੌਰ ਕੱਲਾ, ਬੀਬੀ ਉਪਜੀਤ ਕੌਰ ਨੇ ਕਿਹਾ ਕਿ ਪੰਜਾਬ ਵਿੱਚ ਹੱਕ ਸੱਚ ਦੀ ਗੱਲ ਕਰਨ ਵਾਲੇ ਹਰ ਵਰਗ ਨੂੰ ਦਬਾਉਣ ਲਈ ਭਗਵੰਤ ਮਾਨ ਦੀ ਸਰਕਾਰ ਪ੍ਰਸ਼ਾਸਨ ਦਾ ਵੱਡਾ ਸਹਾਰਾ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਜੋ ਪਿਛਲੇ ਦਿਨੀਂ ਬਠਿੰਡਾ ਵਿੱਚ ਸਰਕਾਰ ਵੱਲੋਂ ਵਰਤਾਰਾ ਸਿਰਜਿਆ ਗਿਆ ਅਤੇ ਹੁਣ ਸਮਾਣਾ ਵਿੱਚ ਕਿਸਾਨਾਂ 'ਤੇ ਲਾਠੀ ਚਾਰਜ ਕੀਤਾ ਠੀਕ ਨਹੀਂ।ਪੱਤਰਕਾਰਾਂ ਦੀ ਆਵਾਜ਼ ਵੀ ਦਬਾਈ ਜਾ ਰਹੀ ਹੈ।ਉਸ ਦੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਡੇ ਪੱਧਰ ਤੇ ਨਿਖੇਧੀ ਕਰਦੀ ਹੈ।ਇਸ ਮੌਕੇ ਪਰਮਜੀਤ ਸਿੰਘ ਛੀਨਾ, ਨਿਰੰਜਨ ਸਿੰਘ ਬਰਗਾੜੀ, ਮਨਜਿੰਦਰ ਸਿੰਘ ਗੋਹਲਵੜ, ਕੁਲਵਿੰਦਰ ਸਿੰਘ ਕੈਰੋਵਾਲ, ਗਿਆਨ ਸਿੰਘ ਚੋਹਲਾ ਖੁਰਦ, ਸੁਖਵਿੰਦਰ ਸਿੰਘ ਦੁੱਗਲਵਾਲਾ, ਮਨਜੀਤ ਸਿੰਘ ਕਰਮੂਵਾਲਾ, ਪਰਮਜੀਤ ਸਿੰਘ ਤਲਵੰਡੀ, ਦਲਬੀਰ ਸਿੰਘ ਭੂਰਾ, ਸਤਨਾਮ ਸਿੰਘ ਖੋਜਕੀਪੁਰ, ਕੁਲਦੀਪ ਸਿੰਘ ਵੇਂਈਪੂੰਈ, ਦਿਲਬਾਗ ਸਿੰਘ ਪਹੂਵਿੰਡ, ਸਰਵਨ ਸਿੰਘ ਵਲੀਪੁਰ, ਸਵਰਨ ਸਿੰਘ ਹਰੀਕੇ ਆਦਿ ਆਗੂ ਹਾਜ਼ਰ ਸਨ।



# ਆਈ ਡੀ ਐੱਫ਼ ਸੀ ਫਰਸਟ ਬੈਂਕ ਨੇ 583 ਕਰੋੜ ਰੁਪਏ ਵਾਪਸ ਕਰਕੇ ਪੂਰਾ ਭੁਗਤਾਨ ਕਰ ਦਿੱਤੈ

ਚੰਡੀਗੜ੍ਹ-ਆਈਡੀਐੱਫਸੀ ਫਰਸਟ ਬੈਂਕ ਨੇ ਹਰਿਆਣਾ ਸਰਕਾਰ ਨਾਲ ਸੰਬੰਧਿਤ 583 ਕਰੋੜ ਰੁਪਏ ਦੇ ਭੁਗਤਾਨ ਮਾਮਲੇ ਵਿੱਚ ਪੂਰੀ ਰਕਮ ਵਾਪਸ ਕਰਨ ਦੀ ਪੁਸ਼ਟੀ ਕੀਤੀ ਹੈ।ਇਹ ਮਾਮਲਾ ਬੈਂਕ ਦੀ ਚੰਡੀਗੜ੍ਹ ਸ਼ਾਖਾ ਵਿੱਚ ਸਰਕਾਰੀ ਵਿਭਾਗਾਂ ਦੇ ਖਾਤਿਆਂ ਨਾਲ ਜੁੜੀਆਂ ਲੈਣ-ਦੇਣ ਵਿੱਚ ਸਾਹਮਣੇ ਆਈ ਗੜਬੜੀਆਂ ਨਾਲ ਸੰਬੰਧਿਤ ਹੈ।

ਪ੍ਰਾਰੰਭਿਕ ਜਾਂਚ ਵਿੱਚ ਕੁਝ ਕਰਮਚਾਰੀਆਂ ਵੱਲੋਂ ਕਥਿਤ ਤੌਰ 'ਤੇ ਜਾਅਲਸਾਜ਼ੀ ਦਸਤਾਵੇਜ਼ਾਂ ਅਤੇ ਭੁਗਤਾਨ ਹੁਕਮਾਂ ਨੂੰ ਕਲੀਅਰ ਕਰਨ ਦੇ ਸੰਕੇਤ ਮਿਲੇ ਹਨ।ਬਾਹਰੀ ਲੋਕਾਂ ਦੀ ਦਖਲਅੰਦਾਜ਼ੀ ਦੀ ਸੰਭਾਵਨਾ ਵੀ ਜਤਾਈ ਗਈ ਹੈ।ਮਾਮਲੇ ਦੀ ਜਾਂਚ ਸੰਬੰਧਿਤ ਏਜੰਸੀਆਂ ਵੱਲੋਂ ਕੀਤੀ ਜਾ ਰਹੀ ਹੈ।ਜਾਂਚ ਦੌਰਾਨ ਹੀ ਬੈਂਕ ਨੇ ਸੰਬੰਧਿਤ ਸਰਕਾਰੀ ਵਿਭਾਗਾਂ ਨੂੰ ਦਾਅਵਾ ਕੀਤੀ ਮੁੱਢਲੀ ਰਕਮ ਅਤੇ ਵਿਆਜ ਸਮੇਤ ਕੁੱਲ 583 ਕਰੋੜ ਰੁਪਏ ਦਾ 100 ਫੀਸਦੀ ਭੁਗਤਾਨ ਕਰ ਦਿੱਤਾ।

ਬੈਂਕ ਪ੍ਰਬੰਧਨ ਮੁਤਾਬਕ ਗਾਹਕਾਂ ਅਤੇ ਸਰਕਾਰੀ ਸੰਸਥਾਵਾਂ ਦਾ ਭਰੋਸਾ ਬਣਾਈ ਰੱਖਣਾ ਉਸਦੀ ਤਰਜੀਹ ਹੈ।ਬੈਂਕ ਨੇ ਕਿਹਾ ਕਿ ਜ਼ਿੰਮੇਵਾਰ ਪਾਏ ਜਾਣ ਵਾਲਿਆਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਪ੍ਰਬੰਧਨ ਨੇ ਦੱਸਿਆ ਕਿ ਬੈਂਕ ਦੀ ਵਿੱਤੀ ਸਥਿਤੀ ਮਜ਼ਬੂਤ ਹੈ ਅਤੇ ਇਸਦੀ ਪੂੰਜੀ ਯੋਗਤਾ ਮਾਪਦੰਡਾਂ ਅਨੁਸਾਰ ਹੈ।

# ਦਫ਼ਤਰੀ ਕਰਮਚਾਰੀਆਂ 'ਤੇ ਕੀਤੇ ਲਾਠੀਚਾਰਜ ਦੀ ਡੀ ਟੀ ਐੱਫ਼ ਵੱਲੋਂ ਸਖ਼ਤ ਨਿਖੇਧੀ

ਡੇਰਾ ਬਾਬਾ ਨਾਨਕ/ਝਬਾਲ (ਰਮੇਸ਼ ਸ਼ਰਮਾ/ਹਰਜਿੰਦਰ ਸਿੰਘ ਸੋਨੀ)-ਸਿੱਖਿਆ ਵਿਭਾਗ ਵਿੱਚ ਪਿਛਲੇ 20-20 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਸਮਗਰਾ ਸਿੱਖਿਆ ਅਭਿਆਨ ਦੇ ਦਫ਼ਤਰੀ ਕਰਮਚਾਰੀਆਂ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਕੀਤੇ ਜਾ ਰਹੇ ਪੁਰਅਮਨ ਰੋਸ ਪ੍ਰਦਰਸ਼ਨ ਉਪਰ ਸਰਕਾਰ ਵੱਲੋਂ ਕੀਤੇ ਗਏ ਭਾਰੀ ਲਾਠੀਚਾਰਜ ਅਤੇ ਵਾਟਰ ਕੈਨਨ ਦੀ ਵਰਤੋਂ ਕਰਨ ਦੀ ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ਼.) ਪੰਜਾਬ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ।ਜਥੇਬੰਦੀ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ 20 ਸਾਲਾਂ ਤੋਂ ਕੰਮ ਕਰ ਰਹੇ ਮੁਲਾਜ਼ਮਾਂ ਨੂੰ, ਜੋ 50,000 ਰੁਪਏ ਤਨਖਾਹ ਲੈ ਰਹੇ ਹਨ, ਉਨ੍ਹਾਂ ਨੂੰ ਪੱਕੇ ਕਰਨ ਦੇ ਨਾਂਅ ਤੇ ਤਨਖਾਹ ਘਟਾ ਕੇ ਮਹਿਜ਼ 19,000 ਰੁਪਏ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਉਨ੍ਹਾਂ ਉਪਰ ਮੁੜ 3 ਸਾਲ ਦਾ ਪਰਖ ਕਾਲ (ਪ੍ਰੋਬੇਸ਼ਨ ਪੀਰੀਅਡ) ਮੜ੍ਹਨਾ ਮੁਲਾਜ਼ਮਾਂ ਨਾਲ ਸਰਾਸਰ ਧੱਕਾ ਅਤੇ ਸ਼ੋਸ਼ਣ ਹੈ।ਆਗੂਆਂ ਨੇ ਦੱਸਿਆ ਕਿ 50,000 ਤੋਂ ਘਟਾ ਕੇ 19,000 ਤੇ ਪੱਕੇ ਕਰਨਾ ਮੁਲਾਜ਼ਮਾਂ ਦੇ ਆਰਥਿਕ ਕਤਲ ਦੇ ਬਰਾਬਰ ਹੈ।ਹਾਈਕੋਰਟ ਅਤੇ ਸੁਪਰੀਮ ਕੋਰਟ ਦੇ ਸਪੱਸ਼ਟ ਫੈਸਲੇ ਹਨ ਕਿ ਪਰਖ ਕਾਲ ਦੌਰਾਨ ਪੂਰੀ ਤਨਖਾਹ ਦਿੱਤੀ ਜਾਵੇ, ਪਰ ਪੰਜਾਬ ਸਰਕਾਰ ਇਨ੍ਹਾਂ ਹੁਕਮਾਂ ਦੀਆਂ ਧੱਜੀਆਂ ਉਡਾ ਰਹੀ ਹੈ।ਆਪ ਸਰਕਾਰ ਜੋ ਬਾਦਲ ਸਰਕਾਰ ਨੂੰ ਕੋਸਦੀ ਸੀ, ਅੱਜ ਅਦਾਲਤਾਂ ਵਿੱਚ ਉਹੀ ਮੁਲਾਜ਼ਮ ਮਾਰੂ ਫੈਸਲਿਆਂ (15-01-2015 ਦਾ ਪੱਤਰ) ਨੂੰ ਡਿਫੈਂਡ ਕਰ ਰਹੀ ਹੈ।ਬੀ.ਪੀ.ਈ.ਓ. ਅਤੇ ਡੀ.ਈ.ਓ. ਦਫ਼ਤਰਾਂ ਵਿੱਚ ਕੰਮ ਕਰਦੇ ਇਹ ਮੁਲਾਜ਼ਮ ਮਿਡ-ਡੇ-ਮੀਲ, ਸਕੂਲ ਗ੍ਰਾਂਟਾਂ ਅਤੇ ਡਾਟਾ ਪ੍ਰਬੰਧਨ ਲਈ ਅਹਿਮ ਕੜੀ ਹਨ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁੱਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿੱਤ ਸਕੱਤਰ ਜਸਵਿੰਦਰ ਬਠਿੰਡਾ, ਪ੍ਰੈੱਸ ਸਕੱਤਰ ਲਖਵੀਰ ਮੁਕਤਸਰ ਅਤੇ ਸਹਾਇਕ ਪ੍ਰੈੱਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਕਰਮਚਾਰੀਆਂ ਦੀ ਮੌਜੂਦਾ ਤਨਖਾਹ ਸੁਰੱਖਿਅਤ ਕਰਦੇ ਹੋਏ ਇਨ੍ਹਾਂ ਨੂੰ ਪੁਰਾਣੇ ਪੰਜਾਬ ਪੇ-ਸਕੇਲ ਅਨੁਸਾਰ ਰੈਗੂਲਰ ਕੀਤਾ ਜਾਵੇ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਲਾਠੀ ਦੇ ਜ਼ੋਰ ਤੇ ਮੁਲਾਜ਼ਮਾਂ ਦੀ ਆਵਾਜ਼ ਨਹੀਂ ਦਬਾ ਸਕਦੀ ਅਤੇ ਜਦੋਂ ਤੱਕ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸੰਘਰਸ਼ ਨਿਰੰਤਰ ਜਾਰੀ ਰਹੇਗਾ।



## ਕਲਾਨੌਰ 'ਚ ਮੈਡੀਕਲ ਕੈਂਪ ਭਲਕੇ

ਗੁਰਦਾਸਪੁਰ, (ਜਨਕ ਮਹਾਜਨ)-ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਅਧੀਨ ਸਾਡੇ ਬਜ਼ੁਰਗ ਸਾਡਾ ਮਾਨ ਨਾਅਰੇ ਦੇ ਤਹਿਤ 27 ਫਰਵਰੀ ਨੂੰ ਕਮਿਊਨਿਟੀ ਹੈਲਥ ਸੈਂਟਰ ਕਲਾਨੌਰ ਵਿਖੇ ਵਿਸ਼ੇਸ਼ ਕੈਂਪ ਲੱਗੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਡਾ. ਕਿਰਤਪ੍ਰੀਤ ਕੌਰ ਨੇ ਦੱਸਿਆ ਕਿ ਸਿਹਤ ਅਤੇ ਮੈਡੀਕਲ ਕੈਂਪ ਜੋ ਪ੍ਰਬੰਧਕੀ ਕਾਰਨਾਂ ਕਰਕੇ ਮੁਲਤਵੀ ਕੀਤਾ ਗਿਆ ਸੀ, ਹੁਣ 27 ਫਰਵਰੀ ਨੂੰ ਕਮਿਊਟਨੀ ਹੈਲਥ ਸੈਂਟਰ ਕਲਾਨੌਰ ਵਿਖੇ ਲਗਾਇਆ ਜਾ ਰਿਹਾ ਹੈ।

## ਸ਼ਹੀਦ ਗਰੁੱਪ ਕੈਪਟਨ ਜੀਐੱਸ ਚੀਮਾ ਦੀ ਛੇਵੀਂ ਬਰਸੀ ਮਨਾਈ

ਧਾਰੀਵਾਲ, (ਮਨਦੀਪ ਵਿੱਕੀ)-ਭਾਰਤੀ ਹਵਾਈ ਸੈਨਾ ਦੇ ਤਿੰਨ ਪੰਜਾਬ ਏਅਰ ਸਕੂਐਡਰਨ ਐੱਨਸੀਸੀ ਪਟਿਆਲਾ ਦੇ ਸ਼ਹੀਦ ਗਰੁੱਪ ਕੈਪਟਨ ਗੁਰਪ੍ਰੀਤ ਸਿੰਘ ਚੀਮਾ (ਜੀ.ਐਸ.ਚੀਮਾ) ਦੀ ਛੇਵੀਂ ਬਰਸੀ ਜੱਦੀ ਪਿੰਡ ਆਲੋਵਾਲ ਵਿਖੇ ਮਨਾਈ। ਸ੍ਰੀ ਅਖੰਡ ਪਾਠ ਸਾਹਿਬ ਭੋਗ ਮਗਰੋਂ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਦੌਰਾਨ ਢਾਡੀ ਜਥਾ ਭਾਈ ਸ਼ਮਸ਼ੇਰ ਸਿੰਘ ਖੁੰਡਾ ਤੇ ਸਾਥੀਆਂ ਨੇ ਸੂਰਬੀਰ ਯੋਧਿਆਂ ਦੀਆਂ ਵਾਰਾਂ ਪੇਸ਼ ਕਰਦਿਆਂ ਸਿੱਖ ਇਤਿਹਾਸ ਬਾਰੇ ਚਾਨਣਾ ਪਾਇਆ। ਸਮਾਗਮ ਵਿੱਚ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਮੁੱਖ ਮਹਿਮਾਨ ਸ਼ਾਮਲ ਹੋਏ, ਜਦਕਿ ਵਿਸ਼ੇਸ਼ ਮਹਿਮਾਨਾਂ ਵਿੱਚ ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ, ਮਾਰਕੀਟ ਕਮੇਟੀ ਧਾਰੀਵਾਲ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ, ਬਾਬਾ ਨੱਥਾ ਸਿੰਘ ਸੰਧਵਾਂ, ਬਾਬਾ ਹਰਪਿੰਦਰ ਸਿੰਘ ਟਾਹਲੀ ਸਾਹਿਬ ਵਾਲੇ, ਸ਼ਹੀਦ ਦੀ ਮਾਤਾ ਸਰਬਜੀਤ ਕੌਰ, ਪਤਨੀ ਨਵਨੀਤ ਕੌਰ, ਭਰਾ ਗੁਰਜੀਤ ਸਿੰਘ ਚੀਮਾ ਤੇ ਗੁਰਦੀਪ ਸਿੰਘ ਚੀਮਾ, ਧੀ ਕੁੰਜਪ੍ਰੀਤ ਕੌਰ (ਫਲਾਇੰਗ ਲੈਫਟੀਨੈਂਟ), ਪੁੱਤਰ ਭਵਗੁਰਨੀਤ ਸਿੰਘ ਚੀਮਾ ਆਦਿ ਸ਼ਾਮਲ ਹੋਏ ਅਤੇ ਸ਼ਹੀਦ ਕੈਪਟਨ ਜੀ. ਐੱਸ. ਚੀਮਾ ਨੂੰ ਸ਼ਰਧਾਂਜਲੀ ਭੇਟ ਕੀਤੀ। ਸ਼ਰਧਾਂਜਲੀ ਭੇਟ ਕਰਦਿਆਂ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਸ਼ਹੀਦ ਦੇਸ਼ ਅਤੇ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਤਿਕਾਰ ਕਰਨਾ ਸਰਕਾਰ ਦੀ ਨੈਤਿਕ ਜ਼ਿਮੇਵਾਰੀ ਹੈ। ਉਨ੍ਹਾਂ ਕਿਹਾ ਕੈਪਟਨ ਜੀ. ਐੱਸ. ਚੀਮਾ ਦੀ ਧੀ ਕੁੰਜਪ੍ਰੀਤ ਕੌਰ ਨੇ ਸਖ਼ਤ ਮਿਹਨਤ ਸਦਕਾ ਹਵਾਈ ਸੈਨਾ ਵਿੱਚ ਫਲਾਇੰਗ ਲੈਫਟੀਨੈਂਟ ਬਣਕੇ ਆਪਣੇ ਸ਼ਹੀਦ ਪਿਤਾ ਦਾ ਸੁਪਨਾ ਪੂਰਾ ਕਰਕੇ ਹੋਰਨਾਂ ਧੀਆਂ ਲਈ ਪ੍ਰੇਰਨਾ ਸਰੋਤ ਬਣੀ ਹੈ। ਇਸ ਮੌਕੇ ਸ਼ਹੀਦ ਦੇ ਪਰਿਵਾਰ ਸਮੇਤ ਹੋਰ ਵੀ ਵੱਖ-ਵੱਖ ਥਾਵਾਂ ਤੋਂ ਸਮਾਗਮ ਵਿੱਚ ਆਏ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਕੀਤਾ। ਸਮਾਗਮ 'ਚ ਸਰਪੰਚ ਅੰਮ੍ਰਿਤਪਾਲ ਸਿੰਘ ਬੱਲ, ਸਮਿਤੀ ਮੈਂਬਰ ਮਾਲਿਕ ਸਿੰਘ ਛੋਟੇਪੁਰ, ਸਰਪੰਚ ਹਰਪਾਲ ਸਿੰਘ ਕੰਗ, ਸਰਪੰਚ ਗੁਰਨਾਮ ਸਿੰਘ ਆਲੋਵਾਲ, ਹਰਪਾਲ ਸਿੰਘ ਚੱਕਬੜੋਏ, ਹਰਦੇਵ ਸਿੰਘ ਦੇਬੀ, ਸਿਕੰਦਰ ਸਿੰਘ ਭਗਟਾਣਾ ਬੋਹੜਵਾਲਾ, ਅਮਰਜੀਤ ਸਿੰਘ ਲਾਡੀ ਸਰਪੰਚ, ਸੁਖਚੈਨ ਸਿੰਘ ਕੁਆਰਡੀਨੇਟਰ, ਸਾਬਕਾ ਸਰਪੰਚ ਕਰਨੈਲ ਸਿੰਘ ਕਾਹਲੋਂ ਆਦਿ ਆਗੂਆਂ ਸਮੇਤ ਪਿੰਡ ਅਤੇ ਇਲਾਕੇ ਦੀਆਂ ਸੰਗਤਾਂ ਸ਼ਾਮਲ ਸਨ।



## ਚੀਫ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਦਾ ਵਿਸ਼ੇਸ਼ ਸਨਮਾਨ

**ਧਾਰੀਵਾਲ, (ਮਨਦੀਪ ਵਿੱਕੀ)**-ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਅਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਜਥੇਬੰਦੀ ਦੇ ਆਗੂਆਂ ਵੱਲੋਂ ਪਾਵਰਕਾਮ ਬਾਰਡਰ ਜੋਨ ਦੇ ਚੀਫ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸ਼ਾਨਦਾਰ ਸਵਾਗਤ ਅਤੇ ਸਨਮਾਨ ਕੀਤਾ ਗਿਆ।ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਅਤੇ ਸਾਥੀ ਆਗੂਆਂ ਨੇ ਚੀਫ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਨੂੰ ਬਿਜਲੀ ਮੁਲਾਜ਼ਮਾਂ ਦੀਆਂ ਮੁਸ਼ਕਲਾਂ ਅਤੇ ਮੰਗਾਂ ਬਾਰੇ ਜਾਣੂ ਕਰਵਾਇਆ।ਇਸ ਮੌਕੇ ਚੀਫ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਨੇ ਕਰਮਚਾਰੀ ਦਲ ਦੇ ਅਹੁਦੇਦਾਰਾਂ ਨੂੰ ਭਰੋਸਾ ਦਿੱਤਾ ਕਿ ਬਾਰਡਰ ਜ਼ੋਨ ਦੇ ਬਿਜਲੀ ਮੁਲਾਜ਼ਮਾਂ ਦੇ ਮਸਲਿਆਂ ਦਾ ਹੱਲ ਕਰਨ ਨੂੰ ਤਰਜੀਹ ਦਿੱਤੀ ਜਾਵੇਗੀ।ਉਹ ਕਰਮਚਾਰੀਆਂ ਦੀ ਭਲਾਈ ਅਤੇ ਉਪਭੋਗਤਾਵਾਂ ਨੂੰ ਬਿਹਤਰੀਨ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ।ਇਸ ਮੌਕੇ ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ ਦੇ ਨਾਲ ਬਾਰਡਰ ਜ਼ੋਨ ਪ੍ਰਧਾਨ ਜਸਵਿੰਦਰ ਸਿੰਘ ਗਿੱਲ, ਚਰਨਜੀਤ ਸਿੰਘ ਖਾਲਸਾ, ਤਜਿੰਦਰ ਸਿੰਘ ਸੇਖੋਂ, ਧਰਮਵੀਰ ਸਿੰਘ, ਐੱਸਡੀਓ ਨਰਿਪਜੀਤ ਸਿੰਘ ਡੇਰੀਵਾਲ, ਅਨਮੋਲ ਸਿੰਘ ਗਿੱਲ, ਤਰਲੋਕ ਸਿੰਘ ਖੁੰਡੀ, ਮੁਖਵਿੰਦਰ ਸਿੰਘ ਖਾਲਸਾ, ਦਲਬੀਰ ਸਿੰਘ ਉਸਾਹਨ, ਅਮਰਜੀਤ ਸਿੰਘ ਏਏਓ, ਗੁਰਮੁੱਖ ਸਿੰਘ ਦਾਲਮ, ਸੁਰਿੰਦਰ ਸਿੰਘ ਮਸਾਣਾ, ਰਾਜਵਿੰਦਰ ਸਿੰਘ, ਗੁਰਦਿਆਲ ਸਿੰਘ ਘਣੀਆਂ, ਗੁਰਭੇਜ ਸਿੰਘ ਸਮੇਤ ਹੋਰ ਅਹੁਦੇਦਾਰ ਅਤੇ ਕਰਮਚਾਰੀ ਹਾਜ਼ਰ ਸਨ।



## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾ ਵਹੀਰ ਦੀ ਆਰੰਭਤਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ ਵਿੱਚ ਖ਼ਾਲਸਾਈ ਜਾਹੋ-ਜਲਾਲ ਨਾਲ ਖ਼ਾਲਸਾ ਵਹੀਰ ਦੀ ਆਰੰਭਤਾ ਹੋਈ।ਇਸ ਮੌਕੇ ਸਾਂਸਦ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਨਾਲ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਮਾਤਾ ਬਲਵਿੰਦਰ ਕੌਰ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਮਨਦੀਪ ਸਿੰਘ ਸਿੱਧੂ, ਬਾਬੂ ਸਿੰਘ ਬਰਾੜ, ਕਾਬਲ ਸਿੰਘ, ਪ੍ਰਗਟ ਸਿੰਘ, ਸੁਖਚੈਨ ਸਿੰਘ, ਸਰਬਜੀਤ ਸਿੰਘ ਸੋਹਲ, ਸਰਬਜੀਤ ਸਿੰਘ ਖ਼ਾਨਪੁਰ, ਅਜੇਪਾਲ ਸਿੰਘ ਢਿੱਲੋਂ, ਅਮਨਦੀਪ ਸਿੰਘ ਡੱਡੂਆਣਾ, ਪ੍ਰਗਟ ਸਿੰਘ ਮੀਆਂਵਿੰਡ, ਸ਼ਮਸ਼ੇਰ ਸਿੰਘ ਪੱਧਰੀ, ਜੁਗਰਾਜ ਸਿੰਘ ਲਾਲਾਨੰਗਲ, ਪ੍ਰਿਥੀਪਾਲ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਜਸਵਿੰਦਰ ਸਿੰਘ ਡਰੋਲੀ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਜਸਕਰਨ ਸਿੰਘ ਰਿਆੜ, ਚਰਨਜੀਤ ਸਿੰਘ ਗਾਲਿਬ, ਪਲਵਿੰਦਰ ਸਿੰਘ ਜੱਲੂਪੁਰ, ਬਲਦੇਵ ਸਿੰਘ ਜੱਲੂਪੁਰ, ਪਵਿੱਤਰ ਸਿੰਘ, ਸਵਰਨ ਸਿੰਘ ਗੋਲਡਨ, ਬਲਜੀਤ ਸਿੰਘ ਚਾਟੀਵਿੰਡ, ਤੋਂ ਇਲਾਵਾ ਵੱਡੀ ਗਿਣਤੀ 'ਚ ਆਗੂ ਹਾਜ਼ਰ ਸਨ। ਸ੍ਰੀ ਦਰਬਾਰ ਸਾਹਿਬ ਤੋਂ ਲੈ ਕੇ ਅੰਮ੍ਰਿਤਸਰ ਗੋਲਡਨ ਗੇਟ ਤੱਕ ਸਾਰਾ ਰਸਤਾ ਬੋਲੇ ਸੋ ਨਿਹਾਲ ਤੇ ਰਾਜ ਕਰੇਗਾ ਖ਼ਾਲਸਾ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਹੀ ਪੰਜਾਬ ਦੀ ਨੌਜਵਾਨੀ ਅਤੇ ਪੰਜਾਬ ਨੂੰ ਬਚਾਇਆ ਜਾ ਸਕਦਾ ਹੈ।ਪਾਰਟੀ ਆਗੂਆਂ ਨੇ ਕਿਹਾ ਕਿ ਇਹ ਵਹੀਰ ਕੇਵਲ ਇਕ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਦੀ ਆਤਮਕ ਅਤੇ ਸਮਾਜਿਕ ਪੁਨਰਜਾਗਰਤੀ ਦੀ ਸ਼ੁਰੂਆਤ ਹੈ।ਅਖੀਰ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਖ਼ਾਲਸਾ ਵਹੀਰ ਨਾਲ ਜੁੜ ਕੇ ਪੰਜਾਬ ਦੀ ਚੜ੍ਹਦੀ ਕਲਾ ਅਤੇ ਨੌਜਵਾਨੀ ਦੇ ਭਵਿੱਖ ਲਈ ਆਪਣਾ ਯੋਗਦਾਨ ਪਾਉਣ।



## ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਕਾਬਿਲੇ ਤਾਰੀਫ਼:ਪ੍ਰਿੰਸ ਅਨੇਜਾ, ਭਗਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ,ਕੰਵਲਜੀਤ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਲੋਕ ਹਿਤੈਸ਼ੀ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖ਼ੁਸ਼ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਮੀਦ ਵੈੱਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਪ੍ਰਿੰਸ ਅਨੇਜਾ ਅਤੇ ਪੰਜਾਬ ਪ੍ਰਧਾਨ ਰਣਜੀਤ ਸਿੰਘ ਭਗਤ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜੋ ਫੈਸਲੇ ਲਏ ਹਨ ਉਹ ਸਿਰਫ ਇਤਿਹਾਸਕ ਹੀ ਨਹੀਂ ਸਗੋਂ ਆਮ ਲੋਕਾਂ ਦੀ ਜ਼ਿੰਦਗੀ ਨਾਲ ਸਿੱਧੇ ਤੌਰ ਤੇ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਕਿਸਾਨੀ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਤੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਵੀ ਮਜ਼ਬੂਤ ਹੋਇਆ ਹੈ। ਮਾਨ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਗਰੀਬ ਤੇ ਮੱਧ ਵਰਗ ਦੇ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਹੁਣ ਮਹਿੰਗੇ ਇਲਾਜ ਦੀ ਚਿੰਤਾ ਖਤਮ ਹੋ ਗਈ ਹੈ ਤੇ ਹਰ ਵਰਗ ਨੂੰ ਇਲਾਜ ਕਰਾਉਣ ਦਾ ਹੱਕ ਮਿਲਿਆ ਹੈ। ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਤੇ ਭ੍ਰਿਸ਼ਟਾਚਾਰ ਖਿਲਾਫ ਚਲਾਈ ਮੁਹਿੰਮ ਨਾਲ ਵਪਾਰੀ ਵਰਗ ਤੇ ਟ੍ਰਾਂਸਪੋਰਟ ਨਾਲ ਜੁੜੇ ਲੋਕਾਂ ਵਿੱਚ ਵੀ ਭਰੋਸਾ ਵਧਿਆ ਹੈ। ਪ੍ਰਿੰਸ ਅਨੇਜਾ ਅਤੇ ਰਣਜੀਤ ਸਿੰਘ ਭਗਤ ਨੇ ਦਾਅਵਾ ਕੀਤਾ ਕਿ ਆਪ ਸਰਕਾਰ ਦੇ ਇਤਿਹਾਸਕ ਫੈਸਲਿਆਂ ਕਰਕੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਣਗੇ।

# ਹੈਲਥ ਕਾਰਡ ਬਣਾਉਣ ਲਈ ਵਾਰਡ ਨੰਬਰ 33 'ਚ ਲੱਗਾ ਵਿਸ਼ੇਸ਼ ਕੈਂਪ



ਬਟਾਲਾ, (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ, ਜਿਥੇ ਲੋਕਾਂ ਵੱਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਬਟਾਲਾ ਸ਼ਹਿਰ ਅਤੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ ਹਨ।ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ।ਵਾਰਡ ਨੰਬਰ 33 ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਕੈਂਪ ਲਗਾਇਆ ਗਿਆ ਤੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਲੋੜ ਪੈਣ ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਮਰੀਜ਼ ਆਪਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ। ਇਸ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।

## 2 ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਧਾਰੀਵਾਲ ਦੇ ਏ. ਐੱਸ. ਆਈ. ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ 'ਤੇ ਮਿੱਲ ਗਰਾਊਂਡ ਧਾਰੀਵਾਲ ਤੋਂ ਪੰਕਜ ਉਰਫ ਹਨੀ ਪੁੱਤਰ ਵੱਸਣ ਮਸੀਹ ਵਾਸੀ ਮਾਡਲ ਟਾਉਣ ਧਾਰੀਵਾਲ ਜੋ ਲੁੱਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ ਜਿਸ ਨੂੰ ਕਾਬੂ ਕੀਤਾ ਤਾਂ ਉਸ ਪਾਸੋਂ ਮੌਕੇ 'ਤੇ ਇੱਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਏ. ਐੱਸ. ਆਈ. ਜੋਧ ਸਿੰਘ ਨੇ ਸਮੇਤ ਪੁਲਸ ਪਾਰਟੀ ਬੱਬਹਾਲੀ ਤੋਂ ਐਕਸਾਈਜ਼ ਇੰਸਪੈਕਟਰ ਦੀਪਕ ਕੁਮਾਰ ਸਰਕਲ ਗੁਰਦਾਸਪੁਰ ਨੇ ਬੱਬੇਹਾਲੀ ਖੇਤ ਕਮਾਦ ਵਿੱਚ ਰੇਡ ਕਰਕੇ ਪਵਨ ਮਸੀਹ ਉਰਫ ਬੁੜਾ ਪੁੱਤਰ ਬਚਨ ਮਸੀਹ ਵਾਸੀ ਬਬੇਹਾਲੀ ਨੂੰ ਕਾਬੂ ਕਰਕੇ 20 ਕਿਲੋ ਲਹਾਣ ਬਰਾਮਦ ਹੋਈ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਾਬਾ ਦਰਸ਼ਨ ਦਾਸ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਕਲਸੀ ਵਲੋਂ ਹਲਕਾ ਬਟਾਲਾ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਬਾਬਾ ਦਰਸ਼ਨ ਦਾਸ ਵਾਲੀ ਰੋਡ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਮੌਕੇ ਨੇੜਲੇ ਮੁਹੱਲਾ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਵਲੋਂ ਕੀਤੇ ਜਾ ਰਹੇ ਵਿਕਾਸ ਕੰਮਾਂ ਨੂੰ ਸਲਾਹਿਆ ਤੇ ਕਿਹਾ ਵਿਧਾਇਕ ਸ਼ੈਰੀ ਕਲਸੀ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰ ਰਹੇ ਹਨ, ਜਿਸ ਕਾਰਨ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ।ਇਸ ਮੌਕੇ ਲੋਕਾਂ ਵੱਲੋਂ ਦਿੱਤੇ ਪਿਆਰ ਲਈ ਧੰਨਵਾਦ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਵਚਨਬੱਧ ਹਨ ਅਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

ਉਨ੍ਹਾਂ ਦੱਸਿਆ ਕਿ ਪੰਜ ਸਾਲ ਤੱਕ ਇਸ ਸੜਕ ਦੇ ਰੱਖ ਰਖਾਵ ਲਈ ਸਬੰਧਤ ਵਿਭਾਗ ਨੂੰ ਪਾਬੰਦ ਕੀਤਾ ਗਿਆ ਹੈ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਭਲਾਈ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ, ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

ਹਲਕਾ ਬਟਾਲਾ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਅੰਦਰ ਚਹੁੰਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਕਰੋੜਾਂ ਰੁਪਏ ਦੇ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ।ਬਟਾਲਾ ਹਲਕੇ ਦੀ ਵਿਕਾਸ ਪੱਖੋ ਨੁਹਾਰ ਬਦਲੀ ਜਾ ਰਹੀ ਹੈ ਅਤੇ ਪਿੰਡ ਵਾਸੀਆਂ ਦੀ ਮੰਗ ਮੁਤਾਬਿਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

## ਅਧਿਆਪਕਾ ਕੰਚਨ ਚੋਪੜਾ ਦਾ ਵਿਸ਼ਵ ਪੱਧਰ 'ਤੇ ਸਨਮਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਬੀਤੇ ਦਿਨੀਂ ਹਿੰਦੀ ਓਲੰਪਿਆਡ ਫਾਊਂਡੇਸ਼ਨ ਵੱਲੋਂ ਨਵੀਂ ਦਿੱਲੀ ਵਿਖੇ ਅੰਤਰਰਾਸ਼ਟਰੀ ਹਿੰਦੀ ਓਲੰਪਿਆਡ, 2025 ਪੁਰਸਕਾਰ ਵੰਡ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਅੰਮ੍ਰਿਤ ਕੁੰਭ ਸਨਮਾਨ, 2025 ਵਿੱਚ ਭਾਗ ਲੈਣ ਵਾਲੇ ਉਨ੍ਹਾਂ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਦੁਆਰਾ ਉਚ ਦਰਜੇ ਦੀਆਂ ਕਵਿਤਾਵਾਂ ਦੀ ਰਚਨਾ ਕੀਤੀ ਗਈ ਸੀ।

ਇਸ ਮੌਕੇ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੀ ਅਧਿਆਪਕਾ ਕੰਚਨ ਚੋਪੜਾ ਦੀ ਰਚਨਾ (ਦੇਸ਼ ਦੀ ਮਿੱਟੀ) ਦੀ ਕਵਿਤਾ ਸ਼ੈਲੀ ਨੇ ਨਾ ਸਿਰਫ਼ ਜੱਜ ਮੰਡਲ ਨੂੰ ਪ੍ਰਭਾਵਿਤ ਕੀਤਾ, ਸਗੋਂ ਪੂਰੇ ਭਾਰਤ ਦੇ ਵੱਖ-ਵੱਖ ਰਾਜਾਂ ਦੇ ਪ੍ਰਤਿਯੋਗੀਆਂ ਵਿਚਕਾਰ ਵੀ ਖਾਸ ਪਹਿਚਾਣ ਬਣਾਈ। ਉਨ੍ਹਾਂ ਦੀ ਇਸ ਉਪਲਬਧੀ ਲਈ ਉਨ੍ਹਾਂ ਨੂੰ ਸ਼੍ਰੀ ਕਵਿੰਦਰ (ਮਹਾਮਹਿਮ ਉਪ ਰਾਜਪਾਲ, ਲੱਦਾਖ) ਅਤੇ ਡਾ. ਵਿਜੈ ਕੁਮਾਰ ਸਾਰਸਵੱਤ (ਮਾਨਯੋਗ ਮੈਂਬਰ ਨੀਤੀ ਆਯੋਗ) ਦੁਆਰਾ ਸਨਮਾਨਿਤ ਕੀਤਾ ਗਿਆ। ਇਸ ਖ਼ੁਸ਼ੀ ਦੇ ਮੌਕੇ 'ਤੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਕਿਹਾ ਕਿ ਅਧਿਆਪਕਾ ਕੰਚਨ ਚੋਪੜਾ ਦੀ ਇਸ ਪ੍ਰਾਪਤੀ ਨਾਲ ਨਾ ਸਿਰਫ਼ ਸੰਸਥਾ ਦਾ ਨਾਮ ਰੌਸ਼ਨ ਹੋਇਆ ਹੈ, ਬਲਕਿ ਇਹ ਪੂਰੇ ਇਲਾਕੇ ਲਈ ਮਾਣ ਦੀ ਗੱਲ ਹੈ।

# ਸੈਣੀ ਸਮਾਜ ਦਾ ਰਾਜ ਪੱਧਰੀ ਸੰਮੇਲਨ ਪਹਿਲੀ ਮਾਰਚ ਨੂੰ

## * ਮੁੱਖ ਮੰਤਰੀ ਨਾਇਬ ਸੈਣੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਸੈਣੀ ਸਮਾਜ ਦੀ ਸਮਾਜਿਕ ਮਜ਼ਬੂਤੀ, ਵਿਦਿਅਕ ਤਰੱਕੀ ਅਤੇ ਜਥੇਬੰਦਕ ਮਜ਼ਬੂਤੀ ਦੇ ਸੰਕਲਪ ਦੇ ਨਾਲ ਆਉਣ ਵਾਲੀ 1 ਮਾਰਚ ਨੂੰ ਦੀਨਾਨਗਰ ਦੇ ਆਨੰਦ ਪੈਲੇਸ ਵਿਖੇ ਇੱਕ ਵਿਸ਼ਾਲ ਰਾਜ ਪੱਧਰੀ ਸੈਣੀ ਸੰਮੇਲਨ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਸੰਮੇਲਨ ਨੂੰ ਸਮੁੱਚੇ ਪੰਜਾਬ ਵਿੱਚ ਸਮਾਜ ਦੀ ਇੱਕਜੁੱਟਤਾ ਪ੍ਰਦਰਸ਼ਿਤ ਕਰਨ ਵਾਲੇ ਇੱਕ ਇਤਿਹਾਸਕ ਮੰਚ ਵਜੋਂ ਦੇਖਿਆ ਜਾ ਰਿਹਾ ਹੈ। ਸੈਣੀ ਸਮਾਜ ਸਭਾ (ਰਜਿ.) ਦੀਨਾਨਗਰ ਦੇ ਪ੍ਰਧਾਨ ਜਗਦੀਸ਼ ਰਾਜ ਸੈਣੀ (ਰਿਟਾਇਰਡ ਈ.ਟੀ.ਓ.) ਅਤੇ ਪ੍ਰਬੰਧਕੀ ਕਮੇਟੀ ਨੇ ਗੁਰਦਾਸਪੁਰ ਵਿਖੇ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਰਾਜ ਪੱਧਰੀ ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਉਨ੍ਹਾਂ ਦੇ ਨਾਲ ਆਲ ਇੰਡੀਆ ਸੈਣੀ ਸੇਵਾ ਸਮਾਜ ਦੇ ਰਾਸ਼ਟਰੀ ਪ੍ਰਧਾਨ ਦਿਲਬਾਗ ਸਿੰਘ ਸੈਣੀ ਅਤੇ ਪੰਜਾਬ ਦੇ ਸੂਬਾ ਪ੍ਰਧਾਨ ਲਵਲੀਨ ਸਿੰਘ ਸੈਣੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹਿਣਗੇ।ਪ੍ਰੋਗਰਾਮ ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨ, ਸੀਨੀਅਰ ਅਹੁਦੇਦਾਰ ਅਤੇ ਬੁੱਧੀਜੀਵੀ ਸਮਾਜ ਦੇ ਸਾਹਮਣੇ ਮੌਜੂਦ ਚੁਣੌਤੀਆਂ ਅਤੇ ਭਵਿੱਖ ਦੀ ਦਿਸ਼ਾ ਤੇ ਵਿਚਾਰ-ਵਟਾਂਦਰਾ ਕਰਨਗੇ।ਜਗਦੀਸ਼ ਰਾਜ ਸੈਣੀ ਨੇ ਦੱਸਿਆ ਕਿ ਇਸ ਸੰਮੇਲਨ ਦਾ ਮੁੱਖ ਉਦੇਸ਼ ਸੈਣੀ ਸਮਾਜ ਦੀ ਸਮੂਹਿਕ ਸ਼ਕਤੀ ਨੂੰ ਜਥੇਬੰਦ ਕਰਨਾ ਹੈ।ਸੰਮੇਲਨ ਵਿੱਚ ਵਿਸ਼ੇਸ਼ ਤੌਰ ਤੇ ਸਮਾਜ ਦੇ ਬੱਚਿਆਂ ਲਈ ਬਿਹਤਰ ਵਿਦਿਅਕ ਮਾਹੌਲ ਤਿਆਰ ਕਰਨਾ, ਨੌਜਵਾਨਾਂ ਨੂੰ ਲੀਡਰਸ਼ਿਪ ਦੀ ਮੁੱਖ ਧਾਰਾ ਨਾਲ ਜੋੜਨਾ, ਆਪਸੀ ਭਾਈਚਾਰੇ ਅਤੇ ਸੰਗਠਨ ਦੇ ਵਿਸਥਾਰ ਨੂੰ ਗਤੀ ਦੇਣਾ ਹੋਵੇਗਾ।ਪ੍ਰਬੰਧਕੀ ਕਮੇਟੀ ਅਨੁਸਾਰ ਇਸ ਸੰਮੇਲਨ ਨੂੰ ਲੈ ਕੇ ਪੂਰੇ ਸੂਬੇ ਦੇ ਸੈਣੀ ਪਰਿਵਾਰਾਂ ਨਾਲ ਕਰਨ ਵਾਲੀਆਂ ਮੀਟਿੰਗਾਂ ਅੰਦਰ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਵੱਖ-ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਲੋਕ ਪਰਿਵਾਰਾਂ ਸਮੇਤ ਇਸ ਸਮਾਗਮ ਦਾ ਹਿੱਸਾ ਬਣਨਗੇ।ਪ੍ਰਬੰਧਕਾਂ ਨੇ ਭਰੋਸਾ ਜਤਾਇਆ ਹੈ ਕਿ ਇਹ ਸੰਮੇਲਨ ਸੈਣੀ ਸਮਾਜ ਦੇ ਭਵਿੱਖ ਲਈ ਇੱਕ ਨਵੀਂ ਅਤੇ ਸਪਸ਼ਟ ਦਿਸ਼ਾ ਤੈਅ ਕਰਨ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ।



## ਪੱਕੇ ਕਰਨ ਦੇ ਨਾਂਅ 'ਤੇ ਦਫਤਰੀ ਮੁਲਾਜ਼ਮਾਂ ਦੀ ਤਨਖਾਹ 'ਚ ਕਟੌਤੀ ਕਰਨ ਦੀ ਨਿਖੇਧੀ



ਖਡੂਰ ਸਾਹਿਬ (**ਸਰਬਜੋਤ ਸਿੰਘ ਸੰਧਾ**)-ਗੌਰਮਿੰਟ ਟੀਚਰ ਯੂਨੀਅਨ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਜੀਤ ਟੌਮ ਅਤੇ ਜਨਰਲ ਸਕੱਤਰ ਨਰਿੰਦਰ ਨੂਰ ਦੀ ਹਾਜ਼ਰੀ ਵਿੱਚ ਹੋਈ ਜਿਸ ਵਿੱਚ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਸਮੱਗਰਾ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀ ਜੋ ਕਿ ਪਿਛਲੇ ਕਰੀਬ 20 ਸਾਲਾਂ ਤੋਂ ਲਗਾਤਾਰ ਨੌਕਰੀ ਕਰ ਰਹੇ ਹਨ ਅਤੇ ਕਰੀਬ 40 ਤੋਂ 50 ਹਜ਼ਾਰ ਤੱਕ ਤਨਖਾਹ ਲੈ ਰਹੇ ਹਨ, ਨੂੰ ਪੱਕੇ ਕਰਨ ਦੇ ਨਾਂਅ 'ਤੇ 20 ਸਾਲ ਦੀ ਨੌਕਰੀ ਹੋਣ ਦੇ ਬਾਵਜੂਦ ਪਰਖ ਸਮੇਂ ਦੀ ਸ਼ਰਤ ਲਗਾ ਕੇ ਉਨ੍ਹਾਂ ਦੀ ਤਨਖਾਹ ਘਟਾ ਕੇ ਕੇਵਲ 19 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ ਦੇ ਆਰਡਰ ਜਾਰੀ ਕਰ ਦਿੱਤੇ ਹਨ ਜੋ ਕਿ ਬਿਲਕੁਲ ਗਲਤ ਹੈ ਅਤੇ ਇਨ੍ਹਾਂ ਕਰਮਚਾਰੀਆਂ ਨਾਲ ਇਹ ਬਹੁਤ ਵੱਡਾ ਧੱਕਾ ਹੈ।

ਗੌਰਮਿੰਟ ਟੀਚਰ ਯੂਨੀਅਨ ਇਸ ਦੀ ਪੁਰਜ਼ੋਰ ਨਿੰਦਾ ਕਰਦੀ ਹੈ।ਗੌਰਮਿੰਟ ਟੀਚਰ ਯੂਨੀਅਨ ਇਸ ਦੀ ਨਿਖੇਧੀ ਕਰਦੀ ਹੋਈ ਸਰਕਾਰ ਕੋਲੋਂ ਮੰਗ ਕਰਦੀ ਹੈ ਕਿ ਇਨ੍ਹਾਂ ਦਫਤਰੀ ਕਰਮਚਾਰੀਆਂ ਦੀਆਂ ਮੌਜੂਦਾ ਤਨਖਾਹਾਂ ਸੁਰੱਖਿਤ ਕਰਦੇ ਹੋਏ ਇਨ੍ਹਾਂ ਨੂੰ ਸਾਲ 2018 ਤੋਂ ਛੇਵੇਂ ਤਨਖਾਹ ਕਮਿਸ਼ਨ ਪੰਜਾਬ ਦੇ ਸਕੇਲਾਂ ਦੇ ਅਧੀਨ ਪੂਰੇ ਭੱਤਿਆਂ ਦੇ ਤਹਿਤ ਰੈਗੂਲਰ ਕੀਤਾ ਜਾਵੇ।ਇਸ ਮੌਕੇ ਅੰਮ੍ਰਿਤ ਪਾਲ ਸਿੰਘ ਬਾਕੀਪੁਰ, ਗੁਰਪ੍ਰੀਤ ਮਾੜੀਮੇਘਾ, ਗੁਰਵੇਲ ਠੱਠਾ, ਹਰਜੀਤ ਕਸੇਲ, ਗੁਰਬਿੰਦਰ ਸਿੰਘ ਗੱਗੋਬੂਆ, ਅੰਮ੍ਰਿਤਪਾਲ ਸ਼ਰਮਾ, ਰਣਜੀਤ ਸਿੰਘ, ਕੰਵਲਦੀਪ ਸਿੰਘ, ਮਨਜੀਤ ਸਿੰਘ ਪੱਟੀ, ਜਗਜੀਤ ਸਿੰਘ ਸੋਹਲ, ਮਨਜੀਤ ਸਿੰਘ ਮੀਆਂਪੁਰ, ਮਨਜੀਤ ਸਿੰਘ ਚੀਮਾ, ਪਿੰਕਪਾਲ ਸਿੰਘ ਚਾਹਲ, ਭੁਪਿੰਦਰ ਸਿੰਘ ਬਾਠ, ਸਤਨਾਮ ਸਿੰਘ ਗੰਡੀਵਿੰਡ ਆਦਿ ਯੂਨੀਅਨ ਆਗੂ ਹਾਜ਼ਰ ਸਨ।

# ਵਿਦਿਆਰਥਣਾਂ ਵੱਲੋਂ ਖੰਨਾ ਪੇਪਰ ਮਿੱਲ ਤੇ ਅਲਫ਼ਾ ਮਾਲ ਦੀ ਵਿੱਦਿਅਕ ਫੇਰੀ




**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**-ਪੰਡਿਤ ਮੋਹਨ ਲਾਲ ਐਸਡੀ ਕਾਲਜ ਫਾਰ ਗਰਲਜ਼, ਫਤਿਹਗੜ੍ਹ ਚੂੜੀਆਂ ਦੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੇ ਵਿਭਾਗ ਮੁਖੀ ਡਾ. ਰੁਚੀ ਕੋਹਲੀ ਦੀ ਅਗਵਾਈ ਵਿੱਚ ਖੰਨਾ ਪੇਪਰ ਮਿੱਲ ਅਤੇ ਅਲਫ਼ਾ ਵਨ ਮਾਲ ਦਾ ਵਿੱਦਿਅਕ ਦੌਰਾ ਕੀਤਾ।ਕਾਲਜ ਪ੍ਰਿੰਸੀਪਲ ਡਾ. ਮਰੀਨਲ ਗੁਪਤਾ ਦੀ ਅਗਵਾਈ ਵਿੱਚ ਹੋਈ ਇਸ ਫੇਰੀ ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਕਿਰਿਆਵਾਂ ਅਤੇ ਆਧੁਨਿਕ ਪ੍ਰਚੂਨ ਪ੍ਰਬੰਧਨ ਵਿੱਚ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ।ਦੌਰੇ ਦੀ ਪਹਿਲੀ ਮੰਜ਼ਿਲ ਖਟੜਾ ਪੇਪਰ ਮਿੱਲਜ਼ ਲਿਮਟਿਡ ਸੀ, ਜੋ ਕਿ ਅੰਮ੍ਰਿਤਸਰ ਦੀ ਇੱਕ ਪ੍ਰਮੁੱਖ ਕਾਗਜ਼ ਨਿਰਮਾਣ ਇਕਾਈ ਸੀ।ਵਿਦਿਆਰਥੀਆਂ ਨੂੰ ਪੂਰੀ ਕਾਗਜ਼ ਉਤਪਾਦਨ ਪ੍ਰਕਿਰਿਆ, ਜਿਸ ਵਿੱਚ ਵੇਸਟ ਪੇਪਰ ਰੀਸਾਈਕਲਿੰਗ, ਪਲਪਿੰਗ, ਡੀ-ਇੰਕਿੰਗ, ਕਾਗਜ਼ ਬਣਾਉਣ ਅਤੇ ਪੈਕੇਜਿੰਗ ਸ਼ਾਮਲ ਹੈ, ਤੇ ਪਹਿਲੀ ਨਜ਼ਰ ਦਿੱਤੀ ਗਈ।ਉਨ੍ਹਾਂ ਨੂੰ ਮੌਕਾ ਦਿੱਤਾ ਗਿਆ।ਉਦਯੋਗ ਅਧਿਕਾਰੀਆਂ ਨੇ ਆਧੁਨਿਕ ਮਸ਼ੀਨਰੀ ਦੀ ਵਰਤੋਂ, ਗੁਣਵੱਤਾ ਨਿਯੰਤਰਣ ਪ੍ਰਣਾਲੀਆਂ, ਵਾਤਾਵਰਣ ਸਥਿਰਤਾ ਅਤੇ ਉਦਯੋਗਿਕ ਸੁਰੱਖਿਆ ਉਪਾਵਾਂ ਬਾਰੇ ਦੱਸਿਆ।ਫਿਰ ਵਿਦਿਆਰਥੀਆਂ ਨੇ ਵਪਾਰਕ ਅਤੇ ਪ੍ਰਚੂਨ ਹੱਬ, ਅਲਫ਼ਾ ਵਨ ਮਾਲ ਦਾ ਦੌਰਾ ਕੀਤਾ।ਇੱਥੇ ਉਨ੍ਹਾਂ ਨੇ ਪ੍ਰਚੂਨ ਪ੍ਰਬੰਧਨ, ਮਾਰਕੀਟਿੰਗ ਤਕਨੀਕਾਂ, ਗਾਹਕ ਸੇਵਾ ਅਤੇ ਖਪਤਕਾਰ ਵਿਵਹਾਰ ਬਾਰੇ ਸਿੱਖਿਆ।ਇਸ ਦੌਰੇ ਦਾ ਤਾਲਮੇਲ ਕਾਮਰਸ ਸਟਾਫ਼ ਮੈਂਬਰਾਂ ਪ੍ਰਭਜੋਤ ਕੌਰ ਅਤੇ ਪਰਮਿੰਦਰ ਕੌਰ ਦੁਆਰਾ ਕੀਤਾ ਗਿਆ ਸੀ।ਇਸ ਦੌਰੇ ਨੇ ਕਲਾਸਰੂਮ ਸਿੱਖਣ ਅਤੇ ਅਸਲ-ਸੰਸਾਰ ਦੇ ਕਾਰੋਬਾਰ ਅਤੇ ਉਦਯੋਗਿਕ ਅਭਿਆਸ ਵਿਚਕਾਰ ਪਾੜੇ ਨੂੰ ਪੂਰਾ ਕੀਤਾ।

# ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਕੂਥਰ ਕ੍ਰਿਕਟ ਗਰਾਊਂਡ 'ਚ ਅੰਡਰ-23 ਪੁਰਸ਼ ਟ੍ਰਾਇਲ ਕਰਵਾਏ

ਪਠਾਨਕੋਟ (ਦਵਿੰਦਰ ਸਿੰਘ)-ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਕੂਥਰ ਕ੍ਰਿਕਟ ਗ੍ਰਾਊਂਡ ਵਿੱਚ ਅੰਡਰ-23 ਪੁਰਸ਼ ਕ੍ਰਿਕਟ ਟ੍ਰਾਇਲ ਸਫਲਤਾਪੂਰਵਕ ਕਰਵਾਏ ਗਏ।ਇਨ੍ਹਾਂ ਟ੍ਰਾਇਲਾਂ ਵਿੱਚ ਪੂਰੇ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਉਭਰਦੇ ਕ੍ਰਿਕਟ ਖਿਡਾਰੀਆਂ ਨੇ ਹਿੱਸਾ ਲਿਆ। ਜ਼ਿਲ੍ਹਾ ਪਠਾਨਕੋਟ ਅਤੇ ਆਸ-ਪਾਸ ਦੇ ਖੇਤਰਾਂ ਤੋਂ 120 ਤੋਂ ਵੱਧ ਪ੍ਰਤਿਭਾਸ਼ਾਲੀ ਖਿਡਾਰੀਆਂ ਨੇ ਟ੍ਰਾਇਲ ਵਿੱਚ ਸ਼ਮੂਲੀਅਤ ਕੀਤੀ ਅਤੇ ਬੱਲੇਬਾਜ਼ੀ, ਗੇਂਦਬਾਜ਼ੀ, ਫੀਲਡਿੰਗ ਅਤੇ ਫਿਟਨੈੱਸ ਟੈਸਟਾਂ ਵਿੱਚ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ।ਚੋਣ ਪ੍ਰਕਿਰਿਆ ਤਜਰਬੇਕਾਰ ਕੋਚਾਂ ਅਤੇ ਚੋਣਕਰਤਾਵਾਂ ਦੀ ਦੇਖ-ਰੇਖ ਹੇਠ ਪਾਰਦਰਸ਼ਤਾ ਅਤੇ ਯੋਗਤਾ ਦੇ ਆਧਾਰ 'ਤੇ ਪੂਰੀ ਕੀਤੀ ਗਈ।ਇਨ੍ਹਾਂ ਟ੍ਰਾਇਲਾਂ ਦਾ ਉਦੇਸ਼ ਆਉਣ ਵਾਲੇ ਅੰਡਰ-23 ਟੂਰਨਾਮੈਂਟਾਂ ਲਈ ਜ਼ਿਲ੍ਹੇ ਦੀ ਨੁਮਾਇੰਦਗੀ ਕਰਨ ਵਾਲੇ ਹੁਨਰਮੰਦ ਖਿਡਾਰੀਆਂ ਦੀ ਪਹਿਚਾਣ ਕਰਨਾ ਸੀ।ਖਿਡਾਰੀਆਂ ਵੱਲੋਂ ਦਿਖਾਈ ਗਈ ਊਰਜਾ ਅਤੇ ਮੁਕਾਬਲੇ ਦੇ ਜਜ਼ਬੇ ਨੇ ਖੇਤਰ ਵਿੱਚ ਕ੍ਰਿਕਟ ਪ੍ਰਤੀ ਵੱਧ ਰਹੇ ਉਤਸ਼ਾਹ ਨੂੰ ਦਰਸਾਇਆ।ਇਸ ਮੌਕੇ ਸਕੱਤਰ ਸਨੀ ਮਹਾਜਨ ਨੇ ਖਿਡਾਰੀਆਂ ਦੀ ਸ਼ਾਨਦਾਰ ਹਾਜ਼ਰੀ ਅਤੇ ਪ੍ਰਦਰਸ਼ਨ 'ਤੇ ਸੰਤੋਸ਼ ਪ੍ਰਗਟਾਇਆ।ਉਨ੍ਹਾਂ ਕਿਹਾ ਕਿ ਪਠਾਨਕੋਟ ਦੇ ਨੌਜਵਾਨਾਂ ਵਿੱਚ ਕ੍ਰਿਕਟ ਪ੍ਰਤੀ ਇੰਨਾ ਉਤਸ਼ਾਹ ਬਹੁਤ ਪ੍ਰੇਰਨਾਦਾਇਕ ਹੈ।ਕ੍ਰਿਕਟ ਐਸੋਸੀਏਸ਼ਨ ਨੌਜਵਾਨ ਖਿਡਾਰੀਆਂ ਨੂੰ ਉਚ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਲਈ ਇੱਕ ਪੇਸ਼ੇਵਰ ਮੰਚ ਅਤੇ ਸੁਚਾਰੂ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਅੱਗੇ ਕਿਹਾ ਕਿ ਸਾਡਾ ਮਕਸਦ ਸਥਾਨਕ ਪ੍ਰਤਿਭਾਵਾਂ ਨੂੰ ਢੰਗੀ ਮਾਰਗਦਰਸ਼ਨ, ਵਧੀਆ ਢਾਂਚਾਗਤ ਸੁਵਿਧਾਵਾਂ ਅਤੇ ਲੋੜੀਂਦੇ ਮੌਕੇ ਮੁਹੱਈਆ ਕਰਵਾਉਣਾ ਹੈ, ਤਾਂ ਜੋ ਪਠਾਨਕੋਟ ਦੇ ਖਿਡਾਰੀ ਮਾਣ ਨਾਲ ਜ਼ਿਲ੍ਹੇ ਅਤੇ ਰਾਜ ਦੀ ਨੁਮਾਇੰਦਗੀ ਕਰ ਸਕਣ।ਮੁੱਖ ਕੋਚ ਇੰਦਰਜੀਤ ਸਿੰਘ ਨੇ ਵੀ ਟ੍ਰਾਇਲ ਦੌਰਾਨ ਖਿਡਾਰੀਆਂ ਵੱਲੋਂ ਦਿਖਾਏ ਗਏ ਖੇਡ ਪੱਧਰ ਦੀ ਸਰਾਹਨਾ ਕੀਤੀ।ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਤਿਆਰੀ ਅਤੇ ਅਨੁਸ਼ਾਸਨ ਦਾ ਪੱਧਰ ਕਾਬਿਲ-ਏ-ਤਾਰੀਫ਼ ਹੈ।ਅਸੀਂ ਕੁਝ ਐਸੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਦੇਖਿਆ ਜਿਨ੍ਹਾਂ ਕੋਲ ਮਜ਼ਬੂਤ ਤਕਨੀਕੀ ਹੁਨਰ ਅਤੇ ਮੈਚ ਟੈਂਪਰਾਮੈਂਟ ਹੈ।ਨਿਰੰਤਰ ਟ੍ਰੇਨਿੰਗ ਅਤੇ ਸਹੀ ਮਾਰਗਦਰਸ਼ਨ ਨਾਲ ਇਹ ਨੌਜਵਾਨ ਖਿਡਾਰੀ ਵੱਡੀ ਸਫਲਤਾ ਹਾਸਲ ਕਰ ਸਕਦੇ ਹਨ।ਉਨ੍ਹਾਂ ਫਿਟਨੈੱਸ ਅਤੇ ਮਾਨਸਿਕ ਮਜ਼ਬੂਤੀ ਦੀ ਮਹੱਤਤਾ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਆਧੁਨਿਕ ਕ੍ਰਿਕਟ ਵਿੱਚ ਉੱਚ ਪੱਧਰੀ ਸਰੀਰਕ ਫਿਟਨੈੱਸ ਅਤੇ ਤੀਖਣ ਖੇਡ ਸਮਝ ਦੀ ਲੋੜ ਹੁੰਦੀ ਹੈ।

ਅਸੀਂ ਖਿਡਾਰੀਆਂ ਦੇ ਸਮੂਹਿਕ ਵਿਕਾਸ 'ਤੇ ਧਿਆਨ ਕੇਂਦ੍ਰਿਤ ਕਰਾਂਗੇ ਤਾਂ ਜੋ ਉਹ ਆਉਣ ਵਾਲੀਆਂ ਚੁਣੌਤੀਆਂ ਲਈ ਪੂਰੀ ਤਰ੍ਹਾਂ ਤਿਆਰ ਰਹਿਣ।ਚੁਣੇ ਗਏ ਖਿਡਾਰੀਆਂ ਦੀ ਸੂਚੀ ਜਲਦ ਹੀ ਚੋਣ ਕਮੇਟੀ ਵੱਲੋਂ ਐਲਾਨੀ ਜਾਵੇਗੀ।



# ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੱਲੋਂ ਸਰਕਾਰੀ ਕਾਲਜ ਕਾਲਾ ਅਫ਼ਗਾਨਾ ਦਾ ਦੌਰਾ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਿਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਵਿਖੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੁਆਰਾ ਕਾਲਜ ਦਾ ਦੌਰਾ ਕੀਤਾ ਗਿਆ।ਯੂਨੀਵਰਸਿਟੀ ਵਿੱਚ ਵਾਈਸ ਚਾਂਸਲਰ ਵਜੋਂ ਨਿਯੁਕਤ ਹੋਣ ਤੋਂ ਬਾਅਦ ਇਹ ਉਨ੍ਹਾਂ ਦਾ ਪਹਿਲਾ ਦੌਰਾ ਸੀ।ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ ਵਿਖੇ ਉਨ੍ਹਾਂ ਦੁਆਰਾ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਹ ਲੈਬ ਵਿਦਿਆਰਥੀਆਂ ਨੂੰ ਡਿਜੀਟਲ ਯੁੱਗ ਦੀਆਂ ਲੋੜਾਂ ਅਨੁਸਾਰ ਸਿੱਖਿਆ ਪ੍ਰਾਪਤ ਕਰਨ ਵਿੱਚ ਸਹਾਇਕ ਸਾਬਤ ਹੋਵੇਗੀ।ਇਸ ਮੌਕੇ ਕਾਲਜ ਦੀਆਂ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।ਜ਼ਿਕਰਯੋਗ ਹੈ ਕਿ 22 ਫਰਵਰੀ ਨੂੰ ਲੁਧਿਆਣਾ ਵਿਖੇ ਹੋਈ ਪੰਜਾਬ ਸੀਨੀਅਰ ਸਟੇਟ ਚੈਂਪੀਅਨਸ਼ਿਪ ਦੌਰਾਨ ਕੁਰਾਸ਼ ਮੁਕਾਬਲਿਆਂ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਿਰਨਦੀਪ ਕੌਰ ਨੇ 70 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਸਾਕਸ਼ੀ ਝਾਅ ਨੇ 63 ਕਿਲੋਗ੍ਰਾਮ ਵਿੱਚ ਸਿਲਵਰ ਮੈਡਲ ਅਤੇ ਰੁਪਿੰਦਰ ਕੌਰ ਨੇ 48 ਕਿਲੋਗ੍ਰਾਮ ਵਿੱਚ ਸਿਲਵਰ ਮੈਡਲ ਹਾਸਲ ਕੀਤਾ।ਇਨ੍ਹਾਂ ਤਿੰਨਾਂ ਖਿਡਾਰਨਾਂ ਦੀ ਚੋਣ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ ਲਈ ਹੋਈ ਹੈ, ਜੋ ਮਾਰਚ 2026 ਵਿੱਚ ਇੰਦੌਰ ਵਿਖੇ ਆਯੋਜਿਤ ਹੋ ਰਹੀ ਹੈ।ਇਸ ਦੌਰਾਨ ਵਾਈਸ ਚਾਂਸਲਰ ਸਾਹਿਬ ਨੇ ਆਉਣ ਵਾਲੇ ਸਮੇਂ ਵਿੱਚ ਕਾਲਜ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਵਾਈਸ ਚਾਂਸਲਰ ਸਾਹਿਬ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪੜ੍ਹਾਈ ਦੇ ਨਾਲ-ਨਾਲ ਸ਼ਖ਼ਸੀਅਤ ਦੇ ਬਹੁਪੱਖੀ ਵਿਕਾਸ ਲਈ ਖੇਡਾਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ।ਉਨ੍ਹਾਂ ਨੇ ਆਖਿਆ ਕਿ ਸਪੋਰਟਸ ਯੂਨੀਵਰਸਿਟੀ ਖਿਡਾਰੀਆਂ ਲਈ ਵਰਦਾਨ ਸਾਬਿਤ ਹੋਵੇਗੀ। ਇਸ ਕਰਕੇ ਖਿਡਾਰੀ ਵੱਧ-ਚੜ੍ਹ ਕੇ ਇਸ ਕਾਲਜ ਵਿੱਚ ਦਾਖ਼ਲਾ ਲੈਣ ਤਾਂ ਜੋ ਉਨ੍ਹਾਂ ਦਾ ਭਵਿੱਖ ਸੁਨਹਿਰੀ ਹੋ ਸਕੇ। ਇਹ ਯੂਨੀਵਰਸਿਟੀ ਪੇਂਡੂ ਇਲਾਕੇ ਦੇ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸੁਵਿਧਾਵਾਂ ਦੇਵੇਗੀ।ਖੇਡ ਜਗਤ ਵਿੱਚ ਪੇਂਡੂ ਇਲਾਕੇ ਦੇ ਖਿਡਾਰੀਆਂ ਨੂੰ ਆਪਣੇ ਇਲਾਕੇ ਦਾ ਨਾਂ ਚਮਕਾਉਣ ਦਾ ਮੌਕਾ ਮਿਲੇਗਾ।ਇਸ ਮੌਕੇ ਕਾਲਜ ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਜੀ ਨੇ ਕਾਲਜ ਬਾਰੇ ਸਥਾਨਿਕ ਲੋਕਾਂ ਦੇ ਸਕਾਰਾਤਮਕ ਹੁੰਗਾਰੇ ਬਾਰੇ ਦੱਸਿਆ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਜ਼ਾਰ ਰਿਹਾ।

## ਪ੍ਰੀ-ਵੈਡਿੰਗ ਸ਼ੂਟ 'ਚ ਸ਼ਾਮਲ ਚੇਅਰਮੈਨ ਤੇ ਪੁਲਸ ਮੁਲਾਜ਼ਮਾਂ ਨੂੰ ਮੁਅੱਤਲ ਕੀਤਾ ਜਾਵੇ:ਮਜੀਠੀਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮੰਗ ਕੀਤੀ ਕਿ ਆਪ ਦੇ ਬਟਾਲਾ ਮਾਰਕੀਟ ਕਮੇਟੀ ਦੇ ਚੇਅਰਮੈਨ ਮਾਨਿਕ ਮਹਿਤਾ ਵੱਲੋਂ ਆਪਣੀ ਪ੍ਰੀ ਵੈਡਿੰਗ ਸ਼ੂਟ ਵਾਸਤੇ ਪੰਜਾਬ ਪੁਲਸ ਮੁਲਾਜ਼ਮਾਂ ਦੀ ਦੁਰਵਰਤੋਂ ਕਰਨ ਲਈ ਉਨ੍ਹਾਂ ਨੂੰ ਤੁਰੰਤ ਮੁਅੱਤਲ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਹੜੇ ਵੀ ਮੁਲਾਜ਼ਮ ਇਸ ਪ੍ਰੀ ਵੈਡਿੰਗ ਸ਼ੂਟ ਵਿਚ ਸ਼ਾਮਲ ਹੋਏ ਹਨ, ਉਨ੍ਹਾਂ ਨੂੰ ਵੀ ਮੁਅੱਤਲ ਕੀਤਾ ਜਾਣਾ ਚਾਹੀਦਾ ਹੈ ਅਤੇ ਕਾਰਜਕਾਰੀ ਡੀਜੀਪੀ ਗੌਰਵ ਯਾਦਵ ਦੱਸਣ ਕਿ ਪੁਲਸ ਮੁਲਾਜ਼ਮਾਂ ਨੂੰ ਅਜਿਹੇ ਪ੍ਰੋਗਰਾਮ ਵਿਚ ਸ਼ਾਮਲ ਹੋਣ ਦੀ ਆਗਿਆ ਕਿਵੇਂ ਅਤੇ ਕਿਉਂ ਦਿੱਤੀ ਗਈ? ਜਾਰੀ ਕੀਤੇ ਇਕ ਬਿਆਨ ਵਿਚ ਅਕਾਲੀ ਆਗੂ ਨੇ ਕਿਹਾ ਕਿ ਇਹ ਹੈਰਾਨ ਕਰ ਦੇਣ ਵਾਲਾ ਮਾਮਲਾ ਹੈ ਕਿ ਆਪ ਆਗੂ ਉਸ ਵੇਲੇ ਪਲਸ ਮੁਲਾਜ਼ਮਾਂ ਨੂੰ ਫਿਲਮੀ ਸ਼ੂਟ ਵਿਚ 'ਵਾਧੂ' ਵਜੋਂ ਵਰਤ ਰਹੇ ਹਨ ਜਦੋਂ ਦੇਸ਼ ਵਿਰੋਧੀ ਅਨਸਰ ਪਾਕਿਸਤਾਨ ਨਾਲ ਲੱਗਦੀ ਕੌਮਾਂਤਰੀ ਸਰਹੱਦ 'ਤੇ ਸਾਡੇ ਪੁਲਸ ਮੁਲਾਜ਼ਮਾਂ ਦਾ ਕਤਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹਾ ਉਸ ਵੇਲੇ ਕੀਤਾ ਜਾ ਰਿਹਾ ਹੈ ਜਦੋਂ ਕਿ ਸਾਡੀ ਆਪਣੀ ਪੁਲਸ ਫੋਰਸ ਦੇ ਨਾਲ-ਨਾਲ ਆਮ ਨਾਗਰਿਕਾਂ ਦੀ ਸੁਰੱਖਿਆ 'ਤੇ ਸਵਾਲ ਹਨ।ਉਨ੍ਹਾਂ ਕਿਹਾ ਕਿ ਇਕ ਏ ਐੱਸ ਆਈ ਸਮੇਤ ਦੋ ਪੁਲਸ ਮੁਲਾਜ਼ਮਾਂ ਦੇ ਕਤਲ ਦੀ ਜਾਂਚ ਦੀ ਢਿੱਲ ਮੱਠ ਦੱਸਦੀ ਹੈ ਕਿ ਪੰਜਾਬ ਪੁਲਸ ਨੂੰ ਹਾਲੇ ਤੱਕ ਨਹੀਂ ਪਤਾ ਲੱਗਾ ਕਿ ਕਤਲ ਕਿਸਨੇ ਅਤੇ ਕਿਉਂ ਕੀਤੇ?

# ਏ ਬੀ ਕਾਲਜ ਪਠਾਨਕੋਟ 'ਚ ਐੱਨਐੱਸਐੱਸ ਕੈਂਪ ਆਯੋਜਿਤ




ਪਠਾਨਕੋਟ (ਦਵਿੰਦਰ ਸਿੰਘ)-ਏ ਬੀ ਕਾਲਜ ਪਠਾਨਕੋਟ ਵੱਲੋਂ ਐੱਨਐੱਸਐੱਸ ਇਕਾਈ ਵੱਲੋਂ ਕਾਲਜ ਕੈਂਪਸ ਵਿੱਚ ਇੱਕ ਦਿਵਸੀ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ।ਲਗਭਗ 30 ਐੱਨਐੱਸਐੱਸ ਸਵੈ-ਸੇਵਕਾਂ ਨੇ ਜੋਸ਼ ਅਤੇ ਸਮਰਪਣ ਨਾਲ ਭਾਗ ਲਿਆ।ਕੈਂਪ ਦੀ ਸਾਫ-ਸਫ਼ਾਈ ਕੀਤੀ। ਗਮਲਿਆਂ ਨੂੰ ਰੰਗਿਆ ਅਤੇ ਕਾਲਜ ਕੈਂਪਸ ਦੀ ਸਮੁੱਚੀ ਦਿੱਖ ਨੂੰ ਸੁਧਾਰਣ ਲਈ ਸਵੈ-ਸੇਵਕਾਂ ਨੇ ਮਿਲਜੁਲ ਕੇ ਕੰਮ ਕੀਤਾ।

ਉਨ੍ਹਾਂ ਦੇ ਟੀਮ ਵਰਕ ਅਤੇ ਸਰਗਰਮ ਭੂਮਿਕਾ ਦੀ ਸਭ ਨੇ ਪ੍ਰਸ਼ੰਸਾ ਕੀਤੀ।ਕਾਲਜ ਦੇ ਪ੍ਰਿੰਸੀਪਲ ਕੁਲਦੀਪ ਗੁਪਤਾ ਨੇ ਸੰਬੋਧਨ ਕਰਦੇ ਹੋਏ ਸਵੈ-ਸੇਵਕਾਂ ਨੂੰ ਨੂੰ ਸਮਾਜ 'ਚ ਸੇਵਾ ਹਿੱਤ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਉਨ੍ਹਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਗਰੁੱਪ ਸਰਵਿਸ ਦੇ ਮਹੱਤਵ ਉਤੇ ਚਾਨਣ ਪਾਇਆ।ਇਸ ਮੌਕੇ ਐੱਨਐੱਸਐੱਸ ਪ੍ਰੋਗਰਾਮ ਅਫ਼ਸਰ ਮੋਨਿਕਾ, ਨਿਧੀ ਰਾਣਾ, ਡਾ. ਮੰਦੀਪ ਕੁਮਾਰ ਅਤੇ ਬਲਜੋਧ ਸਿੰਘ ਹਾਜ਼ਰ ਸਨ।ਉਨ੍ਹਾਂ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਅਤੇ ਨੌਜਵਾਨਾਂ ਵਿੱਚ ਜ਼ਿੰਮੇਵਾਰੀ ਅਤੇ ਅਨੁਸ਼ਾਸਨ ਦੀ ਭਾਵਨਾ ਵਿਕਸਤ ਕਰਨ ਵਿੱਚ ਸਮਾਜਿਕ ਗਤੀਵਿਧੀਆਂ ਦੇ ਮਹੱਤਵ ਬਾਰੇ ਸਮਝਾਇਆ।ਸਾਰੇ ਸਵੈ-ਸੇਵਕਾਂ ਦੀ ਸਰਗਰਮ ਭਾਗੀਦਾਰੀ ਨਾਲ ਕੈਂਪ ਸਫਲਤਾਪੂਰਵਕ ਸਮਾਪਤ ਹੋਇਆ।

# 4 ਨਾਜਾਇਜ਼ ਪਿਸਤੌਲਾਂ ਸਮੇਤ 3 ਕਾਬੂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- 25 ਫਰਵਰੀ 2026 ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ ਗੈਂਗਸਟਰਾਂ ਅਤੇ ਅਪਰਾਧਕ ਤੱਤਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸੁਲਤਾਨਪੁਰ ਲੋਧੀ ਪੁਲਸ ਨੇ ਮਹੱਤਵਪੂਰਨ ਸਫਲਤਾ ਹਾਸਲ ਕਰਦਿਆਂ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਦੇ ਕਬਜ਼ੇ ਵਿੱਚੋਂ 4 ਨਜਾਇਜ਼ ਪਿਸਟਲਾਂ ਅਤੇ 4 ਜਿੰਦਾ ਰੌਂਦਾਂ ਬਰਾਮਦ ਕੀਤੀਆਂ ਹਨ। ਪੁਲਸ ਮੁਤਾਬਕ ਇਹ ਕਾਰਵਾਈ ਇਲਾਕੇ ਵਿੱਚ ਵੱਡੀ ਅਪਰਾਧਕ ਸਾਜ਼ਿਸ਼ ਨੂੰ ਨਾਕਾਮ ਕਰਨ ਵੱਲ ਅਹਿਮ ਕਦਮ ਮੰਨੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਹਰਗੁਰਦੇਵ ਸਿੰਘ ਨੇ ਦੱਸਿਆ ਕਿ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਗੌਰਵ ਤੂਰਾ, ਪੁਲਿਸ ਕਪਤਾਨ ਤਫਤੀਸ਼ ਪ੍ਰਭਜੋਤ ਸਿੰਘ ਤੇ ਸਹਾਇਕ ਪੁਲਿਸ ਕਪਤਾਨ ਸੁਲਤਾਨਪੁਰ ਲੋਧੀ ਸ੍ਰੀ ਧਰੇਂਦਰ ਵਰਮਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਮੁਖੀ ਇੰਸਪੈਕਟਰ ਹਰਿੰਦਰ ਸਿੰਘ ਦੀ ਅਗਵਾਈ ਵਿੱਚ ਪੁਲਿਸ ਟੀਮ ਨੇ ਇਹ ਕਾਰਵਾਈ ਅੰਜਾਮ ਦਿੱਤੀ।ਉਹਨਾਂ ਦੱਸਿਆ ਕਿ 15 ਫਰਵਰੀ 2026 ਨੂੰ ਏ ਐੱਸ ਆਈ ਲਖਵਿੰਦਰਪਾਲ ਸਿੰਘ ਚੌਂਕੀ ਮੋਠਾਂਵਾਲ ਸਮੇਤ ਪੁਲਿਸ ਪਾਰਟੀ ਅੱਡਾ ਡਡਵਿੰਡੀ ਬੱਸ ਸਟੈਂਡ ’ਤੇ ਸਮਾਜ ਵਿਰੋਧੀ ਅਨਸਰਾਂ ਦੀ ਤਲਾਸ਼ ਵਿੱਚ ਮੌਜੂਦ ਸੀ। ਇਸ ਦੌਰਾਨ ਮੁਖਬਰ ਖਾਸ ਤੋਂ ਇਤਲਾਹ ਮਿਲੀ ਕਿ ਵਿਸ਼ਾਲ ਪੁੱਤਰ ਬੱਗਾ ਸਿੰਘ ਵਾਸੀ ਤਲਵੰਡੀ ਪਾਈ (ਥਾਣਾ ਕੋਤਵਾਲੀ ਕਪੂਰਥਲਾ) ਕੋਲ ਨਜਾਇਜ਼ ਅਸਲਾ ਹੈ ਤੇ ਉਸ ਦੇ ਮਾੜੇ ਤੱਤਾਂ ਨਾਲ ਸੰਬੰਧ ਹਨ।ਇਤਲਾਹ ਦੇ ਆਧਾਰ ’ਤੇ ਪੁਲਿਸ ਨੇ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਤੇ ਵਿਸ਼ਾਲ ਨੂੰ ਗ੍ਰਿਫਤਾਰ ਕਰ ਲਿਆ। ਉਸ ਪਾਸੋਂ 2 ਨਜਾਇਜ਼ ਪਿਸਟਲਾਂ ਤੇ 4 ਜਿੰਦਾ ਰੌਂਦਾਂ ਬਰਾਮਦ ਕੀਤੀਆਂ ਗਈਆਂ। ਪੁੱਛਗਿੱਛ ਦੌਰਾਨ ਵਿਸ਼ਾਲ ਨੇ ਖੁਲਾਸਾ ਕੀਤਾ ਕਿ ਉਸ ਨੇ ਇਹ ਪਿਸਟਲ ਮਨਪ੍ਰੀਤ ਸਿੰਘ ਉਰਫ ਮਾਪੀ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਪੰਮਣ (ਥਾਣਾ ਤਲਵੰਡੀ ਚੌਧਰੀਆਂ) ਪਾਸੋਂ ਕਰੀਬ ਇੱਕ ਮਹੀਨਾ ਪਹਿਲਾਂ 3 ਲੱਖ ਰੁਪਏ ਵਿੱਚ ਖਰੀਦੇ ਸਨ। ਪੁਲਿਸ ਨੇ ਮਨਪ੍ਰੀਤ ਸਿੰਘ ਉਰਫ ਮਾਪੀ ਨੂੰ ਗ੍ਰਿਫਤਾਰ ਕਰਕੇ ਉਸਦੇ ਪਾਸੋਂ ਇੱਕ ਹੋਰ ਵਿਦੇਸ਼ੀ ਪਿਸਟਲ ਮਾਰਕਾ ਬਰੇਟਾ .30 ਬੋਰ ਬਰਾਮਦ ਕੀਤਾ।ਅੱਗੇ ਦੀ ਜਾਂਚ ਦੌਰਾਨ ਅਮਨਦੀਪ ਸਿੰਘ ਉਰਫ ਅਮਨ ਪੁੱਤਰ ਦਲਬੀਰ ਸਿੰਘ ਵਾਸੀ ਪੰਮਣ ਨੂੰ ਵੀ ਨਾਮਜ਼ਦ ਕੀਤਾ ਗਿਆ, ਜੋ ਪਹਿਲਾਂ ਹੀ ਹੁਸ਼ਿਆਰਪੁਰ ਜੇਲ੍ਹ ਵਿੱਚ ਬੰਦ ਸੀ। ਪੁਲਿਸ ਨੇ ਉਸਨੂੰ ਪ੍ਰੋਡਕਸ਼ਨ ਵਾਰੰਟ ’ਤੇ ਲਿਆ ਕੇ ਗ੍ਰਿਫਤਾਰ ਕਰ ਲਿਆ।ਪੁਲਸ ਨੇ ਤਿੰਨਾਂ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਹੈ ਅਤੇ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ ਤਾਂ ਜੋ ਅਸਲੇ ਦੀ ਸਪਲਾਈ ਚੇਨ, ਸੰਭਾਵਿਤ ਅਪਰਾਧਕ ਯੋਜਨਾਵਾਂ ਅਤੇ ਹੋਰ ਸਾਥੀਆਂ ਬਾਰੇ ਜਾਣਕਾਰੀ ਮਿਲ ਸਕੇ। ਡੀਐਸਪੀ ਨੇ ਦੱਸਿਆ ਕਿ ਮਨਪ੍ਰੀਤ ਸਿੰਘ ਉਰਫ ਮਾਪੀ ਖ਼ਿਲਾਫ਼ ਵੱਖ-ਵੱਖ ਥਾਣਿਆਂ ਵਿੱਚ 9 ਅਤੇ ਅਮਨਦੀਪ ਸਿੰਘ ਖ਼ਿਲਾਫ਼ 5 ਮਾਮਲੇ ਪਹਿਲਾਂ ਤੋਂ ਦਰਜ ਹਨ।



# ਬੱਲਾਂ-ਆਦਮਪੁਰ ’ਚ ਕੱਟੀ ਨਜਾਇਜ਼ ਕਲੋਨੀ

**ਜਲੰਧਰ, (ਸੁਰਿੰਦਰ ਕੁਮਾਰ)**- ਪਿੰਡ ਬੱਲਾਂ ਤੇ ਆਦਮਪੁਰ ਵਿੱਚ ਨਜਾਇਜ਼ ਕਲੋਨੀਆਂ ਕੱਟ ਕੇ ਨੁਕਸਾਨ ਪਹੁੰਚਾਉਣ ਵਾਲੇ ਕਲੋਨਾਈਜ਼ਰ ਨੇ ਇੱਕ ਵਾਰ ਫਿਰ ਸ਼ਾਮ 84 ਇਲਾਕੇ ਵਿੱਚ ਨਵੀਂ ਨਜਾਇਜ਼ ਕਲੋਨੀ ਕੱਟ ਕੇ ਸਰਕਾਰੀ ਮਾਲੀਏ ਨੂੰ ਵੱਡਾ ਝਟਕਾ ਦਿੱਤਾ ਹੈ।ਸੂਤਰਾਂ ਅਨੁਸਾਰ ਆਦਮਪੁਰ ਇਲਾਕੇ ਦਾ ਰਹਿਣ ਵਾਲਾ ਸੁਖਦੇਵ, ਜੋ ਕਿ ਪੇਸ਼ੇ ਨਾਲ ਕਲੋਨਾਈਜ਼ਰ ਹੈ, ਨੇ ਸ਼ਾਮ 84 ਵਿੱਚ ਲਗਭਗ ਡੇਢ ਏਕੜ ਜ਼ਮੀਨ ਵਿੱਚ ਨਵੀਂ ਕਲੋਨੀ ਦੀ ਸ਼ੁਰੂਆਤ ਕੀਤੀ ਹੈ। ਜਾਣਕਾਰੀ ਮਿਲੀ ਹੈ ਕਿ ਉਕਤ ਕਲੋਨੀ ਤਹਿਸੀਲ ਕੰਪਲੈਕਸ ਤੋਂ ਕੁਝ ਹੀ ਦੂਰੀ ’ਤੇ ਵਿਕਸਿਤ ਕੀਤੀ ਜਾ ਰਹੀ ਹੈ ਅਤੇ ਪ੍ਰਾਰੰਭਿਕ ਤੌਰ ’ਤੇ ਇਹ ਪੂਰੀ ਤਰ੍ਹਾਂ ਨਜਾਇਜ਼ ਦੱਸੀ ਜਾ ਰਹੀ ਹੈ।ਦਾਅਵਾ ਕੀਤਾ ਜਾ ਰਿਹਾ ਹੈ ਕਿ ਕਲੋਨਾਈਜ਼ਰ ਵੱਲੋਂ ਲੋਕਾਂ ਨੂੰ ਇਹ ਕਿਹਾ ਜਾ ਰਿਹਾ ਹੈ ਕਿ ਕਲੋਨੀ ਸਰਕਾਰ ਤੋਂ ਪਾਸ ਹੈ ਅਤੇ ਸਾਰੇ ਲਾਜ਼ਮੀ ਮਾਲੀਆ ਜਮ੍ਹਾਂ ਕਰਵਾਏ ਜਾ ਚੁੱਕੇ ਹਨ, ਇਸ ਕਰਕੇ ਰਜਿਸਟਰੀ ਵਿੱਚ ਕੋਈ ਰੁਕਾਵਟ ਨਹੀਂ ਆਵੇਗੀ। ਹਾਲਾਂਕਿ ਸੂਤਰਾਂ ਮੁਤਾਬਕ ਇਸ ਸਬੰਧੀ ਅਧਿਕਾਰਕ ਮਨਜ਼ੂਰੀ ਨਹੀਂ ਲਈ ਗਈ। ਇਹ ਵੀ ਚਰਚਾ ਹੈ ਕਿ ਨਗਰ ਕੌਂਸਲ ਅਧਿਕਾਰੀ ਵੱਲੋਂ ਕਲੋਨਾਈਜ਼ਰ ਨੂੰ ਮੌਖਿਕ ਚੇਤਾਵਨੀ ਦੇ ਕੇ ਛੱਡ ਦਿੱਤਾ ਗਿਆ, ਪਰ ਮੌਕੇ ’ਤੇ ਕੋਈ ਢੰਗ ਦੀ ਕਾਰਵਾਈ ਨਹੀਂ ਹੋਈ, ਜਿਸ ਕਾਰਨ ਪ੍ਰਸ਼ਾਸਨਿਕ ਭੂਮਿਕਾ ’ਤੇ ਸਵਾਲ ਖੜ੍ਹੇ ਹੋ ਰਹੇ ਹਨ।ਯਾਦ ਰਹੇ ਕਿ ਇਸ ਤੋਂ ਪਹਿਲਾਂ ਵੀ ਇਸੇ ਕਲੋਨਾਈਜ਼ਰ ਵੱਲੋਂ ਪਿੰਡ ਬੱਲਾਂ ਅਤੇ ਆਦਮਪੁਰ ਵਿੱਚ ਨਜਾਇਜ਼ ਕਲੋਨੀਆਂ ਕੱਟਣ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ, ਜਿਨ੍ਹਾਂ ਨਾਲ ਸਰਕਾਰ ਨੂੰ ਵੱਡੇ ਪੱਧਰ ’ਤੇ ਰੇਵਨਿਊ ਨੁਕਸਾਨ ਹੋਇਆ ਸੀ।ਮੌਕੇ ’ਤੇ ਮਿੱਟੀ ਦੀਆਂ ਸੜਕਾਂ ਤਿਆਰ ਕਰ ਦਿੱਤੀਆਂ ਗਈਆਂ ਹਨ, ਪਰ ਕਲੋਨੀ ਵਿੱਚ ਨਾ ਤਾਂ ਸੀਵਰੇਜ ਪ੍ਰਣਾਲੀ ਹੈ ਅਤੇ ਨਾ ਹੀ ਬਿਜਲੀ ਦੀ ਕੋਈ ਵਿਵਸਥਾ। ਇਸ ਨਾਲ ਭਵਿੱਖ ਵਿੱਚ ਪਲਾਟ ਖਰੀਦਦਾਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਇਸ ਸਬੰਧੀ ਜਲੰਧਰ ਦੇ ਇੱਕ ਆਰ ਟੀ ਆਈ ਐਕਟੀਵਿਸਟ ਵੱਲੋਂ ਸ਼ਾਮ 84 ਨਗਰ ਕੌਂਸਲ ਵਿੱਚ ਸ਼ਿਕਾਇਤ ਦਰਜ ਕਰਵਾਉਣ ਦੀ ਤਿਆਰੀ ਕੀਤੀ ਗਈ ਹੈ। ਸ਼ਿਕਾਇਤ ਵਿੱਚ ਮੰਗ ਕੀਤੀ ਗਈ ਹੈ ਕਿ ਕਲੋਨਾਈਜ਼ਰ ਖਿਲਾਫ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਸਰਕਾਰ ਵੱਲੋਂ ਐਲਾਨੇ ਗਏ 25 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਪ੍ਰਵਧਾਨਾ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਇਸ ਮਾਮਲੇ ਸਬੰਧੀ ਅਧਿਕਾਰੀਆਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਖ਼ਬਰ ਲਿਖੇ ਜਾਣ ਤੱਕ ਉਨ੍ਹਾਂ ਦਾ ਪੱਖ ਸਾਹਮਣੇ ਨਹੀਂ ਆ ਸਕਿਆ।



# ਪੰਜਾਬ ਸਰਕਾਰ ਵੱਲੋਂ ਸਟ੍ਰੀਟ ਵੈਂਡਰਾਂ ਨੂੰ ਵੱਡੀ ਰਾਹਤ

**ਨਵਾਂਸ਼ਹਿਰ, (ਮਨੋਜ ਲਾਡੀ)**- ਪੰਜਾਬ ਸਟ੍ਰੀਟ ਵੈਂਡਰਜ਼ (ਪ੍ਰੋਟੈਕਸ਼ਨ ਆਫ ਲਾਈਵਲੀਹੁਡ ਐਂਡ ਰੈਗੂਲੇਸ਼ਨ ਆਫ਼ ਸਟ੍ਰੀਟ ਵੈਂਡਿੰਗ) ਸਕੀਮ 2016 ਦੀ ਉਪ-ਧਾਰਾ (10) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੰਜਾਬ ਦੇ ਰਾਜਪਾਲ ਨੇ ਰਾਜ ਦੀਆਂ ਲੋਕਲ ਅਥਾਰਿਟੀਆਂ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਸਟ੍ਰੀਟ ਵੈਂਡਿੰਗ ਫੀਸ ਵਿੱਚ ਛੋਟ ਮਨਜ਼ੂਰ ਕੀਤੀਆਂ ਹਨ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਬਲਬੀਰ ਰਾਜ ਸਿੰਘ ਨੇ ਦਿੰਦਿਆ ਦੱਸਿਆ ਕਿ ਜੋ ਸਟ੍ਰੀਟ ਵੈਂਡਰ ਆਪਣੀ ਵੈਂਡਿੰਗ ਫੀਸ ਇੱਕ ਮੁਸ਼ਤ ਸਾਲਾਨਾ ਅਧਾਰ ’ਤੇ ਜਮ੍ਹਾ ਕਰਵਾਉਣ ਦੀ ਚੋਣ ਕਰਨਗੇ, ਉਹਨਾਂ ਨੂੰ ਉਸ ਸਾਲ ਲਈ ਦੇਣਯੋਗ ਕੁੱਲ ਵੈਂਡਿੰਗ ਫੀਸ ’ਤੇ 20% ਛੋਟ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੋ ਸਟ੍ਰੀਟ ਵੈਂਡਰ ਆਪਣੀ ਵੈਂਡਿੰਗ ਫੀਸ ਅੱਧ-ਸਾਲਾਨਾ ਅਧਾਰ ’ਤੇ ਅਗਾਊਂ ਕਿਸ਼ਤਾਂ ਵਿੱਚ ਜਮ੍ਹਾ ਕਰਵਾਉਣ ਦੀ ਚੋਣ ਕਰਨਗੇ, ਉਹਨਾਂ ਨੂੰ ਦੇਣਯੋਗ ਵੈਂਡਿੰਗ ਫੀਸ ’ਤੇ 10% ਛੋਟ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਨੋਟੀਫਿਕੇਸ਼ਨ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗਾ ਤੇ ਅਗਲੇ ਹੁਕਮਾਂ ਤੱਕ ਪ੍ਰਭਾਵੀ ਰਹੇਗਾ।

# ਜੀ ਐੱਨ ਐੱਮ ਦਾ ਨਤੀਜਾ ਸ਼ਾਨਦਾਰ ਰਿਹਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ( ਰਜਿ. ) ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਟਿਊਟ ਆਫ ਨਰਸਿੰਗ ਦੀ ਕਲਾਸ ਜੀ ਐਨ ਐਮ ਦੂਸਰਾ ਸਾਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਇਸ ਸਬੰਧੀ ਨਰਸਿੰਗ ਕਾਲਜ ਦੇ ਪ੍ਰਿੰਸੀਪਲ ਰੇਨੂ ਬਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਲ ਵੱਲੋਂ ਐਲਾਨੇ ਗਏ ਇਹਨਾਂ ਨਤੀਜਿਆਂ ਵਿੱਚ ਸਾਡੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਉਹਨਾਂ ਦੱਸਿਆ ਕਿ ਜੀ ਐਨ ਐਮ ਦੂਸਰਾ ਸਾਲ ਦੀਆਂ ਸਾਰੀਆਂ ਵਿਦਿਆਰਥਣਾਂ ਚੰਗੇ ਨੰਬਰ ਲੈ ਗਏ ਪਾਸ ਹੋਈਆਂ ਹਨ ਜਿਨਾਂ ਵਿੱਚ ਮਨਪ੍ਰੀਤ ਕੌਰ ਬਰਨਪ੍ਰੀਤ ਸੈਣੀ ਮੁਸਕਾਨ ਸੰਧੂ ਬੰਦਨਾ ਰਾਣੀ ਗੁਰਲੀਨ ਕੌਰ ਆਦਿ ਵਿਦਿਆਰਥਣਾਂ ਨੇ ਕਾਲਜ ਵਿੱਚੋਂ ਪਹਿਲੀਆਂ ਚਾਰ ਪੁਜੀਸ਼ਨਾਂ ਹਾਸਿਲ ਕਰਕੇ ਜੀ ਆਰ ਡੀ ਨਰਸਿੰਗ ਕਾਲਜ ਦਾ ਨਾਮ ਚਮਕਾਇਆ। ਇਸ ਸੰਬੰਧੀ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀਮਤੀ ਪ੍ਰਦੀਪ ਕੌਰ, ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ, ਮੈਨੇਜਰ ਸਰਬਜੀਤ ਸਿੰਘ ਮੋਮੀ, ਪ੍ਰਿੰਸੀਪਲ ਰੇਨੂ ਬਾਲਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਐਡਮਿਨਸਟਰੇਟਰ ਦਲਜਿੰਦਰ ਕੌਰ ਤੋਂ ਇਲਾਵਾ ਸਾਰੇ ਪ੍ਰਬੰਧਕਾਂ ਅਤੇ ਸਟਾਫ ਮੈਂਬਰਾਂ ਨੇ ਚੰਗੀਆਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਅਤੇ ਸਾਰੇ ਹੀ ਕਲਾਸ ਵਿੱਚੋਂ ਪਾਸ ਹੋਣੇ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।

# ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਡਾਇਰੈਕਟਰ ਵਜ਼ੀਰ ਚੰਦ ਦਾ ਦੇਹਾਂਤ

## ਦੂਲੋ ਸਮੇਤ ਵੱਖ ਵੱਖ ਸਿਆਸੀ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਮੋਰਿੰਡਾ, (ਨਿਹਾਲ ਸਿੰਘ ਕਲਸੀ)**- ਸੀਨੀਅਰ ਕਾਂਗਰਸੀ ਆਗੂ ਪੰਡਤ ਵਜ਼ੀਰ ਚੰਦ ਡਾਇਰੈਕਟਰ ਦੀ ਰੋਪੜ ਸੈਂਟਰਲ ਕੋਆਪ੍ਰੇਟਿਵ ਬੈਂਕ ਦਾ ਲੰਬੀ ਬਿਮਾਰੀ ਉਪਰੰਤ ਦੇਹਾਂਤ ਹੋ ਗਿਆ। ਇਹਨਾਂ ਦੀ ਮ੍ਰਿਤਕ ਦੇਹ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਉਹਨਾਂ ਦੇ ਸਪੁੱਤਰ ਨਵਜੀਤ ਸਿੰਘ ਨਵੀ ਤੇ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ ਨੇ ਕਾਂਗਰਸ ਪਾਰਟੀ ਦਾ ਝੰਡਾ ਪਾ ਕੇ ਉਹਨਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਉਹਨਾਂ ਦੀ ਮ੍ਰਿਤਕ ਦੇਹ ਦਾ ਸ਼ਮਸ਼ਾਨਘਾਟ ਮੋਰਿੰਡਾ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਕਾਂਗਰਸੀ ਆਗੂ ਵਜ਼ੀਰ ਚੰਦ ਦੀ ਮੌਤ ਤੇ ਗਹਿਰਾ ਦੁਖ ਪ੍ਰਗਟ ਕਰਦਿਆਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਸ਼ਮਸ਼ੇਰ ਸਿੰਘ ਦੂਲੋ ਸਾਬਕਾ ਮੰਤਰੀ, ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ, ਸਾਬਕਾ ਮੰਤਰੀ ਜਗਮੋਹਨ ਸਿੰਘ ਕੰਗ,ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ ਦੇ ਸਾਬਕਾ ਚੇਅਰਮੈਨ ਵਿਜੇ ਸ਼ਰਮਾ ਟਿੰਕੂ, ਨਵਦੀਪ ਸਿੰਘ ਨਵੀ ਪ੍ਰਧਾਨ ਜ਼ਿਲ੍ਹਾ ਯੂਥ ਕਾਂਗਰਸ ਰੂਪਨਗਰ, ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੀਸ਼ ਸਿੰਘ ਭਟੋਆ, ਪੀ ਏ ਡੀ ਬੀ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਸੀਨੀਅਰ ਕਾਂਗਰਸੀ ਆਗੂ ਹਰਮਿੰਦਰ ਸਿੰਘ ਲੱਕੀ, ਸਾਬਕਾ ਪ੍ਰਧਾਨ ਹਰੀਪਾਲ, ਰਾਕੇਸ਼ ਕੁਮਾਰ ਬੱਗਾ, ਕੌਂਸਲਰ, ਰਾਜੇਸ਼ ਕੁਮਾਰ ਸਸੋਦੀਆ,ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਹਰਜੀਤ ਸਿੰਘ ਸੋਢੀ, ਸਨਦੀਪ ਕੁਮਾਰ ਸੋਨੂੰ, ਦਵਿੰਦਰ ਸਿੰਘ ਦੇਵਗਨ, ਧਰਮਪਾਲ ਥੰਮਣ, ਰਣਜੀਤ ਸਿੰਘ ਜੀਤੀ ਸਾਬਕਾ ਸਰਪੰਚ ਮੜੌਲੀ ਕਲਾਂ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਅਮਰਜੀਤ ਸਿੰਘ ਕੰਗ, ਭਾਜਪਾ ਆਗੂ ਜਤਿੰਦਰ ਗੁੰਬਰ, ਕਮਿਊਨਿਸਟ ਆਗੂ ਕਾਮਰੇਡ ਕਾਕਾ ਰਾਮ, ਆਪ ਆਗੂ ਨਿਰਮਲ ਸਿੰਘ ਮੇਹਰਬਾਨ, ਮਾ ਹਾਕਮ ਸਿੰਘ, ਹੈਡ ਮਾਸਟਰ ਗੁਰਦੇਵ ਸਿੰਘ ਤੂਰ, ਥਾਣੇਦਾਰ ਦਵਿੰਦਰ ਸਿੰਘ ਧਾਲੀਵਾਲ ਨੇ ਆਖਿਆ ਕਿ ਵਜ਼ੀਰ ਚੰਦ ਹਰਮਨ ਪਿਆਰੇ ਆਗੂ ਸਨ।



# ਸ਼ੋਭਾ ਯਾਤਰਾ 3 ਅਪ੍ਰੈਲ ਤੋਂ 5 ਅਪ੍ਰੈਲ ਤੱਕ

**ਹੁਸ਼ਿਆਰਪੁਰ (ਓ ਪੀ ਰਾਣਾ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਵੱਲੋਂ ਇਤਿਹਾਸਕ ਮਹਾਨ ਦਮੜੀ ਸ਼ੋਭਾ ਯਾਤਰਾ 3 ਅਪ੍ਰੈਲ ਤੋਂ 5 ਅਪ੍ਰੈਲ ਤੱਕ ਹੋਵੇਗੀ। ਇਸ ਯਾਤਰਾ ਲਈ 3 ਅਪ੍ਰੈਲ ਨੂੰ ਜਲੰਧਰ ਤੋਂ ਟਰੇਨਾਂ ਚੱਲਣਗੀਆਂ। ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ, ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੋ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਕੈਸ਼ੀਅਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ ਸਹਾਇਕ ਕੈਸ਼ੀਅਰ, ਸੰਤ ਬਲਵੰਤ ਸਿੰਘ ਡਿੰਗਰੀਆਂ ਮੀਤ ਪ੍ਰਧਾਨ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਜਸਵੰਤ ਸਿੰਘ ਰਾਵਲਪਿੰਡੀ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਸੰਤ ਰਮੇਸ਼ ਦਾਸ ਕੱਲਰਾਂ ਸ਼ੇਰਪੁਰ ਢਕੋਂ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਸੰਤੋਖ ਦਾਸ ਭਾਰਟਾ ਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਤੇ ਸੰਗਤਾਂ ਭਾਰੀ ਗਿਣਤੀ ਵਿੱਚ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣਗੇ।

# ਕੌਮਾਂਤਰੀ ਮਾਤ ਭਾਸ਼ਾ ਦਿਵਸ ਨੂੰ ਸਮਰਪਤ ਸੈਮੀਨਾਰ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠ ਤੇ ਜੰਡਿਆਲਾ ਲੋਕ ਭਲਾਈ ਮੰਚ ਦੇ ਸਹਿਯੋਗ ਨਾਲ ਪੰਜਾਬੀ ਵਿਭਾਗ ਦੇ ਉਪਰਾਲੇ ਤਹਿਤ ਕੌਮਾਂਤਰੀ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਇਸ ਦੇ ਪ੍ਰਸਾਰ ਲਈ ਪ੍ਰੇਰਿਤ ਕਰਨਾ ਸੀ। ਇਸ ਸਮਾਗਮ ਵਿੱਚ ਦੀਪਕ ਬਾਲੀ (ਸਲਾਹਕਾਰ ਸੱਭਿਆਚਾਰਕ ਮਾਮਲੇ ਵਿਭਾਗ, ਪੰਜਾਬ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ.ਵਰਿਆਮ ਸਿੰਘ ਸੰਧੂ (ਭਾਰਤੀ ਸਾਹਿਤ ਅਕਾਦਮੀ ਐਵਾਰਡੀ) ਇਸ ਸਮਾਗਮ ਦੇ ਮੁੱਖ ਵਕਤਾ ਸਨ। ਸਤਨਾਮ ਚਾਨਾ ਤੇ ਡਾ.ਜਸਪਾਲ ਸਿੰਘ ਰੰਧਾਵਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਇਸ ਮੌਕੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਆਏ ਹੋਏ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਂਟ ਕੀਤੇ ਤੇ ਨਿੱਘਾ ਸਵਾਗਤ ਕੀਤਾ।ਉਨ੍ਹਾਂ ਨੇ ਕੌਮਾਂਤਰੀ ਮਾਤ ਭਾਸ਼ਾ ਦਿਵਸ ਦੀਆਂ ਵਧਾਈਆ ਦਿੱਤੀਆਂ ਅਤੇ ਵਰਤਮਾਨ ਸਮੇਂ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਤੇ ਪ੍ਰਸ਼ੰਸਾ ਯੋਗ ਚਾਨਣ ਪਾਇਆ। ਮੰਚ ਸੰਚਾਲਨ ਡਾ.ਤਰਨਪ੍ਰੀਤ ਕੌਰ (ਪੰਜਾਬੀ ਵਿਭਾਗ) ਨੇ ਕੀਤਾ।



# ਮੋਟਰਸਾਈਕਲਾਂ ਦੀ ਟੱਕਰ ’ਚ ਨੌਜਵਾਨ ਦੀ ਮੌਤ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਬੀਤੇ ਦਿਨ ਚਮਕੌਰ ਸਾਹਿਬ-ਭੂਰੜੇ ਰੋਡ ਤੇ ਦੋ ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ ਦੌਰਾਨ ਇਕ ਨੌਜਵਾਨ ਦੀ ਦਰਦਨਾਕ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਥਾਣਾ ਮੁਖੀ ਰਜਿੰਦਰ ਕੁਮਾਰ ਨੇ ਦੱਸਿਆ ਕਿ ਇਕ ਮੋਟਰਸਾਈਕਲ ਵੱਲੋਂ ਦੂਜੇ ਮੋਟਰਸਾਈਕਲ ਨੂੰ ਟੱਕਰ ਮਾਰਨ ਕਾਰਨ ਮੋਟਰਸਾਈਕਲ ਚਾਲਕ ਰਣਜੀਤ ਸਿੰਘ ਪਿੰਡ ਭੂਰੜੇ ਸੜਕ ਦੇ ਕਿਨਾਰੇ ਖੜ੍ਹੇ ਬਿਜਲੀ ਦੇ ਖੰਭੇ ਨਾਲ ਜਾ ਟਕਰਾਇਆ, ਜਿਸ ਨਾਲ ਉਸ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ। ਇਸ ਹਾਦਸੇ ਤੋਂ ਬਾਅਦ ਟੱਕਰ ਮਾਰਨ ਵਾਲਾ ਮੋਟਰਸਾਈਕਲ ਚਾਲਕ ਨਰਿੰਦਰ ਸਿੰਘ ਪਿੰਡ ਫੂਲ ਕਲਾਂ ਮੌਕੇ ’ਤੇ ਹੀ ਰੁਕ ਗਿਆ। ਇਸੇ ਦੌਰਾਨ ਬਹਾਦਰ ਸਿੰਘ ਪਿੰਡ ਭੂਰੜੇ ਅਤੇ ਨਰਿੰਦਰ ਸਿੰਘ ਨੇ ਜ਼ਖ਼ਮੀ ਰਣਜੀਤ ਸਿੰਘ ਨੂੰ ਤੁਰੰਤ ਸਰਕਾਰੀ ਸਿਵਲ ਹਸਪਤਾਲ ਚਮਕੌਰ ਸਾਹਿਬ ਵਿਖੇ ਪਹੁੰਚਾਇਆ, ਜਿੱਥੇ ਉਸ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਬਹਾਦਰ ਸਿੰਘ ਪਿੰਡ ਭੂਰੜੇ ਦੇ ਬਿਆਨਾਂ ਦੇ ਆਧਾਰ ’ਤੇ ਮੋਟਰਸਾਈਕਲ ਚਾਲਕ ਨਰਿੰਦਰ ਸਿੰਘ ਵਿਰੁੱਧ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



# ਕਬੱਡੀ ਟੂਰਨਾਮੈਂਟ ਅਮਿੱਟ ਯਾਦਾਂ ਛੱਡਦਾ ਸਮਾਪਤ

**ਮਹਿਤਪੁਰ (ਰਾਜਾ)**- ਪਿੰਡ ਰਾਮੂਵਾਲ ਵਿਖੇ ਯੂਥ ਕਲੱਬ, ਐੱਨ ਆਰ ਆਈ, ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ ਜੋ ਕਿ ਅਮਿੱਟ ਯਾਦਾਂ ਛੱਡਦਾ ਸਮਾਪਤ ਹੋਇਆ। ਜਿਸ ਵਿੱਚ ਰਾਮੂਵਾਲ ਦੀਆਂ ਟੀਮਾਂ ਨੇ ਮਾਰੀ ਬਾਜੀ 57 ਕਿਲੋ ਵਿੱਚ ਰਾਮੂਵਾਲ ਨੇ ਕ੍ਰਿਸ਼ਨਪੁਰਾ ਨੂੰ ਹਰਾ ਕੇ ਜੇਤੂ ਰਹੀ 21000 ਰੁਪਏ ਤੇ ਕੱਪ ਪ੍ਰਾਪਤ ਕੀਤਾ, 75 ਕਿਲੋ ਵਿੱਚ ਰਾਮੂਵਾਲ ਨੇ ਮੱਲੀਆਂ ਨੂੰ ਹਰਾ ਕੇ 21000 ਤੇ ਕੱਪ ਤੇ ਕਬਜ਼ਾ ਕੀਤਾ। ਪਹਿਲੇ ਓਪਨ ਵਿੱਚ ਰਾਮੂਵਾਲ ਨੇ ਕਿਸ਼ਨਪੁਰਾ ਨੂੰ ਹਰਾ ਕੇ 31000 ਤੇ ਕੱਪ ਤੇ ਕਬਜ਼ਾ ਕੀਤਾ, ਉਪਜੇਤੂ ਕਿਸ਼ਨਪੁਰਾ ਨੂੰ 21000 ਦਾ ਇਨਾਮ ਦਿੱਤਾ ਗਿਆ। ਦੂਜੇ ਓਪਨ ਵਿੱਚ ਐਨ ਆਰ ਆਈ ਕਲੱਬ ਨੇ ਹਰੀ ਸਿੰਘ ਨਲਵਾ ਕਲੱਬ ਨੂੰ ਹਰਾ ਕੇ ਪਹਿਲਾਂ 71000 ਤੇ ਕੱਪ ਤੇ ਕਬਜ਼ਾ ਕੀਤਾ, ਉਪਜੇਤੂ ਟੀਮ ਨੂੰ 61000 ਇਨਾਮ ਦਿੱਤਾ ਗਿਆ, ਸਾਰੀਆਂ ਜੇਤੂ ਟੀਮਾਂ ਦੇ ਬੈਸਟ ਰੇਡਰ ਤੇ ਬੈਸਟ ਸਟੋਪਰਾਂ ਨੂੰ ਵੀ ਇਨਾਮ ਦਿੱਤੇ ਗਏ। ਰਾਮੂਵਾਲ ਕਬੱਡੀ ਟੀਮ ਨੂੰ ਹਿਮਾਨੀ ਜੱਸਲ ਤੇ ਅੰਸ਼ ਜਸਲ ਇਟਲੀ ਵੱਲੋਂ ਪਲਟੀਨਾ ਮੋਟਰਸਾਈਕਲ ਇਨਾਮ ਦਿੱਤਾ ਗਿਆ। ਦੂਜਾ ਸਪਲੈਂਡਰ ਮੋਟਰਸਾਈਕਲ ਦੇਵਨ ਰੱਤੂ ਤੇ ਚੀਟੂ ਰੱਤੂ ਨੂੰ ਇਟਲੀ ਕਬੱਡੀ ਕਲੱਬ ਵੱਲੋਂ ਦਿੱਤਾ ਗਿਆ, ਇਸ ਟੂਰਨਾਮੈਂਟ ਦੌਰਾਨ ਮੁੱਖ ਮਹਿਮਾਨ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਰਾਜਵਿੰਦਰ ਕੌਰ ਥਿਆੜਾ, ਰਾਣਾ ਹਰਦੀਪ ਸਿੰਘ,ਐਸ ਐਚ ਓ ਪੰਕਜ ਕੁਮਾਰ ਵਿਸ਼ੇਸ਼ ਤੌਰ ਤੇ ਪਹੁੰਚੇ। ਹਲਕਾ ਇੰਚਾਰਜ ਪਿੰਦਰ ਪੰਡੋਰੀ ਵੱਲੋਂ ਜਿਮ ਨੂੰ 2 ਲੱਖ ਦਾ ਚੈੱਕ ਦਿੱਤਾ ਗਿਆ। ਕਮੇਟੀ ਵੱਲੋਂ ਆਏ ਸਾਰੇ ਹੀ ਮਹਿਮਾਨਾਂ ਦਾ ਨਿੱਘਾ ਸਵਾਗਤ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਨੀ ਰਾਮੂਵਾਲੀਆ ਸਰਪੰਚ, ਜਿੰਮੀ ਕਲਸੀ, ਰਾਜੂ ਇਟਲੀ, ਅਮਨ ਕੈਲੇ ਗੁਰਜੀਤ ਚੀਮਾ, ਗੁਰਮੀਤ ਦਿਓਲ, ਸਮਰਾ ਪਰਿਵਾਰ, ਅਮਰਜੀਤ ਸਿੰਘ ਤੱਖਰ, ਇਲਾਕੇ ਤੇ ਪਿੰਡ ਦੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

# ਹੋਲੀ ਸੰਬੰਧੀ ਸਮਾਗਮ ਕਰਵਾਇਆ



**ਗੁਰਾਇਆ (ਬਿੰਦਰ ਸੁੰਮਨ)**- ਗੁਰਾਇਆ ਦੇ ਵਾਰਡ ਨੰਬਰ ਛੇ ਵਿੱਚ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹੋਲੀ ਦੇ ਸੰਬੰਧ ਵਿੱਚ ਸੰਕੀਰਤਨ ਕਰਵਾਇਆ ਗਿਆ। ਇਸ ਮੌਕੇ ਫੁੱਲਾਂ ਦੀ ਹੋਲੀ ਅਤੇ ਰੰਗਾਂ ਦੀ ਹੋਲੀ ਖੇਲੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸ਼ੀਲਾ ਗੁਪਤਾ, ਮੀਨੂ ਅਰੋੜਾ ਨੇ ਦੱਸਿਆ ਹਰ ਸਾਲ ਦੀ ਤਰਾਂ ਇਸ ਸਾਲ ਵੀ ਗੁਰਾਇਆ ਦੇ ਵਾਰਡ ਨੰਬਰ ਛੇ ਚ ਹੋਲੀ ਸੰਕੀਰਤਨ ਕਰਵਾਇਆ ਗਿਆ। ਜਿਸ ਵਿੱਚ ਸ਼ਿਵਾਨੀ ਬਰਜਵਾਸੀ ਬਰਸਾਨਾ ਦੀ ਕੀਰਤਨ ਮੰਡਲੀ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਸਮੂਹ ਨਗਰ ਨਿਵਾਸੀਆਂ ਨੇ ਇਸ ਸੰਕੀਰਤਨ ਵਿੱਚ ਆਪਣੀ ਹਾਜ਼ਰੀ ਲਗਵਾਈ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸਪਨਾ ਮਦਾਨ, ਵਾਰਡ ਕੌਂਸਲਰ ਪ੍ਰੋਫੈਸਰ ਰਿਸ਼ੂ,ਕੌਂਸਲਰ ਰਜਨੀ ਗਾਬਾ ਪਹੁੰਚੇ। ਜਿਨਾਂ ਨੇ ਸਭ ਨੂੰ ਹੋਲੀ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸੁਸ਼ਮਾ ਗੁਪਤਾ, ਨੇਹਾ ਦੁੱਗਲ, ਪੂਨਮ ਵਰਮਾ, ਅਨੀਤਾ ਅਰੋੜਾ, ਨੈਨਸੀ ਗੁਗਨਾਨੀ, ਸ਼ਿਵਾਨੀ ਬੱਤਰਾ, ਮਮਤਾ ਤਲਵਾਰ, ਆਰਤੀ ਕੌਸ਼ਲ, ਸ਼ੈਲੀ ਮੱਕੜ , ਮਾਈਆ ਦੇਵੀ, ਗਰੀਨਾ ਛਾਬੜਾ, ਰਾਧਿਕਾ ਗੋਇਲ, ਨਿਸ਼ਾ ਤਲਵਾਰ, ਪ੍ਰੀਆ ਸ਼ਰਮਾ, ਰੇਖਾ ਗੁਗਨਾਨੀ, ਕਾਂਤਾ ਬੱਤਰਾ, ਅਲਕਾ ਸ਼ਰਮਾ, ਨਰੇਸ਼ ਗੁਪਤਾ, ਪਵਨ ਸ਼ਰਮਾ, ਓਮ ਪ੍ਰਕਾਸ਼ ਗੁਪਤਾ, ਵਰਿੰਦਰ ਸ਼ਰਮਾ, ਪਵਨ ਗੁਪਤਾ, ਗੌਰਵ ਕੌਸ਼ਲ, ਸਨੀ ਛਾਵੜਾ, ਪ੍ਰਿੰਸ, ਸੰਜੀਵ ਕੁਮਾਰ, ਰਾਜੇਸ਼ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਡੀ ਸੀ ਵੱਲੋਂ ਕੰਟੀਨ ਦਾ ਉਦਘਾਟਨ

**ਖਰੜ (ਹਰਨਾਮ ਸਿੰਘ ਡੱਲਾ)**- ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਤਹਿਤ ਆਟੀਜ਼ਮ ਸਪੈਕਟ੍ਰਮ ਨਾਲ ਸੰਬੰਧਿਤ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਗਵਰਨਮੈਂਟ ਪਾਲੀਟੈਕਨਿਕ ਕਾਲਜ, ਖੂਨੀਮਾਜਰਾ ਵਿੱਚ ਟਕ ਸ਼ਾਪ-ਕਮ-ਕੈਂਟੀਨ ਦੀ ਸ਼ੁਰੂਆਤ ਕੀਤੀ ਗਈ।ਇਸ ਕੈਂਟੀਨ ਦਾ ਰਸਮੀ ਉਦਘਾਟਨ ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਸ੍ਰੀਮਤੀ ਕੋਮਲ ਮਿੱਤਲ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਿੰਗਜ਼ ਨਾਮਕ ਇਹ ਕੈਂਟੀਨ ਵਿਸ਼ੇਸ਼ ਲੋੜਾਂ ਵਾਲੇ ਨੌਜਵਾਨਾਂ ਲਈ ਨਵੇਂ ਰਾਹ ਖੋਲ੍ਹੇਗੀ ਤੇ ਇਹ ਸਾਬਤ ਕਰੇਗੀ ਕਿ ਜੀਵਨ ਦੀਆਂ ਚੁਣੌਤੀਆਂ ਦੇ ਬਾਵਜੂਦ ਉਹ ਕਾਫ਼ੀ ਕੁਝ ਹਾਸਲ ਕਰਨ ਦੀ ਸਮਰੱਥਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰ ਲੋਕਾਂ ਨਾਲ ਰੋਜ਼ਾਨਾ ਸੰਪਰਕ ਨਾਲ ਸਮਾਜ ਨੂੰ ਉਨ੍ਹਾਂ ਦੀ ਯੋਗਤਾ ਬਾਰੇ ਹੋਰ ਜਾਣਕਾਰੀ ਮਿਲੇਗੀ ਅਤੇ ਉਹ ਸਮਾਜਿਕ ਅਤੇ ਆਰਥਿਕ ਤੌਰ ’ਤੇ ਆਤਮਨਿਰਭਰ ਬਣ ਸਕਣਗੇ। ਜ਼ਿਲ੍ਹਾ ਰੈੱਡ ਕ੍ਰਾਸ ਸੋਸਾਇਟੀ ਵੱਲੋਂ ਕੈਂਟੀਨ ਲਈ ਲੋੜੀਂਦਾ ਸਾਰਾ ਸਾਮਾਨ ਉਪਲਬਧ ਕਰਵਾਇਆ ਜਾਵੇਗਾ ਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਕੰਮ ਲਈ ਉਚਿਤ ਮਿਹਨਤਾਨੇ ਦੀ ਰਾਸ਼ੀ ਦਿੱਤੀ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਡਾ. ਅੰਕਿਤਾ ਕਾਂਸਲ, ਐਸ ਡੀ ਐਮ ਖਰੜ ਗੁਰਮੀਤ ਸਿੰਘ, ਸਕੱਤਰ ਰੈੱਡ ਕ੍ਰਾਸ ਹਰਬੰਸ ਸਿੰਘ, ਪ੍ਰਿੰਸੀਪਲ ਰੇਖਾ ਕਿਰਣ ਅਤੇ ਪ੍ਰੋ. ਗੁਰਬਖਸ਼ਿਸ਼ ਸਿੰਘ ਅੰਟਾਲ ਸਮੇਤ ਹੋਰ ਵਿਅਕਤੀ ਹਾਜ਼ਰ ਸਨ।ਸਮਾਗਮ ਦੀ ਯਾਦ ਵਜੋਂ ਡਿਪਟੀ ਕਮਿਸ਼ਨਰ ਵੱਲੋਂ ਕੈਂਟੀਨ ਨੇੜੇ ਕਾਲਜ ਦੇ ਅਹਾਤੇ ਵਿੱਚ ਪੌਦੇ ਵੀ ਲਗਾਏ ਗਏ।



# ਗੁਰੂ ਰਵਿਦਾਸ ਧਾਮ ਦੇ ਨਿਰਮਾਣ ’ਤੇ 125 ਕਰੋੜ ਰੁਪਏ ਹੋਣਗੇ ਖਰਚ : ਪੰਵਾਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ ਨੇ ਸੰਤ ਸ਼ਿਰੋਮਣੀ ਗੁਰੂ ਰਵੀਦਾਸ ਜੀ ਮਹਾਰਾਜ ਨਾਲ ਸਬੰਧਿਤ ਮੁੱਦੇ ’ਤੇ ਸਦਨ ਨੂੰ ਜਾਣੂ ਕਰਾਉਂਦੇ ਹੋਏ ਦਸਿਆ ਕਿ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਅਤੇ ਮੌਜੂਦਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕੁਰੂਕਸ਼ੇਤਰ ਜਿਲ੍ਹਾ ਦੇ ਉਮੀਰ ਵਿੱਚ ਗੁਰੂ ਰਵੀਦਾਸ ਧਾਮ ਦੇ ਨਿਰਮਾਣ ਲਈ 5 ਏਕੜ ਭੂਮੀ ਮੁਫਤ ਉਪਲਬਧ ਕਰਵਾਈ ਗਈ ਹੈ।

# ਤਿੰਨ ਵਿਦਿਆਰਥੀਆਂ ਨੇ ਜੇ ਈ ਮੇਨ 2026 ’ਚ ਕੀਤਾ ਕੁਆਲੀਫਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਵਿੱਚ ਹੋ ਰਹੇ ਗੁਣਾਤਮਕ ਸੁਧਾਰਾਂ ਦੇ ਨਤੀਜੇ ਹੁਣ ਜ਼ਮੀਨੀ ਪੱਧਰ ’ਤੇ ਵੀ ਸਾਹਮਣੇ ਆ ਰਹੇ ਹਨ। ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਸ੍ਰੀ ਅਨੰਦਪੁਰ ਸਾਹਿਬ ਦੇ 12ਵੀਂ ਸਾਇੰਸ ਕਲਾਸ ਦੇ ਤਿੰਨ ਵਿਦਿਆਰਥੀ ਰੁਸ਼ਾਂਤ ਚੰਦੇਲ, ਵਾਂਸ਼ਿਕਾ ਤੇ ਹਰਸ਼ਦੀਪ ਕੌਰ ਨੇ ਸੰਯੁਕਤ ਪ੍ਰਵੇਸ਼ ਪ੍ਰੀਖਿਆ ਜੇ ਈ ਮੇਨ 2026 ਕੁਆਲੀਫਾਈ ਕਰਕੇ ਸਕੂਲ ਅਤੇ ਇਲਾਕੇ ਦਾ ਮਾਣ ਵਧਾਇਆ ਹੈ। ਇਸ ਉਪਲੱਬਧੀ ਨਾਲ ਸਰਕਾਰੀ ਸਕੂਲਾਂ ਦੀ ਗੁਣਵੱਤਾ ਬਾਰੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਸਕੂਲ ਦੇ ਪ੍ਰਿੰਸੀਪਲ ਨੀਰਜ ਕੁਮਾਰ ਵਰਮਾ ਨੇ ਦੱਸਿਆ ਕਿ ਸਕੂਲ ਇੰਚਾਰਜ ਚਰਨਜੀਤ ਸਿੰਘ ਦੀ ਅਗਵਾਈ ਹੇਠ ਕੈਮਿਸਟਰੀ ਲੈਕਚਰਾਰ ਸੋਹਣ ਸਿੰਘ ਚਾਹਲ ਅਤੇ ਪੂਰੇ ਸਟਾਫ਼ ਦੀ ਮਿਹਨਤ ਸਦਕਾ ਵਿਦਿਆਰਥੀਆਂ ਨੇ ਇਹ ਸਫਲਤਾ ਹਾਸਲ ਕੀਤੀ।



# ਵਾਤਾਵਰਣ ਸੰਬੰਧੀ ਜਾਗਰੂਕਤਾ ਕੈਂਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ‘ਹਾਇਕ ਐਂਡ ਟ੍ਰੈਕ ਕਲੱਬ’ ਹੁਸ਼ਿਆਰਪੁਰ ਦੇ ਮੈਂਬਰਾਂ ਵੱਲੋਂ ਸਮਿਸ ਫ਼ਤਹਿਗੜ੍ਹ ਨਿਆੜਾ ਵਿਖੇ ਵਾਤਾਵਰਣ ਨਾਲ ਸੰਬੰਧਿਤ ਇੱਕ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਕਲੱਬ ਦੇ ਸੀਨੀਅਰ ਮੈਂਬਰ ਸੁਰਿੰਦਰ ਕੁਮਾਰ, ਚੰਦਰ ਪ੍ਰਕਾਸ਼ ਅਤੇ ਮਲਕੀਤ ਸਿੰਘ ਮਰਵਾਹਾ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕੁਦਰਤ ਦੀ ਮਹੱਤਤਾ ਅਤੇ ਇਸ ਦੀ ਸਾਂਭ-ਸੰਭਾਲ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਗਏ।ਇਸ ਮੌਕੇ ਬੱਚਿਆਂ ਨੂੰ ਆਪਣੇ ਆਲੇ ਦੁਆਲੇ ਦੇ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਅਤੇ ਸੁੰਦਰ ਹਰਿਆ ਭਰਿਆ ਬਣਾਉਣ ਲਈ ਰੁੱਖ ਲਗਾਉਣ ਅਤੇ ਉਹਨਾਂ ਦਾ ਪਾਲਣ ਪੋਸ਼ਣ ਕਰਨ ਸੰਬੰਧੀ ਜਾਗਰੂਕ ਕੀਤਾ ਗਿਆ। ਇਸੇ ਦੇ ਨਾਲ ਹੀ ਕਲੱਬ ਦੇ ਸਮੂਹ ਮੈਂਬਰਾਂ ਵਲੋਂ ਇੱਕ ਮਹੱਤਵਪੂਰਨ ਮੀਟਿੰਗ ਕਰਕੇ ਕੁਦਰਤ ਦੀ ਸੁਰੱਖਿਆ ਲਈ ਭਵਿੱਖ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ, ਸ਼ਹਿਰ ਦੀਆਂ ਪਾਰਕਾਂ, ਧਾਰਮਿਕ ਅਸਥਾਨਾਂ ਅਤੇ ਘੁੰਮਣ ਫਿਰਨ ਨਾਲ ਸੰਬੰਧਿਤ ਕੁਦਰਤੀ ਥਾਵਾਂ ਨੂੰ ਕਚਰਾ ਮੁਕਤ ਕਰਨ ਲਈ ਸਫ਼ਾਈ ਅਭਿਆਨ ਚਲਾਉਣ ਅਤੇ ਲੋਕਾਂ ਨੂੰ ਕੁਦਰਤ ਦੀ ਸੰਭਾਲ ਪ੍ਰਤੀ ਜਾਗਰੂਕ ਕਰਨ ਦੇ ਪ੍ਰੋਗਰਾਮ ਉਲੀਕੇ ਗਏ।ਮੀਟਿੰਗ ਉਪਰੰਤ ਕਲੱਬ ਦੇ ਮੈਂਬਰਾਂ ਵਲੋਂ ਸਕੂਲ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਸਕੂਲ ਦੇ ਕੈਂਪਸ ਅਤੇ ਖੇਡ ਮੈਦਾਨਾਂ ਦੇ ਆਸ ਪਾਸ 120 ਨਵੇਂ ਪੌਦੇ ਲਗਾਏ ਗਏ।



# ਦੋ ਦਿਨਾ ਖੇਡਾ ਮੇਲਾ ਸੰਪੰਨ

**ਗੁਰਾਇਆ (ਬਿੰਦਰ ਸੁੰਮਨ)**- ਬੋਪਾਰਾਏ ਸਪੋਰਟਸ ਐਂਡ ਵੈਲਫੇਅਰ ਸੋਸਾਇਟੀ ਵੱਲੋਂ ਸੋਹਨ ਸਿੰਘ ਬੀ ਏ ਪਹਿਲਵਾਨ ਦੋ ਦਿਨਾਂ ਯਾਦਗਾਰੀ ਖੇਡ ਮੇਲਾ ਆਪਣੀ ਮਿੱਠੀਆਂ ਯਾਦਾਂ ਛੱਡਦਾ ਹੋਇਆ ਸੰਪੰਨ ਹੋਇਆ । ਇਸ ਮੌਕੇ ਜਾਣਕਾਰੀ ਸਾਂਝੀ ਕਰਦੇ ਹੋਏ ਐਡਵੋਕੇਟ ਅਸ਼ਵਨੀ ਕੁਮਾਰ ਅਤੇ ਬਲਜਿੰਦਰ ਸਿੰਘ ਨੇ ਦੱਸਿਆ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਬੋਪਾਰਾਏ ਸਪੋਰਟਸ ਐਂਡ ਵੈਲਫੇਅਰ ਸੋਸਾਇਟੀ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਇਹ ਉਪਰਾਲੇ ਕਰ ਰਹੀ ਹੈ ਦੋ ਦਿਨਾਂ ਦੇ ਖੇਡ ਮੇਲੇ ਵਿੱਚ ਐਥਲੈਟਿਕਸ, ਰੱਸਾ ਕੱਸੀ ਅਤੇ ਕਬੱਡੀ ਦੇ ਰੋਮਾਂਚਕ ਮੁਕਾਬਲੇ ਮੁਕਾਬਲੇ ਕਰਵਾਏ ਗਏ, ਫਾਈਨਲ ਦੇ ਮੁਕਾਬਲੇ ਵਿੱਚ ਸਮਾਜ ਸੇਵੀ ਪਿੰਦੂ ਜੋਹਲ ਰਿਟਾਇਰਡ ਐੱਸ ਪੀ ਸਰਬਜੀਤ ਸਿੰਘ ਰਾਏ, ਆਸ਼ੂ ਸਾਂਪਲਾ, ਐੱਨ ਆਰ ਆਈ ਵਿੰਗ ਦੇ ਪ੍ਰਧਾਨ ਨਰਿੰਦਰ ਸਿੰਘ ਰਾਏ, ਅਮਰਜੀਤ ਰਾਏ ਯੂ ਐੱਸ ਏ, ਬੱਬੂ ਬੈਲਜੀਅਮ, ਸੇਵਾ ਸਿੰਘ ਰਾਏ, ਸੰਤੋਖ ਸਿੰਘ ਰਾਏ, ਜਸਵੰਤ ਸਿੰਘ ਰਾਏ ,ਗੁਰਮੀਤ ਸਿੰਘ ਰਾਏ ਅਤੇ ਹੋਰ ਮਾਨ ਮੱਤੀਆਂ ਸ਼ਖਸੀਅਤਾਂ ਪਹੁੰਚੀਆਂ,ਇਸ ਵਿੱਚ ਕਬੱਡੀ 55 ਕਿਲੋ, 65 ਕਿਲੋ, ਆਲ ਓਪਨ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਨਾਮੀ ਖਿਡਾਰੀ ਨੇ ਆਪਣੇ ਜੌਹਰ ਦਿਖਾਏ ਫਾਈਨਲ ਦਾ ਮੁਕਾਬਲਾ ਬੋਪਾਰਾਏ ਤੇ ਔਜਲਾ ਦੀ ਟੀਮਾਂ ਦਰਮਿਆਨ ਖੇਡਿਆ ਗਿਆ ਜਿਸ ਵਿੱਚ ਔਜਲਾ ਢੱਕ ਦੀ ਟੀਮ ਜੇਤੂ ਰਹੀ ਪਹਿਲੇ ਨੰਬਰ ਤੇ ਰਹਿਣ ਵਾਲੀ ਟੀਮ ਨੂੰ 51000 ਰੁਪਏ ਨਗਦ ਤੇ ਕਬੱਡੀ ਕੱਪ ਦਿੱਤਾ, ਦੂਜੇ ਨੰਬਰ ਤੇ ਰਹਿਣ ਵਾਲੀ ਬੋਪਾਰਾਏ ਦੀ ਟੀਮ ਨੂੰ 41000 ਰੁਪਏ ਨਗਦ ਤੇ ਕੱਪ ਦੇ ਕੇ ਸਨਮਾਨਿਤ ਕੀਤਾ , ਇਨ੍ਹਾਂ ਵਿੱਚ ਇੰਦੂ ਰੁੜਕਾ ਬੈਸਟ ਰੇਡਰ ਅਤੇ ਨਵ ਔਜਲਾ ਤੇ ਮਿੰਟੂ ਪੁਰਹੀਰਾ ਬੈਸਟ ਜਾਫੀ ਰਹੇ ਜਿਨਾਂ ਨੂੰ ਐੱਲ ਸੀ ਡੀ ਨਾਲ ਸਨਮਾਨਿਤ ਕੀਤਾ ਗਿਆ , 65 ਕਿਲੋ ਚ ਇਬ ਦੀ ਟੀਮ ਜੇਤੂ ਰਹੀ , 55 ਕਿਲੋ ਚ ਬੋਪਾਰਾਏ ਦੀ ਟੀਮ ਜੇਤੂ ਰਹੀ ਇਸ ਮੌਕੇ ਪਿੰਡ ਦੇ ਕਬੱਡੀ ਖਿਡਾਰੀ ਸ਼ਰਨਜੀਤ ਨੂੰ ਐੱਲ ਸੀ ਡੀ, ਨਗਦ ਰਾਸ਼ੀ ਤੇ ਕੱਪ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਕੋਚ ਬਹਾਦਰ ਰਾਮ, ਗੋਰਾ ਫਲਪੋਤਾ ਤੇ ਕੋਚ ਹਰਪ੍ਰੀਤ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੰਜੀਵਨ ਦੱਤ ਭਨੋਟ, ਬਲਬੀਰ ਸਿੰਘ ਬਿੱਟਾ, ਗੁਰਪ੍ਰੀਤ ਸਿੰਘ ਗੋਪੀ, ਅੰਸ਼ੁਮਨ ਸੇਖੜੀ, ਚੇਅਰਮੈਨ ਰੋਸ਼ਨ ਲਾਲ, ਗੁਰਬਖਸ਼ ਸਿੰਘ ਰਾਏ, ਜਗਤਾਰ ਸਿੰਘ ਅਟਵਾਲ, ਪਿਆਰਾ ਸਿੰਘ ਰਾਏ, ਸਾਬਕਾ ਕੌਂਸਲਰ ਸਤਵਿੰਦਰ ਹੈਪੀ ਸਮੇਤ ਵੱਡੀ ਗਿਣਤੀ ’ਚ ਖੇਡ ਪ੍ਰੇਮੀ ਹਾਜ਼ਰ ਸਨ।



# ਸੜਕ ਹਾਦਸੇ ’ਚ ਨੌਜਵਾਨ ਦੀ ਮੌਤ

**ਬੰਗਾ (ਅਵਤਾਰ ਕਲੇਰ)**- ਮੁਕੰਦਪੁਰ ਤੋਂ ਚੱਕਦਾਨਾ ਰੋਡ ਤੇ ਹੋਏ ਹਾਦਸੇ ਦੌਰਾਨ ਪਿੰਡ ਰਟੈਂਡਾ ਦੇ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਮਿਲਿਆ ਹੈ। ਜਾਣਕਾਰੀ ਦਿੰਦੇ ਹੋਏ ਪੁਲਿਸ ਥਾਣਾ ਮੁਕੰਦਪੁਰ ਦੇ ਐਸ.ਐਚ.ਓ. ਮਹਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਫੋਨ ਆਇਆ ਕਿ ਮੁਕੰਦਪੁਰ ਤੋਂ ਚੱਕਦਾਨਾ ਰੋਡ ਤੇ ਰਟੈਂਡਾ ਨਜਦੀਕ ਐਕਸੀਡੈਂਟ ਹੋ ਗਿਆ ਹੈ। ਦੇਖਿਆ ਕਿ ਖੁਸ਼ਵੀਰ ਉਰਫ ਖੁਸ਼ੀ (17)ਪੁੱਤਰ ਜੀਤਾ ਵਾਸੀ ਰਟੈਂਡਾ ਆਪਣੇ ਦੋਸਤਾਂ ਕਰਨਵੀਰ ਤੇ ਰਣਜੋਤ ਨਾਲ ਮੋਟਰਸਾਈਕਲ ਤੇ ਸਵਾਰ ਹੋ ਕੇ ਮੁਕੰਦਪੁਰ ਨੂੰ ਕੁਝ ਖਾਣ-ਪੀਣ ਜਾ ਰਹੇ ਸਨ ਤਾਂ ਮੁਕੰਦਪੁਰ ਸਾਇਡ ਤੋਂ ਆ ਰਹੇ ਸਨ ਮੋਟਰਸਾਈਕਲ ਨਾਲ ਟੱਕਰ ਹੋਣ ਕਾਰਨ ਇਨ੍ਹਾਂ ਦੇ ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ ਤੇ ਸੜਕ ਤੇ ਡਿੱਗ ਕੇ ਬਰਾਬਰ ਜਾ ਰਹੀ ਗੰਨਿਆ ਨਾਲ ਭਰੀ ਟਰਾਲੀ ਹੇਠ ਆਉਣ ਕਾਰਨ ਖੁਸ਼ਵੀਰ ਉਰਫ ਖੁਸ਼ੀ ਦੀ ਮੌਕੇ ਤੇ ਹੀ ਮੌਤ ਹੋ ਗਈ ਤੇ ਬਾਕੀ ਦੋਸਤਾਂ ਦੇ ਗੰਭੀਰ ਸੱਟਾਂ ਲੱਗੀਆਂ ਜਿਨਾਂ ਨੂੰ ਮੁਕੰਦਪੁਰ ਦੇ ਸਿਵਲ ਹਸਪਤਾਲ ਪਹੁੰਚਾਇਆ। ਮਾਮਲਾ ਦਰਜ ਕਰਕੇ ਅਲਗੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਆਪਣੇ ਮਾਪਿਆ ਦਾ ਇਕਲੋਤਾ ਪੁੱਤਰ ਸੀ।



# ਜਲੋਟਾ ’ਚ ਮਨਾਇਆ ਜਲ ਅਰਪਣ ਦਿਵਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪਿੰਡ ਜਲੋਟਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਜਲ ਅਰਪਣ ਦਿਵਸ ਮਨਾਇਆ ਗਿਆ, ਜਿਸ ਦੌਰਾਨ ਪਿੰਡ ਵਾਸੀਆਂ ਨੂੰ ਪਾਣੀ ਦੀ ਬਚਤ, ਸਹੀ ਵਰਤੋਂ ਅਤੇ ਸੰਭਾਲ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਕਮੇਟੀ ਦੇ ਚੇਅਰਮੈਨ ਹਰਿੰਦਰ ਸਿੰਘ, ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡ ਵਾਸੀਆਂ ਨੇ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।ਸਮਾਗਮ ਦੌਰਾਨ ਦੱਸਿਆ ਗਿਆ ਕਿ ਜਲ ਸਪਲਾਈ ਸਕੀਮ ਜਲੋਟਾ ਨੂੰ ਕਮੇਟੀ ਵੱਲੋਂ ਬਹੁਤ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾ ਰਿਹਾ ਹੈ।ਇਸ ਮੌਕੇ ਡਾ. ਜਸਪਾਲ ਸਿੰਘ (ਐਕਸ ਐਮ ਓ) ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੀਣ ਵਾਲੇ ਪਾਣੀ ਦੀ ਸੰਭਾਲ ਅਤੇ ਬਚਤ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ। ਹਰਬੀਰ ਸਿੰਘ (ਸੀ ਡੀ ਐਸ), ਅੰਜੂ ਸ਼ਰਮਾ (ਆਈ ਈ ਸੀ), ਪੰਪ ਓਪਰੇਟਰ ਭੁਪਿੰਦਰ ਸਿੰਘ, ਪੰਚਾਇਤ ਮੈਂਬਰ, ਪਿੰਡ ਦੇ ਬਜ਼ੁਰਗ ਅਤੇ ਮਹਿਲਾਵਾਂ ਵੀ ਮੌਜੂਦ ਸਨ।ਚੇਅਰਮੈਨ ਜੀ ਪੀ ਡਬਲਯੂ ਐੱਸ ਸੀ ਵੱਲੋਂ ਸਰਕਾਰ ਦਾ ਪਿੰਡ ਵਿੱਚ ਜਲ ਸਪਲਾਈ ਸਕੀਮ ਬਣਾਉਣ ਲਈ ਧੰਨਵਾਦ ਕੀਤਾ।





# ‘ਸਾਡੇ ਬਜ਼ੁਰਗ ਸਾਡਾ ਮਾਨ’ ਤਹਿਤ ਜਾਗਰੂਕਤਾ ਸੈਮੀਨਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਿਨਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਚੱਲ ਰਹੀ ‘ਸਾਡੇ ਬਜ਼ੁਰਗ ਸਾਡਾ ਮਾਨ’ ਮੁਹਿੰਮ ਦੇ ਸਟੇਟ ਐਕਸ਼ਨ ਪਲਾਨ 2025-26 ਤਹਿਤ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ‘ਮੇਨਟੇਨੈਂਸ ਐਂਡ ਵੈਲਫੇਅਰ ਆਫ ਪੇਰੈਂਟਸ ਐਂਡ ਸੀਨੀਅਰ ਸਿਟੀਜ਼ਨਜ਼ ਐਕਟ, 2007’ ਅਤੇ ‘ਡਿਜੀਟਲ ਤੇ ਵਿੱਤੀ ਸਾਖਰਤਾ’ ਸਬੰਧੀ ਇੱਕ ਦਿਨਾਂ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।

# ਦਾਨੀ ਸੱਜਣ ਵੱਲੋਂ ਮੋਟਰਸਾਈਕਲ ਭੇਟ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਕਾਰ ਸੇਵਾ ਲਈ ਦਾਨੀ ਸੱਜਣ ਵੱਲੋਂ “ਹੀਰੋ ਐੱਚ ਐੱਫ ਡਿਲਕਸ” ਮੋਟਰ ਸਾਈਕਲ ਭੇਟ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਦਾਨੀ ਸੱਜਣ ਇਸ “ਹੀਰੋ ਐੱਚ ਐੱਫ ਡਿਲਕਸ” ਮੋਟਰ ਸਾਈਕਲ ਗੁਰਦੁਆਰਾ ਸਾਹਿਬ ਵਿਖੇ ਨਿਸ਼ਾਨ ਸਾਹਿਬ ਜੀ ਦੇ ਬਿਲਕੁੱਲ ਨੇੜੇ ਖੜ੍ਹਾ ਕਰਕੇ ਚਾਬੀਆਂ ਵਿੱਚ ਹੀ ਲਗਾ ਕੇ ਚਲਾ ਗਿਆ। ਉਨ੍ਹਾਂ ਦੱਸਿਆ ਕਿ ਇਸ ਮੋਟਰ ਸਾਈਕਲ ਦੇ ਸਾਰੇ ਕਾਗਜ਼ਾਤ, ਬੀਮਾ ਆਦਿ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਨਾਮ ਤੇ ਹੈ । ਕਾਗਜਾਂ ਦੇ ਮੁਤਾਬਿਕ ਮੋਟਰ ਸਾਈਕਲ ਦੀ ਕੀਮਤ 94,600 ਰੁਪਏ ਹੈ। ਦਾਨੀ ਸੱਜਣ ਵੱਲੋਂ ਮੋਟਰ ਸਾਈਕਲ ਤੇ ਲੱਗਣ ਵਾਲਾ ਸਾਰਾ ਸਮਾਨ ਵੀ ਲਗਵਾ ਕੇ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਇਕੱਠੇ ਹੋ ਕੇ ਕੜਾਹਿ ਪ੍ਰਸ਼ਾਦਿ ਦੀ ਦੇਗ ਸਜਾ ਕੇ ਅਰਦਾਸੀਆ ਸਿੰਘ ਤੋਂ ਦਾਨੀ ਸੱਜਣ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾ ਦਿੱਤੀ ਗਈ ਹੈ ।



# ਨੂਰੜ ਤੋਂ ਸਜਾਏ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਸਵਾਗਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਨੂਰੜ ਤੋਂ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਦਾ ਪਿੰਡ ਭੁੰਗਰਨੀ ਪੁਹੰਚਣ ਤੇ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਪਿੰਡ ਨੂਰੜ ਤੋਂ ਆਰੰਭ ਹੋ ਕੇ ਪਿੰਡ ਬਘਾਣਾ, ਭੁੰਗਰਨੀ, ਪੰਡੋਰੀ ਕੱਦ, ਹੇੜੀਆ, ਮੁੱਖਲਿਆਣਾ, ਦਿਹਾਣਾ, ਕੂਕੋਵਾਲ, ਮਾਈਉਪੱਟੀ, ਅਜਨੋਹਾ, ਨੰਗਲਾ, ਠੰਡਲਾ, ਪਾਸ਼ਟਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਸਮਾਪਤ ਹੋਇਆ। ਇਸ ਮੌਕੇ ਪਿੰਡ ਭੁੰਗਰਨੀ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਪ੍ਰਧਾਨ ਮਨਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਨੂਰੜ ਤੋਂ ਸਜਾਏ ਵਿਸ਼ਾਲ ਨਗਰ ਕੀਰਤਨ ਦਾ ਪਿੰਡ ਭੁੰਗਰਨੀ ਵਿਖੇ ਪੁਹੰਚਣ ਤੇ ਸੰਗਤਾਂ ਨੂੰ ਸਵਾਗਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਫਰੂਟ ਦੇ ਲੰਗਰ ਲਗਾਏ ਗਏ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਪਿੰਡ ਭੁੰਗਰਨੀ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਮਨਜੀਤ ਸਿੰਘ, ਜੋਗਿੰਦਰ ਸਿੰਘ ਖਜਾਨਚੀ, ਨੰਬਰਦਾਰ ਸੁਰਿੰਦਰ ਸਿੰਘ, ਭਜਨ ਸਿੰਘ,ਹਰੀ ਸਿੰਘ, ਹਰਦੀਪ ਸਿੰਘ ਪਾਵਰਕੌਮ, ਅਮਰੀਸ਼ ਸੰਧੂ, ਸੰਜੀਵ ਕੁਮਾਰ, ਰਾਕੇਸ਼ ਕੁਮਾਰ, ਬਖਸ਼ੀਸ਼ ਸਿੰਘ, ਅਮਨਦੀਪ ਸਿੰਘ ਲਾਟੂ, ਨਮਨਪ੍ਰੀਤ ਸਿੰਘ, ਅਭੀ, ਸ਼ੈਂਕੀ, ਕੁਲਦੀਪ ਸਿੰਘ ਪੇਂਟਰ, ਡਾਕਟਰ ਅਮਨ ਰਿਹਾਣਾ ਜੱਟਾਂ, ਰੇਖਾ ਰਾਣੀ, ਜਸਵਿੰਦਰ, ਪੈਕੀ, ਰਾਣੀ, ਨਿਰੰਜਣ ਕੌਰ, ਪੂਜਾ ਰਾਣੀ, ਰੋਜ਼ਾ, ਰੇਨੂਕਾ ਰਾਣੀ, ਪਲਕ, ਪ੍ਰੀਤਮ ਕੌਰ, ਪਰੀਅਨਕਾ ਤੇ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਰੱਤੇਵਾਲ ਵਿਖੇ ਮਮਤਾ ਦਿਵਸ ਮਨਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਰੱਤੇਵਾਲ ਵਿਖੇ ਮਮਤਾ ਦਿਵਸ ਮਨਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾਕਟਰ ਸੁਨੀਲ ਕੁਮਾਰ ਤੇ ਏ ਐੱਨ ਐੱਮ ਬਲਵਿੰਦਰ ਕੌਰ ਨੇ ਦੱਸਿਆ ਕਿ ਮਮਤਾ ਦਿਵਸ ਦੇ ਮੌਕੇ ਤੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ ਅਤੇ ਗਰਭਵਤੀ ਔਰਤਾਂ ਦਾ ਬਲੱਡ ਪ੍ਰੈਸ਼ਰ , ਸ਼ੂਗਰ ਦੀ ਜਾਂਚ ਕੀਤੀ ਗਈ ਅਤੇ ਸਿਹਤ ਸਬੰਧੀ ਜਾਣਕਾਰੀ ਦਿੱਤੀ ਗਈ । ਸੰਤੁਲਿਤ ਭੋਜਨ ਖਾਣ ਲਈ ਕਿਹਾ ਗਿਆ। ਜਿਸ ਵਿੱਚ ਹਰੀਆਂ ਪੱਤੇਦਾਰ ਸਬਜੀਆਂ, ਮੌਸਮੀ ਫਲ, ਸਾਬਤ ਦਾਲਾਂ, ਅਨਾਜ, ਦੁੱਧ, ਦਹੀ ਦੀ ਵਰਤੋਂ ਕਰਨ ਵਾਸਤੇ ਕਿਹਾ ਗਿਆ । ਗਰਭ ਕਾਲ ਦੇ ਪਹਿਲੇ ਤਿੰਨ ਮਹੀਨੇ ਦੌਰਾਨ ਫੈਟੀਕ ਐਸਿਡ ਅਤੇ ਤਿੰਨ ਮਹੀਨੇ ਤੋਂ ਬਾਅਦ ਆਇਰਨ ਫੈਟੀਕ ਐਸਿਡ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਖਾਣ ਲਈ ਪ੍ਰੇਰਿਤ ਕੀਤਾ ਗਿਆ । ਡਿਲੀਵਰੀ ਸਰਕਾਰੀ ਸੰਸਥਾ ਵਿੱਚ ਕਰਾਉਣ ਤੇ ਡਾਕਟਰ ਕੋਲੋਂ ਗਰਭਵਤੀਆਂ ਨੂੰ ਨਿਰੰਤਰ ਜਰੂਰੀ ਚੈੱਕ ਅਪ ਕਰਵਾਉਣ ਲਈ ਕਿਹਾ ਗਿਆ ਅਤੇ ਡਿਲੀਵਰੀ ਤੋਂ ਬਾਅਦ ਤੁਰੰਤ ਮਾਂ ਦਾ ਗਾੜ੍ਹਾ ਦੁੱਧ ਬੱਚੇ ਨੂੰ ਪਿਲਾਉਣ ਲਈ ਕਿਹਾ ਗਿਆ। ਇਸ ਮੌਕੇ ਦੇ ਏ ਐਨ ਐਮ ਬਲਵਿੰਦਰ ਕੌਰ, ਏ ਐਨ ਐਮ ਰਿਮਨਜੀਤ ਕੌਰ, ਆਸ਼ਾ ਵਰਕਰ ਸੰਤੋਸ਼ ਕੁਮਾਰੀ, ਆਸ਼ਾ ਵਰਕਰ ਸੁਨੀਤਾ ਦੇਵੀ ਤੇ ਆਸ਼ਾ ਵਰਕਰ ਮਨਜੀਤ ਕੌਰ ਮੌਕੇ ਤੇ ਮੌਜੂਦ ਸਨ।

# ਸਰਕਾਰ ਰੱਖ ਰਹੀ ਹੈ ਜਨਤਾ ਦੇ ਪੈਸੇ ਦੀ ਇੱਕ-ਇੱਕ ਪਾਈ ਦਾ ਹਿਸਾਬ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਈ ਡੀ ਐੱਫ ਸੀ ਫਸਟ ਬੈਂਕ ਦੇ ਮਾਮਲੇ ’ਤੇ ਸਦਨ ਦੇ ਸਾਹਮਣੇ ਦਸਿਆ ਕਿ ਇਸ ਪ੍ਰਕਰਣ ਵਿੱਚ ਸ਼ਾਮਿਲ ਹਰਿਆਣਾ ਸਰਕਾਰ ਦੇ ਵਿਭਾਗ ਤੇ ਬੋਰਡ ਕਾਰਪੋਰੇਸ਼ਨ ਸਮੇਤ ਸੰਪੂਰਣ ਰਕਮ ਦਾ ਸੌ-ਫੀਸਦੀ ਭੁਗਤਾਨ ਆਈ ਡੀ ਐੱਫ ਸੀ ਫਸਟ ਬੈਂਕ ਵੱਲੋਂ ਵੱਖ-ਵੱਖ ਵਿਭਾਗਾਂ ਦੇ ਖਾਤਿਆਂ ਵਿੱਚ ਵਾਪਸ ਜਮ੍ਹਾ ਕਰ ਦਿੱਤਾ ਗਿਆ ਹੈ। ਬੈਂਕ ਵੱਲੋਂ ਕੁੱਝ 556 ਕਰੋੜ ਰੁਪਏ ਜਮ੍ਹਾ ਕਰਵਾਏ ਗਏ ਹਨ, ਜਿਸ ਵਿੱਚ ਲਗਭਗ 22 ਕਰੋੜ ਰੁਪਏ ਵਿਆਜ ਵੀ ਸ਼ਾਮਿਲ ਹਨ। 24 ਘੰਟੇ ਤੋਂ ਵੀ ਘੱਟ ਸਮੇਂ ਵਿੱਚ ਸਰਕਾਰ ਵੱਲੋਂ ਬੈਂਕ ਦੇ ਉੱਚ ਅਧਿਕਾਰੀਆਂ ਦੇ ਸਹਿਯੋਗ ਨਾਲ ਪੂਰਾ ਪੈਸਾ ਰਿਕਵਰ ਕਰ ਲਿਆ ਗਿਆ ਹੈ।

ਵਰ੍ਹੇਗੰਢ ਮੁਬਾਰਕ



ਗੁਰਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਵਾਸੀ ਹੁਸ਼ਿਆਰਪੁਰ ਨੇ ਆਪਣੇ ਵਿਆਹ ਦੀ ਪਹਿਲੀ ਵਰ੍ਹੇਗੰਢ ਮਨਾਈ।